22-SEP-PAGE-1.qxd 9/21/2025 9:09 PM Page 1

ਸੋਮਵਾਰ, 22 ਸਤੰਬਰ, 2025
7 ਅੱਸੂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 112

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 22 SEPTEMBER, 2025 ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਇਨਕਲਾਬੀਆਂ ਦੀ ਧਰਤੀ ਤੋਂ ਖੱਬੀ ਏਕਤਾ ਦਾ ਸੱਦਾ

## ਸੀ ਪੀ ਆਈ ਦੀ 25ਵੀਂ ਕਾਂਗਰਸ ਦੇ ਆਰੰਭ 'ਚ ਮੁਹਾਲੀ 'ਚ ਵਿਸ਼ਾਲ ਇਕੱਠ


















ਚੰਡੀਗੜ੍ਹ (ਗਿਆਨ ਸੈਦਪੁਰੀ, ਰੈਕਟਰ ਕਥੂਰੀਆ)

ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਕਾਂਗਰਸ ਦੇ ਆਗਾਜ਼ ਵਜੋਂ ਐਤਵਾਰ ਮੁਹਾਲੀ ਵਿੱਚ ਹੋਈ ਵਿਸ਼ਾਲ ਰੈਲੀ, ਜਿੱਥੇ ਦੇਸ਼ ਵਿੱਚ ਭਾਜਪਾ ਨੂੰ ਹਟਾਉਣ ਦਾ ਸੱਦਾ ਦੇ ਗਈ, ਉੱਥੇ ਇਸ ਗੱਲ ਨੂੰ ਵੀ ਦ੍ਰਿੜ ਕਰਵਾ ਗਈ ਕਿ ਲਾਲ ਝੰਡੇ ਵਾਲਿਆਂ ਤੋਂ ਬਿਨਾਂ ਦੇਸ਼ ਦੀ ਜਨਤਾ ਦਾ ਪਾਰ-ਉਤਾਰਾ ਨਹੀਂ ਹੋ ਸਕਦਾ, ਇਸ ਕਰਕੇ ਸੀ ਪੀ ਆਈ ਦਾ ਤਾਕਤਵਰ ਹੋਣਾ ਤੇ ਖੱਬੀਆਂ ਧਿਰਾਂ ਦੀ ਏਕਤਾ ਦੀ ਮਜ਼ਬੂਤੀ ਵੱਡੀ ਲੋੜ ਹੈ। ਸਬਜ਼ੀ ਮੰਡੀ ਦੀ ਗਰਾਊਂਡ ਲਾਲੋ-ਲਾਲ ਹੋਈ ਵੇਖ ਕੇ ਕਮਿਊਨਿਸਟ ਆਗੂ ਗਦਗਦ ਹੋਏ ਨਜ਼ਰ ਆਏ। ਰੈਲੀ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਜਨਰਲ ਸਕੱਤਰ ਡੀ ਰਾਜਾ ਨੇ ਕਿਹਾ, 'ਪੰਜਾਬ ਕ੍ਰਾਂਤੀਕਾਰੀਆਂ ਦੀ ਧਰਤੀ ਹੈ।ਇਹ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਧਰਤੀ ਹੈ।ਇਨਕਲਾਬ ਜ਼ਿੰਦਾਬਾਦ ਦਾ ਨਾਹਰਾ ਪੰਜਾਬ ਨੇ ਹੀ ਦਿੱਤਾ ਹੈ, ਜੋ ਅੱਜ ਪੂਰੇ ਭਾਰਤ ਵਿੱਚ ਬੁਲੰਦ ਹੈ।ਮੈਂ ਇਸ ਧਰਤੀ ਨੂੰ ਸਲਿਊਟ ਕਰਦਾ ਹਾਂ।' ਉਹਨਾ ਕਿਹਾ ਕਿ ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਵਿਸ਼ਵਾਸ ਦਵਾਇਆ ਸੀ ਕਿ ਤੁਹਾਡੇ ਕਿਆਸ ਨਾਲੋਂ ਦੂਗਣੇ ਲੋਕ ਹੋਣਗੇ।ਕਾਮਰੇਡਾਂ ਅੰਦਰ ਉਤਸ਼ਾਹ ਤੇ ਵੱਡੀ ਗਿਣਤੀ ਦੇਖ ਕੇ ਉਹ ਗੱਲ ਸਾਬਤ ਹੋ ਗਈ ਹੈ।

ਡੀ ਰਾਜਾ ਨੇ ਕਿਹਾ ਕਿ ਜਿਨ੍ਹਾਂ ਸਮਿਆਂ ਵਿੱਚ ਪਾਰਟੀ ਕਾਂਗਰਸ ਹੋ ਰਹੀ ਹੈ, ਉਸ ਵੇਲੇ ਪੂਰੇ ਦੇਸ਼ ਦੇ ਹਾਲਾਤ ਬੜੇ ਹੀ ਗੰਭੀਰ ਹਨ। ਭਾਜਪਾ ਅਤੇ ਆਰ ਐੱਸ ਐੱਸ ਫਾਸ਼ੀਵਾਦ ਵੱਲ ਵਧ ਰਹੇ ਹਨ।ਉਹ ਆਪਣੀਆਂ ਨੀਤੀਆਂ ਨੂੰ ਜ਼ੋਰ-ਜਬਰੀ ਲਾਗੂ ਕਰ ਰਹੇ ਹਨ।ਉਹਨਾ ਕਿਹਾ, 'ਸਾਡਾ ਇਤਿਹਾਸ ਸੰਘਰਸ਼ਾਂ ਵਾਲਾ ਹੈ।ਹੁਣ ਵੀ ਅਸੀਂ ਬੱਝਵੇਂ ਸੰਘਰਸ਼ ਨਾਲ ਭਾਜਪਾ ਦੀਆਂ ਨੀਤੀਆਂ ਲਾਗੂ ਨਹੀਂ ਹੋਣ ਦਿਆਂਗੇ।ਅਸੀਂ ਧਰਮ ਨਿਰਪੱਖ ਰਾਜ ਦੇ ਹਾਮੀ ਹਾਂ।ਇਸ ਨੀਤੀ ਲਈ ਲੜਾਂਗੇ ਤੇ ਜਿੱਤਾਂਗੇ ਵੀ।' ਡੀ. ਰਾਜਾ ਨੇ ਸੀ ਪੀ ਆਈ ਨੂੰ ਤਾਕਤਵਰ ਬਣਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਦਾ ਅਰਥ ਤਾਕਤਵਰ ਜਮਹੂਰੀਅਤ ਤੇ ਤਾਕਤਵਰ ਭਾਰਤ ਹੈ।ਕਮਿਊਨਿਸਟ ਆਗੂ ਨੇ ਕਮਿਊਨਿਸਟ ਧਿਰਾਂ ਦੀ ਏਕਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਏਕਤਾ ਨਾਲ ਬਣੀ ਤਾਕਤ ਨਾਲ ਹੀ ਕਿਸਾਨਾਂ ਤੇ ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਕੀਤੀ ਜਾ ਸਕਦੀ ਹੈ।

ਉਹਨਾ ਪੰਜਾਬ, ਹਰਿਆਣਾ ਤੇ ਹਿਮਾਚਲ 'ਚ ਹੜ੍ਹਾਂ ਨਾਲ ਹੋਈ ਤਬਾਹੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਅਸੀਂ ਕੇਂਦਰ ਸਰਕਾਰ ਕੋਲੋਂ ਜ਼ੋਰਦਾਰ ਢੰਗ ਨਾਲ ਮੰਗ ਕਰਦੇ ਹਾਂ ਕਿ ਹੜ੍ਹ ਪ੍ਰਭਾਵਤਾਂ ਦੇ ਹੋਏ ਨੁਕਸਾਨ ਦੀ ਪੂਰਤੀ ਲਈ ਯੋਗ ਸਹਾਇਤਾ ਕਰੇ।

ਡੀ. ਰਾਜਾ ਨੇ ਵਿੱਚ ਹੜ੍ਹਾਂ ਕਾਰਨ ਵਾਪਰੀ ਤਬਾਹੀ ਉਤੇ ਪੀੜਤ ਪਰਵਾਰਾਂ ਦਾ ਦੁੱਖ ਵੰਡਾਇਆ ਅਤੇ ਸਾਥੀਆਂ ਨੂੰ ਸ਼ਾਬਾਸ਼ ਦਿੱਤੀ ਕਿ ਉਹ ਹੜ੍ਹਾਂ ਦੀ ਤਬਾਹੀ ਦਾ ਟਾਕਰਾ ਕਰਦੇ ਹੋਏ ਏਨੀ ਵੱਡੀ ਗਿਣਤੀ ਵਿੱਚ ਇਥੇ ਰੈਲੀ ਵਿੱਚ ਪਹੁੰਚੇ ਹਨ ਤੇ ਉਹ ਵੀ ਉਤਸ਼ਾਹ ਅਤੇ ਜੋਸ਼ ਨਾਲ ਭਰੇ ਹੋਏ।

ਸੀ ਪੀ ਆਈ ਦੇ ਸਕੱਤਰ ਅਮਰਜੀਤ ਕੌਰ ਨੇ ਆਪਣੀ ਪ੍ਰਭਾਵਸ਼ਾਲੀ ਤਕਰੀਰ ਰਾਹੀਂ ਲਾਲ ਝੰਡੇ ਦੀ ਬੁਲੰਦੀ ਦਾ ਹੋਕਾ ਦਿੱਤਾ। ਉਹਨਾ ਕਿਹਾ ਕਿ ਲਾਲ ਝੰਡੇ ਵਾਲਿਆਂ ਤੋਂ ਬਿਨਾਂ ਦੇਸ਼ ਦੇ ਲੋਕਾਂ ਦੀ ਹਾਲਤ ਨਹੀਂ ਸੁਧਰ ਸਕਦੀ। ਉਹਨਾਂ ਮਹਾਂ-ਸੰਮੇਲਨ ਵਿੱਚ ਹੋਣ ਵਾਲੀਆਂ ਵਿਚਾਰਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਵਿਆਪਕ ਤੇ ਖੱਬੀਆਂ ਧਿਰਾਂ ਦੀ ਏਕਤਾ ਬਾਰੇ ਗਹਿਰ-ਗੰਭੀਰ ਚਰਚਾ ਹੋਵੇਗੀ। ਉਹਨਾ ਦੇਸ਼ ਦੀ ਧਰਮ ਨਿਰਪੱਖ ਪਹੁੰਚ ਦੀ ਗੱਲ ਕਰਦਿਆਂ ਪੰਜਾਬ ਵਿੱਚ ਲੱਗੇ ਨਾਹਰੇ 'ਨਾ ਹਿੰਦੂ ਰਾਜ ਨਾ ਖਾਲਿਸਤਾਨ, ਜੁਗ ਜੁਗ ਜੀਵੇ ਹਿੰਦੁਸਤਾਨ' ਦਾ ਉਚੇਚ ਨਾਲ ਜ਼ਿਕਰ ਕੀਤਾ।ਅਮਰਜੀਤ ਕੌਰ, ਜੋ ਏਟਕ ਦੇ ਜਨਰਲ ਸਕੱਤਰ ਵੀ ਹਨ, ਨੇ ਕਿਹਾ ਕਿ ਭਾਜਪਾ ਸਰਕਾਰ ਮਜ਼ਦੂਰਾਂ ਦੇ ਹੱਕ ਖੋਹਣ ਅਤੇ ਸਾਰਾ ਕੁਝ ਕਾਰਪੋਰੇਟਾਂ ਦੇ ਹਵਾਲੇ ਕਰਨ ਉਤੇ ਲੱਗੀ ਹੋਈ ਹੈ, ਪਰ ਮਜ਼ਦੂਰ ਜਮਾਤ ਆਪਣੇ ਇਤਹਾਦੀਆਂ ਨਾਲ ਮਿਲ ਕੇ ਉਨ੍ਹਾਂ ਨੂੰ ਭਾਂਜ ਦੇਵੇਗੀ। ਪੰਜਾਬ ਸੀ ਪੀ ਆਈ ਦੇ ਆਗੂਆਂ ਨੇ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਪੰਜਾਬ ਅਤੇ ਪੰਜਾਬੀ-ਵਿਰੋਧੀ ਨੀਤੀਆਂ ਅਤੇ ਕਾਰਵਾਈਆਂ ਦੀ ਸਖ਼ਤ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਫੈਡਰਲ ਢਾਂਚੇ ਅਤੇ ਰਾਜਾਂ ਦੇ ਅਧਿਕਾਰਾਂ ਉਤੇ ਛਾਪਾ ਮਾਰ ਰਹੀ ਹੈ।ਉਨ੍ਹਾਂ ਬੇਰੁਜ਼ਗਾਰੀ ਦੇ ਮਸਲੇ ਨੂੰ ਚੁੱਕਦਿਆਂ ਸ਼ਹੀਦ ਭਗਤ ਸਿੰਘ ਦੇ ਨਾਂਅ ਉਤੇ ਰੁਜ਼ਗਾਰ ਗਰੰਟੀ ਅਤੇ ਕੰਮ ਦੇ ਅਧਿਕਾਰ ਲਈ 'ਬਨੇਗਾ' ਬਣਾਉਣ ਦੀ ਜ਼ੋਰਦਾਰ ਮੰਗ ਕੀਤੀ।ਉਨ੍ਹਾਂ ਮਜ਼ਦੂਰਾਂ, ਕਿਸਾਨਾਂ, ਖੇਤ ਮਜ਼ਦੂਰਾਂ, ਮੁਲਾਜ਼ਮਾਂ, ਦੁਕਾਨਦਾਰਾਂ, ਇਸਤਰੀਆਂ ਦੀਆਂ ਮੰਗਾਂ ਨੂੰ ਉਠਾਇਆ।ਹੜ੍ਹ ਪੀੜਤਾਂ ਨੂੰ ਵਧੇਰੇ ਮੁਆਵਜ਼ਾ ਦੇਣ ਅਤੇ ਮੁਹਾਲੀ ਤੇ ਹੋਰ ਸ਼ਹਿਰਾਂ ਦੀਆਂ ਬੇਸਮੈਂਟਾਂ ਵਿਚ ਵੜ ਕੇ ਪਾਣੀ ਵੱਲੋਂ ਕੀਤੇ ਦੁਕਾਨਦਾਰਾਂ ਦੇ ਨੁਕਸਾਨ ਲਈ ਮੁਆਵਜ਼ਾ ਮੰਗਿਆ।

ਰੈਲੀ ਨੂੰ ਸੂਬਾ ਸਕੱਤਰ ਬੰਤ ਸਿੰਘ ਬਰਾੜ, ਸੀ ਪੀ ਆਈ ਦੀ ਨੈਸ਼ਨਲ ਕੌਂਸਲ ਦੇ ਮੈਂਬਰ ਨਿਰਮਲ ਸਿੰਘ ਧਾਲੀਵਾਲ ਤੇ ਕਾਮਰੇਡ ਜਗਰੂਪ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਗਦਰੀ ਬਾਬਿਆਂ ਤੇ ਹੋਰ ਬਹੁਤ ਸਾਰੇ ਸਿਰਲੱਥਾਂ ਦੀ ਧਰਤੀ ਹੈ। ਇਸ ਦਾ ਸ਼ਾਨਾਮੱਤਾ ਇਤਿਹਾਸ ਹੈ। ਸਿਖਰਲੀ ਲੀਡਰਸ਼ਿਪ ਵੱਲੋਂ ਪਾਰਟੀ ਕਾਂਗਰਸ ਦੀ ਸਫਲਤਾ ਦੇ ਪ੍ਰਗਟ ਕੀਤੇ ਵਿਸ਼ਵਾਸ ਨੂੰ ਆਂਚ ਨਹੀਂ ਆਉਣ ਦਿੱਤੀ ਜਾਵੇਗੀ।ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਮੰਚ ਸੰਚਾਲਨ ਦੇ ਦੌਰਾਨ ਦੇਸ਼ ਅਤੇ ਪੰਜਾਬ ਦੇ ਸਮੁੱਚੇ ਹਾਲਾਤ ਦੀ ਚੀਰਫਾੜ ਵੀ ਕਰਦੇ ਰਹੇ।ਲਾਲ ਝੰਡਿਆਂ, ਮੰਗਾਂ ਦੇ ਮਾਟੋਆਂ ਅਤੇ 25ਵੇਂ ਮਹਾਂ-ਸੰਮੇਲਨ ਦੇ ਬੈਨਰਾਂ ਨਾਲ ਸਜੀ ਰੈਲੀ ਵਿੱਚ ਇਨਕਲਾਬ ਜ਼ਿੰਦਾਬਾਦ ਦੇ ਨਾਹਰਿਆਂ ਨੇ ਆਸਾਪਾਸਾ ਇਨਕਲਾਬੀ ਬਣਾ ਦਿੱਤਾ। ਕੌਮੀ ਤੇ ਸੂਬਾਈ ਬੁਲਾਰਿਆਂ ਸਭ ਨੇ ਸੀ ਪੀ ਆਈ ਦੀ ਜਨਮ ਸ਼ਤਾਬਦੀ ਉਤੇ ਇਤਿਹਾਸ ਵਿੱਚ ਕੀਤੇ ਸੰਘਰਸ਼ਾਂ ਅਤੇ ਬਲੀਦਾਨਾਂ ਉਤੇ ਗੌਰਵ ਮਹਿਸੂਸ ਕੀਤਾ।ਸਥਾਨਕ ਸਬਜ਼ੀ ਮੰਡੀ ਦਾ ਅਸਮਾਨ ਵੀ ਲਹਿਰਾਉਂਦੇ ਲਾਲ ਝੰਡਿਆਂ ਨਾਲ ਉਵੇਂ ਲਾਲ ਭਾਅ ਮਾਰਦਾ ਸੀ, ਜਿਵੇਂ ਧਰਤੀ 'ਤੇ ਬੈਠੇ ਸਾਥੀਆਂ ਉਤੇ ਲਾਲ ਝੰਡੇ ਹਵਾ ਝੁਲਾ ਰਹੇ ਸਨ ਅਤੇ ਮੰਡੀ ਦਾ ਸਾਰਾ ਸ਼ੈੱਡ ਲਾਲ ਦਰਿਆ ਵਾਂਗ ਉਸਲਵੱਟੇ ਲੈ ਰਿਹਾ ਸੀ।ਇਹ ਵਿਸ਼ਾਲ ਜਨਤਕ ਰੈਲੀ ਕਿਸਾਨ ਭਵਨ ਚੰਡੀਗੜ੍ਹ ਵਿੱਚ ਹੋ ਰਹੇ ਸੀ ਪੀ ਆਈ ਦੇ 25ਵੇਂ ਮਹਾਂ-ਸੰਮੇਲਨ ਦੇ ਪਹਿਲੇ ਦਿਨ ਉਸ ਦੀ ਆਵਾਜ਼ ਅਤੇ ਸੁਨੇਹਾ ਆਮ ਲੋਕਾਂ ਅਤੇ ਖਾਸ ਕਰਕੇ ਪੰਜਾਬ ਦੇ ਮਿਹਨਤਕਸ਼ਾਂ ਤੱਕ ਪਹੁੰਚਾਉਣ ਲਈ ਅਤੇ ਦੇਸ਼ ਭਰ ਵਿਚੋਂ ਆਏ ਲਗਭਗ 900 ਡੈਲੀਗੇਟਾਂ ਨੂੰ ਆਪਣਾ ਸਮਰਥਨ ਅਤੇ ਸਤਿਕਾਰ ਦੇਣ ਲਈ ਬੁਲਾਈ ਗਈ ਸੀ। ਇਸ ਰੈਲੀ ਰਾਹੀਂ ਸਾਰੀਆਂ ਲੋਕਤੰਤਰੀ ਅਤੇ ਖੱਬੇ-ਪੱਖੀ ਤਾਕਤਾਂ ਨੂੰ ਸੱਦਾ ਦਿੱਤਾ ਗਿਆ ਕਿ ਉਹ ਭਾਜਪਾ ਦੇ ਹਮਲਿਆਂ ਤੋਂ ਲੋਕਤੰਤਰ, ਸੰਵਿਧਾਨ ਅਤੇ ਧਰਮ ਨਿਰਪੱਖਤਾ ਦੀ ਰੱਖਿਆ ਲਈ ਇੱਕ ਵਿਆਪਕ ਮੋਰਚੇ ਵਿੱਚ ਇਕੱਠੇ ਹੋਣ ਅਤੇ ਸਮਾਜਿਕ ਨਿਆਂ ਅਤੇ ਸਮਾਜਵਾਦ ਦੀ ਦਿਸ਼ਾ ਵੱਲ ਅੱਗੇ ਵਧਣ। ਰੈਲੀ ਦੀ ਸ਼ੁਰੂਆਤ ਜ਼ੋਰਦਾਰ ਢੰਗ ਨਾਲ ਹੋਈ, ਜਿਸ ਵਿੱਚ ਮਸ਼ਹੂਰ ਕਲਾਕਾਰਾਂ, ਜਿਵੇਂ ਕਿ ਇਕਬਾਲ ਕੌਰ ਉਦਾਸੀ, ਇਨਕਲਾਬੀ ਕਵੀਸ਼ਰੀ ਜਥਾ ਰਸੂਲਪੁਰ ਦੇਸ ਰਾਜ ਲਚਕਾਨੀ, ਇਪਟਾ ਮੋਗਾ ਅਤੇ ਹੋਰ ਗੀਤਕਾਰਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਅਤੇ ਇਨਕਲਾਬੀ ਗੀਤ ਪੇਸ਼ ਕੀਤੇ ਗਏ।ਉਨ੍ਹਾਂ ਦੀਆਂ ਜੋਸ਼ੀਲੀਆਂ ਆਵਾਜ਼ਾਂ ਅਤੇ ਸੰਘਰਸ਼ ਦੇ ਗੀਤਾਂ ਨੇ ਪੂਰੇ ਸਮਾਗਮ ਵਿੱਚ ਦ੍ਰਿੜ੍ਹਤਾ ਅਤੇ ਏਕਤਾ ਦੀ ਭਾਵਨਾ ਭਰ ਦਿੱਤੀ।ਰੈਲੀ ਦੌਰਾਨ ਜੋਸ਼ ਭਰਿਆ ਪਲ ਉਸ ਸਮੇਂ ਆਇਆ, ਜਦੋਂ ਨੌਜਵਾਨਾਂ ਦੇ ਵੱਡੇ ਜਥੇ ਮੋਮਬੱਤੀਆਂ ਅਤੇ ਇਨਕਲਾਬੀ ਮਸ਼ਾਲਾਂ ਲੈ ਕੇ ਦਾਖਲ ਹੋਏ, ਜਿਹੜੀਆਂ ਜਲ੍ਹਿਆਂਵਾਲਾ ਬਾਗ, ਹੁਸੈਨੀਵਾਲਾ (ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਅੰਤਮ ਸੰਸਕਾਰ ਦੀ ਥਾਂ) ਅਤੇ ਪਿੰਡ ਭਕਨਾ (ਗ਼ਦਰ ਪਾਰਟੀ ਦੇ ਬਾਨੀ ਬਾਬਾ ਸੋਹਨ ਸਿੰਘ ਭਕਨਾ ਦਾ ਜਨਮ ਸਥਾਨ) ਤੋਂ ਲਿਆਂਦੀਆਂ ਗਈਆਂ ਸਨ।ਉਨ੍ਹਾਂ ਦਾ ਉਥੇ ਪਹੁੰਚਣਾ ਬਲਿਦਾਨ ਅਤੇ ਸੰਘਰਸ਼ ਦੀ ਅਮਰ ਭਾਵਨਾ ਦਾ ਪ੍ਰਤੀਕ ਸੀ। ਉਨ੍ਹਾਂ ਦਾ ਸਵਾਗਤ ਪੂਰੇ ਜੋਸ਼, ਉਤਸ਼ਾਹ, ਤਾੜੀਆਂ ਅਤੇ ਇਨਕਲਾਬੀ ਨਾਹਰਿਆਂ ਨਾਲ ਕੀਤਾ ਗਿਆ।ਅਖੀਰ 'ਚ ਕਾਮਰੇਡ ਬਲਦੇਵ ਸਿੰਘ ਨਿਹਾਲਗੜ੍ਹ ਨੇ ਸਭ ਦਾ ਧੰਨਵਾਦ ਕੀਤਾ।



## ਭਾਵਨਾ ਬਾਂਸਲ ਮਹਿਲਾ ਵਿੰਗ ਪੰਜਾਬ ਦੀ ਪ੍ਰਧਾਨ ਨਿਯੁਕਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਮਾਜਿਕ ਤੇ ਧਾਰਮਿਕ ਕਾਰਜਾਂ ਵਿੱਚ ਯੋਗਦਾਨ ਪਾਉਣ ਵਾਲੀ ਹਿਊਮਨ ਇੰਪਾਵਰਮੈਂਟ ਸੋਸਾਇਟੀ ਆਫ਼ ਇੰਡੀਆ ਦੇ ਪ੍ਰਧਾਨ ਸੰਜੀਵ ਨਰੂਲਾ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਭਾਵਨਾ ਬਾਂਸਲ ਨੂੰ ਮਹਿਲਾ ਵਿੰਗ ਪੰਜਾਬ ਪ੍ਰਧਾਨ ਨਿਯੁਕਤ ਕੀਤਾ ਗਿਆ ਅਤੇ ਨਿਯੁਕਤੀ ਪੱਤਰ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਸੀਨੀਅਰ ਉਪ ਪ੍ਰਧਾਨ ਵੰਨਿਕਾ ਗੋਇਲ, ਖਜ਼ਾਨਚੀ ਸੰਜੀਵ ਕੁਮਾਰ ਅਰੋੜਾ ਤੇ ਜ਼ਿਲ੍ਹਾ ਮਹਿਲਾ ਵਿੰਗ ਪ੍ਰਧਾਨ ਜਸਵੀਰ ਕੌਰ ਜੱਸੀ ਨੇ ਕਿਹਾ ਕਿ ਹਿਊਮਨ ਇੰਪਾਵਰਮੈਂਟ ਸੋਸਾਇਟੀ ਸਮੇਂ-ਸਮੇਂ ਲੋੜਵੰਦਾਂ ਦੀ ਸਹਾਇਤਾ ਕਰਦੀ ਹੈ ਤੇ ਨਵੰਬਰ ਵਿੱਚ ਸੌ ਲੋੜਵੰਦ ਲੜਕੀਆਂ ਦੇ ਵਿਆਹ ਕੀਤੇ ਜਾ ਰਹੇ ਹਨ।ਸਾਡੇ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਭਾਵਨਾ ਬਾਂਸਲ, ਜੋ ਲੰਬੇ ਸਮੇਂ ਤੋਂ ਸਮਾਜਿਕ ਕਾਰਜਾਂ ਵਿੱਚ ਸਰਗਰਮ ਹੈ, ਨੂੰ ਮਹਿਲਾ ਵਿੰਗ ਪੰਜਾਬ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਤੇ ਨਿਯੁਕਤੀ ਪੱਤਰ ਨਾਲ ਸਨਮਾਨਤ ਕੀਤਾ ਗਿਆ ਹੈ।ਮੀਟਿੰਗ ਦੀ ਰਿਪੋਰਟ ਦਿੰਦੇ ਹੋਏ ਭਾਵਨਾ ਬਾਂਸਲ ਨੇ ਕਿਹਾ ਕਿ ਮੈਂ ਹਿਊਮਨ ਇੰਪਾਵਰਮੈਂਟ ਸੋਸਾਇਟੀ ਦੇ ਸਾਰੇ ਅਧਿਕਾਰੀਆਂ ਦਾ ਧੰਨਵਾਦ ਕਰਦੀ ਹਾਂ, ਜਿਨ੍ਹਾਂ ਨੇ ਮੈਨੂੰ ਇਹ ਸਨਮਾਨ ਦਿੱਤਾ।ਮੈਂ ਇਸ ਸੰਸਥਾ ਲਈ ਪੂਰੀ ਵਫ਼ਾਦਾਰੀ ਤੇ ਸਮਰਪਣ ਨਾਲ ਕੰਮ ਕਰਾਂਗੀ ਤੇ ਹਮੇਸ਼ਾ ਕਿਸੇ ਵੀ ਲੋੜਵੰਦ ਦੀ ਮਦਦ ਕਰਨ ਲਈ ਤਿਆਰ ਰਹਾਂਗੀ।ਮੈਂ ਸੰਸਥਾ ਦੇ ਸਾਰੇ ਮੈਂਬਰਾਂ ਤੇ ਆਏ ਮਹਿਮਾਨਾਂ ਦਾ ਦਿਲੋਂ ਧੰਨਵਾਦ ਕਰਦਾ ਹਾਂ।ਇਸ ਮੌਕੇ ਸਤਪਾਲ ਸਿੰਘ ਕਾਂਡਾ, ਨਵੀਨ ਅਰੋੜਾ, ਸੰਜੀਵ ਗਰੋਵਰ, ਸੀਮਾ ਸ਼ਰਮਾ, ਸੋਨਿਕਾ ਬੇਦੀ, ਮੀਨੂ ਗੋਇਲ, ਰਾਖੀ ਸ਼ਰਮਾ, ਸੁਨੀਤਾ ਬਾਂਸਲ, ਸ਼ਿਫਾਲੀ ਅਗਰਵਾਲ, ਆਂਚਲ ਤਾਂਗੜੀ ਆਦਿ ਮੌਜੂਦ ਸਨ।

# ਸਹਾਇਕ ਪ੍ਰੋਫ਼ੈਸਰਾਂ ਤੇ ਲਾਇਬ੍ਰੇਰੀਅਨਾਂ ਨੇ ਸਰਕਾਰ ਦਾ ਪੁਤਲਾ ਫੂਕਿਆ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**



ਪੰਜਾਬ ਸਰਕਾਰ ਵੱਲੋਂ ਪਿਛਲੇ ਲੰਬੇ ਸਮੇਂ ਤੋਂ 1158 ਸਹਾਇਕ ਪ੍ਰੋਫ਼ੈਸਰਾਂ ਅਤੇ ਲਾਇਬ੍ਰੇਰੀਅਨਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕਰਨ ਦੇ ਰੋਸ ਵਜੋਂ 1158 ਸਹਾਇਕ ਪ੍ਰੋਫ਼ੈਸਰ ਅਤੇ ਲਾਇਬ੍ਰੇਰੀਅਨ ਫਰੰਟ ਦੀ ਫਰੀਦਕੋਟ ਇਕਾਈ ਵੱਲੋਂ ਸਥਾਨਕ ਸਰਕਾਰੀ ਬ੍ਰਿਜਿੰਦਰਾ ਕਾਲਜ ਦੇ ਗੇਟ ਅੱਗੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ।

ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਇਕਾਈ ਦੇ ਆਗੂਆਂ ਵੱਲੋਂ ਡਾ. ਗਗਨਦੀਪ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਦੀਆਂ ਪਿਛਲੇ ਕਈ ਸਾਲਾਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਹੱਲ ਕਰਨ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ।ਉਨ੍ਹਾਂ ਦੀਆਂ ਮੁੱਖ ਮੰਗਾਂ ਵਿੱਚ ਨਿਯਮਿਤ ਤਨਖਾਹ ਸਕੇਲ, ਤਰੱਕੀਆਂ ਤੇ ਹੋਰ ਸਰਕਾਰੀ ਕੁਮਚਾਰੀਆਂ ਵਾਂਗ ਸਾਰੇ ਲਾਭ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਕਈ ਵਾਰ ਸਰਕਾਰ ਨਾਲ ਗੱਲਬਾਤ ਹੋਣ ਦੇ ਬਾਵਜੂਦ ਕੋਈ ਸਿੱਟਾ ਨਹੀਂ ਨਿਕਲਿਆ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਲਗਾਤਾਰ 1158 ਫਰੰਟ ਨਾਲ ਮੀਟਿੰਗਾਂ ਕਰਨ ਤੋਂ ਭੱਜ ਰਹੀ ਹੈ ਤੇ ਸਰਕਾਰ ਦੁਆਰਾ 18 ਸਤੰਬਰ ਦੀ ਮੀਟਿੰਗ ਰੱਦ ਕਰਕੇ ਮੀਟਿੰਗ ਦਾ ਸਮਾਂ 20 ਦਿਨ ਅੱਗੇ ਪਾ ਦੇਣਾ, 1158 ਭਰਤੀ ਨੂੰ ਬਚਾਉਣ ਲਈ ਸੁਪਰੀਮ ਕੋਰਟ 'ਚ ਰਿਵਿਊ ਪਟੀਸ਼ਨ ਪਾਉਣ ਵਿੱਚ ਦੇਰੀ ਕਰਨਾ ਸਰਕਾਰ ਦੇ ਗੈਰ-ਜ਼ਿੰਮੇਵਾਰ ਰਵੱਈਏ ਨੂੰ ਜ਼ਾਹਰ ਕਰਦਾ ਹੈ, ਜਿਸ ਕਾਰਨ ਉਨ੍ਹਾਂ ਨੂੰ ਸੜਕਾਂ 'ਤੇ ਉਤਰਨ ਲਈ ਮਜਬੂਰ ਹੋਣਾ ਪਿਆ ਹੈ।ਪ੍ਰੋ. ਸਤਵੀਰ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਲਗਾਤਾਰ ਕਾਰਪੋਰੇਟ ਸੈਕਟਰ ਨੂੰ ਪ੍ਰਮੋਟ ਕਰਨ ਤੇ ਸਰਕਾਰੀ ਕਾਲਜਾਂ ਨੂੰ ਬਚਾਉਣ ਪ੍ਰਤੀ ਸਰਕਾਰ ਦੀ ਅਸੰਵੇਦਨਸ਼ੀਲਤਾ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ।ਪ੍ਰੋ. ਬਰਜਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ 1158 ਫ਼ਰੰਟ ਸਹਾਇਕ ਪ੍ਰੋਫੈਸਰ ਅਤੇ ਲਾਇਬ੍ਰੇਰੀਅਨ ਫਰੰਟ ਨਾਲ ਮੀਟਿੰਗਾਂ ਕਰਨ ਤੋਂ ਲਗਾਤਾਰ ਭੱਜ ਰਹੀ ਹੈ, ਪਰ ਅਸੀਂ ਸਰਕਾਰ ਤੋਂ ਆਪਣੇ ਹੱਕ ਹਰ ਹੀਲੇ ਲੈ ਕੇ ਰਹਾਂਗੇ। ਡਾ. ਕੁਲਦੀਪ ਸਿੰਘ ਨੇ ਸਰਕਾਰੀ ਕਾਲਜਾਂ ਤੇ ਉਚੇਰੀ ਸਿੱਖਿਆ ਬਚਾਉਣ ਦਾ ਹੋਕਾ ਦਿੱਤਾ ਅਤੇ ਨਾਲ ਹੀ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰ ਵੱਲੋਂ ਉਹਨਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਤਾਂ ਉਹ ਆਉਣ ਵਾਲੇ ਐਤਵਾਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਕੋਠੀ ਸਾਹਮਣੇ ਤਿੱਖਾ ਸੰਘਰਸ਼ ਕੀਤਾ ਜਾਵੇਗਾ।ਅੰਤ 1158 ਫ਼ਰੰਟ ਦੇ ਸਾਰੇ ਹੀ ਪ੍ਰੋਫ਼ੈਸਰ ਸਾਹਿਬਾਨ ਵੱਲੋਂ ਪੰਜਾਬ ਸਰਕਾਰ ਦਾ ਪੁਤਲਾ ਫੂਕਦੇ ਹੋਏ ਨਾਅਰੇਬਾਜ਼ੀ ਕੀਤੀ ਗਈ।

## ਲੋਕਾਂ ਨੂੰ ਚੋਣ ਕਮਿਸ਼ਨ ਦੇ ਸੋਸ਼ਲ ਮੀਡੀਆ ਮੰਚ ਨਾਲ ਜੁੜਨ ਦੀ ਅਪੀਲ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**- ਚੋਣਾਂ ਸਬੰਧੀ ਹਰ ਤਰ੍ਹਾਂ ਦੀ ਸਹੀ, ਸਟੀਕ ਤੇ ਸਮੇਂ ਸਿਰ ਜਾਣਕਾਰੀ ਆਮ ਲੋਕਾਂ ਤੱਕ ਪਹੁੰਚੇ, ਇਸ ਲਈ ਮੁੱਖ ਚੋਣ ਦਫ਼ਤਰ ਪੰਜਾਬ ਵੱਲੋਂ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਪੂਰੀ ਤਰ੍ਹਾਂ ਕਾਰਜਸ਼ੀਲ ਕੀਤਾ ਗਿਆ ਹੈ।ਜਾਣਕਾਰੀ ਚੋਣ ਤਹਿਸੀਲਦਾਰ ਸ੍ਰੀ ਭੂਸ਼ਣ ਕੁਮਾਰ ਨੇ ਦਿੰਦੀਆਂ ਉਨ੍ਹਾਂ ਦੱਸਿਆ ਕਿ ਲੋਕ ਹੁਣ ਫੇਸਬੁੱਕ, ਇੰਸਟਾਗ੍ਰਾਮ, ਟਵੀਟਰ ਤੇ ਯੂਟਿਊਬ 'ਤੇ ਉਪਲਬਧ ਮੁੱਖ ਚੋਣ ਦਫ਼ਤਰ ਦੇ ਅਧਿਕਾਰਤ ਅਕਾਊਂਟ ਨਾਲ ਜੁੜ ਸਕਦੇ ਹਨ।ਸਿਰਫ਼ ਕਿਊ.ਆਰ ਕੋਡ ਸਕੈਨ ਕਰਕੇ ਇਹ ਅਕਾਊਂਟ ਫਾਲੋਅ ਕੀਤੇ ਜਾ ਸਕਦੇ ਹਨ ਤੇ ਚੋਣਾਂ ਸਬੰਧੀ ਮਹੱਤਵਪੂਰਨ ਜਾਣਕਾਰੀ, ਨਵੀਨਤਮ ਅਪਡੇਟਾਂ ਤੇ ਮੁੱਖ ਚੋਣ ਅਧਿਕਾਰੀ ਦੀਆਂ ਹਦਾਇਤਾਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ।ਉਨ੍ਹਾਂ ਕਿਹਾ ਕਿ ਆਮ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਣ ਤੇ ਉਨ੍ਹਾਂ ਤੱਕ ਹਰ ਲੋੜੀਂਦੀ ਜਾਣਕਾਰੀ ਪਹੁੰਚਾਉਣ ਲਈ ਸੋਸ਼ਲ ਮੀਡੀਆ ਸਭ ਤੋਂ ਪ੍ਰਭਾਵਸ਼ਾਲੀ ਮਾਧਿਅਮ ਵਜੋਂ ਉਭਰਿਆ ਹੈ।ਇਸੇ ਲਈ ਵੋਟਰਾਂ ਤੱਕ ਪਹੁੰਚ ਬਣਾਉਣ ਲਈ ਮੁੱਖ ਚੋਣ ਦਫ਼ਤਰ ਵੱਲੋਂ ਸੋਸ਼ਲ ਮੀਡੀਆ ਹੈਂਡਲ ਨੂੰ ਕਾਰਜਸ਼ੀਲ ਅਤੇ ਸਰਗਰਮ ਰੱਖਿਆ ਗਿਆ ਹੈ।

## ਵਰਲਡ ਯੂਨੀਵਰਸਿਟੀ ਵੱਲੋਂ ਜ਼ਮੀਨੀ ਕਾਨੂੰਨਾਂ 'ਤੇ ਵਿਸ਼ੇਸ਼ ਲੈਕਚਰ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਲਾਅ ਨੇ ਐਡਵੋਕੇਟ ਕਪਿਲ ਦੇਵ ਸ਼ਰਮਾ, ਸੇਵਾਮੁਕਤ ਸਦਰ ਕਾਨੂੰਨਗੋ, ਜ਼ਿਲ੍ਹਾ ਕੁਲੈਕਟਰ ਦਫ਼ਤਰ, ਪਟਿਆਲਾ ਦੁਆਰਾ ਜ਼ਮੀਨੀ ਕਾਨੂੰਨਾਂ 'ਤੇ ਇੱਕ ਵਿਸ਼ੇਸ਼ ਮਹਿਮਾਨ ਲੈਕਚਰ ਕਰਵਾਇਆ ਗਿਆ।ਸਵੈਡ ਵਿਭਾਗ ਦੀ ਅਗਵਾਈ ਕਰਦੇ ਹੋਏ ਵਿਭਾਗ ਦੇ ਮੁਖੀ ਪ੍ਰੋ. (ਡਾ.) ਅਮਿਤਾ ਕੌਸ਼ਲ ਨੇ ਸਮਕਾਲੀ ਸਮਾਜ ਵਿੱਚ ਜ਼ਮੀਨੀ ਕਾਨੂੰਨਾਂ ਦੀ ਮਹੱਤਤਾ 'ਤੇ ਚਾਨਣਾ ਪਾਇਆ।ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ ਚਾਂਸਲਰ ਨੇ ਆਪਣੇ ਸੰਬੋਧਨ ਵਿੱਚ ਅਕਾਦਮਿਕ ਤੇ ਅਭਿਆਸ ਦੋਵਾਂ ਲਈ ਮਾਲ ਕਾਨੂੰਨਾਂ ਦੀ ਸਾਰਥਕਤਾ 'ਤੇ ਜ਼ੋਰ ਦਿੱਤਾ।ਮਾਹਰ ਨੇ ਵਿਆਪਕ ਪ੍ਰਸ਼ਾਸਕੀ ਤਜਰਬੇ ਨੂੰ ਆਧਾਰ ਬਣਾਉਂਦੇ ਹੋਏ, ਐਡਵੋਕੇਟ ਸ਼ਰਮਾ ਨੇ ਮਾਲ ਅਦਾਲਤਾਂ ਦੇ ਕੰਮਕਾਜ, ਜਮ੍ਹਾਂਬੰਦੀ (ਅਧਿਕਾਰਾਂ ਦਾ ਰਿਕਾਰਡ) ਦੀ ਧਾਰਨਾ ਤੇ ਮਾਲੀਆ ਕਾਰਵਾਈਆਂ ਵਿੱਚ ਮੁੱਖ ਸ਼ਬਦਾਵਲੀ ਬਾਰੇ ਦੱਸਿਆ।ਉਨ੍ਹਾਂ ਭਾਸ਼ਣ ਨੇ ਸਿਧਾਂਤ ਨੂੰ ਵਿਹਾਰਕ ਸੂਝ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਜੋੜਿਆ, ਜਿਸ ਨਾਲ ਸੈਸ਼ਨ ਵਿਦਿਆਰਥੀਆਂ ਲਈ ਦਿਲਚਸਪ ਰਿਹਾ।ਲੈਕਚਰ ਇੱਕ ਇੰਟਰਐਕਟਿਵ ਸਵਾਲ-ਜਵਾਬ ਸੈਸ਼ਨ ਨਾਲ ਸਮਾਪਤ ਹੋਇਆ।ਡਾ. ਨਵਨੀਤ ਕੌਰ, ਸਹਾਇਕ ਪ੍ਰੋਫੈਸਰ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।ਸ੍ਰੀਮਤੀ ਪ੍ਰਭਜੋਤ ਕੌਰ ਤੇ ਸ੍ਰੀਮਤੀ ਨਵਕਮਲ ਕੌਰ ਦੁਆਰਾ ਸੰਯੋਜਿਤ ਇਸ ਪ੍ਰੋਗਰਾਮ ਵਿੱਚ ਫੈਕਲਟੀ ਤੇ ਵਿਦਿਆਰਥੀਆਂ ਨੇ ਉਤਸ਼ਾਹਜਨਕ ਭਾਗੀਦਾਰੀ ਕੀਤੀ।ਯੂਨੀਵਰਸਿਟੀ ਨੇ ਵਿਦਿਆਰਥੀਆਂ ਦੀ ਕਾਨੂੰਨ ਦੀ ਪੇਸ਼ੇਵਰ ਤੇ ਵਿਵਹਾਰਕ ਸਮਝ ਨੂੰ ਵਧਾਉਣ ਵਾਲੇ ਇੰਟਰਐਕਟਿਵ ਅਕਾਦਮਿਕ ਅਨੁਭਵ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

## ਪੀ ਜੀ ਆਈ ਦੇ ਡਾ. ਵਿਨੈ ਨੂੰ ਮਿਲਿਆ ਬੈਸਟ ਰਿਸਰਚ ਐਵਾਰਡ




**ਸਮਰਾਲਾ (ਸੁਰਜੀਤ ਸਿੰਘ)**- ਪੀਜੀਆਈ ਚੰਡੀਗੜ੍ਹ ਦੇ ਡਰਮਾਟੋਲੋਜੀ ਵਿਭਾਗ ਦੇ ਐਡੀਸ਼ਨਲ ਪ੍ਰੋਫੈਸਰ ਡਾ. ਵਿਨੈ ਕੇਸ਼ਵਮੂਰਤੀ ਨੂੰ ਪੈਰਿਸ ਵਿੱਚ ਆਯੋਜਿਤ ਈਏਡੀਵੀ ਕਾਂਗਰਸ ਵਿੱਚ ਈਏਡੀਵੀ ਬੈਸਟ ਰਿਸਰਚ ਐਵਾਰਡ ਪ੍ਰਦਾਨ ਕੀਤਾ ਗਿਆ ਹੈ।ਪਹਿਲਾਂ ਇਸ ਨੂੰ ਲੈਕਚਰ ਆਫ ਦਿ ਇਅਰ ਐਵਾਰਡ ਦੇ ਨਾਂ ਨਾਲ ਜਾਣਿਆ ਜਾਂਦਾ ਸੀ।ਇਹ ਬਹੁਤ ਹੀ ਮੁਕਾਬਲੇਪੂਰਨ ਅਤੇ ਯੋਗਤਾ-ਆਧਾਰਤ ਸਨਮਾਨ ਹੈ, ਜੋ ਸ਼ਾਨਦਾਰ ਰਿਸਰਚ ਯੋਗਦਾਨ ਤੇ ਅਕਾਦਮਿਕ ਪ੍ਰਾਪਤੀਆਂ ਲਈ ਦਿੱਤਾ ਜਾਂਦਾ ਹੈ।ਖ਼ਾਸ ਗੱਲ ਇਹ ਹੈ ਕਿ ਡਾ. ਕੇਸ਼ਵਮੂਰਤੀ ਦੱਖਣੀ ਏਸ਼ੀਆਈ ਖੇਤਰ ਤੋਂ ਇਹ ਪ੍ਰਸਿੱਧ ਸਨਮਾਨ ਪ੍ਰਾਪਤ ਕਰਨ ਵਾਲੇ ਪਹਿਲੇ ਰਿਸਰਚਰ ਹਨ, ਜਿਸ ਨਾਲ ਨਾ ਸਿਰਫ਼ ਪੀਜੀਆਈ ਨੂੰ, ਸਗੋਂ ਦੇਸ਼ ਨੂੰ ਵੀ ਅੰਤਰਰਾਸ਼ਟਰੀ ਪੱਧਰ 'ਤੇ ਮਾਣ ਮਿਲਿਆ ਹੈ।ਪੀਜੀਆਈ ਦਾ ਡਰਮਾਟੋਲੋਜੀ ਵਿਭਾਗ ਆਪਣੀ ਵਿਸ਼ਵ ਪੱਧਰੀ ਪ੍ਰਸਿੱਧੀ ਨੂੰ ਬਰਕਰਾਰ ਰੱਖਦਾ ਹੈ।ਏਡਯੂ-ਰੈਂਕ ਵੱਲੋਂ ਇਸਨੂੰ ਲਗਾਤਾਰ ਦੋ ਸਾਲਾਂ ਤੋਂ ਏਸ਼ੀਆ ਦਾ ਸਭ ਤੋਂ ਵਧੀਆ ਡਰਮਾਟੋਲੋਜੀ ਵਿਭਾਗ ਅਤੇ ਦੁਨੀਆ ਭਰ ਵਿੱਚ 19ਵਾਂ ਸਭ ਤੋਂ ਵਧੀਆ ਵਿਭਾਗ ਦਰਜਾ ਮਿਲਿਆ ਹੈ।

## 12 ਬੋਤਲਾਂ ਨਜਾਇਜ਼ ਸ਼ਰਾਬ ਸਮੇਤ 1 ਕਾਬੂ

**ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)**-ਪੁਲਸ ਵੱਲੋਂ 12 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਇੱਕ ਵਿਅਕਤੀ ਬਲਵਿੰਦਰ ਸਿੰਘ ਵਾਸੀ ਪਿੰਡ ਅਕਾਲਗੜ੍ਹ ਨੂੰ ਕਾਬੂ ਕੀਤਾ ਹੈ। ਐੱਸ.ਐੱਚ.ਓ. ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਨੂੰ ਗਸ਼ਤ ਦੌਰਾਨ ਕਿਸੇ ਮੁਖ਼ਬਰ ਨੇ ਸੂਚਨਾ ਦਿੱਤੀ ਕਿ ਬਲਵਿੰਦਰ ਸਿੰਘ ਵਾਸੀ ਅਕਾਲਗੜ੍ਹ ਜੋ ਰੋਪੜ ਜ਼ਿਲ੍ਹੇ ਦੇ ਠੇਕੇ ਤੋਂ ਸਸਤੇ ਭਾਅ ਸ਼ਰਾਬ ਲਿਆ ਕੇ ਅੱਗੇ ਮਹਿੰਗੇ ਭਾਅ ਕਰਕੇ ਵੇਚਦਾ ਹੈ ਤੇ ਅੱਜ ਵੀ ਉਹ ਬੱਸ ਰਾਹੀਂ ਨਜਾਇਜ਼ ਸ਼ਰਾਬ ਲੈ ਕੇ ਸ਼ੇਰਪੁਰ ਬੇਟ ਦੇ ਬੱਸ ਸਟੈਂਡ 'ਤੇ ਆ ਰਿਹਾ ਹੈ। ਪੁਲਸ ਵੱਲੋਂ ਤੁਰੰਤ ਮੁਸ਼ਤੈਦੀ ਵਰਤਦਿਆਂ ਬਲਵਿੰਦਰ ਸਿੰਘ ਨੂੰ 12 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਕਾਬੂ ਕਰ ਉਸ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ।

# ਡਾ. ਓਬਰਾਏ ਨੇ ਜ਼ਿਲ੍ਹੇ ਨੂੰ ਦਿੱਤੀਆਂ 4 ਫੌਗਿੰਗ ਮਸ਼ੀਨਾਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**



ਡਾਕਟਰ ਐੱਸ.ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਜਿੱਥੇ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਨੂੰ ਤਰਪਾਲਾਂ, ਮੱਛਰਦਾਨੀਆਂ, ਸੈਨਟਰੀ ਪੈਡ, ਦਵਾਈਆਂ, ਸੁੱਕਾ ਰਾਸ਼ਨ, ਪਸ਼ੂਆਂ ਦੀ ਚਾਰਾ ਆਦਿ ਵੱਡੀ ਗਿਣਤੀ ਵਿੱਚ ਮੁਹੱਈਆ ਕਰਵਾਇਆ ਜਾ ਰਿਹਾ ਹੈ ਤੇ ਡਾ. ਓਬਰਾਏ ਵੱਲੋਂ ਆਪ ਇਨ੍ਹਾਂ ਪ੍ਰਭਾਵਿਤ ਇਲਾਕਿਆਂ ਵਿਚ ਜਾ ਕੇ ਲੋਕਾਂ ਨੂੰ ਮਿਲ ਕੇ ਆਉਣ ਵਾਲੀਆਂ ਸਮੱਸਿਆਵਾਂ ਬਾਰੇ ਵੀ ਜਾਣਕਾਰੀ ਲਈ ਜਾ ਰਹੀ ਹੈ। ਪਿਛਲੇ ਸਮੇਂ ਦੌਰਾਨ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ, ਜ਼ਿਲ੍ਹਾ ਟੀਮ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਉਣ ਵਾਲੇ ਸਮੇਂ ਵਿਚ ਪਸ਼ੂਆਂ ਤੇ ਆਮ ਲੋਕਾਂ ਨੂੰ ਆਉਣ ਵਾਲੀਆਂ ਬਿਮਾਰੀਆਂ ਤੋਂ ਛੁਟਕਾਰਾ ਪਾਉਣ ਲਈ ਫੋਕ ਮਸ਼ੀਨਾਂ ਦੀ ਮੰਗ ਕੀਤੀ ਗਈ ਸੀ। ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਤੇ ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਵੱਲੋਂ ਦੱਸਿਆ ਗਿਆ ਕਿ ਡਾ. ਓਬਰਾਏ ਵੱਲੋਂ ਹੜ੍ਹਾਂ ਦੇ ਪਾਣੀਆਂ ਕਾਰਨ ਪ੍ਰਭਾਵਤ ਇਲਾਕਿਆਂ ਵਿੱਚ ਗੰਧਲੇ ਪਾਣੀ ਨਾਲ ਫੈਲਣ ਵਾਲੀਆਂ ਬਿਮਾਰੀਆਂ ਨੂੰ ਰੋਕਣ ਲਈ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਟੀਮ ਦੀ ਮੰਗ ਨੂੰ ਪੂਰਾ ਕਰਦਿਆਂ ਅਤੇ ਫੌਰੀ ਤੌਰ 'ਤੇ 4 ਮਸ਼ੀਨਾਂ ਭੇਜ ਦਿੱਤੀਆਂ ਗਈਆਂ ਹਨ, ਇਨ੍ਹਾਂ ਵਿੱਚੋਂ 2 ਫੌਗਿੰਗ ਮਸ਼ੀਨਾਂ ਬੀ.ਐੱਸ.ਐੱਫ ਨੂੰ ਦਿੱਤੀਆਂ ਗਈਆਂ। ਇਹ ਬੀ.ਐੱਸ.ਐੱਫ ਦੀਆਂ ਦੋ ਬਟਾਲੀਅਨਾਂ ਦੀਆਂ 24 ਚੌਕੀਆਂ ਹਨ, ਜੋ ਹੜ੍ਹਾਂ ਤੋਂ ਪ੍ਰਭਾਵਿਤ ਇਲਾਕਿਆਂ ਵਿਚ ਲਗਾਤਾਰ ਸੇਵਾਵਾਂ ਦੇ ਰਹੀਆਂ ਹਨ। ਇਨ੍ਹਾਂ ਵੱਲੋਂ ਫੌਗਿੰਗ ਮਸ਼ੀਨਾਂ ਦੀ ਮੰਗ ਕੀਤੀ ਗਈ ਸੀ। ਡਾ. ਓਬਰਾਏ ਵੱਲੋਂ ਤਰੁੰਤ ਹੁਸੈਨੀਵਾਲਾ ਬਾਰਡਰ ਤੇ ਵਿਸ਼ਾਲ ਵਰਮਾ ਡਿਪਟੀ ਕਮਾਂਡੈਂਟ ਬਟਾਲੀਅਨ 99, ਮਹੇਸ਼ ਵਰਮਾ ਕੰਪਨੀ ਕਮਾਂਡੈਂਟ ਹੁਸੈਨੀਵਾਲਾ ਚੈਕ ਪੋਸਟ, ਇੰਸਪੈਕਟਰ ਵਿਜੇ ਕੁਮਾਰ, ਇੰਸਪੈਕਟਰ ਨੂੰ ਪੀ ਟਸ ਨੂੰ ਭੇਜੀਆਂ ਗਈਆਂ ਹਨ ਤੇ ਤੀਜੇ ਆਰਿਸ ਪਟਿਆਲਾ ਤੋਂ ਆਈ ਟੀਮ ਵੱਲੋਂ ਉਪਰੋਕਤ ਨੂੰ ਸੌਂਪੀਆਂ ਗਈਆਂ। ਟਰੱਸਟ ਦੇ ਟੀਮ ਮੈਂਬਰ ਵੱਲੋਂ 2 ਮਸ਼ੀਨਾਂ ਹਾਈ ਵੱਖ ਵੱਖ ਹੜ੍ਹਾਂ ਤੋਂ ਪ੍ਰਭਾਵਿਤ ਪਿੰਡਾਂ ਵਿਚ ਜਾ ਕੇ ਪ੍ਰਸ਼ਾਸਨ ਅਧਿਕਾਰੀਆਂ ਦੀ ਮੌਜੂਦ ਨਾਲ ਲਗਾਤਾਰ ਸਪਰੇਅ ਕਰਦੀਆਂ ਰਹਿਣਗੀਆਂ ਤਾਂ ਜੁ ਵਾਤਾਵਰਨ ਦੀ ਸਫਾਈ ਕਰਕੇ ਬਿਮਾਰੀਆਂ ਤੋਂ ਛੁਟਕਾਰਾ ਪਾਇਆ ਜਾ ਸਕੇ। ਜ਼ਿਲ੍ਹਾ ਫ਼ਿਰੋਜ਼ਪੁਰ ਵਲੋਂ ਫੌਗਿੰਗ ਮਸ਼ੀਨਾਂ ਭੇਜਣ ਲਈ ਡਾਕਟਰ ਓਬਰਾਏ ਦਾ ਬੀ ਐੱਸ.ਐੱਫ ਵੱਲੋਂ ਤੇ ਜ਼ਿਲ੍ਹਾ ਪ੍ਰਸ਼ਾਸਨ ਅਧਿਕਾਰੀਆਂ ਵੱਲੋਂ ਧੰਨਵਾਦ ਕੀਤਾ ਗਿਆ।

## ਕਾਂਗਰਸ ਵੱਲੋਂ ਮੋਗਾ ਜ਼ਿਲ੍ਹੇ ਨੂੰ ਵੀ ਜਲਦ ਮਿਲੇਗਾ ਨਵਾਂ ਜ਼ਿਲ੍ਹਾ ਪ੍ਰਧਾਨ : ਬੀ ਪੀ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਾਬਕਾ ਵਿਧਾਇਕ ਕਾਕਾ ਸੁਖਜੀਤ ਸਿੰਘ ਲੋਹਗੜ੍ਹ ਦਾ ਕਾਰਜਕਾਲ ਮੁਕੰਮਲ ਹੋਣ ਜਾ ਰਿਹਾ ਹੈ।ਇਸ ਸਬੰਧੀ ਆਲ ਇੰਡੀਆ ਕਾਂਗਰਸ ਕਮੇਟੀ ਦੇ ਸੈਕਟਰੀ ਤੇ ਪੰਜਾਬ ਦੇ ਆਬਜ਼ਰਵਰ ਬੀ. ਪੀ. ਸਿੰਘ ਅੱਜ ਮੋਗਾ ਪਹੁੰਚੇ, ਜਿੱਥੇ ਉਨ੍ਹਾਂ ਨੇ ਜ਼ਿਲ੍ਹਾ ਇੰਚਾਰਜਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ।ਮੀਟਿੰਗ ਦੌਰਾਨ ਨਵੇਂ ਜ਼ਿਲ੍ਹਾ ਪ੍ਰਧਾਨ ਲਈ ਦਸ ਨਾਮਾਂ ਦੇ ਪ੍ਰਸਤਾਵ ਆਏ ਹਨ।ਇਸ ਫੈਸਲਾ ਪਾਰਟੀ ਹਾਈਕਮਾਨ ਲਵੇਗੀ।ਬੀ. ਪੀ. ਸਿੰਘ ਨੇ ਦੱਸਿਆ ਕਿ ਕਾਂਗਰਸ ਪਾਰਟੀ ਨੇ ਇੱਕ ਸੰਗਠਨਾਤਮਕ ਢਾਂਚਾ ਤਿਆਰ ਕੀਤਾ ਹੈ, ਜਿਸ ਵਿੱਚ ਰਾਹੁਲ ਗਾਂਧੀ ਸਮੇਤ ਹੋਰ ਉੱਚ ਅਧਿਕਾਰੀ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਪਾਰਟੀ 2027 ਦੇ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹੈ ਤੇ ਇਕਜੁੱਟ ਹੋ ਕੇ ਕੰਮ ਕਰ ਰਹੀ ਹੈ।ਰਾਹੁਲ ਗਾਂਧੀ ਵੱਲੋਂ ਵੋਟ ਚੋਰੀ ਮਾਮਲੇ 'ਤੇ ਕੀਤੇ ਜਾ ਰਹੇ ਯਤਨ ਵੀ ਨਤੀਜੇ ਦੇ ਰਹੇ ਹਨ।ਬੀ. ਪੀ. ਸਿੰਘ ਨੇ ਸਾਫ਼ ਕੀਤਾ ਕਿ ਕਾਂਗਰਸ ਪਾਰਟੀ 'ਚ ਕੋਈ ਧੜੇਬੰਦੀ ਨਹੀਂ ਹੈ, ਸਾਰੇ ਵਰਕਰ ਇਕਜੁੱਟ ਹੋ ਕੇ ਕੰਮ ਕਰ ਰਹੇ ਹਨ।ਇਸ ਮੌਕੇ ਕਾਂਗਰਸ ਹਲਕਾ ਮੋਗਾ ਦੇ ਇਨਚਾਰਜ ਮਾਲਵਿਕਾ ਸੂਦ, ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ ਭੁਪਿੰਦਰ ਸਿੰਘ ਸਾਹੋਕੇ, ਹਲਕਾ ਇੰਚਾਰਜ ਬਾਘਾ ਪੁਰਾਣਾ ਜਗਸੀਰ ਸਿੰਘ ਕਾਲੇਕੇ, ਸੀਨੀਅਰ ਕਾਂਗਰਸੀ ਆਗੂ ਐਡਵੋਕੇਟ ਪਰਮਪਾਲ ਸਿੰਘ ਤਖਤੂਪੁਰਾ, ਸੀਨੀਅਰ ਕਾਂਗਰਸੀ ਆਗੂ ਲੋਕ ਸਭਾ ਹਲਕਾ ਫਰੀਦਕੋਟ ਪਰਮਿੰਦਰ ਸਿੰਘ ਡਿੰਪਲ, ਸ਼ਿਵਾਜ ਸਿੰਘ ਭੋਲਾ, ਯੂਥ ਆਗੂ ਮਿੱਕੀ ਹੁੰਦਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਹਾਜ਼ਰ ਸਨ।

## ਸਰਕਾਰੀ ਕਾਲਜ ਦੀ ਵਿਦਿਆਰਥਣ ਵੱਲੋਂ ਆਲ ਇੰਡੀਆ ਕੈਂਪ 'ਚ ਸ਼ਾਨਦਾਰ ਪ੍ਰਦਰਸ਼ਨ



**ਲੁਧਿਆਣਾ (ਰੈਕਟਰ ਕਥੂਰੀਆ)**-ਲੁਧਿਆਣਾ ਵਿੱਚ ਚੱਲਦੇ ਲੜਕੀਆਂ ਦੇ ਸਰਕਾਰੀ ਕਾਲਜ ਦੀ ਪੰਜਾਬ ਗਰਲਜ਼ ਬਟਾਲੀਅਨ 3, ਐਨ.ਸੀ.ਸੀ. ਕੈਡਿਟ ਅੰਡਰ ਅਫ਼ਸਰ ਨਵਰੀਤ ਕੌਰ ਨੇ ਹਾਲ ਹੀ ਵਿੱਚ ਆਯੋਜਿਤ ਆਲ ਇੰਡੀਆ ਥਲ ਸੈਨਿਕ ਕੈਂਪ ਲਈ ਬਟਾਲੀਅਨ ਵਿੱਚੋਂ ਚੁਣੀ ਗਈ ਇਕਲੌਤੀ ਕੈਡਿਟ ਬਣ ਕੇ ਸ਼ਹਿਰ ਦਾ ਨਾਮ ਰੌਸ਼ਨ ਕੀਤਾ।ਨਵਰੀਤ ਕੌਰ ਨੂੰ ਰਾਸ਼ਟਰੀ ਕੈਂਪ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਡਾਇਰੈਕਟੋਰੇਟ ਦੀ ਨੁਮਾਇੰਦਗੀ ਕਰਨ ਦਾ ਮਾਣ ਪ੍ਰਾਪਤ ਹੋਇਆ।ਇਸ ਸਮਾਗਮ ਦੌਰਾਨ, ਉਸ ਨੇ ਪਾਇਲਟਿੰਗ ਵਿੱਚ ਵੀ ਹਿੱਸਾ ਲਿਆ ਅਤੇ ਉਸਦੇ ਸਮਰਪਣ ਤੇ ਅਨੁਸ਼ਾਸਨ ਲਈ ਸਨਮਾਨਤ ਕੀਤਾ ਗਿਆ।ਸਨਮਾਨ ਦੇ ਚਿੰਨ੍ਹ ਵਜੋਂ ਉਸ ਨੂੰ ਡਾ. ਏ.ਪੀ.ਜੇ. ਅਬਦੁਲ ਕਲਾਮ ਦੁਆਰਾ ਲਿਖੀ ਗਈ ਪ੍ਰੇਰਨਾਦਾਇਕ ਆਤਮਕਥਾ 'ਵਿੰਗਜ਼ ਆਫ਼ ਫਾਇਰ' ਭੇਟ ਕੀਤੀ ਗਈ, ਜਿਸ 'ਤੇ ਡਾਇਰੈਕਟਰ ਜਨਰਲ ਐੱਨ.ਸੀ.ਸੀ. ਲੈਫਟੀਨੈਂਟ ਜਨਰਲ ਗੁਰਬੀਰਪਾਲ ਸਿੰਘ ਦੁਆਰਾ ਨਿੱਜੀ ਤੌਰ 'ਤੇ ਦਸਤਖਤ ਕੀਤੇ ਗਏ ਸਨ। ਕਾਲਜ ਦੇ ਪ੍ਰਿੰਸੀਪਲ ਸ਼੍ਰੀਮਤੀ ਸੁਮਨ ਲਤਾ ਨੇ ਨਵਰੀਤ ਦੀ ਪ੍ਰਾਪਤੀ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਸਨੇ ਰਾਸ਼ਟਰੀ ਪੱਧਰ 'ਤੇ ਸੰਸਥਾ ਤੇ ਬਟਾਲੀਅਨ ਦਾ ਮਾਣ ਵਧਾਇਆ ਹੈ।ਐਸੋਸੀਏਟ ਐੱਨ ਸੀ ਸੀ ਅਫਸਰ ਲੈਫਟੀਨੈਂਟ ਜਸਦੀਪ ਕੌਰ ਨੇ ਵੀ ਨਵਰੀਤ ਦੀ ਵਚਨਬੱਧਤਾ ਤੇ ਸਖ਼ਤ ਮਿਹਨਤ ਦੀ ਪ੍ਰਸ਼ੰਸਾ ਕੀਤੀ ਅਤੇ ਉਸ ਨੂੰ ਸਾਥੀ ਕੈਡਿਟਾਂ ਲਈ ਇੱਕ ਰੋਲ ਮਾਡਲ ਵਜੋਂ ਉਭਾਰਿਆ।

## ਦਸਮੇਸ਼ ਮਿਸ਼ਨ ਸਕੂਲ ਦੀ ਜ਼ਿਲ੍ਹਾ ਪੱਧਰੀ ਖੇਡਾਂ 'ਚ ਸ਼ਾਨਦਾਰ ਜਿੱਤ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਵਿੱਚ ਹੋ ਰਹੀਆਂ 69ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡ ਮੁਕਾਬਲਿਆਂ ਵਿੱਚ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌ ਦੀਆਂ ਅੰਡਰ-17 ਲੜਕੀਆਂ ਨੇ ਰੱਸਾਕਸੀ ਮੁਕਾਬਲਿਆਂ ਵਿੱਚ ਤੇ ਅੰਡਰ-17 ਰਾਈਫਲ ਸ਼ੂਟਿੰਗ ਮੁਕਾਬਲਿਆਂ ਵਿੱਚ ਅਮਰਿੰਦਰ ਸਿੰਘ (ਗਿਆਰਵੀਂ), ਗੁਰਨੂਰਪਾਲ ਸਿੰਘ (ਦਸਵੀਂ) ਤੇ ਸ਼ਵਨਪ੍ਰੀਤ ਸਿੰਘ (ਗਿਆਰਵੀਂ) ਨੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ।ਵਾਲੀਬਾਲ ਅੰਡਰ-17 ਲੜਕਿਆਂ ਨੇ ਪਹਿਲਾ ਤੇ ਅੰਡਰ-14 ਲੜਕਿਆਂ ਨੇ ਦੂਜਾ ਸਥਾਨ ਹਾਸਲ ਕੀਤਾ।ਅੰਡਰ-19 ਕੁੜੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨੈੱਟ-ਬਾਲ ਤੇ ਰਾਈਫਲ ਸ਼ੂਟਿੰਗ ਵਿੱਚ ਦੂਜਾ ਸਥਾਨ ਹਾਸਲ ਕੀਤਾ।ਜੇਤੂ ਖਿਡਾਰੀਆਂ ਨੂੰ ਗੋਲਡ ਮੈਡਲ ਨਾਲ ਸਨਮਾਨਤ ਕੀਤਾ।ਸਕੂਲ ਪਹੁੰਚਣ 'ਤੇ ਸਕੂਲ ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ ਤੇ ਐੱਮ.ਡੀ. ਬਲਜੀਤ ਸਿੰਘ ਨੇ ਖੁਸ਼ੀ ਜ਼ਾਹਰ ਕਰਦਿਆਂ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ।ਇਹ ਪ੍ਰਾਪਤੀਆਂ ਖੇਡ ਇੰਚਾਰਜ ਲਵਪ੍ਰੀਤ ਸ਼ਰਮਾ ਤੇ ਸਹਿਜਪ੍ਰੀਤ ਸਿੰਘ ਦੇ ਯਤਨਾਂ ਸਦਕਾ ਹੀ ਸੰਭਵ ਹੋ ਸਕੀਆਂ ਹਨ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀਮਤੀ ਨੀਲਮ ਕੁਮਾਰੀ, ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀਮਤੀ ਅੰਜਨਾ ਕੌਸ਼ਲ, ਉਪ ਜ਼ਿਲ੍ਹਾ ਅਫ਼ਸਰ ਸੈਕੰਡਰੀ ਪਰਦੀਪ ਦਿਉੜਾ, ਉਪ ਜ਼ਿਲ੍ਹਾ ਅਫ਼ਸਰ ਐਲੀਮੈਂਟਰੀ ਪਵਨ ਕੁਮਾਰ ਤੇ ਜ਼ਿਲ੍ਹਾ ਗਾਈਡੈਂਸ ਕੌਂਸਲਰ ਜਸਬੀਰ ਜੱਸੀ ਵੱਲੋਂ ਵੀ ਜੇਤੂ ਖਿਡਾਰੀਆਂ ਨੂੰ ਵਧਾਈਆਂ ਭੇਜੀਆਂ ਗਈਆਂ।ਇਸ ਸਮੇਂ ਹਰਿੰਦਰ ਸਿੰਘ ਮੈਂਬਰ ਗ੍ਰਾਮ ਪੰਚਾਇਤ ਹਰੀ ਨੌ ਤੇ ਸਮੂਹ ਸਟਾਫ ਹਾਜ਼ਰ ਸੀ।

# ਵਿਧਾਇਕਾ ਮਾਣੂੰਕੇ ਦੇ ਯਤਨਾਂ ਸਦਕਾ ਕੱਚਾ ਮਲਕ ਰੋਡ ਬਣਨੀ ਸ਼ੁਰੂ

**ਜਗਰਾਓਂ (ਅਮਿਤ ਖੰਨਾ)**



ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਦੇ ਯਤਨਾਂ ਸਦਕਾ ਸ਼ਹਿਰ ਦੀ ਅਹਿਮ ਸੜਕ ਕੱਚਾ ਮਲਕ ਰੋਡ, ਜੋ ਬੁਰੀ ਤਰ੍ਹਾਂ ਟੁੱਟ ਚੁੱਕੀ ਸੀ, ਮੁੜ ਬਣਨੀ ਸ਼ੁਰੂ ਹੋ ਚੁੱਕੀ ਹੈ।ਸੜਕ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਵਿਧਾਇਕਾ ਮਾਣੂੰਕੇ ਵੱਲੋਂ ਟੱਕ ਲਾ ਕੇ ਕੀਤੀ ਗਈ।ਉਨ੍ਹਾਂ ਨਾਲ ਆਮ ਆਦਮੀ ਪਾਰਟੀ ਦੇ ਆਗੂ ਪ੍ਰੋਫੈਸਰ ਸੁਖਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਵਿਧਾਇਕਾ ਸਰਵਜੀਤ ਕੌਰ ਮਾਣੂੰਕੇ ਨੇ ਆਖਿਆ ਕਿ ਜਗਰਾਉਂ ਸ਼ਹਿਰ ਦੀ ਇਸ ਕੱਚਾ ਮਲਕ ਰੋਡ ਸੜਕ ਦੀ ਮਿਆਦ ਸਾਲ 2027 ਤੱਕ ਖਤਮ ਹੁੰਦੀ ਸੀ ਤੇ ਨਿਯਮਾਂ ਮੁਤਾਬਕ ਸਰਕਾਰ ਵੱਲੋਂ ਇਹ ਸੜਕ 2027 ਵਿੱਚ ਹੀ ਮੁੜ ਬਣਾਈ ਜਾਣੀ ਸੀ, ਪ੍ਰੰਤੂ ਸੀਵਰੇਜ ਦੀ ਸਮੱਸਿਆ ਆ ਜਾਣ ਕਾਰਨ ਅਤੇ ਪਾਣੀ ਦੀਆਂ ਪਾਈਪ ਲਾਈਨਜ਼ ਪਾਉਣ ਕਾਰਨ ਇਹ ਸੜਕ ਕਈ ਥਾਂਵਾਂ, ਖਾਸ ਕਰਕੇ ਫਾਟਕਾਂ ਤੋਂ ਸ਼ਹਿਰ ਵਾਲੇ ਪਾਸੇ ਬਹੁਤ ਹੀ ਬੁਰੀ ਤਰ੍ਹਾਂ ਨਾਲ ਟੁੱਟ ਗਈ ਸੀ, ਜਿਸ ਕਾਰਨ ਲੋਕਾਂ ਦਾ ਲੰਘਣਾ ਬਹੁਤ ਮੁਸ਼ਕਲ ਹੋ ਗਿਆ ਸੀ ਤੇ ਲੋਕ ਭਾਰੀ ਪ੍ਰੇਸ਼ਾਨੀ ਵਿੱਚੋਂ ਗੁਜ਼ਰ ਰਹੇ ਸਨ।ਇਸ ਲਈ ਲੋਕਾਂ ਦੀਆਂ ਪ੍ਰੇਸ਼ਾਨੀਆਂ ਨੂੰ ਵੇਖਦੇ ਹੋਏ ਉਨ੍ਹਾਂ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਕੋਲ ਰੱਖਿਆ ਗਿਆ, ਜਿਨ੍ਹਾਂ ਵੱਲੋਂ ਕੱਚਾ ਮਲਕ ਰੋਡ ਸੜਕ ਨੂੰ ਮੁੜ ਬਨਾਉਣ ਲਈ ਮਨਜ਼ੂਰੀ ਦੇ ਦਿੱਤੀ ਅਤੇ ਫੰਡ ਜਾਰੀ ਕਰ ਦਿੱਤਾ।

ਵਿਧਾਇਕਾ ਮਾਣੂੰਕੇ ਨੇ ਕਿਹਾ ਕਿ ਇਸ ਸੜਕ ਦੇ ਨਿਰਮਾਣ ਉਪਰ ਇੱਕ ਕਰੋੜ ਰੁਪਏ ਦਾ ਖਰਚਾ ਆਵੇਗਾ ਤੇ ਇਸ ਸੜਕ ਉਪਰ ਫਾਟਕਾਂ ਤੋਂ ਸ਼ਹਿਰ ਵਾਲੇ ਪਾਸੇ 750 ਮੀਟਰ 80 ਐਮ.ਐਮ. ਦੀ ਇੰਟਰਲੌਕਿੰਗ ਟਾਈਲਾਂ ਲਾਈਆਂ ਜਾਣਗੀਆਂ ਅਤੇ ਫਾਟਕਾਂ ਤੋਂ ਜੀ.ਟੀ.ਰੋਡ ਤੱਕ ਬੱਜਰੀ ਅਤੇ ਪ੍ਰੀਮੈਕਸ ਨਾਲ 22 ਫੁੱਟ ਚੌੜੀ ਬਣਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਜੇਕਰ ਮੌਸਮ ਸਹੀ ਰਿਹਾ ਤਾਂ ਇਸ ਸੜਕ ਦੋ ਮਹੀਨੇ ਦੇ ਅੰਦਰ ਅੰਦਰ ਤਿਆਰ ਕਰਕੇ ਲੋਕਾਂ ਦੀ ਸਹੂਲਤ ਲਈ ਚਾਲੂ ਕਰ ਦਿੱਤੀ ਜਾਵੇਗੀ।ਬੀਬੀ ਮਾਣੂੰਕੇ ਨੇ ਕੱਚਾ ਮਲਕ ਰੋਡ ਦੇ ਆਖਿਆ ਕਿ ਉਹ ਆਪੋ-ਆਪਣੇ ਘਰਾਂ ਅੱਗੇ ਸੀਵਰੇਜ ਅਤੇ ਪਾਣੀ ਦੀਆਂ ਪਾਈਪਾਂ ਪਾਉਣ ਦਾ ਕੰਮ ਮੁਕੰਮਲ ਸੜਕ ਬਣਨ ਤੋਂ ਪਹਿਲਾਂ-ਪਹਿਲਾਂ ਕਰਾ ਲੈਣ ਤੇ ਜੇਕਰ ਕੋਈ ਬਾਅਦ ਵਿੱਚ ਸੜਕ ਪੁੱਟ ਕੇ ਪਾਈਪ ਲਾਈਨ ਪਾਵੇਗਾ ਤਾਂ ਇਸ ਨਾਲ ਜਿੱਥੇ ਸੜਕ ਜਲਦੀ ਟੁੱਟ ਜਾਂਦੀ ਹੈ ਅਤੇ ਬਿਨਾਂ ਵਜ੍ਹਾ ਪ੍ਰੇਸ਼ਾਨੀਆਂ ਦਾ ਵੀ ਸਾਹਮਣਾ ਕਰਨਾ ਪੈ ਸਕਦਾ ਹੈ।ਇਸ ਲਈ ਲੋਕ ਵੀ ਸਾਥ ਦੇਣ। ਸੜਕ ਦੀ ਲੰਮਾ ਸਮਾਂ ਮਿਆਦ ਲਈ ਸੜਕ ਨੂੰ ਟੁੱਟਣ ਤੋਂ ਬਚਾਉਣ ਲਈ ਆਪੋ-ਆਪਣੀ ਜ਼ਿੰਮੇਵਾਰੀ ਜ਼ਰੂਰ ਸਮਝਣ।

## ਝਾੜ ਸਾਹਿਬ ਕਾਲਜ 'ਚ ਭਾਈ ਘਨੱਈਆ ਮਾਨਵ ਸੇਵਾ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਵਿਖੇ ਭਾਈ ਘਨ੍ਹੱਈਆ ਮਾਨਵ ਸੇਵਾ ਦਿਵਸ ਸ਼ਰਧਾ ਸਹਿਤ ਮਨਾਇਆ ਗਿਆ।ਗੁਰੂ ਸਾਹਿਬਾਨ ਵੱਲੋਂ ਦਰਸਾਏ ਸਰਬ ਸਾਂਝੀਵਾਲਤਾ, ਪਰਉਪਕਾਰ, ਸਰਬੱਤ ਦੇ ਭਲੇ ਦੇ ਮਾਰਗ 'ਤੇ ਚੱਲਦਿਆਂ ਭਾਈ ਘਨ੍ਹੱਈਆ ਜੀ ਨੇ 1704 ਈ: 'ਚ ਸ੍ਰੀ ਅਨੰਦਪੁਰ ਸਾਹਿਬ ਦੀ ਜੰਗ ਸਮੇਂ ਬਿਨਾਂ ਕਿਸੇ ਭੇਦ-ਭਾਵ ਸਭ ਵਿੱਚ ਪ੍ਰਮਾਤਮਾ ਦਾ ਰੂਪ ਦੇਖਦਿਆਂ ਜ਼ਖ਼ਮੀਆਂ ਨੂੰ ਪਾਣੀ ਪਿਲਾਇਆ ਅਤੇ ਲੋੜ ਅਨੁਸਾਰ ਮੱਲ੍ਹਮ ਪੱਟੀ ਕੀਤੀ।ਇਨ੍ਹਾਂ ਦੀਆਂ ਮਹਾਨ ਸੇਵਾਵਾਂ ਬਾਰੇ ਜਾਣੂ ਕਰਾਉਣ ਲਈ ਹਰ ਸਾਲ 20 ਸਤੰਬਰ ਨੂੰ ਮਾਨਵ ਸੇਵਾ ਦਿਵਸ ਵਜੋਂ ਮਨਾਇਆ ਜਾਂਦਾ ਹੈ।ਇਸ ਮੌਕੇ ਕਾਲਜ ਦੇ ਧਾਰਮਿਕ ਅਧਿਆਪਕ ਵੱਲੋਂ ਭਾਈ ਘਨ੍ਹੱਈਆ ਜੀ ਦੇ ਜੀਵਨ ਤੇ ਸੇਵਾ ਦੇ ਸੰਕਲਪ ਸਬੰਧੀ ਵਿਦਿਆਰਥਣਾਂ ਨਾਲ ਵਿਚਾਰਾਂ ਦੀ ਸਾਂਝ ਪਾਈ ਗਈ ਤੇ ਬੱਚਿਆਂ ਨੂੰ ਨਿਸ਼ਕਾਮ ਸੇਵਾ ਭਾਵਨਾ ਦੇ ਗੁਣਾਂ ਨੂੰ ਧਾਰਨ ਕਰਨ ਲਈ ਪ੍ਰੇਰਤ ਕੀਤਾ ਗਿਆ।ਉਪਰੰਤ ਡਾ. ਅੰਜੂ ਖੁਰਾਨਾ ਰੂਰਲ ਮੈਡੀਕਲ ਅਫ਼ਸਰ ਝਾੜ ਸਾਹਿਬ ਵੱਲੋਂ ਵਿਦਿਆਰਥਣਾਂ ਨੂੰ ਮੁੱਢਲੀ ਡਾਕਟਰੀ ਸਹਾਇਤਾ ਸਬੰਧੀ ਜਾਣਕਾਰੀ ਦਿੰਦਿਆਂ ਮੌਕੇ ਦੀ ਨਜ਼ਾਕਤ ਪਛਾਣਦੇ ਹੋਏ ਤੁਰੰਤ ਬਿਨਾਂ ਸਮਾਂ ਗਵਾਏ ਮੌਜੂਦ ਸਾਧਨਾਂ ਰਾਹੀਂ ਮੁੱਢਲੀ ਸਹਾਇਤਾ ਦੇਣ ਤੋਂ ਇਲਾਵਾ ਹੋਰ ਜ਼ਰੂਰੀ ਨੁਕਤਿਆਂ ਸਬੰਧੀ ਵੀ ਵਿਸਥਾਰ ਪੂਰਵਕ ਦੱਸਿਆ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਿਹਾ ਕਿ ਸਾਨੂੰ ਭਾਈ ਸਾਹਿਬ ਦੁਆਰਾ ਪਾਏ ਪੂਰਨਿਆਂ 'ਤੇ ਚੱਲਦੇ ਹੋਏ ਮੇਰ-ਤੇਰ ਦੀ ਲਕੀਰ ਨੂੰ ਮਿਟਾ ਕੇ ਤਨ-ਮਨ-ਧਨ ਨਾਲ ਮਨੁੱਖਤਾ ਵਿੱਚ ਇੱਕ ਪ੍ਰਮਾਤਮਾ ਨੂੰ ਮਹਿਸੂਸ ਕਰਦੇ ਹੋਏ ਸੇਵਾ ਅਤੇ ਸਿਮਰਨ ਨਾਲ ਜੁੜ ਕੇ ਜੀਵਨ ਸਫ਼ਲ ਕਰਨਾ ਚਾਹੀਦਾ ਹੈ।

# ਸ੍ਰੀਮਦ ਭਾਗਵਤ ਕਥਾ ਦਾ ਛੇਵਾਂ ਦਿਨ ਸ਼ਰਧਾ ਤੇ ਭਗਤੀ ਨਾਲ ਭਰਪੂਰ ਰਿਹਾ

**ਭਾਜਪਾ ਆਗੂ ਰਾਣਾ ਸੋਢੀ ਨੇ ਕੀਤੀ 1 ਲੱਖ ਰੁਪਏ ਦੀ ਸੇਵਾ**



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪ੍ਰਾਚੀਨ ਸਿੱਧਪੀਠ ਸ਼੍ਰੀ ਸ਼ੀਤਲਾ ਮਾਤਾ ਮੰਦਰ ਵਿਖੇ ਆਚਾਰੀਆ ਸ਼੍ਰੀ ਰਾਮ ਜੀ ਮਹਾਰਾਜ ਦੀ ਸਰਪ੍ਰਸਤੀ ਹੇਠ ਚੱਲ ਰਹੀ ਸ਼੍ਰੀਮਦ ਭਾਗਵਤ ਕਥਾ ਦਾ ਛੇਵਾਂ ਦਿਨ ਸ਼ਰਧਾ ਤੇ ਭਗਤੀ ਨਾਲ ਭਰਪੂਰ ਰਿਹਾ। ਇਸ ਮੌਕੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸ਼ਾਮ ਦੇ ਸੁੰਦਰ ਵਾਤਾਵਰਣ ਵਿਚ ਕਥਾ ਦਾ ਆਰੰਭ ਹੋਇਆ ਤੇ ਕਥਾ ਪੰਡਾਲ ਭਗਵਾਨ ਕ੍ਰਿਸ਼ਨ ਦੇ ਭਜਨਾਂ ਨਾਲ ਗੂੰਜ ਉੱਠਿਆ। ਇਸ ਪਵਿੱਤਰ ਮੌਕੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਗੁਰਮੀਤ ਸਿੰਘ ਰਾਣਾ ਸੋਢੀ ਆਪਣੇ ਸਪੁੱਤਰ ਹੀਰਾ ਸੋਢੀ ਨਾਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਸ਼ਰਧਾ ਨਾਲ ਕਥਾ ਸੁਣੀ ਅਤੇ ਮੌਜੂਦ ਸਾਰੇ ਸ਼ਰਧਾਲੂਆਂ ਨਾਲ ਸਮਾਂ ਬਿਤਾਇਆ। ਉਨ੍ਹਾਂ ਇਸ ਪਵਿੱਤਰ ਯੱਗ ਦੀ ਸਫ਼ਲਤਾ ਲਈ ਪ੍ਰਬੰਧਕੀ ਕਮੇਟੀ ਨੂੰ 1,00,000 ਰੁਪਏ ਦਾ ਸੇਵਾ ਫੰਡ ਭੇਟ ਕੀਤਾ ਤੇ ਇਸ ਨੂੰ ਸਮਾਜ ਅਤੇ ਧਰਮ ਦੀ ਸੇਵਾ ਲਈ ਇਕ ਮਹਾਨ ਕਾਰਜ ਦੱਸਿਆ। ਉਨ੍ਹਾਂ ਕਿਹਾ ਕਿ ਧਾਰਮਿਕ ਕਾਰਜ ਸਮਾਜ ਨੂੰ ਇੱਕਜੁੱਟ ਰੱਖਣ ਅਤੇ ਸਕਾਰਾਤਮਕ ਊਰਜਾ ਫੈਲਾਉਣ ਵਿੱਚ ਮੱਦਦ ਕਰਦੇ ਹਨ। ਕਥਾ ਪ੍ਰੋਗਰਾਮ ਵਿਚ ਸ਼ਹਿਰ ਦੇ ਕਈ ਪ੍ਰਮੁੱਖ ਵਿਅਕਤੀਆਂ ਦੀ ਹਾਜ਼ਰੀ ਰਹੀ, ਜਿਨ੍ਹਾਂ ਵਿੱਚ ਪੰਡਤ ਨਵੀਨ ਸ਼ਰਮਾ, ਪੰਡਤ ਮਨੀਸ਼ ਸ਼ਰਮਾ, ਚੰਦਰ ਮੋਹਨ ਹਾਂਡਾ, ਰਾਕੇਸ਼ ਸ਼ਰਮਾ, ਰਾਮ ਅਵਤਾਰ, ਰਮੇਸ਼ ਸ਼ਰਮਾ, ਸੁਰਿੰਦਰ ਕੁਮਾਰ ਸ਼ਾਸਤਰੀ, ਪਰਵਿੰਦਰ ਸਿਕਰੀ, ਰਾਕੇਸ਼ ਗਰੋਵਰ, ਰਾਜੇਸ਼ ਸਚਦੇਵਾ, ਬ੍ਰਾਹਮਣ ਸਭਾ ਦੇ ਪ੍ਰਧਾਨ ਰਾਜੇਸ਼ ਦੱਤ ਤੇ ਪਵਨ ਅਗਰਵਾਲ ਵਰਗੇ ਸ਼ਹਿਰ ਦੇ ਕਈ ਆਗੂ ਸ਼ਾਮਲ ਸਨ। ਸੀਰੀਜ਼ ਸਨਾਤਨ ਧਰਮ ਪ੍ਰਚਾਰ ਐਂਡ ਵੈਲਫੇਅਰ ਸੁਸਾਇਟੀ ਦੀ ਪੂਰੀ ਟੀਮ, ਐਂਟੀ ਕ੍ਰਾਈਮ ਸੰਗਠਨ ਦੇ ਮੈਂਬਰ ਤੇ ਭਾਰਤੀ ਜਨਤਾ ਪਾਰਟੀ ਦੀ ਪੂਰੀ ਟੀਮ ਨੇ ਵੀ ਸ਼ਰਧਾ ਨਾਲ ਕਥਾ ਦਾ ਆਨੰਦ ਲਿਆ।

## ਆਵਲਾ ਨੇ ਨਿੱਜੀ ਖਰਚੇ ਨਾਲ ਸੜਕ ਦਾ ਕੰਮ ਸ਼ੁਰੂ ਕਰਾਇਆ



**ਮੰਡੀ ਘੁਬਾਇਆ (ਬਲਵਿੰਦਰ ਸਿੰਘ)**-ਕੁਝ ਦਿਨ ਪਹਿਲਾ ਹੜ੍ਹ ਪ੍ਰਭਾਵਤ ਇਲਾਕਿਆਂ ਦੀ ਸੇਵਾ ਲਈ ਜਾ ਰਹੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਨੂੰ ਘੁਬਾਇਆ ਪਿੰਡ ਦੇ ਦੁਕਾਨਦਾਰਾਂ ਵੱਲੋਂ ਰੋਕ ਕੇ ਘੁਬਾਇਆ ਸੜਕ ਬਣਾਉਣ ਦੀ ਮੰਗ ਰੱਖੀ ਗਈ। ਉਨ੍ਹਾਂ ਕਿਹਾ ਕਿ ਇੱਥੋਂ ਸਕੂਲ ਦੇ ਬੱਚਿਆਂ ਨੂੰ ਲੰਘਣ ਵਿੱਚ ਬਹੁਤ ਦਿੱਕਤ ਆਉਂਦੀ ਹੈ ਅਤੇ ਜਦੋਂ ਮੀਂਹ ਪੈਂਦਾ ਹੈ ਤਾਂ ਮਹੀਨਾ-ਮਹੀਨਾ ਪਾਣੀ ਸੜਕ 'ਤੇ ਖੜ੍ਹਾ ਰਹਿੰਦਾ ਹੈ। ਰਮਿੰਦਰ ਸਿੰਘ ਆਵਲਾ ਵੱਲੋਂ ਵਿਸ਼ਵਾਸ ਦਿਆਇਆ ਗਿਆ ਕਿ ਥੋੜ੍ਹੇ ਹੀ ਸਮੇਂ ਵਿੱਚ ਸੜਕ ਦਾ ਕੰਮ ਸ਼ੁਰੂ ਕਰਾ ਦਿੱਤਾ ਜਾਏਗਾ। ਆਵਲਾ ਗਟਕਾ, ਰੋਲਰ ਤੇ ਹੋਰ ਲੋੜੀਂਦਾ ਸਮਾਨ ਲੈ ਕੇ ਪਹੁੰਚੇ ਤੇ ਕੰਮ ਸ਼ੁਰੂ ਕਰਾਇਆ। ਦੁਕਾਨਦਾਰਾਂ ਵੱਲੋਂ ਰਮਿੰਦਰ ਸਿੰਘ ਆਵਲਾ ਦਾ ਧੰਨਵਾਦ ਕੀਤਾ ਗਿਆ।

## ਬੂਟਾ ਰਾਮ ਧਰਮਸ਼ਾਲਾ 'ਚ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਲਾਇਆ



**ਗੁਰੂਹਰਸਹਾਏ (ਫ਼ਕੀਰ ਚੰਦ ਸਿਕਰੀ)**-ਲਾਇਨਜ਼ ਕਲੱਬ ਵੱਲੋਂ ਮੇਦਾਂਤਾ ਫਾਊਂਡੇਸ਼ਨ ਗੁਰੂਗ੍ਰਾਮ ਦੇ ਸਹਿਯੋਗ ਨਾਲ ਫ੍ਰੀ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ।ਕੈਂਪ ਵਿੱਚ 250 ਦੇ ਕਰੀਬ ਮਰੀਜ਼ਾਂ ਨੇ ਆਪਣਾ ਚੈੱਕਅਪ ਕਰਾਇਆ।ਕਲੱਬ ਦੇ ਪ੍ਰੈਸ ਇੰਚਾਰਜ ਵਰੁਣ ਗਾਵੜੀ ਨੇ ਦੱਸਿਆ ਕਿ ਸਰਪ੍ਰਸਤ ਸ਼ਹਿਜ਼ਾਦ ਦੀਵਾਨ, ਹਰਿੰਦਰ ਕੁੱਕੜ ਡਿਪਟੀ ਡਿਸਟਰਿਕਟ ਗਵਰਨਰ ਤੇ ਕਲੱਬ ਦੇ ਪ੍ਰਧਾਨ ਗੌਰਵ ਸਚਦੇਵਾ ਦੀ ਮਿਹਨਤ ਸਦਕਾ ਸ਼ਨੀਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ 3 ਵਜੇ ਤੱਕ ਮੇਦਾਂਤਾ ਫਾਊਂਡੇਸ਼ਨ ਗੁਰੂਗ੍ਰਾਮ ਦੇ ਸਹਿਯੋਗ ਨਾਲ ਸ਼ਹਿਰ ਦੀ ਬੂਟਾ ਰਾਮ ਧਰਮਸ਼ਾਲਾ ਵਿੱਚ ਫਰੀ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ।ਮੇਦਾਂਤਾ ਹਸਪਤਾਲ ਤੋਂ ਆਏ ਡਾਕਟਰ ਹਿਮਾਂਸ਼ੂ ਪੂਨੀਆ, ਡਾਕਟਰ ਰਮੇਸ਼ ਚੰਦਰਾ ਉਨ੍ਹਾਂ ਦੀ ਟੀਮ ਨੇ ਵੱਖ-ਵੱਖ ਬਿਮਾਰੀਆਂ ਨਾਲ ਪੀੜਤ 250 ਦੇ ਕਰੀਬ ਮਰੀਜ਼ਾਂ ਦਾ ਚੈੱਕਅਪ ਕੀਤਾ।ਇਸ ਮੌਕੇ ਚੀਫ ਗੈਸਟ ਦੇ ਤੌਰ 'ਤੇ ਪਹੁੰਚੇ ਅਕਾਲੀ ਆਗੂ ਤੇ ਸਮਾਜ ਸੇਵੀ ਰੋਹਿਤ ਕੁਮਾਰ ਵੋਹਰਾ ਨੇ ਵੀ ਆਪਣਾ ਚੈੱਕਅਪ ਕਰਾਇਆ ਤੇ ਕਲੱਬ ਨੂੰ ਨਕਦ ਰਾਸ਼ੀ ਵੀ ਭੇਂਟ ਕੀਤੀ ਕਲੱਬ ਮੈਂਬਰਾਂ ਵੱਲੋਂ ਉਹਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਮੇਦਾਂਤਾ ਹਸਪਤਾਲ ਤੋਂ ਆਈ ਮੋਬਾਈਲ ਵੈਨ 'ਚ ਹੀ ਲੱਗੀਆਂ ਕਈ ਮਸ਼ੀਨਾਂ ਰਾਹੀਂ ਮਰੀਜ਼ਾਂ ਦੇ ਐਕਸਰੇ ਤੇ ਹੋਰ ਕਈ ਬਿਮਾਰੀਆਂ ਦੇ ਫ੍ਰੀ ਟੈਸਟ ਕੀਤੇ ਗਏ।

## ਸਾਬਕਾ ਵਿਧਾਇਕ ਆਵਲਾ ਨੇ ਸੜਕ ਦਾ ਨਿਰਮਾਣ ਆਪਣੇ ਨਿੱਜੀ ਖ਼ਰਚੇ 'ਚੋਂ ਕਰਵਾਇਆ



**ਜਲਾਲਾਬਾਦ (ਜੀਤ ਕੁਮਾਰ)**-ਬੀਤੇ ਦਿਨ ਪਹਿਲਾਂ ਹੜ੍ਹ ਪ੍ਰਭਾਵਿਤ ਇਲਾਕਿਆਂ ਦੀ ਸੇਵਾ ਲਈ ਜਾ ਰਹੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਨੂੰ ਪਿੰਡ ਘੁਬਾਇਆ ਦੇ ਦੁਕਾਨਦਾਰਾਂ ਵੱਲੋਂ ਰੋਕ ਕੇ ਘੁਬਾਇਆ 'ਚ ਖਸਤਾ ਹਾਲਤ ਵਿੱਚ ਤਬਦੀਲ ਹੋ ਚੁੱਕੀ ਸੜਕ ਨੂੰ ਬਣਾਉਣ ਦੀ ਮੰਗ ਰੱਖੀ ਗਈ। ਲੋਕਾਂ ਨੇ ਕਿਹਾ ਕਿ ਇੱਥੋਂ ਸਕੂਲਾਂ ਦੇ ਬੱਚਿਆ ਨੂੰ ਲੰਘਣ ਵਿੱਚ ਵੀ ਬਹੁਤ ਦਿੱਕਤ ਆਉਂਦੀ ਹੈ ਅਤੇ ਜਦੋਂ ਮੀਂਹ ਪੈਂਦਾ ਹੈ ਤਾਂ ਕਾਫੀ ਦਿਨ ਤੱਕ ਪਾਣੀ ਸੜਕ 'ਤੇ ਖੜ੍ਹਾ ਰਹਿੰਦਾ ਹੈ। ਲੋਕਾਂ ਦੀਆਂ ਮੁਸ਼ਕਲਾਂ ਨੂੰ ਮੁੱਖ ਰੱਖਦੇ ਹੋਏ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਸੀ ਕਿ ਥੋੜ੍ਹੇ ਹੀ ਸਮੇਂ ਵਿੱਚ ਸੜਕ ਦਾ ਕੰਮ ਸ਼ੁਰੂ ਕਰਵਾ ਦਿੱਤਾ ਜਾਏਗਾ, ਜਿਸ 'ਤੇ ਅੱਜ ਰਮਿੰਦਰ ਆਵਲਾ ਜੋਕਿ ਆਪਣੀ ਟੀਮ ਸਮੇਤ ਪਿੰਡ ਘੁਬਾਇਆ ਵਿਖੇ ਸੜਕ ਦੀ ਰਿਪੇਅਰ ਕਰਨ ਲਈ ਗਟਕਾ, ਰੋਲਰ ਤੇ ਹੋਰ ਲੋੜੀਂਦਾ ਸਾਮਾਨ ਲੈ ਕੇ ਪਹੁੰਚੇ ਅਤੇ ਕੰਮ ਸ਼ੁਰੂ ਕਰਵਾਇਆ। ਇਹ ਸੜਕ ਰਮਿੰਦਰ ਸਿੰਘ ਆਵਲਾ ਵੱਲੋਂ ਆਪਣੇ ਨਿੱਜੀ ਖਰਚੇ ਵਿਚੋਂ ਬਣਵਾਈ ਜਾ ਰਹੀ ਹੈ, ਜਿਸ 'ਤੇ ਦੁਕਾਨਦਾਰਾਂ ਵੱਲੋਂ ਰਮਿੰਦਰ ਸਿੰਘ ਆਵਲਾ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਨਗਰ ਕੌਂਸਲ ਜਲਾਲਾਬਾਦ ਦੇ ਪ੍ਰਧਾਨ ਵਿਕਾਸਦੀਪ ਚੌਧਰੀ, ਸ਼ੰਟੀ ਕਪੂਰ, ਸੁਲੱਖਣ ਸਿੰਘ ਪ੍ਰਧਾਨ, ਜੱਜ ਸੋਢੀ, ਮੰਗਤ ਮੱਘੋ, ਜਸਵੰਤ ਕੰਬੋਜ, ਗੱਗੂ ਕੰਬੋਜ, ਭਜਨ, ਸ਼ਾਮ ਲਾਲ ਬੱਟੀ ਪ੍ਰਧਾਨ ਕਿਸਾਨ ਯੂਨੀਅਨ, ਮੀਤਾ, ਹਰਪ੍ਰੀਤ ਸਿੰਘ ਬੱਟੀ ਪ੍ਰਧਾਨ ਕਿਸਾਨ ਯੂਨੀਅਨ, ਸੋਨੂੰ ਧਰਮੂਵਾਲਾ, ਪਵਨ ਧਰਮੂਵਾਲਾ ਆਦਿ ਮੌਜੂਦ ਸਨ।

# ਸੁਪਰੀਮ ਕੋਰਟ ਦੇ ਹੁਕਮ ਨੂੰ ਹੂ-ਬ-ਹੂ ਲਾਗੂ ਕਰੇ ਪੰਜਾਬ ਸਰਕਾਰ : ਨਿਰਮਲ ਮਾਣੂੰਕੇ

**ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਮੋਗਾ 'ਚ ਮੀਟਿੰਗ**



**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਿਸਾਨ ਯੂਨੀਅਨ ਕਾਦੀਆਂ ਜ਼ਿਲ੍ਹਾ ਮੋਗਾ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਾਣੂੰਕੇ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਬੀਬੀ ਕਾਹਨ ਕੌਰ ਮੋਗਾ ਵਿਖੇ ਹੋਈ।ਮੀਟਿੰਗ ਦੀ ਕਾਰਵਾਈ ਜਰਨਲ ਸਕੱਤਰ ਹਰਪ੍ਰੀਤ ਸਿੰਘ ਦੀਦਾਰੇਵਾਲਾ ਨੇ ਕੀਤੀ ਤੇ ਮੀਟਿੰਗ ਨੂੰ ਜ਼ਿਲ੍ਹਾ ਮੀਤ ਪ੍ਰਧਾਨ ਜਸਵੀਰ ਸਿੰਘ ਮੰਦਰ, ਮਨਪ੍ਰੀਤ ਸਿੰਘ ਵਰ੍ਹੇ, ਸਰਪੰਚ ਬਲਦੇਵ ਸਿਘ ਖੁਖਰਾਣਾ, ਬਲਜਿੰਦਰ ਸਿੰਘ ਰੋਡੇ, ਸਾਧੂ ਸਿੰਘ ਖੋਸਾ ਰਣਧੀਰ, ਬਲਵੀਰ ਸਿੰਘ ਭਾਗੀਕੇ ਆਦਿ ਨੇ ਸੰਬੋਧਨ ਕੀਤਾ।ਇਸ ਮੀਟਿੰਗ ਵਿੱਚ ਬਲਾਕ ਪ੍ਰਧਾਨ ਬਾਘਾਪੁਰਾਣਾ ਮੇਜਰ ਸਿੰਘ ਘੋਲੀਆ, ਬਲਾਕ ਪ੍ਰਧਾਨ ਮੋਗਾ-1 ਸਰਪੰਚ ਗੁਰਵਿੰਦਰ ਸਿੰਘ ਰੌਲੀ, ਬਲਾਕ ਪ੍ਰਧਾਨ ਧਰਮਕੋਟ ਨੱਛਤਰ ਸਿੰਘ, ਬਲਾਕ ਪ੍ਰਧਾਨ ਕੋਟ ਈਸੇ ਖਾਂ ਸਰਪੰਚ ਰਮਨਦੀਪ ਸਿੰਘ, ਬਲਾਕ ਪ੍ਰਧਾਨ ਮੋਗਾ-2 ਅੰਗਰੇਜ ਸਿੰਘ ਰਜਿੰਦਰ ਸਿੰਘ ਰਾਜਾ ਦੌਲਤਪੁਰਾ ਨੇ ਭਾਗ ਲਿਆ। ਪਹਿਲੇ ਮਤੇ ਰਾਹੀਂ ਮੰਗ ਕੀਤੀ ਜਾਂਦੀ ਹੈ ਕਿ ਹੜ੍ਹਾਂ ਨਾਲ ਫਸਲ ਮਰਨ ਤੇ 70000/- ਰੁਪੈ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ ਤੇ ਪੰਜਾਬ ਦੇ ਸਾਰੇ ਕਿਸਾਨਾਂ ਦਾ ਸਾਰਾ ਕਰਜ਼ਾ ਮੁਆਫ ਕੀਤਾ ਜਾਵੇ।ਹੜ੍ਹਾਂ ਵਾਲੇ ਖੇਤਰਾਂ ਵਿੱਚ ਜਿਨ੍ਹਾਂ ਖੇਤਾਂ ਵਿੱਚ ਉਪਰਾ ਮਲਬਾ ਰੇਤਾ ਆ ਚੁੱਕਾ ਹੈ ਉਸ ਨੂੰ ਚੁੱਕਣ ਵਾਸਤੇ ਕਿਸਾਨਾਂ ਦੀ ਸੀਮਤ ਸਾਧਨਾਂ ਨੂੰ ਦੇਖਦੇ ਹੋਏ ਖੁੱਲ੍ਹਾ ਸਮਾਂ ਤਾਰੀਖ ਦੇਣਾ ਚਾਹੀਦਾ ਹੈ।

ਮਲਬਾਂ ਰੇਤਾ ਮਿੱਟੀ ਚੁੱਕਣਾ ਵਾਸਤੇ ਸਰਕਾਰ ਵੱਲੋਂ ਕਿਸਾਨਾਂ ਨੂੰ ਮਾਲੀ ਮੱਦਦ ਦੇ ਨਾਲ ਹੈਵੀ ਮਸ਼ੀਨਰੀ ਬਿਨਾਂ ਕਿਸੇ ਕਿਰਾਏ ਤੇ ਮੁੱਹਈਆ ਕਰਾਉਣੀ ਚਾਹੀਦੀ ਹੈ।ਚਰਨਪ੍ਰੀਤ ਸਿੰਘ ਬਾਘਾਪੁਰਾਣਾ ਤੇ ਨੱਛਤਰ ਸਿੰਘ ਧਰਮਕੋਟ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਝੋਨੇ ਦੀ ਖਰੀਦ ਨੂੰ ਲੈ ਕੇ ਪ੍ਰਸ਼ਾਸਨ ਸ਼ੈਲਰਾਂ ਵਾਲਿਆਂ ਤੇ ਆੜ੍ਹਤੀਆਂ ਨਾਲ ਮੀਟਿੰਗ ਕਰ ਰਿਹਾ ਹੈ ਜਦੋਂ ਕਿ ਝੋਨੇ ਪੈਦਾ ਕਰਨ ਵਾਲੇ ਕਿਸਾਨਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਕਿਸਾਨ ਨੁਮਾਇੰਦਿਆਂ ਨੂੰ ਇਨ੍ਹਾਂ ਮੀਟਿੰਗ ਵਿੱਚ ਸ਼ਾਮਲ ਕੀਤਾ ਜਾਵੇ ਤਾਂ ਕਿ ਖਰੀਦ ਸਬੰਧੀ ਕੋਈ ਵੀ ਸੱਮਸਿਆ ਨੂੰ ਆਪਣੇ ਕਿਸਾਨੀ ਭਾਈਚਾਰੇ ਨਾਲ ਸਾਂਝਾ ਕਰ ਸਕਣ।ਸ੍. ਮਾਣੂੰਕੇ ਤੇ ਸ. ਦੀਦਾਰੇਵਾਲਾ ਨੇ ਦੱਸਿਆ ਕਿ ਝੋਨੇ ਦੀ ਪਰਾਲੀ ਸਾੜਣ ਤੇ ਸੁਪਰੀਮ ਕੋਰਟ ਵੱਲੋਂ ਪੰਜਾਬ ਨੂੰ ਦਿੱਤੇ ਹੁਕਮਾਂ ਸਬੰਧੀ ਮੀਟਿੰਗ ਵਿੱਚ ਕਰਨ ਉਪਰੰਤ ਮੰਗ ਕੀਤੀ ਗਈ ਕਿ 06 ਨਵੰਬਰ 2019 ਵਿੱਚ ਸੁਪਰੀਮ ਕੋਰਟ ਵੱਲੋਂ ਫੈਸਲਾ ਦਿੱਤਾ ਗਿਆ ਹੈ ਕਿ 100/- ਪ੍ਰਤੀ ਕੁਇੰਟਲ (ਝੋਨੇ ਦੀ ਪਰਾਲੀ) ਭਾਰ ਤੇ ਅੰਦਾਜ਼ਨ 2400 ਰੁਪਏ ਪ੍ਰਤੀ ਏਕੜ ਸਰਕਾਰ ਮੁਆਵਜ਼ਾ ਦੇਵੇਗੀ ਤੇ ਮੁਆਵਜ਼ਾ ਲੈਣ ਉਪਰੰਤ ਕਿਸਾਨ ਆਪਣੇ ਖੇਤ ਵਿੱਚ ਪਰਾਲੀ ਨੂੰ ਅੱਗ ਨਹੀਂ ਲੱਗਾਵੇਗਾ।ਸੋ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਜਾਂਦੀ ਹੈ ਕਿ 06 ਨਵੰਬਰ 2019 ਦੇ ਸੁਰਪੀਮ ਕੋਰਟ ਦੇ ਹੁਕਮ ਨੂੰ ਹੂ-ਬ-ਹੂਬ ਲਾਗੂ ਕੀਤਾ ਜਾਵੇ। ਮਹਿੰਗਾਈ ਨੂੰ ਦੇਖਦਿਆਂ 4500 ਰੁਪਏ ਪ੍ਰਤੀ ਏਕੜ ਕਿਸਾਨਾਂ ਦੀ ਆਰਥਿਕ ਮੱਦਦ ਕੀਤੀ ਜਾਵੇ ਤਾਂ ਜੋ ਖੇਤਾਂ ਵਿੱਚ ਪਰਾਲੀ ਨੂੰ ਅੱਗ ਨਾ ਲਗਾਉਣ ਦਾ ਪੱਕਾ ਹੱਲ ਹੋ ਸਕੇ।ਕਿਸਾਨਾਂ ਦੀ ਆਰਥਿਕ ਮੱਦਦ ਕੀਤੇ ਤੋ ਬਿਨਾਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣਾ ਗੈਰ-ਤਰਕ ਸੰਗਤ ਹੋਵੇਗਾ।ਇਸ ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਹੇਠ ਲਿਖੇ ਕਿਸਾਨ ਆਗੂਆਂ ਤੇ ਵਰਕਰਾਂ ਨੇ ਭਾਗ ਲਿਆ ਗਿਆ।

## 'ਪਾਵਰ ਆਫ਼ ਪਰਸਨਲ ਅਪੀਅਰੈਂਸ' ਥੀਮ 'ਤੇ ਸੈਸ਼ਨ



**ਲੁਧਿਆਣਾ (ਰੈਕਟਰ ਕਥੂਰੀਆ)**-ਮਾਸਟਰ ਤਾਰਾ ਸਿੰਘ ਮੈਮੋਰੀਅਲ ਕਾਲਜ ਫ਼ਾਰ ਵਿਮਨ ਵਿਖੇ ਪੀਜੀ ਡਿਪਾਰਟਮੈਂਟ ਆਫ਼ ਕਾਮਰਸ ਐਂਡ ਬਿਜ਼ਨਸ ਐਡਮਿਨਿਸਟ੍ਰੇਸ਼ਨ ਨੇ ਵਿਦਿਆਰਥਣਾਂ ਦੇ ਆਤਮਵਿਸ਼ਵਾਸ ਤੇ ਪੇਸ਼ੇਵਰ ਸਫਲਤਾ ਨੂੰ ਵਧਾਉਣ ਦੇ ਉਦੇਸ਼ ਨਾਲ 'ਪਾਵਰ ਆਫ਼ ਪਰਸਨਲ ਅਪੀਅਰੈਂਸ' 'ਤੇ ਪ੍ਰਭਾਵਸ਼ਾਲੀ ਸੈਸ਼ਨ ਦਾ ਆਯੋਜਨ ਕੀਤਾ। ਸ਼੍ਰੀਮਤੀ ਪੂਨਮ ਆਰੀਆ ਨੇ ਉਪਰੋਕਤ ਵਿਸ਼ਿਆਂ 'ਤੇ ਕੀਮਤੀ ਸੁਝਾਅ ਸਾਂਝੇ ਕੀਤੇ।ਪਹਿਲੇ ਪ੍ਰਭਾਵ ਦੀ ਭੂਮਿਕਾ ਅਧੀਨ ਨਿੱਜੀ ਸ਼ਿੰਗਾਰ ਤੇ ਸਫਾਈ ਦੀ ਪ੍ਰਮੁੱਖਤਾ, ਸਰੀਰ ਦੀ ਮੁਦਰਾ, ਭਾਸ਼ਾ ਤੇ ਸ਼ਿਸ਼ਟਾਚਾਰ ਅਤੇ ਦਿੱਖ ਦੁਆਰਾ ਅੰਦਰੂਨੀ ਵਿਸ਼ਵਾਸ ਬਣਾਉਣਾ ਸੀ।ਸ਼੍ਰੀਮਤੀ ਪੂਨਮ ਆਰੀਆ ਨੇ ਕਿਹਾ ਕਿ ਆਪਣੀ ਨਿੱਜੀ ਤਸਵੀਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਕੇ, ਕੋਈ ਵੀ ਮੌਕਾ ਸਿਰਜ ਕੇ ਧਾਰਨਾਵਾਂ ਨੂੰ ਪ੍ਰਭਾਵਤ ਕਰਦਿਆਂ ਦੂਜਿਆਂ ਨਾਲ ਮਜ਼ਬੂਤ ਸੰਬੰਧ ਬਣਾਉਂਦਿਆਂ ਆਪਣੀ ਨਿੱਜੀ ਤੇ ਪੇਸ਼ੇਵਰ ਸਫਲਤਾ ਵਿੱਚ ਯੋਗਦਾਨ ਪਾ ਸਕਦਾ ਹੈ।ਇਹ ਸਿੱਖਣ ਅਤੇ ਸਵੈ-ਵਿਕਾਸ ਨੂੰ ਪ੍ਰਫੁਲਿਤ ਕਰਨ ਵਾਲਾ ਇੱਕ ਪ੍ਰਭਾਵਸ਼ਾਲੀ ਸੈਸ਼ਨ ਸੀ।ਇਸ ਸੈਸ਼ਨ ਨੇ ਇਸ ਗੱਲ ਦੀ ਮਹੱਤਤਾ +ਤੇ ਜ਼ੋਰ ਦਿੱਤਾ ਕਿ ਦਿੱਖ ਨਿੱਜੀ ਅਤੇ ਪੇਸ਼ੇਵਰ ਦੋਵਾਂ ਥਾਂਵਾਂ 'ਤੇ ਵਿਸ਼ਵਾਸ, ਭਰੋਸੇਯੋਗਤਾ ਅਤੇ ਸੰਚਾਰ ਨੂੰ ਕਿਵੇਂ ਪ੍ਰਭਾਵਿਤ ਕਰਦੀ ਹੈ। ਇਹ ਸੱਚਮੁੱਚ ਇੱਕ ਸੋਚ-ਉਕਸਾਉਣ ਵਾਲਾ ਅਤੇ ਇੱਕ ਚੇਤੰਨਤਾ ਭਰਪੂਰ ਸੈਸ਼ਨ ਸੀ, ਜਿਸ ਵਿੱਚ ਵਿਦਿਆਰਥਣਾਂ ਨੇ ਪ੍ਰਸ਼ਨ ਉੱਤਰ ਦੌਰ ਵਿੱਚ ਸਰਗਰਮੀ ਨਾਲ ਹਿੱਸਾ ਲਿਆ।

22-SEP-PAGE-3.qxd 9/21/2025 9:13 PM Page 1

ਸੋਮਵਾਰ, 22 ਸਤੰਬਰ, 2025
7 ਅੱਸੂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 112

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 22 SEPTEMBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

# ਘਟੀਆਂ ਜੀ ਐੱਸ ਟੀ ਦਰਾਂ ਅੱਜ ਤੋਂ ਹੋਈਆਂ ਲਾਗੂ



ਨਵੀਂ ਦਿੱਲੀ : ਸੋਮਵਾਰ ਤੋਂ ਰਸੋਈ ਦੇ ਜ਼ਰੂਰੀ ਸਾਮਾਨ ਤੋਂ ਲੈ ਕੇ ਇਲੈਕਟ੍ਰਾਨਿਕਸ ਤੱਕ, ਦਵਾਈਆਂ ਅਤੇ ਉਪਕਰਣਾਂ ਤੋਂ ਲੈ ਕੇ ਆਟੋਮੋਬਾਈਲ ਤੱਕ ਦੀਆਂ ਕੀਮਤਾਂ ਸਸਤੀਆਂ ਹੋ ਜਾਣਗੀਆਂ, ਕਿਉਂਕਿ ਕਰੀਬ 375 ਵਸਤਾਂ 'ਤੇ ਘਟੀਆਂ ਜੀ ਐੱਸ ਟੀ ਦਰਾਂ ਲਾਗੂ ਹੋਣਗੀਆਂ। ਕੇਂਦਰ ਤੇ ਰਾਜਾਂ ਦੀ ਸ਼ਮੂਲੀਅਤ ਵਾਲੀ ਜੀ ਐੱਸ ਟੀ ਕੌਂਸਲ ਨੇ 22 ਸਤੰਬਰ ਨਵਰਾਤਿਆਂ ਦੇ ਪਹਿਲੇ ਦਿਨ ਤੋਂ ਵਸਤਾਂ ਤੇ ਸੇਵਾਵਾਂ 'ਤੇ ਟੈਕਸ ਦਰਾਂ ਘਟਾਉਣ ਦਾ ਫੈਸਲਾ ਕੀਤਾ ਹੈ। ਜੀ ਐੱਸ ਟੀ ਦਰਾਂ ਵਿਚ ਕਟੌਤੀ ਨਾਲ ਘਿਓ, ਪਨੀਰ, ਮੱਖਣ, ਨਮਕੀਨ, ਕੈਚਪ, ਜੈਮ, ਸੁੱਕੇ ਮੇਵੇ, ਕੌਫੀ ਅਤੇ ਆਈਸ ਕਰੀਮ ਵਰਗੀਆਂ ਜਨਤਕ ਖਪਤ ਵਾਲੀਆਂ ਵਸਤਾਂ ਅਤੇ ਟੀ ਵੀ, ਏ ਸੀ, ਵਾਸ਼ਿੰਗ ਮਸ਼ੀਨਾਂ ਵਰਗੀਆਂ ਵਸਤਾਂ ਸਸਤੀ ਹੋਣਗੀਆਂ। ਇਸ ਦੇ ਨਾਲ ਹੀ ਘਰ ਬਣਾਉਣ ਵਾਲਿਆਂ ਨੂੰ ਫਾਇਦਾ ਹੋਵੇਗਾ, ਕਿਉਂਕਿ ਸੀਮਿੰਟ 'ਤੇ ਜੀ ਐੱਸ ਟੀ 28 ਫੀਸਦ ਤੋਂ ਘਟਾ ਕੇ 18 ਫੀਸਦੀ ਕਰ ਦਿੱਤਾ ਗਿਆ ਹੈ। ਸਰਕਾਰ ਨੇ ਜੀ ਐੱਸ ਟੀ ਕਟੌਤੀ ਦੇ ਲਾਭਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪਹਿਲਾਂ ਹੀ ਫਾਰਮੇਸੀਆਂ ਨੂੰ ਆਪਣੀ ਐੱਮ ਆਰ ਪੀ ਵਿੱਚ ਸੋਧ ਕਰਨ ਜਾਂ ਘੱਟ ਦਰ 'ਤੇ ਦਵਾਈਆਂ ਵੇਚਣ ਦਾ ਨਿਰਦੇਸ਼ ਦਿੱਤਾ ਹੈ। ਇਸ ਤੋਂ ਇਲਾਵਾ ਰੋਜ਼ਾਨਾ ਵਰਤੋਂ ਵਾਲੇ ਉਤਪਾਦਾਂ, ਜਿਵੇਂ ਕਿ ਵਾਲਾਂ ਦਾ ਤੇਲ, ਟਾਇਲਟ ਸਾਬਣ ਬਾਰ, ਸ਼ੈਂਪੂ, ਟੁਥਬਰੁਸ਼, ਟੁੱਥ ਪੇਸਟ ਵੀ ਸਸਤੇ ਹੋਣ ਦੀ ਸੰਭਾਵਨਾ ਹੈ, ਕਿਉਂਕਿ ਉਨ੍ਹਾਂ 'ਤੇ ਮੌਜਦਾ ਟੈਕਸ 12/18 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰ ਦਿੱਤਾ ਗਿਆ ਹੈ। ਵਧੇਰੇ ਲਗਜ਼ਰੀ ਵਸਤਾਂ 'ਤੇ 40 ਫੀਸਦ ਟੈਕਸ ਲਗਾਇਆ ਜਾਵੇਗਾ, ਜਦੋਂ ਕਿ ਤੰਬਾਕੂ ਅਤੇ ਸੰਬੰਧਤ ਉਤਪਾਦ 28 ਪ੍ਰਤੀਸ਼ਤ ਪਲੱਸ ਸੈੱਸ ਸ਼੍ਰੇਣੀ ਵਿੱਚ ਰਹਿਣਗੇ। ਮੌਜੂਦਾ ਸਮੇਂ ਵਸਤਾਂ ਤੇ ਸੇਵਾਵਾਂ ਟੈਕਸ (ਜੀ ਐੱਸ ਟੀ) 5, 12, 18 ਅਤੇ 28 ਪ੍ਰਤੀਸ਼ਤ ਦੇ 4 ਸਲੈਬਾਂ ਵਿੱਚ ਲਗਾਇਆ ਜਾਂਦਾ ਹੈ। ਇਸ ਤੋਂ ਇਲਾਵਾ ਲਗਜ਼ਰੀ ਵਸਤਾਂ ਅਤੇ ਨੁਕਸਾਨਦੇਹ ਵਸਤਾਂ 'ਤੇ ਮੁਆਵਜ਼ਾ ਸੈੱਸ ਲਗਾਇਆ ਜਾਂਦਾ ਹੈ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਪਿਛਲੇ ਹਫ਼ਤੇ ਕਿਹਾ ਸੀ ਕਿ ਜੀ ਐੱਸ ਟੀ ਸੁਧਾਰਾਂ ਨਾਲ ਅਰਥਚਾਰੇ ਵਿੱਚ 2 ਲੱਖ ਕਰੋੜ ਰੁਪਏ ਦਾ ਨਿਵੇਸ਼ ਹੋਵੇਗਾ, ਜਿਸ ਨਾਲ ਲੋਕਾਂ ਕੋਲ ਵਧੇਰੇ ਨਕਦੀ ਹੋਵੇਗੀ, ਜੋ ਨਹੀਂ ਤਾਂ ਟੈਕਸਾਂ ਵਿੱਚ ਚਲੀ ਜਾਂਦੀ ਹੈ।

## ਪੇਸ਼ੇਵਰਾਂ ਨੂੰ ਖਿੱਚਣ ਲਈ ਚੀਨ ਦਾ 'ਕੇ' ਵੀਜ਼ਾ

**ਬੀਜਿੰਗ** : ਅਮਰੀਕਾ ਵੱਲੋਂ ਪੇਸ਼ੇਵਰਾਂ ਲਈ ਐੱਚ1-ਬੀ ਵੀਜ਼ਾ ਦੀ ਫੀਸ ਇਕ ਲੱਖ ਡਾਲਰ ਸਾਲਾਨਾ ਕਰਨ ਦੇ ਨਾਲ ਹੀ ਚੀਨ ਨੇ ਵਿਦੇਸ਼ੀ ਪ੍ਰਤਿਭਾ ਨੂੰ ਆਕਰਸ਼ਤ ਕਰਨ ਲਈ ਅਮਰੀਕੀ ਵੀਜ਼ੇ ਵਾਂਗ ਪਹਿਲੀ ਅਕਤੂਬਰ ਨੂੰ 'ਕੇ' ਵੀਜ਼ਾ ਸ਼ੁਰੂ ਕਰਨ ਦਾ ਐਲਾਨ ਕਰ ਦਿੱਤਾ ਹੈ। ਇਹ ਐਲਾਨ ਬਹੁਤ ਸਾਰੇ ਹੁਨਰਮੰਦ ਪੇਸ਼ੇਵਰਾਂ ਲਈ ਇੱਕ ਨਵੇਂ ਵਿਕਲਪ ਵਜੋਂ ਚੀਨ ਦਾ ਦਰਵਾਜ਼ਾ ਖੋਲ੍ਹ ਸਕਦਾ ਹੈ। ਇਹ ਵੀਜ਼ਾ ਕਈ ਤਰੀਕਿਆਂ ਨਾਲ ਆਸਾਨ ਅਤੇ ਲਚਕਦਾਰ ਹੈ। ਸਭ ਤੋਂ ਵੱਡੀ ਰਾਹਤ ਇਹ ਹੈ ਕਿ ਵਿਦੇਸ਼ੀ ਬਿਨੈਕਾਰਾਂ ਨੂੰ ਹੁਣ ਸਥਾਨਕ ਸਪਾਂਸਰ ਜਾਂ ਚੀਨੀ ਕੰਪਨੀ ਦੀ ਲੋੜ ਨਹੀਂ ਹੋਵੇਗੀ। ਕੋਈ ਵੀ ਯੋਗ ਉਮੀਦਵਾਰ ਸਿੱਧਾ ਅਰਜ਼ੀ ਦੇ ਸਕਦਾ ਹੈ। ਇਸ ਵੀਜ਼ੇ ਨੂੰ ਮੌਜੂਦਾ 12 ਵੀਜ਼ਾ ਸ਼੍ਰੇਣੀਆਂ ਵਿੱਚ 13ਵੀਂ ਸ਼੍ਰੇਣੀ ਵਜੋਂ ਸ਼ਾਮਲ ਕੀਤਾ ਗਿਆ ਹੈ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਬਿਨੈਕਾਰਾਂ ਨੂੰ ਆਪਣੀ ਸਿੱਖਿਆ ਅਤੇ ਯੋਗਤਾਵਾਂ ਨੂੰ ਸਾਬਤ ਕਰਨ ਵਾਲੇ ਦਸਤਾਵੇਜ਼ ਜਮ੍ਹਾਂ ਕਰਾਉਣੇ ਪੈਣਗੇ। ਇਹ ਵੀਜ਼ਾ ਖਾਸ ਤੌਰ 'ਤੇ ਨੌਜਵਾਨ ਵਿਗਿਆਨ ਅਤੇ ਤਕਨਾਲੋਜੀ ਗ੍ਰੈਜੂਏਟਾਂ ਲਈ ਤਿਆਰ ਕੀਤਾ ਗਿਆ ਹੈ। ਐੱਸ ਟੀ ਈ ਐੱਮ ਡਿਗਰੀਆਂ (ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ) ਵਾਲੇ ਨੌਜਵਾਨਾਂ ਨੂੰ ਪਹਿਲ ਦਿੱਤੀ ਜਾਵੇਗੀ, ਬਸ਼ਰਤੇ ਉਨ੍ਹਾਂ ਕਿਸੇ ਮਾਨਤਾ ਪ੍ਰਾਪਤ ਯੂਨੀਵਰਸਿਟੀ ਜਾਂ ਖੋਜ ਸੰਸਥਾ ਤੋਂ ਆਪਣੀ ਪੜ੍ਹਾਈ ਪੂਰੀ ਕੀਤੀ ਹੋਵੇ।

## ਇੱਕ ਲੱਖ ਡਾਲਰ ਐੱਚ-1 ਬੀ ਵੀਜ਼ਾ ਫੀਸ ਸਿਰਫ਼ ਨਵੇਂ ਬਿਨੈਕਾਰਾਂ ਲਈ

**ਨਵੀਂ ਦਿੱਲੀ** : ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਐੱਚ-1ਬੀ ਵੀਜ਼ਾ ਫੀਸ ਵਧਾ ਕੇ ਇੱਕ ਲੱਖ ਡਾਲਰ ਕੀਤੇ ਜਾਣ ਮਗਰੋਂ ਅਮਰੀਕਾ ਨੇ ਸਪੱਸ਼ਟ ਕੀਤਾ ਹੈ ਕਿ ਇਹ ਨਵਾਂ ਨਿਯਮ ਉਨ੍ਹਾਂ ਲੋਕਾਂ 'ਤੇ ਲਾਗੂ ਨਹੀਂ ਹੋਵੇਗਾ, ਜਿਨ੍ਹਾਂ ਕੋਲ ਪਹਿਲਾਂ ਤੋਂ ਹੀ ਐੱਚ-1ਬੀ ਵੀਜ਼ਾ ਹੈ ਜਾਂ ਜੋ ਇਸ ਨੂੰ ਨਵਿਆਉਣ ਦੀ ਮੰਗ ਕਰ ਰਹੇ ਹਨ। ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਕੈਰੋਲਾਈਨ ਲੀਵਿਟ ਨੇ ਸਨਿੱਚਰਵਾਰ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਨਵੇਂ ਨਿਯਮ ਬਾਰੇ ਸਪੱਸ਼ਟੀਕਰਨ ਪੋਸਟ ਕੀਤਾ, ਜਿਸ ਵਿੱਚ ਕਿਹਾ ਗਿਆ ਹੈ ਕਿ 'ਇਹ ਸਿਰਫ਼ ਨਵੇਂ ਵੀਜ਼ਾ 'ਤੇ ਲਾਗੂ ਹੁੰਦਾ ਹੈ, ਨਵਿਆਉਣ 'ਤੇ ਨਹੀਂ ਅਤੇ ਮੌਜੂਦਾ ਵੀਜ਼ਾ ਧਾਰਕਾਂ 'ਤੇ ਨਹੀਂ। ਵਰਣਨਯੋਗ ਹੈ ਕਿ ਅਮਰੀਕੀ ਰਾਸ਼ਟਰਪਤੀ ਟਰੰਪ ਨੇ ਬੀਤੇ ਦਿਨੀਂ ਇਸ ਸੰਬੰਧੀ ਹੁਕਮ 'ਤੇ ਦਸਤਖ਼ਤ ਕਰਦਿਆਂ ਕਿਹਾ ਸੀ ਕਿ ਐੱਚ-1ਬੀ ਵੀਜ਼ਾ ਪ੍ਰੋਗਰਾਮ ਦੀ ਦੁਰਵਰਤੋਂ ਕੌਮੀ ਸੁਰੱਖਿਆ ਲਈ ਖ਼ਤਰਾ ਹੈ। ਵ੍ਹਾਈਟ ਹਾਊਸ ਨੇ ਇੱਕ ਤੱਥ ਪੱਤਰ ਪੋਸਟ ਕੀਤਾ, ਜਿਸ ਵਿੱਚ ਕਿਹਾ ਗਿਆ ਹੈ ਕਿ ਇਹ ਕਦਮ 'ਅਮਰੀਕੀ ਕਾਮਿਆਂ ਨੂੰ ਉਜਾੜਨ ਅਤੇ ਕੌਮੀ ਸੁਰੱਖਿਆ ਨੂੰ ਕਮਜ਼ੋਰ ਕਰਨ ਵਾਲੇ ਦੁਰਵਿਹਾਰਾਂ ਨੂੰ ਰੋਕਣ ਲਈ ਹੈ।' ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਨੇ ਕਿਹਾ, 'ਜਿਨ੍ਹਾਂ ਲੋਕਾਂ ਕੋਲ ਪਹਿਲਾਂ ਹੀ ਐੱਚ-1ਬੀ ਵੀਜ਼ਾ ਹੈ ਅਤੇ ਇਸ ਸਮੇਂ ਦੇਸ਼ ਤੋਂ ਬਾਹਰ ਹਨ, ਉਨ੍ਹਾਂ ਤੋਂ ਮੁੜ ਦਾਖਲੇ ਲਈ ਇੱਕ ਲੱਖ ਡਾਲਰ ਨਹੀਂ ਲਏ ਜਾਣਗੇ।

## 'ਆਪ' ਆਗੂ ਦੇ ਘਰ 'ਤੇ ਗੋਲੀਆਂ ਚਲਾਈਆਂ, ਕਾਰ ਸਾੜੀ



**ਮੰਡੀ ਅਹਿਮਦਗੜ੍ਹ** : ਹਲਕਾ ਗਿੱਲ ਤੋਂ ਆਮ ਆਦਮੀ ਪਾਰਟੀ ਆਗੂ ਸੁਖਵਿੰਦਰ ਸਿੰਘ ਛਿੰਦਾ ਦੇ ਪਿੰਡ ਲਹਿਰਾ ਸਥਿਤ ਘਰ 'ਤੇ ਬੀਤੀ ਰਾਤ ਪਿੰਡ ਦੇ ਹੀ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਗੋਲੀਆਂ ਚਲਾਈਆਂ ਗਈਆਂ। ਹਮਲਾਵਰ, ਜਿਨ੍ਹਾਂ ਦੀ ਗਿਣਤੀ ਅੱਧੀ ਦਰਜਨ ਦੇ ਕਰੀਬ ਦੱਸੀ ਜਾਂਦੀ ਹੈ, ਨੇ ਘਰ ਦੇ ਮੁੱਖ ਦਰਵਾਜ਼ੇ 'ਤੇ ਗੋਲੀਆਂ ਚਲਾਈਆਂ ਤੇ ਅੰਦਰ ਖੜ੍ਹੀ ਸਵਿਫਟ ਕਾਰ ਨੂੰ ਵੀ ਅੱਗ ਲਗਾ ਦਿੱਤੀ। ਹਮਲੇ ਦੀ ਖਬਰ ਮਿਲਣ ਤੋਂ ਬਾਅਦ ਡੇਹਲੋਂ ਪੁਲਸ ਨੇ ਪਿੰਡ ਦੇ ਨੌਜਵਾਨ ਮਾਣਕ ਅਤੇ ਉਸ ਦੇ ਸਾਥੀਆਂ ਖਿਲਾਫ਼ ਕੇਸ ਦਰਜ ਕਰਕੇ ਤਫਤੀਸ਼ ਸ਼ੁਰੂ ਕਰ ਦਿੱਤੀ ਹੈ। ਅਸਿਸਟੈਂਟ ਕਮਿਸ਼ਨਰ ਪੁਲਸ ਹਰਜਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਸੁਖਵਿੰਦਰ ਸਿੰਘ ਛਿੰਦਾ 'ਤੇ ਮਾਣਕ ਨਾਮੀ ਨੌਜਵਾਨ ਅਤੇ ਉਸ ਦੇ ਸਾਥੀਆਂ ਵੱਲੋਂ ਗੋਲੀਆਂ ਚਲਾਉਣ ਤੇ ਕਾਰ ਨੂੰ ਅੱਗ ਲਗਾਉਣ ਦੇ ਦੋਸ਼ਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮਾਂ ਦੀ ਪੈੜ ਨੱਪਣ ਲਈ ਵੱਖ-ਵੱਖ ਟਿਕਾਣਿਆਂ 'ਤੇ ਛਾਪੇ ਮਾਰੇ ਜਾ ਰਹੇ ਹਨ। 'ਆਪ' ਆਗੂ ਨੇ ਦੋਸ਼ ਲਾਇਆ ਹੈ ਕਿ ਉਸ ਨੂੰ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਮਰਥਨ ਦੇਣ ਅਤੇ ਇਲਾਕੇ ਦੇ ਨਸ਼ਾ ਤਸਕਰਾਂ ਵਿਰੁੱਧ ਖੁੱਲ੍ਹ ਕੇ ਬੋਲਣ ਦਾ ਖਮਿਆਜ਼ਾ ਭੁਗਤਣਾ ਪੈ ਰਿਹਾ ਹੈ।

## ਬੇਕਾਬੂ ਕਾਰ ਰਾਵੀ ਦਰਿਆ 'ਚ ਡਿੱਗੀ, ਮੈਡੀਕਲ ਇੰਟਰਨ ਦੀ ਮੌਤ, ਇੱਕ ਲਾਪਤਾ, ਦੋ ਜ਼ਖ਼ਮੀ



**ਚੰਬਾ** : ਇਥੇ ਚੰਬਾ ਦੇ ਬਾਹਰਵਾਰ ਐਤਵਾਰ ਵੱਡੇ ਤੜਕੇ ਕਾਰ ਦੇ ਬੇਕਾਬੂ ਹੋ ਕੇ ਪਰੋਲ ਨੇੜੇ ਰਾਵੀ ਦਰਿਆ ਵਿਚ ਡਿੱਗਣ ਕਰਕੇ ਪੰਡਤ ਜਵਾਹਰ ਲਾਲ ਨਹਿਰੂ ਸਰਕਾਰੀ ਕਾਲਜ ਚੰਬਾ ਦੇ ਮੈਡੀਕਲ ਇੰਟਰਨ ਦੀ ਮੌਤ ਹੋ ਗਈ, ਜਦੋਂ ਕਿ ਦੋ ਇੰਟਰਨ ਜ਼ਖਮੀ ਹਨ ਤੇ ਇਕ ਇੰਟਰਨ ਲਾਪਤਾ ਦੱਸਿਆ ਜਾਂਦਾ ਹੈ। ਕਾਰ ਵਿਚ ਕੁਲ ਮਿਲਾ ਕੇ ਚਾਰ ਇੰਟਰਨ ਸਵਾਰ ਸਨ। ਮਾਰੇ ਗਏ ਇੰਟਰਨ ਦੀ ਪਛਾਣ ਅਭਿਸ਼ੇਕ ਵਜੋਂ ਹੋਈ ਹੈ, ਜੋ ਹਮੀਰਪੁਰ ਦਾ ਵਸਨੀਕ ਸੀ। ਲਾਪਤਾ ਇੰਟਰਨ ਦੀ ਸ਼ਨਾਖਤ ਇਸ਼ਿਕਾ ਵਜੋਂ ਦੱਸੀ ਗਈ ਹੈ, ਜੋ ਸ਼ਿਮਲਾ ਜ਼ਿਲ੍ਹੇ ਦੇ ਰੋਹੜੂ ਦੀ ਰਹਿਣ ਵਾਲੀ ਹੈ। ਦੋ ਜ਼ਖਮੀ ਇੰਟਰਨਾਂ ਸ਼ਿਮਲਾ ਦੇ ਰਿਸ਼ਭ ਮਸਤਾਨਾ ਤੇ ਸੋਲਨ ਦੇ ਦਿਵਯਾਂਕ ਨੂੰ ਚੰਬਾ ਦੇ ਸਰਕਾਰੀ ਮੈਡੀਕਲ ਕਾਲਜ ਵਿਚ ਦਾਖ਼ਲ ਕਰਵਾਇਆ ਗਿਆ ਹੈ। ਚੰਬਾ ਦੇ ਐੱਸ ਪੀ ਅਭਿਸ਼ੇਕ ਯਾਦਵ ਨੇ ਕਿਹਾ ਕਿ ਹਾਦਸੇ ਬਾਰੇ ਜਾਣਕਾਰੀ ਮਿਲਦੇ ਹੀ ਬਚਾਅ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਸਨ।

## ਸੀਵਰੇਜ ਬਹਾਲੀ ਲਈ 4407 ਸੀਵਰਮੈਨ ਦਿਨ-ਰਾਤ ਡਟੇ : ਡਾ. ਰਵਜੋਤ ਸਿੰਘ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਐਤਵਾਰ ਦੱਸਿਆ ਕਿ ਵਿਭਾਗ ਨੇ ਹੜ੍ਹਾਂ ਤੋਂ ਪ੍ਰਭਾਵਤ ਹੋਏ ਕਸਬਿਆਂ ਅਤੇ ਪਿੰਡਾਂ ਵਿੱਚ ਇੱਕ ਵਿਆਪਕ ਹੜ੍ਹ ਰਾਹਤ ਅਤੇ ਬਹਾਲੀ ਮੁਹਿੰਮ ਚਲਾਈ ਹੈ। ਉਨ੍ਹਾ ਕਿਹਾ ਕਿ ਮਲਬੇ ਦੀ ਸਫ਼ਾਈ, ਲਾਸ਼ਾਂ ਦੇ ਸਸਕਾਰ, ਸੀਵਰੇਜ ਦੀ ਸਫ਼ਾਈ ਅਤੇ ਜਨਤਕ ਜਾਇਦਾਦਾਂ ਦੀ ਮੁਰੰਮਤ ਵਰਗੇ ਆਮ ਉਪਾਵਾਂ ਤੋਂ ਇਲਾਵਾ ਵਿਭਾਗ ਨੇ ਰਿਕਵਰੀ ਯਤਨਾਂ ਵਿੱਚ ਤੇਜ਼ੀ ਅਤੇ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ ਟੀਚਾਗਤ ਕਾਰਵਾਈਆਂ ਸ਼ੁਰੂ ਕੀਤੀਆਂ ਹਨ।ਉਹਨਾ ਦੱਸਿਆ ਕਿ ਸਰਕਾਰ ਨੇ ਆਪਣੇ ਰਾਹਤ ਕਾਰਜਾਂ ਵਿੱਚ ਸੀਵਰੇਜ ਬਹਾਲੀ ਵੱਲ ਵਿਸ਼ੇਸ਼ ਧਿਆਨ ਦਿੱਤਾ ਹੈ। ਬੰਦ ਸੀਵਰੇਜ ਨੂੰ ਸਾਫ਼ ਕਰਨ ਅਤੇ ਇਸ ਨਾਲ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵ ਨੂੰ ਰੋਕਣ ਲਈ ਹੜ੍ਹ ਪ੍ਰਭਾਵਤ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਕੁੱਲ 4,407 ਸੀਵਰਮੈਨ 24 ਘੰਟੇ ਕੰਮ ਵਿੱਚ ਲੱਗੇ ਹੋਏ ਹਨ। ਬੰਦ ਅਤੇ ਨੁਕਸਾਨੇ ਗਏ ਸੀਵਰੇਜ ਦੇ ਹਿੱਸਿਆਂ ਦੀ ਪਛਾਣ ਕਰਨ ਲਈ ਸੀਵਰ ਨੈੱਟਵਰਕ ਦੀ ਮੈਪਿੰਗ ਕੀਤੀ ਗਈ ਹੈ ਅਤੇ ਵੱਡੇ ਪੱਧਰ 'ਤੇ ਆਧੁਨਿਕ ਮਸ਼ੀਨਰੀ ਅਤੇ ਹੱਥਾਂ ਨਾਲ ਗਾਰ ਕੱਢੀ ਜਾ ਰਹੀ ਹੈ।

## ਹਰਮੇਲ ਸਿੰਘ ਟੌਹੜਾ ਨਹੀਂ ਰਹੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਾਬਕਾ ਮੰਤਰੀ ਅਤੇ ਪੰਥ ਰਤਨ



ਜਥੇਦਾਰ ਗੁਰਚਰਨ ਸਿੰਘ ਟੌਹੜਾ ਦੇ ਜਵਾਈ ਹਰਮੇਲ ਸਿੰਘ ਟੌਹੜਾ ਸਾਬਕਾ ਮੰਤਰੀ ਦਾ ਮੁਹਾਲੀ ਦੇ ਫੋਰਟਿਸ ਹਸਪਤਾਲ 'ਚ ਦੇਹਾਂਤ ਹੋ ਗਿਆ।ਉਹ 2016 'ਚ 'ਆਪ' 'ਚ ਸ਼ਾਮਲ ਹੋ ਗਏ ਸਨ। 2019 ਦੀਆਂ ਲੋਕ ਸਭਾ ਚੋਣਾਂ ਦੌਰਾਨ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਮੁੜ ਤੋਂ ਅਕਾਲੀ ਦਲ 'ਚ ਸ਼ਾਮਲ ਹੋ ਗਏ ਸਨ।

## 1.75 ਲੱਖ ਤੋਂ ਵੱਧ ਪਸ਼ੂਆਂ ਨੂੰ ਗਲ-ਘੋਟੂ ਤੋਂ ਬਚਾਅ ਦੇ ਟੀਕੇ ਲਾਏ : ਖੁੱਡੀਆਂ

**ਚੰਡੀਗੜ੍ਹ (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**-ਹੜ੍ਹਾਂ ਪਿੱਛੋਂ ਖੇਤੀ ਅਰਥਚਾਰੇ ਨੂੰ ਬਚਾਉਣ ਲਈ ਪ੍ਰਭਾਵੀ ਤੇ ਵੱਡੀ ਕਾਰਵਾਈ ਕਰਦਿਆਂ ਪੰਜਾਬ ਸਰਕਾਰ ਨੇ ਮਹਿਜ਼ ਇੱਕ ਹਫ਼ਤੇ ਦੇ ਅੰਦਰ 1.75 ਲੱਖ ਤੋਂ ਵੱਧ ਪਸ਼ੂਆਂ ਨੂੰ ਗਲਘੋਟੂ ਬੀਮਾਰੀ ਤੋਂ ਬਚਾਉਣ ਲਈ ਟੀਕਾਕਰਨ ਮੁਹਿੰਮ ਸਫਲਤਾਪੂਰਵਕ ਸਿਰੇ ਚਾੜ੍ਹੀ ਹੈ।ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਹੜ੍ਹ ਪ੍ਰਭਾਵਤ ਜ਼ਿਲ੍ਹਿਆਂ ਦੇ 713 ਪਿੰਡਾਂ ਨੂੰ ਕਵਰ ਕਰਦੀ ਇਸ ਟੀਕਾਕਰਨ ਮੁਹਿੰਮ ਦੇ ਮੁਕੰਮਲ ਹੋਣ ਨਾਲ ਪਸ਼ੂਆਂ ਨੂੰ ਹੋਣ ਵਾਲੀਆਂ ਸੰਭਾਵੀ ਬਿਮਾਰੀਆਂ ਤੋਂ ਬਚਾਉਣ ਵਿੱਚ ਬਹੁਤ ਮਦਦ ਮਿਲੇਗੀ।

ਸਮੂਹਿਕ ਟੀਕਾਕਰਨ ਮੁਹਿੰਮ ਬਾਰੇ ਦੱਸਦਿਆਂ ਖੁੱਡੀਆਂ ਨੇ ਕਿਹਾ ਕਿ 14 ਸਤੰਬਰ ਨੂੰ ਵਿੱਢੀ ਇਹ ਮੁਹਿੰਮ ਹੜ੍ਹਾਂ ਪਿੱਛੋਂ ਸੂਬੇ ਦੀ ਮੁੜ-ਵਸੇਬਾ ਕਾਰਜ ਯੋਜਨਾ ਦਾ ਅਹਿਮ ਹਿੱਸਾ ਹੈ, ਜਿਸ ਤਹਿਤ ਹਜ਼ਾਰਾਂ ਪ੍ਰਭਾਵਤ ਕਿਸਾਨਾਂ ਦੇ ਪਸ਼ੂਆਂ ਨੂੰ ਸੰਭਾਵੀ ਸਿਹਤ ਸੰਕਟਾਂ ਤੋਂ ਬਚਾ ਕੇ ਉਨ੍ਹਾਂ ਦੇ ਪਸ਼ੂਧਨ ਅਤੇ ਰੋਜ਼ੀ-ਰੋਟੀ ਨਾਲ ਸੰਬੰਧਤ ਮੁੱਢਲੇ ਅਸਾਸਿਆਂ ਦੀ ਰੱਖਿਆ ਕੀਤੀ ਜਾ ਰਹੀ ਹੈ।

## ਅਮਨ ਅਰੋੜਾ ਨੇ ਮੈਡੀਕਲ ਟੀਮਾਂ ਨੂੰ ਕੀਤਾ ਰਵਾਨਾ



**ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)**

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਐਤਵਾਰ ਸੁਨਾਮ ਊਧਮ ਸਿੰਘ ਵਾਲਾ ਦੇ ਸਰਕਾਰੀ ਹਸਪਤਾਲ ਤੋਂ ਵਿਸ਼ੇਸ਼ ਮੈਡੀਕਲ ਟੀਮਾਂ ਨੂੰ ਰਵਾਨਾ ਕਰ ਕੇ ਸੁਨਾਮ ਦੇ 23 ਵਾਰਡਾਂ ਵਿੱਚ ਅਗਲੇ 20 ਦਿਨ ਚੱਲਣ ਵਾਲੀ ਇੱਕ ਵਿਆਪਕ ਸਿਹਤ ਮੁਹਿੰਮ ਦੀ ਸ਼ੁਰੂਆਤ ਕੀਤੀ। ਇਹ ਟੀਮਾਂ ਸ਼ਹਿਰ ਭਰ ਵਿੱਚ ਵਾਰਡਵਾਰ, ਘਰ-ਘਰ ਜਾ ਕੇ ਸਿਹਤ ਜਾਂਚ ਕਰਨਗੀਆਂ, ਜਿਸ ਵਿੱਚ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਵਰਗੀਆਂ ਵੈਕਟਰ ਬੌਰਨ ਬਿਮਾਰੀਆਂ ਨਾਲ ਨਜਿੱਠਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਅਰੋੜਾ ਨੇ ਕਿਹਾ ਕਿ ਕਈ ਵਾਰ ਮਾਨਸੂਨ ਦੌਰਾਨ ਜਾਂ ਫੌਰੀ ਬਾਅਦ ਮੱਛਰਾਂ ਕਾਰਨ ਹੋਣ ਵਾਲੀਆਂ ਬਿਮਾਰੀਆਂ ਦਾ ਖ਼ਤਰਾ ਵਧ ਜਾਂਦਾ ਹੈ। ਇਸ ਖ਼ਤਰੇ ਦਾ ਮੁਕਾਬਲਾ ਕਰਨ ਲਈ ਪੰਜਾਬ ਸਰਕਾਰ ਨੇ ਲੋਕਾਂ ਦੇ ਘਰਾਂ ਵਿੱਚ ਮੈਡੀਕਲ ਟੀਮਾਂ ਭੇਜ ਕੇ ਸਰਗਰਮ ਕਦਮ ਚੁੱਕੇ ਹਨ, ਤਾਂ ਜੋ ਸਮੇਂ ਸਿਰ ਬਿਮਾਰੀ ਦਾ ਪਤਾ ਕਰ ਕੇ ਇਲਾਜ ਅਤੇ ਜਾਗਰੂਕਤਾ ਨੂੰ ਯਕੀਨੀ ਬਣਾਇਆ ਜਾ ਸਕੇ।ਇਸ ਮੌਕੇ ਸਿਵਲ ਸਰਜਨ ਅਮਰਜੀਤ ਕੌਰ, ਨਗਰ ਕੌਂਸਲ ਪ੍ਰਧਾਨ ਨਿਸ਼ਾਨ ਸਿੰਘ ਟੋਨੀ, ਮਾਰਕਿਟ ਕਮੇਟੀ ਸੁਨਾਮ ਦੇ ਚੇਅਰਮੈਨ ਮੁਕੇਸ਼ ਜੁਨੇਜਾ, ਸੰਦੀਪ ਜਿੰਦਲ ਬਲਾਕ ਪ੍ਰਧਾਨ, ਸਾਹਿਬ ਸਿੰਘ ਬਲਾਕ ਪ੍ਰਧਾਨ, ਅਮਰੀਕ ਧਾਲੀਵਾਲ, ਹਰਵਿੰਦਰ ਨਾਮਧਾਰੀ, ਮਨੀ ਸਰਾਓ, ਰਾਮ ਕੁਮਾਰ, ਗੁਰਪ੍ਰੀਤ ਸਿੰਘ, ਗੁਰਤੇਗ ਨਿੱਕਾ, ਚਮਕੌਰ ਹਾਂਡਾ, ਆਸ਼ਾ ਬਜਾਜ, ਗੁਰਤੇਜ ਸਿੰਘ ਐੱਮ ਸੀ, ਡਾ. ਕਸ਼ਿਸ, ਡਾ. ਅੰਕੁਰ ਜੈਨ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ, ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਸ਼ਹਿਰ ਵਾਸੀ ਹਾਜ਼ਰ ਸਨ।

### ਰੰਗਦਾਰ ਵਿਸ਼ੇਸ਼ ਸਪਲੀਮੈਂਟ



**ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ** ਦੇ ਜਨਮ ਦਿਨ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ 28 ਸਤੰਬਰ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਜਲੰਧਰ ਤੋਂ ਪੱਤਰਕਾਰ ਰਾਜੇਸ਼ ਥਾਪਾ ਨਾਲ ਮੋਬਾਇਲ 98153-26720 'ਤੇ ਸੰਪਰਕ ਕੀਤਾ ਜਾ ਸਕਦਾ ਹੈ।

**-ਜਨਰਲ ਮੈਨੇਜਰ**

## ਝਿੜਕ ਤੋਂ ਦੁਖੀ 16 ਸਾਲਾ ਕੁੜੀ ਨੇ ਖਾਧੀ ਸਲਫਾਸ, ਹੋਈ ਮੌਤ

**ਰਾਮਪੁਰਾ** : ਰਾਮਪੁਰਾ ਦੇ ਪੂਰਨਪੁਰਾ ਪਿੰਡ ਵਿੱਚ 16 ਸਾਲਾ ਲੜਕੀ ਦਾ ਮਾਪਿਆਂ ਨਾਲ ਕਿਸੇ ਗੱਲ ਨੂੰ ਲੈ ਕੇ ਝਗੜਾ ਹੋ ਗਿਆ। ਪਿਤਾ ਨੇ ਉਸ ਨੂੰ ਝਿੜਕਿਆ, ਜਿਸ ਤੋਂ ਦੁਖੀ ਹੋ ਕੇ ਉਸ ਨੇ ਸਲਫਾਸ ਖਾ ਲਈ।

ਜਦੋਂ ਉਸ ਦੀ ਹਾਲਤ ਵਿਗੜ ਗਈ ਤਾਂ ਉਸ ਦੇ ਪਰਵਾਰ ਵੱਲੋਂ ਉਸ ਨੂੰ ਕੇਂਦਰੀ ਸਿਹਤ ਕੇਂਦਰ ਤੋਂ ਮੈਡੀਕਲ ਕਾਲਜ ਲਿਜਾਇਆ ਗਿਆ, ਜਿੱਥੇ ਮੌਤ ਹੋ ਗਈ। ਅਨਿਲ ਸਿੰਘ ਦੀ ਧੀ ਦੀਕਸ਼ਾ ਨੇ ਹਾਈ ਸਕੂਲ ਤੋਂ ਬਾਅਦ ਪੜ੍ਹਾਈ ਛੱਡ ਦਿੱਤੀ ਸੀ। ਉਹ ਚਾਰ ਭੈਣਾਂ ਵਿੱਚੋਂ ਸਭ ਤੋਂ ਵੱਡੀ ਸੀ।

## ਅੱਜ-ਨਾਮਾ


ਹਰ ਇੱਕ ਟੱਬਰ ਦੇ ਵਿੱਚ ਟਰੰਪ ਵਰਗਾ,
ਚਾਹੀਦਾ ਹੋਣਾ ਇੱਕ ਬੁੜ੍ਹਾ ਜ਼ਰੂਰ ਮੀਆਂ।
ਮੰਦੜੀ ਨੀਤ ਵਾਲਾ ਜਾਂਦਾ ਕੋਲ ਕੋਈ ਨਾ,
ਡਰਿਆ ਰਹੂ ਤੇ ਥੋੜ੍ਹਾ ਜਿਹਾ ਦੂਰ ਮੀਆਂ।
ਚੋਰ-ਚੱਕਾਰ ਵੀ ਨੇੜੇ ਨਾ ਆਉਣ ਦਿੰਦਾ,
ਸਮੁੱਚਾ ਟੱਬਰ ਹੀ ਹੁੰਦਾ ਮਸ਼ਕੂਰ ਮੀਆਂ।
ਸਾਊ ਲੋਕੀਂ ਵੀ ਡਰਦੇ ਹਨ ਦੂਰ ਰਹਿੰਦੇ,
ਬੁੜ੍ਹੇ ਨੂੰ ਬੜ੍ਹਕਣ ਦਾ ਹੋਊ ਗਰੂਰ ਮੀਆਂ।
ਕਦੀ ਫਿਰ ਬੜ੍ਹਕ ਤੋਂ ਜਾਂਦਾ ਈ ਪੈ ਰੱਫੜ,
ਮੂਹਰੇ ਟੱਕਰ ਦਾ ਬੁੜ੍ਹਾ ਕੋਈ ਖੜੇ ਮੀਆਂ।
ਮਿਲਿਆ ਟਰੰਪ ਨੂੰ ਜਿੱਦਣ ਟਰੰਪ ਸਾਹਵੇਂ,
ਕੁੰਢੀਆਂ ਵਾਂਗਰ ਉਹ ਹੋਣਗੇ ਅੜੇ ਮੀਆਂ।

-ਤੀਸ ਮਾਰ ਖਾਂ

## ਹੱਤਿਆ ਦੇ ਮਾਮਲੇ 'ਚ ਦੋ ਨੂੰ ਉਮਰ ਕੈਦ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਤੋਂ ਟਰਾਂਸਫਰ ਹੋ ਕੇ ਆਏ ਇਕ ਕੇਸ 'ਚ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਨੇ ਦੋ ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਸਜ਼ਾ ਪਾਉਣ ਵਾਲਿਆਂ 'ਚ ਸੰਗਰੂਰ ਜ਼ਿਲ੍ਹੇ ਦਾ ਰਹਿਣ ਵਾਲਾ ਰਾਕੇਸ਼ ਕੁਮਾਰ ਤੇ ਸੰਜੈ ਚੌਹਾਨ ਸ਼ਾਮਲ ਹਨ। ਇਸ ਮਾਮਲੇ 'ਚ ਕਿਰਨਜੀਤ ਸਿੰਘ ਤੇ ਇੰਦਰਜੀਤ ਸਿੰਘ ਨੂੰ ਬਰੀ ਕਰ ਦਿੱਤਾ ਗਿਆ ਹੈ। ਅਦਾਲਤ ਦਾ ਇਹ ਫੈਸਲਾ 18 ਸਾਲ ਪੁਰਾਣੇ ਹੱਤਿਆ ਕਾਂਡ ਦੇ ਸੰਦਰਭ 'ਚ ਆਇਆ ਹੈ।

ਸੰਗਰੂਰ ਨਿਵਾਸੀ ਹਰਜੀਤ ਸਿੰਘ ਦੀ ਮਾਮੂਲੀ ਵਿਵਾਦ ਤੋਂ ਬਾਅਦ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਇਹ ਵਿਵਾਦ ਸੰਜੈ ਚੌਹਾਨ ਦੇ ਸਕੂਲ ਨਾਲ ਜੁੜਿਆ ਹੋਇਆ ਸੀ। ਸੰਜੈ ਚੌਹਾਨ ਦਾ ਸੰਗਰੂਰ ਵਿਚ ਪੰਜਾਬ ਪਬਲਿਕ ਸਕੂਲ ਸੀ ਤੇ ਉਸ ਦੇ ਨੇੜੇ ਹਰਜੀਤ ਸਿੰਘ ਦਾ ਘਰ ਸੀ।



ਨਵਾਂ ਜ਼ਮਾਨਾ
ਸੋਮਵਾਰ 22 ਸਤੰਬਰ 2025

# ਸਵਾਲ ਕਰਨ ਦਾ ਵੇਲਾ

*ਰਾਹੁਲ ਗਾਂਧੀ ਨੇ ਵੋਟ ਚੋਰੀ ਤੇ ਵੋਟਾਂ ਕੱਟਣ ਦੇ ਜਿਹੜੇ ਵੀ ਸਬੂਤ ਪੇਸ਼ ਕੀਤੇ ਹਨ, ਉਨ੍ਹਾਂ ਨੂੰ ਸਿਰਫ 'ਬੇਬੁਨਿਆਦ' ਕਹਿ ਕੇ ਚੋਣ ਕਮਿਸ਼ਨ ਕਿਨਾਰਾ ਕਰ ਰਿਹਾ ਹੈ, ਠੋਸ ਤੱਥਾਂ ਨਾਲ ਉਨ੍ਹਾਂ ਨੂੰ ਬੇਬੁਨਿਆਦ ਸਾਬਤ ਨਹੀਂ ਕਰਦਾ। ਮੁੱਖ ਚੋਣ ਕਮਿਸ਼ਨਰ ਜਿਸ ਤਰ੍ਹਾਂ ਤੇ ਜਿਸ ਭਾਸ਼ਾ ਵਿੱਚ ਆਪੋਜ਼ੀਸ਼ਨ ਆਗੂ ਦਾ ਜਵਾਬ ਦੇ ਰਿਹਾ ਹੈ, ਉਸਤੋਂ ਲੱਗਦਾ ਹੈ ਕਿ ਉਹ ਸ਼ਕਤੀਹੀਣ ਹੋਇਆ ਪਿਆ ਹੈ, ਜਦਕਿ ਸੱਚਾਈ ਇਹ ਹੈ ਕਿ ਸੰਵਿਧਾਨ ਦੇ ਆਰਟੀਕਲ 324 ਤਹਿਤ ਭਾਰਤੀ ਚੋਣ ਕਮਿਸ਼ਨ ਇੱਕ ਸੰਵਿਧਾਨਕ ਤੇ ਮਜ਼ਬੂਤ ਸੰਸਥਾ ਹੈ। ਮੁੱਖ ਚੋਣ ਕਮਿਸ਼ਨਰ ਦੀ ਨਿਯੁਕਤੀ ਸਰਕਾਰ ਦੇ ਹੱਥ ਹੁੰਦੀ ਹੈ, ਪਰ ਉਸ ਨੂੰ ਅਹੁਦੇ 'ਤੇ ਬਣਾਈ ਰੱਖਣਾ ਜਾਂ ਉਸ ਨੂੰ ਹਟਾਉਣਾ ਸਿਰਫ ਸੰਸਦ ਦੇ ਹੱਥ ਵਿੱਚ ਹੈ। ਉਸ ਨੂੰ ਹਟਾਉਣ ਲਈ ਮਹਾਂਦੋਸ਼ ਵਰਗਾ ਤਰੀਕਾ ਹੀ ਅਪਨਾਉਣਾ ਪੈਂਦਾ ਹੈ। ਸਪੱਸ਼ਟ ਹੈ ਕਿ ਸੰਵਿਧਾਨ ਨਿਰਮਾਤਾਵਾਂ ਨੇ ਜਾਣਬੁੱਝ ਕੇ ਉਸ ਨੂੰ ਜ਼ਬਰਦਸਤ ਤਾਕਤਾਂ ਦਿੱਤੀਆਂ ਹਨ, ਜਿਸ ਨਾਲ ਉਹ ਬਿਨਾਂ ਭੈਅ, ਪੱਖਪਾਤ ਤੇ ਲਾਲਚ ਦੇ ਆਪਣਾ ਕੰਮ ਕਰ ਸਕੇ, ਕਿਉਂਕਿ ਬਿਨਾਂ ਨਿਰਪੱਖ ਚੋਣਾਂ ਦੇ ਲੋਕਤੰਤਰ ਦਾ ਬਚਣਾ ਸੰਭਵ ਹੀ ਨਹੀਂ। ਨਿਰਪੱਖਤਾ ਦੀ ਘਾਟ ਵਿੱਚ ਚੋਣਾਂ ਆਪਣੀ ਵੈਧਤਾ ਗੁਆ ਬੈਠਦੀਆਂ ਹਨ, ਚੁਣੇ ਹੋਏ ਲੋਕ ਆਪਣੀ ਵੈਧਤਾ ਗੁਆ ਬੈਠਦੇ ਹਨ ਅਤੇ ਅਜਿਹੇ ਵਿੱਚ ਚੁਣੀ ਹੋਈ ਸਰਕਾਰ ਵੀ ਆਪਣੀ ਵੈਧਤਾ ਗੁਆ ਬੈਠਦੀ ਹੈ। ਚੋਣ ਕਮਿਸ਼ਨ ਵੱਲੋਂ 'ਗੁਆਚੀ ਵੈਧਤਾ' ਦਾ ਮਾਹੌਲ ਪੈਦਾ ਕਰਨਾ ਲੋਕਤੰਤਰ ਦੇ ਸੰਚਾਲਨ ਲਈ ਬਿਲਕੁਲ ਹੀ ਠੀਕ ਨਹੀਂ। ਇਸ ਲਈ ਜ਼ਰੂਰੀ ਹੈ ਕਿ ਛੇਤੀ ਤੋਂ ਛੇਤੀ ਵਿਸ਼ਵਾਸ ਬਹਾਲੀ ਦਾ ਕੰਮ ਸ਼ੁਰੂ ਹੋਵੇ, ਨਿਰਪੱਖਤਾ ਸਾਬਤ ਕੀਤੀ ਜਾਵੇ ਅਤੇ ਜੇ ਚੋਣ ਕਮਿਸ਼ਨ ਨਿਰਪੱਖ ਰਹਿਣ ਦੇ ਅਸਮਰਥ ਹੈ ਜਾਂ ਉਸ ਨੇ ਨਿਰਪੱਖਤਾ ਨੂੰ ਰੋਕਣ ਵਿੱਚ ਅੜਿੱਕਾ ਡਾਹਿਆ ਹੈ, ਕਿਸੇ ਨਾਲ ਪੱਖਪਾਤ ਕੀਤਾ ਹੈ ਤਾਂ ਉਸ ਨੂੰ ਅਪਰਾਧੀ ਦੀ ਤਰ੍ਹਾਂ ਸਮਝ ਕੇ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ, ਚੋਣ ਕਮਿਸ਼ਨਰ ਨੂੰ ਸਿਰਫ ਬਰਤਰਫ ਕਰਕੇ ਕੰਮ ਨਹੀਂ ਚੱਲਣਾ।*

*ਹਾਕਮਾਂ ਨੇ ਤਾਂ ਚੋਣ ਕਮਿਸ਼ਨ ਨੂੰ ਸਹੀ ਕਰਾਰ ਦੇਣਾ ਹੀ ਹੈ। ਚੋਣ ਕਮਿਸ਼ਨ ਦੀ ਥਾਂ ਭਾਜਪਾ ਵਾਲੇ ਹੀ ਉਸ ਦੇ ਹੱਕ ਵਿੱਚ ਰੋਜ਼ ਬਿਆਨਬਾਜ਼ੀ ਕਰਦੇ ਤੇ ਰਾਹੁਲ ਨੂੰ ਭੰਡਦੇ ਹਨ, ਪਰ ਦੇਸ਼ ਵਿੱਚ ਅਜਿਹਾ ਸਮਾਂ ਆ ਗਿਆ ਹੈ ਕਿ ਲੋਕ ਲੋਕਤੰਤਰ ਵਿੱਚ ਹਰ ਰੋਜ਼ ਭਾਗੀਦਾਰ ਬਣਨ, ਆਪਣੀ ਜਾਤੀ, ਧਾਰਮਕ, ਭਾਸ਼ਾਈ ਤੇ ਇਲਾਕਾਈ ਪਛਾਣ ਨੂੰ ਪਾਸੇ ਰੱਖ ਕੇ ਵਿਸ਼ਾਲ ਲੋਕਤੰਤਰੀ ਪਛਾਣ ਨੂੰ ਕੇਂਦਰ ਵਿੱਚ ਰੱਖ ਕੇ ਸਵਾਲ ਪੁੱਛਣ। ਉਸ ਮੀਡੀਆ ਨੂੰ ਸਵਾਲ ਪੁੱਛਣ, ਜਿਹੜਾ ਸਰਕਾਰ ਨੂੰ ਸਵਾਲ ਨਹੀਂ ਕਰਦਾ, ਉਸ ਨਿਆਂ ਪਾਲਿਕਾ ਨੂੰ ਸਵਾਲ ਕਰਨ, ਜਿਹੜੀ ਸੰਵਿਧਾਨ ਦੀ ਰਾਖੀ ਲਈ ਸਖਤ ਕਦਮ ਕਿਉਂ ਨਹੀਂ ਚੁੱਕਦੀ? ਚੋਣ ਕਮਿਸ਼ਨ ਨੂੰ ਸਵਾਲ ਕਰਨ ਕਿ ਉਸ ਦੀ ਕਿਹੜੀ ਮਜਬੂਰੀ ਹੈ, ਜਿਸ ਦੇ ਤਹਿਤ ਉਹ ਚੋਣਾਂ ਤੇ ਵੋਟਰ ਸੂਚੀਆਂ ਦੇ ਨਿਯਮਾਂ ਨਾਲ ਸਮਝੌਤਾ ਕਰ ਰਿਹਾ ਹੈ? ਆਖਰ ਉਹ ਕਿਹੜੀ ਮਜਬੂਰੀ ਸੀ, ਜਿਸ ਕਰਕੇ ਅਨਿਲ ਮਸੀਹ ਵਰਗੇ ਲੋਕਾਂ 'ਤੇ ਕਾਰਵਾਈ ਨਹੀਂ ਕੀਤੀ ਗਈ, ਜਿਸ ਨੇ ਕੈਮਰੇ ਦੇ ਸਾਹਮਣੇ ਲੋਕਤੰਤਰ ਦੀ ਆਬਰੂ ਤਾਰ-ਤਾਰ ਕਰ ਦਿੱਤੀ ਸੀ ਅਤੇ ਉਸ ਦੀਆਂ ਅੱਖਾਂ ਵਿੱਚ ਨਾ ਡਰ ਸੀ ਤੇ ਨਾ ਅਫਸੋਸ। ਇਹ ਗਾਂਧੀ, ਨਹਿਰੂ ਤੇ ਅੰਬੇਡਕਰ ਦਾ ਦੇਸ਼ ਹੈ। ਇੱਥੇ ਸਵਾਲ ਪੁੱਛਣ ਦਾ ਤਰੀਕਾ ਨੇਪਾਲ ਤੇ ਬੰਗਲਾਦੇਸ਼ ਵਰਗਾ ਨਹੀਂ ਹੋ ਸਕਦਾ। ਗਾਂਧੀ ਦਾ ਤਰੀਕਾ ਹੀ ਚੱਲੇਗਾ। ਸੰਵਿਧਾਨ ਨਿਰਮਾਤਾਵਾਂ ਨੇ ਇੱਕ ਮਜ਼ਬੂਤ ਸੰਵਿਧਾਨ ਦਿੱਤਾ ਹੈ, ਜਿਹੜਾ ਕਿਸੇ ਵੀ ਸਰਕਾਰ ਦੇ 11 ਸਾਲ ਦੇ ਕਾਰਜਕਾਲ ਤੇ ਉਸ ਦੌਰਾਨ ਸੰਸਥਾਵਾਂ ਦੇ ਹੋਏ ਘਾਣ ਵਿਰੁੱਧ ਲੜ ਸਕਦਾ ਹੈ। ਬੱਸ ਜ਼ਰੂਰੀ ਹੈ ਕਿ ਹਰ ਵਾਰ ਸਵਾਲ ਕੀਤਾ ਜਾਵੇ, ਵਾਰ-ਵਾਰ ਸਵਾਲ ਉਠਾਇਆ ਜਾਏ, ਜਿਸ ਨਾਲ ਜ਼ਿੰਮੇਵਾਰ ਲੋਕ ਜਾਂ ਤਾਂ ਘਰਾਂ ਵਿੱਚੋਂ ਨਿਕਲਣਾ ਬੰਦ ਕਰ ਦੇਣਗੇ ਜਾਂ ਫਿਰ ਸਵਾਲਾਂ ਦਾ ਜਵਾਬ ਦੇਣਗੇ। 'ਮਾਈ-ਬਾਪ' ਮੰਨਣ ਦੀ ਪਰੰਪਰਾ 26 ਜਨਵਰੀ 1950 ਨੂੰ ਸੰਵਿਧਾਨ ਲਾਗੂ ਹੋਣ ਦੇ ਨਾਲ ਹੀ ਖਤਮ ਹੋ ਚੁੱਕੀ ਹੈ। ਨਾ ਅਦਾਲਤਾਂ ਮਾਈ-ਬਾਪ ਹਨ, ਨਾ ਪ੍ਰਧਾਨ ਮੰਤਰੀ ਤੇ ਨਾ ਹੀ ਚੋਣ ਕਮਿਸ਼ਨ। ਇਹ ਸਭ ਸੰਵਿਧਾਨ ਵਿੱਚੋਂ ਹੀ ਨਿਕਲੇ ਹਨ ਤੇ ਇਨ੍ਹਾਂ ਦੀ ਪ੍ਰਤੀਬੱਧਤਾ ਸੰਵਿਧਾਨ ਪ੍ਰਤੀ ਹੀ ਹੋਣੀ ਚਾਹੀਦੀ ਹੈ, ਜਿਸ ਨੇ ਆਪਣਾ ਸਭ ਤੋਂ ਅਹਿਮ ਤੇ ਜ਼ਰੂਰੀ ਭਾਈਵਾਲ 'ਭਾਰਤ ਦੇ ਲੋਕਾਂ' ਨੂੰ ਬਣਾਇਆ ਹੈ।*

# ਲੋਕ ਮੁੱਦਿਆਂ ਨੂੰ ਭਾਰਤੀ ਰਾਜਨੀਤੀ ਦਾ ਕੇਂਦਰੀ ਬਿੰਦੂ ਬਣਾਇਆ ਜਾਵੇ

**ਚਰਨ ਸਿੰਘ ਸਰਾਭਾ**

ਭਾਰਤ ਨੂੰ ਸੰਸਾਰ ਦਾ ਵੱਡਾ ਲੋਕਤੰਤਰ ਕਿਹਾ ਜਾਂਦਾ ਹੈ। ਲੋਕਤੰਤਰ ਦਾ ਭਾਵ ਉਹ ਰਾਜ ਤੰਤਰ, ਜੋ ਲੋਕ ਹਿੱਤਾਂ, ਲੋਕ ਇੱਛਾਵਾਂ ਅਤੇ ਲੋਕ ਰਾਇ 'ਤੇ ਅਧਾਰਤ ਹੋਵੇ, ਜਿਸ ਨੂੰ ਆਮ ਤੌਰ 'ਤੇ ਪਰਿਭਾਸ਼ਾ ਦੇ ਰੂਪ ਵਿੱਚ ਕਿਹਾ ਜਾਂਦਾ ਹੈ: ਲੋਕਾਂ ਦਾ, ਲੋਕਾਂ ਵਾਸਤੇ ਅਤੇ ਲੋਕਾਂ ਰਾਹੀਂ ਰਾਜਤੰਤਰ।" ਸਾਡੇ ਮਹਾਨ ਭਾਰਤ ਵਿੱਚ ਲੋਕਤੰਤਰ ਦੀ ਅਗਵਾਈ ਕਰਦਾ ਅਤੇ ਅਧਾਰ ਪ੍ਰਦਾਨ ਕਰਦਾ ਹੈ ਸਾਡਾ ਭਾਰਤੀ ਸੰਵਿਧਾਨ, ਜਿਸ ਦੇ ਅਧਾਰ 'ਤੇ ਸਰਕਾਰਾਂ ਦੀ ਚੋਣ ਹੁੰਦੀ ਹੈ ਅਤੇ ਚੋਣਾਂ ਉਪਰੰਤ ਸਰਕਾਰ ਬਣਨ ਸਮੇਂ ਸੰਵਿਧਾਨ ਅਨੁਸਾਰ ਹੀ ਸਰਕਾਰ ਚਲਾਉਣ ਦੀ ਸਹੁੰ ਬਣਨ ਵਾਲੀਆਂ ਸਰਕਾਰਾਂ ਚੁਕਦੀਆਂ ਹਨ।

ਭਾਰਤ ਦੀ ਵਰਤਮਾਨ ਰਾਜਨੀਤੀ ਅਤੇ ਸਰਕਾਰਾਂ ਦੀ ਕਾਰਕਰਦਗੀ ਭਾਰਤੀ ਜਨ ਸਮੂਹਾਂ ਦਾ ਧਿਆਨ ਖਿਚਦੀ ਹੈ ਅਤੇ ਵਿਚਾਰ ਕਰਨ ਲਈ ਮਜਬੂਰ ਕਰਦੀ ਹੈ ਕਿ ਸਾਡੀਆਂ ਸਰਕਾਰਾਂ ਜਾਂ ਵਧੇਰੇ ਕਰਕੇ ਸਾਡੇ ਸਿਆਸੀ ਆਗੂ ਕੀ ਭਾਰਤੀ ਸੰਵਿਧਾਨ ਦੇ ਉਦੇਸ਼ਾਂ ਅਤੇ ਲੋਕਤੰਤਰ ਦੀ ਉੱਪਰ ਦੱਸੀ ਪਰਿਭਾਸ਼ਾ ਜਾਂ ਲੋਕਤੰਤਰਿਕ ਰਾਜਨੀਤੀ ਦੇ ਉੱਪਰ ਦੱਸੇ ਲੱਛਣਾਂ ਵਿੱਚੋਂ ਕਿੰਨਿਆਂ 'ਤੇ ਪਹਿਰਾ ਦੇਂਦੇ ਹਨ। ਭਾਰਤੀ ਜਨ ਸਮੂਹਾਂ ਨਾਲ ਸਤਿਕਾਰ ਸਹਿਤ ਇਹ ਪ੍ਰਸ਼ਨ ਵੀ ਸਾਂਝਾ ਕੀਤਾ ਜਾਂਦਾ ਹੈ ਕਿ ਕੀ ਭਾਰਤੀ ਲੋਕਤੰਤਰ ਦੀ ਅੱਜ ਦੀ ਅਵਸਥਾ ਭਾਰਤੀ ਆਜ਼ਾਦੀ ਪ੍ਰਾਪਤੀ ਸੰਗਰਾਮ ਦੇ ਆਗੂਆਂ ਵੱਲੋਂ ਚਿਤਵੇ ਸੁਪਨਿਆਂ ਅਤੇ ਆਜ਼ਾਦੀ ਪ੍ਰਾਪਤੀ ਸਮੇਂ 1947 ਵਿੱਚ ਕੀਤੇ ਗਏ ਐਲਾਨਾਂ ਜਾਂ ਜਨਵਰੀ 1950 ਤੋਂ ਸਵੀਕਾਰ ਕੀਤੇ ਭਾਰਤੀ ਸੰਵਿਧਾਨ ਦੇ ਉਦੇਸ਼ਾਂ ਦੀ ਚਿਤਵੀ ਪ੍ਰਾਪਤੀ ਅਨੁਸਾਰ ਹੈ। ਜਦੋਂ ਅਸੀਂ ਭਾਰਤੀ ਜਨ ਸਮੂਹ ਇਨ੍ਹਾਂ ਗੱਲਾਂ 'ਤੇ ਵਿਚਾਰ ਕਰਾਂਗੇ ਤਾਂ ਅਸੀਂ ਸਮਝ ਸਕਾਂਗੇ ਕਿ ਕਿਵੇਂ ਵਧੇਰੇ ਸਿਆਸੀ ਆਗੂਆਂ ਅਤੇ ਆਈਆਂ ਸਰਕਾਰਾਂ ਨੇ ਵੱਡੀ ਗਿਣਤੀ ਭਾਰਤੀਆਂ ਦੇ ਹਿੱਤਾਂ ਦਾ ਖਿਲਵਾੜ ਕੀਤਾ ਹੈ। ਭਾਰਤੀ ਸੰਵਿਧਾਨ ਦੇ ਉਦੇਸ਼ਾਂ ਦੀ ਉਲੰਘਣਾ ਕੀਤੀ ਹੈ ਅਤੇ ਸਮੇਂ ਅਨੁਸਾਰ ਭਾਰਤੀ ਆਜ਼ਾਦੀ ਪ੍ਰਾਪਤੀ ਸੰਗਰਾਮ ਦੇ ਸ਼ਹੀਦਾਂ ਅਤੇ ਦੇਸ਼ ਭਗਤਾਂ ਦੇ ਨਾਂਅ ਤਾਂ ਵਰਤੇ, ਪਰ ਉਨ੍ਹਾਂ ਦੇ ਚਿਤਵੇ ਸੁਪਨਿਆਂ 'ਤੇ ਅਮਲ ਨਹੀਂ ਕੀਤਾ, ਜਦੋਂ ਕਿ ਇਤਿਹਾਸ ਦੇ ਵਰਕੇ ਇਹ ਦੱਸਦੇ ਹਨ ਕਿ ਭਾਰਤ ਵਿੱਚ ਲੋਕਤੰਤਰ ਦਾ ਆਰੰਭ ਉਦੋਂ ਹੋਇਆ ਸੀ, ਜਦੋਂ ਧਰਮ-ਨਿਰਪੱਖਤਾ ਅਤੇ ਲੋਕਤੰਤਰ ਵਿੱਚ ਵਿਸ਼ਵਾਸ ਰੱਖਦੇ ਦੇਸ਼ ਭਗਤਾਂ ਨੇ ਆਜ਼ਾਦੀ ਪ੍ਰਾਪਤੀ ਸੰਗਰਾਮ ਦਾ ਆਰੰਭ ਕੀਤਾ ਸੀ ਅਤੇ ਫਿਰ ਅਜ਼ਾਦੀ ਪ੍ਰਾਪਤੀ ਉਪਰੰਤ ਭਾਰਤੀ ਸੰਵਿਧਾਨ ਬਣਾਇਆ ਗਿਆ। ਜੇਕਰ ਭਾਰਤੀ ਆਜ਼ਾਦੀ ਪ੍ਰਾਪਤੀ ਸੰਗਰਾਮ ਦੇ ਆਗੂਆਂ ਦੇ ਸੁਪਨਿਆਂ ਅਤੇ ਭਾਰਤੀ ਸੰਵਿਧਾਨ ਦੇ ਉਦੇਸ਼ਾਂ ਦੀ ਪ੍ਰਾਪਤੀ ਲਈ ਅਮਲ ਕੀਤੇ ਹੁੰਦੇ ਤਾਂ ਦੇਸ਼ ਵਿੱਚ ਇਹ ਵੱਡੀਆਂ ਚੁਣੌਤੀਆਂ, ਜਿਵੇਂ ਬੇਰੁਜ਼ਗਾਰੀ, ਭੁੱਖਮਰੀ, ਅਨਪੜ੍ਹਤਾ, ਸਿਹਤ ਸੰਭਾਲ ਦੀ ਸਮੱਸਿਆ, ਗਰੀਬ-ਅਮੀਰ ਦਾ ਪਾੜਾ, ਭਾਰਤੀ ਜਵਾਨੀ ਦਾ ਵਿਦੇਸ਼ਾਂ ਵੱਲ ਪਰਵਾਸ ਆਦਿ ਨਾ ਹੁੰਦੀਆਂ। ਜਨ-ਜੀਵਨ ਜਨਤਕ ਸੰਤੁਸ਼ਟੀ ਵਾਲਾ, ਸਮਾਜਕ ਇਕਮੁੱਠਤਾ ਵਾਲਾ ਅਤੇ ਮਹੱਤਵਪੂਰਨ ਹੱਦ ਤਕ ਸਮਾਨਤਾ ਵਾਲਾ ਆਰਥਕ, ਸਮਾਜਕ ਅਤੇ ਮਨੁੱਖੀ ਵਿਕਾਸ ਹੋ ਸਕਦਾ ਸੀ ਅਤੇ ਭਾਰਤ ਸੰਸਾਰ ਲਈ ਇੱਕ ਰਾਹ-ਦਿਖਾਊ ਦੇਸ਼ ਬਣ ਸਕਦਾ ਸੀ, ਕਿਉਂਕਿ ਭਾਰਤ ਕੋਲ ਵੱਡੇ ਕੁਦਰਤੀ ਸਾਧਨ ਹਨ, ਉਪਜਾਊ ਧਰਤੀ ਹੈ, ਮਨੁੱਖਾ ਸ਼ਕਤੀ ਹੈ ਅਤੇ ਵਧੇਰੇ ਕਰਕੇ ਅਨੁਕੂਲ ਪੌਣ-ਪਾਣੀ ਹੈ।

ਇਨ੍ਹਾਂ ਸਥਿਤੀਆਂ ਵਿੱਚ ਭਾਰਤੀ ਜਨ ਸਮੂਹਾਂ ਨੇ ਇੱਕ ਤਜਰਬਾ ਵੀ ਕਰ ਲਿਆ ਹੈ ਕਿ ਭਾਰਤੀ ਲੋਕਤੰਤਰ ਨੂੰ ਅਜਿਹੇ ਸਿਆਸੀ ਆਗੂਆਂ ਦੇ ਰਹਿਮ 'ਤੇ ਨਹੀਂ ਛੱਡਿਆ ਜਾ ਸਕਦਾ, ਜਿਨ੍ਹਾਂ ਦਾ ਲੋਕਤੰਤਰ ਵਿੱਚ ਵਿਸ਼ਵਾਸ ਹੀ ਨਾ ਹੋਵੇ। ਸੰਸਾਰ ਭਰ ਦੇ ਤਜਰਬੇ ਅਤੇ ਦਾਰਸ਼ਨਿਕ ਆਗੂਆਂ ਦੇ ਕਥਨ ਦੱਸਦੇ ਹਨ ਕਿ ਲੋਕਤੰਤਰ ਦੀ ਰਾਖੀ ਕੇਵਲ ਜਿਉਂਦਾ-ਜਾਗਦਾ ਸਮਾਜ ਹੀ ਕਰ ਸਕਦਾ ਹੈ। ਭਾਰਤੀ ਸੰਵਿਧਾਨ ਵੀ ਇਹੀ ਕਹਿੰਦਾ ਹੈ ਕਿ ਭਾਰਤੀ ਹੋਣੀ ਦੇ ਅਸਲ ਮਾਲਕ ਭਾਰਤ ਦੇ ਲੋਕ ਹੀ ਹਨ ਅਤੇ ਸਹੀ ਅਰਥਾਂ ਵਾਲਾ ਲੋਕਤੰਤਰ ਜਨ ਸਮੂਹਾਂ ਦੀ ਸ਼ਮੂਲੀਅਤ ਵਾਲਾ ਲੋਕਤੰਤਰ ਹੀ ਹੋ ਸਕਦਾ ਹੈ। ਜੋ ਲੋਕ ਹਿੱਤਾਂ ਦੀ ਰਾਖੀ ਅਤੇ ਸਵੈਮਾਣ ਵਾਲੇ ਸਮਾਜਕ ਜੀਵਨ ਦਾ ਜਾਮਨ ਹੋਵੇ। ਇਸ ਅਵਸਥਾ ਦੀ ਪ੍ਰਾਪਤੀ ਲਈ ਜਨ ਸਮੂਹਾਂ ਨੂੰ ਆਪਣੀ ਇਕਮੁੱਠਤਾ ਵਾਲੀ ਸ਼ਕਤੀ ਦੀ ਪਛਾਣ ਅਤੇ ਸਾਂਝੇ ਜਨਤਕ ਵਿਸ਼ਵਾਸ ਬਣਾਉਣੇ ਪੈਣਗੇ। ਭਾਵੇਂ ਅੱਜ ਦੀਆਂ ਹਾਲਤਾਂ ਵਿੱਚ ਕਿਹਾ ਜਾਂਦਾ ਹੈ ਕਿ ਲੋਕਤੰਤਰ ਵਿੱਚ ਵੱਖ-ਵੱਖ ਸਿਆਸੀ ਪਾਰਟੀਆਂ ਦੇ ਅਮੀਰ ਲੋਕ ਹੀ ਵਿਧਾਨ ਸਭਾਵਾਂ ਜਾਂ ਲੋਕ ਸਭਾ ਦੀਆਂ ਚੋਣਾਂ ਲੜ ਸਕਦੇ ਹਨ, ਪਰ ਇਸ ਵਿੱਚ ਵੀ ਜਨ ਸਮੂਹਾਂ ਅਤੇ ਵੋਟਰ ਸਮੂਹਾਂ ਨੂੰ ਸਮਝਣਾ ਹੋਵੇਗਾ ਕਿ ਵੋਟਾਂ ਦੀ ਫੈਸਲਾਕੁੰਨ ਸ਼ਕਤੀ ਤਾਂ ਲੋਕਾਂ ਕੋਲ ਹੀ ਹੈ। ਲੋੜ ਹੈ ਚੇਤੰਨ ਰੂਪ ਵਿੱਚ ਕਿਸ ਦੀ ਠੀਕ ਵਰਤੋਂ ਕਰਨ ਦੀ ਕਿ ਕਿਹੜੇ ਮੁੱਦਿਆਂ ਨੂੰ ਅਧਾਰ ਬਣਾ ਕੇ ਕਿਸੇ ਵੀ ਸਿਆਸੀ ਪਾਰਟੀ ਜਾਂ ਉਮੀਦਵਾਰ ਨੂੰ ਸਮਰਥਨ ਦਿੱਤਾ ਜਾਣਾ ਹੈ। ਜਦੋਂ ਕੋਈ ਸਿਆਸੀ ਆਗੂ ਵਿਕਾਸ ਦੀਆਂ ਗੱਲਾਂ ਕਰਦੇ ਹਨ ਅਤੇ ਜਦੋਂ ਦੇਸ਼ ਦੀ ਜੀ ਡੀ ਪੀ ਜਾਂ ਆਰਥਕਤਾ ਦੇ ਵਿਕਾਸ ਦਰ ਦੀਆਂ ਟਾਹਰਾਂ ਮਾਰੀਆਂ ਜਾਂਦੀਆਂ ਹਨ ਤਾਂ ਦੇਸ਼ ਵਿੱਚ ਵਧ ਰਹੀ ਬੇਰੁਜ਼ਗਾਰੀ, ਭੁੱਖਮਰੀ, ਬਿਮਾਰੀਆਂ, ਮਜ਼ਦੂਰਾਂ ਦੀਆਂ ਖੁਰਦੀਆਂ ਉਜਰਤਾਂ ਅਤੇ ਕਿਸਾਨਾਂ ਦੀਆਂ ਫ਼ਸਲਾਂ ਦੇ ਸਮਰਥਨ ਮੁੱਲ ਦੀ ਗੱਲ ਕਿਉਂ ਨਹੀਂ ਕੀਤੀ ਜਾਂਦੀ। ਇਥੇ ਇਕ ਵਾਰੀ ਫਿਰ ਦੁਹਰਾਇਆ ਜਾਂਦਾ ਹੈ ਕਿ ਲੋਕਤੰਤਰ ਦੀ ਸਥਿਤੀ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਸਮਾਜ ਲੋਕਤੰਤਰ ਨੂੰ ਬਚਾਉਣ ਅਤੇ ਇਸ ਦੀ ਰਾਖੀ ਕਰਨ ਵਿੱਚ ਕੀ ਭੂਮਿਕਾ ਨਿਭਾਉਂਦਾ ਹੈ, ਕਿਉਂਕਿ ਰਾਜਨੀਤਕ ਤੌਰ 'ਤੇ ਚੇਤੰਨ ਹੋਇਆ ਸਮਾਜ ਹੀ ਸਰਕਾਰਾਂ ਬਣਾਉਂਦਾ ਹੈ ਅਤੇ ਸਰਕਾਰਾਂ ਨੂੰ ਲੋਕ ਹਿੱਤਾਂ ਦੀ ਉਲੰਘਣਾ ਕਰਨ ਤੋਂ ਵੀ ਰੋਕ ਸਕਦਾ ਹੈ।

ਇਸ ਤੋਂ ਹੋਰ ਅੱਗੇ ਆਪ ਦੇ ਮਨੁੱਖੀ ਅਤੇ ਸੰਵਿਧਾਨਕ ਹੱਕਾਂ ਅਤੇ ਇਨਸਾਫ਼ ਦੀ ਪ੍ਰਾਪਤੀ ਲਈ ਜਨ ਸਮੂਹਾਂ ਨੂੰ ਜਨਤਕ ਹਿੱਤਾਂ ਦਾ ਅਧਾਰ ਬਣਦੇ ਮੁੱਦਿਆਂ ਦੀ ਪਛਾਣ ਵੀ ਕਰਨੀ ਹੋਵੇਗੀ, ਜਿਨ੍ਹਾਂ ਨੂੰ ਅਧਾਰ ਬਣਾ ਕੇ ਉਹ ਸਹੀ ਦਿਸ਼ਾ ਵਾਲੇ ਲੋੜੀਂਦੇ ਨਿਰਣੇ ਕਰ ਸਕਣਗੇ। ਸਮੂਹਕ ਵਿਚਾਰ ਲਈ ਕੁਝ ਮੁੱਦੇ ਤਜਵੀਜ਼ਤ ਕੀਤੇ ਜਾਂਦੇ ਹਨ:

* ਹਰ ਇੱਕ ਭਾਰਤੀ ਬੱਚੇ ਲਈ ਗੁਣਾਤਮਕ ਸਿੱਖਿਆ ਪ੍ਰਾਪਤੀ।
* ਸਾਰੇ ਭਾਰਤੀ ਜਨ ਸਮੂਹਾਂ ਲਈ ਸਿਹਤ ਸੰਭਾਲ।
* ਹਰ ਇੱਕ ਨੌਜਵਾਨ ਲਈ ਯੋਗਤਾ ਅਨੁਸਾਰ ਰੁਜ਼ਗਾਰ ਦਾ ਸੰਵਿਧਾਨ ਹੱਕ।
* ਹਰ ਖੇਤਰ ਦੇ ਮਜ਼ਦੂਰਾਂ ਲਈ ਘੱਟੋ-ਘੱਟ ਤਹਿ ਕੀਤੀ ਉਜਰਤ ਅਤੇ ਕੰਮ ਦੀ ਕਿਸਮ ਅਨੁਸਾਰ ਕੰਮ ਦੇ ਘੰਟੇ।
* ਕਿਸਾਨਾਂ ਦੀਆਂ ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲਅਤੇ ਖਰੀਦ ਯਕੀਨੀ ਬਣਾਉਣਾ।
* ਜੀਵਨ ਲਈ ਜ਼ਰੂਰੀ ਵਸਤਾਂ ਦੀਆਂ ਕੀਮਤਾਂ 'ਤੇ ਕਾਬੂ ਆਦਿ।

ਵਿਚਾਰ ਉਪਰੰਤ ਇਨ੍ਹਾਂ ਵਿੱਚ ਹੋਰ ਸਥਾਨਕ ਮੁੱਦੇ ਵੀ ਸ਼ਾਮਲ ਕੀਤੇ ਜਾ ਸਕਦੇ ਹਨ। ਇਨ੍ਹਾਂ ਮੁੱਦਿਆਂ 'ਤੇ ਵਿਚਾਰਾਂ ਰਾਹੀਂ ਮੰਤਵਪੂਰਵਕ ਨਿਰਣੇ ਕਰਕੇ ਜਨਤਕ ਲਾਮਬੰਦੀ ਅਤੇ ਸਿਆਸੀ ਆਗੂਆਂ ਨਾਲ ਵਾਰਤਾਲਾਪ ਕਰਕੇ ਇਨਸਾਫ਼ ਪ੍ਰਾਪਤੀ ਯਕੀਨੀ ਬਣਾਈ ਜਾ ਸਕਦੀ ਹੈ। ਜਦੋਂ ਅਸੀਂ ਜਨਤਕ ਲਾਮਬੰਦੀ ਦੀ ਗੱਲ ਕਰਦੇ ਹਾਂ ਤਾਂ ਇਸ ਦਾ ਭਾਵ ਸਾਰੇ ਭਾਰਤੀਆਂ ਅਤੇ ਸੂਬਾਈ ਜਨ ਸਮੂਹਾਂ ਦੀ ਚੇਤੰਨ ਭਾਈਚਾਰਕ ਸਮਾਜਕ ਅਤੇ ਮਨੁੱਖੀ ਕਦਰਾਂ-ਕੀਮਤਾਂ ਵਾਲੀ ਇਕਮੁੱਠਤਾ ਵਾਲੀ ਪਹਿਲਕਦਮੀ ਹੋਵੇਗੀ, ਕਿਉਂਕਿ ਵੱਡੇ ਸਰਮਾਏਦਾਰੀ ਅਜਾਰੇਦਾਰ ਪੱਖੀ ਸਿਆਸੀ ਆਗੂ ਚੋਣਾਂ ਸਮੇਂ ਜਾਂ ਸਰਕਾਰਾਂ ਚਲਾਉਂਦੇ ਸਮੇਂ ਕਈ ਵਾਰੀ ਉੱਪਰ ਦੱਸੇ ਲੋਕ ਹਿੱਤਾਂ ਵਾਲੇ ਮੁੱਦਿਆਂ ਅਤੇ ਖੇਤਰਾਂ ਨੂੰ ਛੱਡ ਕੇ ਫਿਰਕੂ, ਜਾਤ-ਪਾਤ, ਖਿੱਤਾਵਾਦ ਜਾਂ ਹੋਰ ਕੋਈ ਗੈਰ-ਪਰਸੰਗਕ ਨਾਅਰੇ ਦੇ ਕੇ ਲੋਕਾਂ ਵਿੱਚ ਵੰਡੀਆਂ ਪਾ ਕੇ ਉਨ੍ਹਾਂ ਦਾ ਧਿਆਨ ਉਨ੍ਹਾਂ ਦੇ ਜੀਵਨ ਨਾਲ ਸੰਬੰਧਤ ਮੁੱਦਿਆਂ ਤੋਂ ਭੜਕਾਉਂਦੇ ਹਨ। ਇਥੇ ਇਹ ਵੀ ਸਾਵਧਾਨ ਕੀਤਾ ਜਾਂਦਾ ਹੈ ਕਿ ਵਰਤਮਾਨ ਸਮੇਂ ਚੋਣਾਂ ਵਿੱਚ ਜਾਂ ਅਗਾਊਂ ਚੋਣਾਂ ਨੂੰ ਧਿਆਨ 'ਚ ਰੱਖ ਕੇ ਕਈ ਸਿਆਸੀ ਪਾਰਟੀਆਂ ਜਾਂ ਸਰਕਾਰਾਂ ਵੱਲੋਂ ਵਸੋਂ ਦੇ ਕੁਝ ਵਿਸ਼ੇਸ਼ ਵਰਗ ਨੂੰ ਕੁਝ ਤੁਛ ਰਿਐਤਾਂ ਮੁਫ਼ਤ ਦੇ ਕੇ ਉਨ੍ਹਾਂ ਦਾ ਧਿਟਾਨ ਵੀ ਜ਼ਰੂਰੀ ਮੁੱਦਿਆਂ ਅਤੇ ਸੰਵਿਧਾਨਕ ਹੱਕਾਂ ਤੋਂ ਪਰੇ ਹਟਾਏ ਜਾਣ ਦੀ ਸਿਆਸੀ ਚਾਲ ਵੀ ਚੱਲੀ ਜਾਂਦੀ ਹੈ। ਇਸ ਸੰਬੰਧੀ ਲੋਕ ਵਿਚਾਰ ਕਰ ਲੈਣਗੇ ਕਿ ਉਨ੍ਹਾਂ ਦੇ ਬੱਚਿਆਂ ਲਈ ਚੰਗੇਰੀ ਪੜ੍ਹਾਈ, ਸਿਹਤ ਸੰਭਾਲ ਅਤੇ ਰੁਜ਼ਗਾਰ ਦੇ ਹੱਕ ਜ਼ਰੂਰੀ ਹਨ ਜਾਂ ਉਹ ਦਿੱਤੀ ਜਾਣ ਵਾਲੀ ਮੁਫ਼ਤ ਰਿਐਤ।

ਉੱਪਰ ਦੱਸੇ ਅਨੁਸਾਰ ਇਥੇ ਫਿਰ ਦੁਹਰਾਇਆ ਜਾਂਦਾ ਹੈ ਕਿ ਜਿਨ੍ਹਾਂ ਮੁੱਦਿਆਂ ਦਾ ਹਵਾਲਾ ਦਿੱਤਾ ਗਿਆ, ਇਹ ਲੱਗਭੱਗ ਉਹੀ ਮੁੱਦੇ ਹਨ, ਜੋ ਸਾਡੇ ਆਜ਼ਾਦੀ ਪ੍ਰਾਪਤੀ ਸੰਗਰਾਮ ਦੇ ਮਹਾਨ ਸ਼ਹੀਦਾਂ, ਗ਼ਦਰੀ-ਬਾਬਿਆਂ ਅਤੇ ਦੇਸ਼ ਭਗਤਾਂ ਵੱਲੋਂ ਉਭਾਰੇ ਗਏ ਸਨ। ਉਦਾਹਰਣ ਵਜੋਂ ਗਦਰ ਪਾਰਟੀ ਦੇ ਮਹਾਨ ਆਗੂ ਸ਼ਹੀਦ ਕਰਤਾਰ ਸਿੰਘ ਸਰਾਭਾ ਨੇ ਪਾਰਟੀ ਦੇ ਅਖਬਾਰ 'ਗ਼ਦਰ' ਰਾਹੀਂ 1913 ਵਿੱਚ ਹੀ ਸਾਰੇ ਭਾਰਤੀ ਬੱਚਿਆਂ ਦੀ ਸਿੱਖਿਆ ਅਤੇ ਜਨ ਸਮੂਹਾਂ ਦੀ ਸਿਹਤ ਸੰਭਾਲ ਦਾ ਮੁੱਦਾ ਚੁੱਕਿਆ ਸੀ ਅਤੇ ਕਿਸਾਨ ਹਿੱਤਾਂ ਅਤੇ ਇਸਤਰੀਆਂ ਵਿਰੁੱਧ ਵਿਤਕਰਿਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ਸੀ। ਇਸੇ ਤਰ੍ਹਾਂ ਸ਼ਹੀਦ ਭਗਤ ਸਿੰਘ ਨੇ ਆਜ਼ਾਦ ਭਾਰਤ ਵਿੱਚ ਸਮਾਜਵਾਦੀ ਰਾਜ ਪ੍ਰਬੰਧ ਦੀ ਸਥਾਪਨਾ ਕਰਕੇ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਦੇ ਖਾਤਮੇ ਦਾ ਨਾਅਰਾ ਬੁਲੰਦ ਕੀਤਾ ਸੀ। ਸੁਭਾਸ਼ ਚੰਦਰ ਬੋਸ ਨੇ ਕਿਹਾ ਸੀ, 'ਆਜ਼ਾਦੀ ਪ੍ਰਾਪਤੀ ਉਪਰੰਤ ਸਮਾਜਕ ਇਨਸਾਫ਼ ਅਧਾਰਤ ਨਵਾਂ ਸਮਾਜ ਉਸਾਰਿਆ ਜਾਵੇਗਾ।' 'ਧਿਆਨ ਮੰਗਦੀ ਗੱਲ ਹੈ ਕਿ ਆਜ਼ਾਦੀ ਪ੍ਰਾਪਤੀ ਦੇ 78 ਸਾਲਾਂ ਤੱਕ ਇਨ੍ਹਾਂ ਮਹਾਨ ਸ਼ਹੀਦਾਂ ਅਤੇ ਰਾਹ-ਦਸੇਰੇ ਆਗੂਆਂ ਦੇ ਸੁਪਨਿਆ ਤੇ ਅਮਲ ਨਹੀਂ ਕੀਤਾ ਗਿਆ। ਭਾਰਤੀ ਜਨ ਸਮੂਹਾਂ ਵੱਲੋਂ ਇਹ ਮੁੱਖ ਮੁੱਦਾ ਬਣਾਉਣਾ ਹੋਵੇਗਾ ਕਿ ਭਾਰਤੀ ਆਜ਼ਾਦੀ ਸੰਗਰਾਮ ਦੇ ਸ਼ਹੀਦਾਂ ਅਤੇ ਦੇਸ਼ ਭਗਤਾਂ ਦੇ ਸੁਪਨੇ ਸਾਕਾਰ ਰੂਪ ਵਿੱਚ ਲਾਗੂ ਕੀਤੇ ਜਾਣ, ਜੋ ਅਸਲ ਵਿੱਚ ਲੋਕ ਮੁੱਦੇ ਸਨ ਅਤੇ ਅੱਜ ਵੀ ਹਨ।

ਸਾਨੂੰ ਇਹ ਵੀ ਸਮਝਣਾ ਹੋਵੇਗਾ ਕਿ ਕਿਸੇ ਵੀ ਦੇਸ਼ ਦਾ ਵਿਕਾਸ ਉਥੋਂ ਦੇ ਮਨੁੱਖੀ ਵਿਕਾਸ 'ਤੇ ਨਿਰਭਰ ਕਰਦਾ ਹੈ। ਕੇਵਲ ਉੱਚੀਆਂ, ਚੌੜੀਆਂ ਸੜਕਾਂ, ਬਹੁ-ਮੰਜ਼ਲੀ ਇਮਾਰਤਾਂ ਜਾਂ ਵੱਡੇ ਮਾਲ/ਸਟੋਰ ਅਤੇ ਚੋਣਵੇਂ ਹਵਾਈ ਅੱਡੇ ਨਹੀਂ। ਇਹ ਅਸਲ ਵਿੱਚ ਸਰਮਾਏਦਾਰੀ ਵਿਕਾਸ ਦਾ ਹੀ ਅੰਗ ਬਣ ਕੇ ਰਹਿ ਜਾਂਦੇ ਹਨ, ਜਦੋਂ ਜਨ ਸਮੂਹਾਂ ਦਾ ਜੀਵਨ ਪੱਧਰ, ਜੀਵਨ ਸੰਤੁਸ਼ਟੀ ਅਤੇ ਸਮਾਜਕ ਸੁਰੱਖਿਆ ਆਦਿ ਦੀਆਂ ਘਾਟਾਂ ਹੋਣ। ਇਸੇ ਤਰ੍ਹਾਂ ਜੀ ਡੀ ਪੀ ਦੇ ਵਾਧੇ ਸੰਬੰਧੀ ਸਾਲ 2009 ਵਿੱਚ (ਪ੍ਰੈੱਸ ਦੀਆਂ ਖ਼ਬਰਾਂ ਅਨੁਸਾਰ) ਯੂਨਾਈਟਡ ਨੇਸ਼ਨਜ਼ ਡਿਵੈੱਲਪਮੈਂਟ ਪ੍ਰੋਗਰਾਮ ਵਿੱਚ ਸਵੀਕਾਰ ਕੀਤਾ ਗਿਆ ਸੀ ਕਿ ਜੀ ਡੀ ਪੀ ਦਾ ਵਾਧਾ ਬੇਕਾਰ ਹੈ, ਜੇਕਰ ਇਹ ਲੋਕਾਂ ਦਾ ਜੀਵਨ ਪੱਧਰ ਉੱਚਾ ਨਹੀਂ ਕਰਦਾ।

ਅੰਤ ਵਿੱਚ ਇਸ ਸੰਖੇਪ ਵਿਚਾਰ ਉਪਰੰਤ ਕਿਹਾ ਜਾਂਦਾ ਹੈ ਕਿ ਨਵ-ਉਦਾਰਵਾਦੀ ਖੁਲ੍ਹੀ ਮੰਡੀ ਦੀ ਆਰਥਕਤਾ ਨੂੰ ਪ੍ਰਣਾਈ ਰਾਜਨੀਤੀ ਮਨੁੱਖੀ ਕਦਰਾਂ-ਕੀਮਤਾਂ ਅਤੇ ਮਨੁੱਖੀ ਜੀਵਨ ਦੀ ਗੁਣਾਤਮਕਤਾ ਨਾਲ ਜੁੜੇ ਮੁੱਦਿਆਂ ਨੂੰ ਪੂਰੀ ਤਰ੍ਹਾਂ ਛੱਡ ਰਹੀ ਹੈ, ਜਿਸ ਦੇ ਸਿੱਟੇ ਵਜੋਂ ਉੱਪਰ ਆਰੰਭ ਵਿੱਚ ਦੱਸੀਆਂ ਗਈਆਂ ਚੁਣੌਤੀਆਂ ਪੈਦਾ ਹੋਈਆਂ ਹਨ। ਇਸ ਦੇ ਹੱਲ ਲਈ ਜ਼ਰੂਰੀ ਹੈ ਕਿ ਇਸ ਨੀਤੀ ਨੂੰ ਤਿਲਾਂਜਲੀ ਦੇ ਕੇ ਭਾਰਤੀ ਜਨ ਸਮੂਹਾਂ ਦੇ ਜੀਵਨ ਨਾਲ ਜੁੜੇ ਮੁੱਦਿਆਂ ਨੂੰ ਕੇਂਦਰੀ ਬਿੰਦੂ ਮੰਨ ਕੇ ਭਾਰਤੀ ਸੰਵਿਧਾਨ ਦੇ ਨਿਰਦੇਸ਼ਕ ਸਿਧਾਂਤਾਂ 'ਤੇ ਅਧਾਰਤ ਆਰਥਕ ਨੀਤੀ ਲਾਗੂ ਕੀਤੀ ਜਾਵੇ।

# **ਸੰਪਰਕ** : 94177-51888

# ਖੇਡਾਂ ਦੀ ਅਸਲ ਨੀਂਹ : ਪ੍ਰਾਇਮਰੀ ਪੱਧਰ

**ਰਾਜਿੰਦਰ ਸਿੰਘ ਰਾਜਨ**

ਖੇਡਾਂ ਦੇ ਮੈਦਾਨ ਵਿੱਚ ਉੱਚਾਈਆਂ ਨੂੰ ਛੂਹਣ ਲਈ ਸਭ ਤੋਂ ਵੱਡੀ ਲੋੜ ਹੈ ਕਿ ਪ੍ਰਾਇਮਰੀ ਸਕੂਲਾਂ ਵਿੱਚ ਸਰੀਰਕ ਸਿੱਖਿਆ ਦੇ ਅਧਿਆਪਕ ਤਾਇਨਾਤ ਕੀਤੇ ਜਾਣ। ਪ੍ਰਾਇਮਰੀ ਅਵਸਥਾ ਉਹ ਬਾਂਸ ਦੀ ਪਹਿਲੀ ਪੌੜੀ ਹੈ, ਜਿਸ 'ਤੇ ਬੱਚੇ ਦਾ ਕਦਮ ਪੱਕਾ ਕਰਨਾ ਖੇਡ ਅਧਿਆਪਕ ਦੀ ਜ਼ਿੰਮੇਵਾਰੀ ਹੁੰਦੀ ਹੈ। ਜੇ ਪਹਿਲਾ ਕਦਮ ਹੀ ਮਜ਼ਬੂਤ ਰੱਖਿਆ ਜਾਵੇ ਤਾਂ ਭਵਿੱਖ ਦੀ ਪੂਰੀ ਇਮਾਰਤ ਸਥਿਰ ਅਤੇ ਸ਼ਕਤੀਸ਼ਾਲੀ ਬਣਦੀ ਹੈ। ਜਿਵੇਂ ਮਿੱਟੀ ਨੂੰ ਸਹੀ ਰੂਪ ਦੇਣ ਵਾਲਾ ਕਾਰੀਗਰ ਹੀ ਸੁੰਦਰ ਘੜਾ ਤਿਆਰ ਕਰਦਾ ਹੈ, ਓਸੇ ਤਰ੍ਹਾਂ ਪ੍ਰਾਇਮਰੀ ਪੱਧਰ 'ਤੇ ਸਰੀਰਕ ਸਿੱਖਿਆ ਦਾ ਅਧਿਆਪਕ ਬੱਚਿਆਂ ਦੀ ਛੁਪੀ ਖੇਡ ਪ੍ਰਤਿਭਾ ਨੂੰ ਪਛਾਣ ਸਕਦਾ ਹੈ। ਉਹ ਉਮਰ ਅਤੇ ਰੁਚੀ ਮੁਤਾਬਕ ਬੱਚਿਆਂ ਨੂੰ ਖੇਡਾਂ ਵਿੱਚ ਸਹੀ ਦਿਸ਼ਾ ਵੱਲ ਮੋੜ ਸਕਦਾ ਹੈ।

ਅਫਸੋਸ ਇਸ ਗੱਲ ਦਾ ਹੈ ਕਿ ਅੱਜ ਵੀ ਪ੍ਰਾਇਮਰੀ ਸਕੂਲਾਂ ਵਿੱਚ ਸਰੀਰਕ ਸਿੱਖਿਆ ਦੇ ਅਧਿਆਪਕਾਂ ਦੀਆਂ ਅਸਾਮੀਆਂ ਮੌਜੂਦ ਨਹੀਂ। ਨਤੀਜਾ ਇਹ ਹੈ ਕਿ ਖੇਡਾਂ ਖ਼ਾਨਾਪੂਰਤੀ ਵਾਂਗ ਹੀ ਕਰਵਾਈਆਂ ਜਾਂਦੀਆਂ ਹਨ। ਮਿਡਲ ਜਾਂ ਹਾਈ ਸਕੂਲਾਂ ਦੇ ਅਧਿਆਪਕਾਂ ਦੀ ਮਦਦ ਨਾਲ ਖੇਡ ਮੁਕਾਬਲਾ ਕਰਵਾ ਦੇਣਾ ਗੋਂਗਲੂਆਂ ਤੋਂ ਮਿੱਟੀ ਝਾੜਨ ਵਾਲੀ ਗੱਲ ਹੈ। ਇਸ ਕਰਕੇ ਪ੍ਰਾਇਮਰੀ ਪੱਧਰ 'ਤੇ ਖੇਡਾਂ ਨੂੰ ਭਵਿੱਖ ਲਈ ਬਹੁਤ ਮਜ਼ਬੂਤ ਕਰਨ ਦੀ ਜ਼ਰੂਰਤ ਹੈ।

ਵਿਕਸਤ ਦੇਸ਼ਾਂ ਵੱਲ ਦੇਖੀਏ ਤਾਂ ਅਮਰੀਕਾ, ਚੀਨ ਆਦਿ ਅਤੇ ਹੋਰ ਰਾਸ਼ਟਰਾਂ ਨੇ ਆਪਣੇ ਖੇਡ ਮਾਡਲਾਂ ਦੀ ਨੀਂਹ ਛੋਟੀ ਉਮਰ ਤੋਂ ਹੀ ਰੱਖੀ ਹੈ। ਉੱਥੇ ਬੱਚਿਆਂ ਨੂੰ ਸ਼ੁਰੂਆਤੀ ਪੱਧਰ 'ਤੇ ਹੀ ਵਿਗਿਆਨਕ ਟ੍ਰੇਨਿੰਗ ਅਤੇ ਆਧੁਨਿਕ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ। ਇਸੇ ਕਰਕੇ ਉਹ ਨੈਸ਼ਨਲ, ਇੰਟਰਨੈਸ਼ਨਲ, ਓਲੰਪਿਕ ਖੇਡਾਂ ਤੋਂ ਲੈ ਕੇ ਹਰ ਵੱਡੇ ਖੇਡ ਮੇਲੇ ਤੱਕ ਸੋਨੇ ਦੇ ਤਮਗਿਆਂ ਦੀ ਵਰਖਾ ਕਰਦੇ ਹਨ।

ਜੇ ਭਾਰਤ ਦੇਸ਼ ਦੀ ਗੱਲ ਕਰੀਏ ਤਾਂ ਇਸ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ। ਹਰ ਪਿੰਡ, ਕਸਬੇ ਅਤੇ ਸ਼ਹਿਰ ਵਿੱਚ ਅਨੇਕਾਂ ਬੱਚੇ ਹਨ, ਖੇਡ ਸਟੇਡੀਅਮ ਹਨ, ਜੇਕਰ ਸਹੀ ਮਾਰਗਦਰਸ਼ਨ, ਪ੍ਰੋਤਸਾਹਨ ਅਤੇ ਸੰਸਾਧਨ ਮਿਲਣ ਤਾਂ ਦੁਨੀਆ ਭਰ ਵਿੱਚ ਦੇਸ਼ ਦਾ ਨਾਂਅ ਹੋਰ ਵਧੇਰੇ ਰੌਸ਼ਨ ਕਰ ਸਕਦੇ ਹਨ, ਪਰ ਬਦਕਿਸਮਤੀ ਨਾਲ ਖੇਡਾਂ ਨੂੰ ਅਜੇ ਵੀ 'ਸਿਰਫ਼ ਸ਼ੌਕ' ਹੀ ਸਮਝਿਆ ਜਾਂਦਾ ਹੈ।

### ਪ੍ਰਾਇਮਰੀ ਪੱਧਰ 'ਤੇ ਖੇਡਾਂ ਲਈ ਮਜ਼ਬੂਤ ਪ੍ਰਬੰਧਨ ਦੀ ਲੋੜ

ਪ੍ਰਾਇਮਰੀ ਸਕੂਲਾਂ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ (ਖੇਡਾਂ) ਅਤੇ ਸਹਾਇਕ ਸਿੱਖਿਆ ਅਫ਼ਸਰ (ਖੇਡਾਂ) ਦੀ ਨਵੀਂ ਭਰਤੀ ਕੀਤੀ ਜਾਵੇ। ਇਹ ਭਰਤੀ ਸਿਰਫ਼ ਕਾਗਜ਼ੀ ਕਾਰਵਾਈ ਤੱਕ ਸੀਮਿਤ ਨਾ ਰਹੇ, ਸਗੋਂ ਇਨ੍ਹਾਂ ਅਹੁਦਿਆਂ ਲਈ ਉਹੀ ਵਿਅਕਤੀ ਚੁਣੇ ਜਾਣ, ਜਿਨ੍ਹਾਂ ਦਾ ਖੇਡ ਪੱਧਰ ਘੱਟੋ-ਘੱਟ ਰਾਸ਼ਟਰੀ ਪੱਧਰ ਦਾ ਹੋਵੇ। ਇਸ ਤਰ੍ਹਾਂ ਦੀ ਭਰਤੀ ਨਾਲ ਉੱਕਤ ਅਧਿਕਾਰੀ ਹੀ ਖੇਡਾਂ ਦੀ ਅਸਲੀ ਮਹੱਤਤਾ ਨੂੰ ਸਮਝ ਸਕਣਗੇ ਅਤੇ ਆਪਣਾ ਤਜਰਬਾ ਪ੍ਰਾਇਮਰੀ ਪੱਧਰ ਦੇ ਬੱਚਿਆਂ ਤੱਕ ਪਹੁੰਚਾ ਸਕਣਗੇ । ਅਜਿਹੇ ਅਫ਼ਸਰ ਨਾ ਸਿਰਫ਼ ਸਰੀਰਕ ਸਿੱਖਿਆ ਦੇ ਅਧਿਆਪਕਾਂ ਨੂੰ ਯੋਜਨਾਬੱਧ ਤਰੀਕੇ ਨਾਲ ਰਾਹ ਦਿਖਾਣਗੇ, ਸਗੋਂ ਉਹਨਾਂ ਨੂੰ ਸਮੇਂ-ਸਮੇਂ 'ਤੇ ਨਵੀਂਆਂ ਤਕਨੀਕਾਂ ਅਤੇ ਟ੍ਰੇਨਿੰਗ ਨਾਲ ਵੀ ਜਾਣੂ ਕਰਵਾਉਣਗੇ। ਇਸ ਨਾਲ ਖੇਡਾਂ ਦੇ ਸਰਬਪੱਖੀ ਵਿਕਾਸ ਦੀ ਗੱਡੀ ਕਦੇ ਵੀ ਲੀਹੋਂ ਨਹੀਂ ਲੱਥੇਗੀ, ਬਲਕਿ ਲਗਾਤਾਰ ਆਪਣੀ ਮੰਜ਼ਲ ਵੱਲ ਅੱਗੇ ਵਧੇਗੀ। ਇਹ ਪ੍ਰਬੰਧ ਬੱਚਿਆਂ ਲਈ ਵੀ ਮੀਲ ਪੱਥਰ ਸਾਬਤ ਹੋਵੇਗਾ। ਜਦੋਂ ਖਿਡਾਰੀ ਬੱਚੇ ਦੇਖਣਗੇ ਕਿ ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਸਮਝਣ ਵਾਲੇ ਤਜਰਬੇਕਾਰ ਅਫ਼ਸਰ ਉਨ੍ਹਾਂ ਵਿੱਚ ਖੁਦ ਖੇਡ ਰਹੇ ਹਨ, ਖੇਡ ਤਕਨੀਕੀ ਗੁਣਾਂ ਦੇ ਦਾਅ-ਪੇਚ ਦੱਸ ਰਹੇ ਹਨ, ਤਾਂ ਉਨ੍ਹਾਂ ਦਾ ਉਤਸ਼ਾਹ ਕਈ ਗੁਣਾ ਵਧੇਗਾ। ਖੇਡ, ਗੁਣ ਅਤੇ ਬੱਚਿਆਂ ਵਿੱਚ ਖੁਦ ਖੇਡਣ ਦੀ ਸਮਰੱਥਾ ਉਹੀ ਰੱਖੇਗਾ, ਜੋ ਆਪ ਰਾਸ਼ਟਰੀ ਪੱਧਰ ਦਾ ਖਿਡਾਰੀ ਹੋਵੇਗਾ ਤੇ ਜੇ ਆਪ ਹੀ ਜ਼ੋਨਲ ਜਾਂ ਜ਼ਿਲ੍ਹਾ ਪੱਧਰੀ ਖਿਡਾਰੀ ਹੋਵੇਗਾ, ਉਹ ਬੱਚਿਆਂ ਨੂੰ ਰਾਸ਼ਟਰੀ, ਅੰਤਰਰਾਸ਼ਟਰੀ ਪੱਧਰ ਤੱਕ ਪਹੁੰਚਣ ਦੀ ਸੋਚ ਵੀ ਨਹੀਂ ਸਕਦਾ।ਰਾਸ਼ਟਰੀ, ਅੰਤਰਰਾਸ਼ਟਰੀ ਪੱਧਰ ਦੇ ਖੇਡਾਂ ਨਾਲ ਸਬੰਧਤ ਖੇਡ ਅਧਿਆਪਕ ਸਿਰਫ਼ ਜ਼ਿਲ੍ਹਾ ਜਾਂ ਰਾਜ ਪੱਧਰ ਤੱਕ ਸੀਮਿਤ ਨਹੀਂ ਰਹਿਣਗੇ, ਸਗੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਭਾਰਤ ਦਾ ਮਾਣ ਵਧਾਉਣਗੇ। ਇਸ ਨਾਲ ਨਾਲ ਖੇਡ ਮੈਦਾਨਾਂ ਵਿੱਚ ਇੱਕ ਨਵੀਂ ਊਰਜਾ, ਨਵਾਂ ਵਿਸ਼ਵਾਸ ਅਤੇ ਨਵੀਂ ਦਿਸ਼ਾ ਉਤਪੰਨ ਹੋਵੇਗੀ। ਖਿਡਾਰੀ ਵੀ ਸਮਝਣਗੇ ਕਿ ਉਹਨਾਂ ਦੇ ਪਿੱਛੇ ਕੇਵਲ ਖੇਡ ਅਧਿਆਪਕ ਹੀ ਨਹੀਂ, ਸਗੋਂ ਇੱਕ ਪੂਰਾ ਖੇਡ-ਮਿਤਰ ਪ੍ਰਬੰਧਨ ਖੜਾ ਹੈ, ਜੋ ਉਨ੍ਹਾਂ ਨੂੰ ਹਰ ਕਦਮ 'ਤੇ ਸਹਾਇਤਾ ਦੇਣ ਲਈ ਤਿਆਰ ਹੈ।

ਇਸ ਲਈ ਲੋੜ ਹੈ ਕਿ ਸਰਕਾਰ ਇਸ ਪੱਧਰ 'ਤੇ ਖਾਸ ਧਿਆਨ ਦੇਵੇ। ਹਰ ਪ੍ਰਾਇਮਰੀ ਸਕੂਲ ਵਿੱਚ ਸਿਖਲਾਈ ਪ੍ਰਾਪਤ (ਸਰਟੀਫੀਕੇਟ ਕੋਰਸ ਆਫ਼ ਫ਼ਿਜ਼ੀਕਲ ਐਜੂਕੇਸ਼ਨ, ਡਿਪਲੋਮਾ ਫ਼ਿਜ਼ੀਕਲ ਐਜੂਕੇਸ਼ਨ, ਮਾਸਟਰ ਆਫ਼ ਫ਼ਿਜ਼ੀਕਲ ਐਜੂਕੇਸ਼ਨ) ਸਰੀਰਕ ਸਿੱਖਿਆ ਅਧਿਆਪਕ ਤਾਇਨਾਤ ਕੀਤੇ ਜਾਣ। ਖੇਡ ਮੈਦਾਨਾਂ ਨੂੰ ਆਧੁਨਿਕ ਸਹੂਲਤਾਂ ਨਾਲ ਸੰਵਾਰਿਆ ਜਾਵੇ। ਬੱਚਿਆਂ ਨੂੰ ਸਵੇਰ-ਸ਼ਾਮ ਗਰਾਊਂਡਾਂ ਵਿੱਚ ਲਿਆ ਕੇ ਖੇਡਾਂ ਨਾਲ ਜੋੜਿਆ ਜਾਵੇ। ਖਿਡਾਰੀਆਂ ਲਈ ਪ੍ਰੋਤਸਾਹਨ ਯੋਜਨਾਵਾਂ ਬਣਾਈਆਂ ਜਾਣ। ਫਿਰ ਜਦੋਂ ਬੱਚੇ ਪ੍ਰਾਇਮਰੀ ਪੱਧਰ ਤੋਂ ਹੀ ਖੇਡਾਂ ਵਿੱਚ ਰੁਚੀ ਲੈਣਗੇ, ਤਾਂ ਉਨ੍ਹਾਂ ਦੀ ਖੇਡ ਰੁਝਾਨ ਦੀ ਲੜੀ ਹਾਇਰ ਕਲਾਸਾਂ ਵਿੱਚ ਵੀ ਜਾਰੀ ਰਹੇਗੀ। ਜੇਕਰ ਅਸੀਂ ਖੇਡਾਂ ਦਾ ਭਵਿੱਖ ਸੋਨੇ ਦੇ ਅੱਖਰਾਂ ਨਾਲ ਲਿਖਣਾ ਚਾਹੁੰਦੇ ਹਾਂ ਤਾਂ ਪ੍ਰਾਇਮਰੀ ਸਕੂਲਾਂ ਵਿੱਚ ਸਰੀਰਕ ਸਿੱਖਿਆ ਦੇ ਅਧਿਆਪਕਾਂ ਦੀ ਭਰਤੀ ਹੁਣ ਦੇਰ ਨਾਲ ਨਹੀਂ, ਤੁਰੰਤ ਕਰਨ ਦੀ ਲੋੜ ਹੈ।

# **ਸੰਪਰਕ**: 94174-27656

# ਖੇਤਾਂ ਦੇ ਰਾਜੇ ਪੈਲੀਆਂ ਨੂੰ ਤਰਸਣਗੇ ?



ਗੁਰਪ੍ਰੀਤ

ਪੰਜਾਬ ਸਮੇਤ ਭਾਰਤ ਦੇ ਕਈ ਸੂਬਿਆਂ ਅਤੇ ਵੱਡੇ ਪੱਧਰ 'ਤੇ ਦੁਨੀਆ ਦੇ ਬਹੁਤ ਸਾਰੇ ਦੇਸ਼ਾਂ ਵਿੱਚ ਇਸ ਵੇਲੇ ਹੜ੍ਹ ਆਏ ਹੋਏ ਨੇ। ਹੜ੍ਹਾਂ ਕਾਰਨ ਜਿੱਥੇ ਕਿਸਾਨਾਂ ਦੀ ਲੱਖਾਂ ਏਕੜ ਫ਼ਸਲ ਨੁਕਸਾਨੀ ਗਈ ਹੈ, ਉੱਥੇ ਹੀ ਜ਼ਮੀਨ ਪੂਰੀ ਤਰ੍ਹਾਂ ਨਾਲ ਬਰਬਾਦ ਹੋ ਗਈ ਹੈ। ਕਈ ਜਗਾਵਾਂ 'ਤੇ ਤਾਂ ਵੱਡੀਆਂ-ਵੱਡੀਆਂ ਇਮਾਰਤਾਂ ਢਹਿ ਚੁੱਕੀਆਂ ਨੇ। ਵੱਡੀ ਗਿਣਤੀ ਵਿੱਚ ਲੋਕਾਂ ਦੇ ਮਰਨ ਦੀਆਂ ਖ਼ਬਰਾਂ ਨੇ, ਜਿਹੜੇ ਮੁਲਕਾਂ ਨੂੰ ਅਸੀਂ ਵਿਕਾਸਸ਼ੀਲ ਅਤੇ ਵਿਕਸਤ ਮੰਨਦੇ ਹਾਂ, ਉਨ੍ਹਾਂ ਮੁਲਕਾਂ ਦੀ ਸਥਿਤੀ ਇਸ ਵੇਲੇ ਡਾਵਾਂਡੋਲ ਹੋ ਚੁੱਕੀ ਹੈ। ਲੋਕ ਇੱਧਰ-ਉੱਧਰ ਜਾਨ ਬਚਾਉਣ ਲਈ ਭੱਜ ਰਹੇ ਨੇ। ਮੰਨਿਆ ਜਾਂਦਾ ਸੀ ਕਿ ਉਨ੍ਹਾਂ ਲੋਕਾਂ ਕੋਲ ਬਹੁਤ ਪੈਸਾ ਹੈ ਅਤੇ ਉਹ ਪੈਸੇ ਦੇ ਨਾਲ ਸਭ ਕੁਝ ਕਰ ਸਕਦੇ ਹਨ, ਪਰ ਪੈਸਾ ਸਭ ਕੁਝ ਨਹੀਂ ਹੁੰਦਾ, ਬਹੁਤ ਕੁੱਝ ਕੁਦਰਤ ਵੀ ਹੁੰਦੀ ਹੈ। ਕੁਦਰਤ ਦਾ ਦਿੱਤਾ ਹੋਇਆ ਖ਼ਜ਼ਾਨਾ ਹਵਾ, ਪਾਣੀ ਆਦਿ ਸਭ ਕੁੱਝ, ਜਿਸ ਨੂੰ ਮਨੁੱਖ ਨੇ ਕਬਜ਼ੇ ਵਿੱਚ ਕਰਨ ਦੀ ਕੋਸ਼ਿਸ਼ ਕੀਤੀ ਹੈ, ਪਰ ਇਹ ਕਬਜ਼ੇ ਵਿੱਚ ਨਹੀਂ ਹੋ ਸਕਦਾ, ਕਿਉਂਕਿ ਕੁਦਰਤ ਦੁਆਰਾ ਬਣਾਈ ਗਈ ਚੀਜ਼ ਨੂੰ ਜਦੋਂ ਮਨੁੱਖ ਨੇ ਆਪਣੇ ਕਬਜ਼ੇ ਵਿੱਚ ਲੈਣ ਦੀ ਕੋਸ਼ਿਸ਼ ਕੀਤੀ ਹੈ ਤਾਂ ਉਸ ਦਾ ਨੁਕਸਾਨ ਮਨੁੱਖ ਨੂੰ ਹੀ ਹੋਇਆ ਹੈ।

ਭਾਰਤ ਸਮੇਤ ਦੁਨੀਆ ਦੇ ਅਣਗਿਣਤ ਦੇਸ਼ਾਂ ਵਿੱਚ ਇਸ ਵੇਲੇ ਜ਼ਮੀਨੀ ਰਕਬਾ ਘਟ ਰਿਹਾ ਹੈ ਅਤੇ ਪਾਣੀ ਦਾ ਖੇਤਰ ਵਧ ਰਿਹਾ ਹੈ। ਦਿਨ ਪ੍ਰਤੀ ਦਿਨ ਧਰਤੀ ਸੁੰਗੜਦੀ ਜਾ ਰਹੀ ਹੈ। ਲੋਕਾਈ ਦੀ ਔਸਤਨ ਉਮਰ ਘਟਦੀ ਜਾ ਰਹੀ ਹੈ, ਕਿਉਂਕਿ ਰਸਾਇਣਿਕ ਦਵਾਈਆਂ ਅਤੇ ਹੋਰ ਮਾਨਸਿਕ ਤਣਾਅ ਦੇ ਕਾਰਨ ਇਸ ਵੇਲੇ ਖੇਤੀ ਜਿੱਥੇ ਘਾਟੇ ਦਾ ਸੌਦਾ ਮੰਨੀ ਜਾ ਰਹੀ ਹੈ, ਕਿਸਾਨਾਂ ਨੂੰ ਫ਼ਸਲਾਂ ਦੇ ਪੂਰੇ ਭਾਅ ਨਹੀਂ ਮਿਲ ਰਹੇ, ਉੱਥੇ ਹੀ ਸਰਕਾਰਾਂ ਦੁਆਰਾ ਕੀਤੇ ਜਾਂਦੇ ਚੋਚਲਿਆਂ ਦੇ ਕਾਰਨ ਕਿਸਾਨ ਬੇਹੱਦ ਪਰੇਸ਼ਾਨ ਨਜ਼ਰ ਆ ਰਹੇ ਨੇ। ਹਰ ਸਾਲ ਲੱਖਾਂ ਕਿਸਾਨ ਦੁਨੀਆ ਭਰ ਦੇ ਵਿੱਚ ਖੇਤੀ ਨੂੰ ਤਿਆਗ ਰਹੇ ਨੇ, ਕਈ ਜਗਾਵਾਂ 'ਤੇ ਤਾਂ ਸਰਕਾਰਾਂ ਵੱਲੋਂ ਜ਼ਮੀਨਾਂ ਅਕਵਾਇਰ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਉੱਥੇ ਵੱਡੀਆਂ-ਵੱਡੀਆਂ ਬਿਲਡਿੰਗਾਂ, ਉਸਾਰੀਆਂ ਜਾਣ, ਪਰ ਕੀ ਇਹਨਾਂ ਬਿਲਡਿੰਗਾਂ ਉਸਾਰਨ ਦੇ ਨਾਲ ਮਨੁੱਖ ਦੀ ਤਰੱਕੀ ਹੋ ਸਕੇਗੀ, ਸਵਾਲ ਇਹ ਬਹੁਤ ਵੱਡਾ ਹੈ।

ਵੱਡੇ ਪੱਧਰ 'ਤੇ ਅੱਜ ਦੀ ਪੀੜ੍ਹੀ ਜਿੱਥੇ ਖੇਤੀ ਕਰਨਾ ਨਹੀਂ ਚਾਹੁੰਦੀ, ਉੱਥੇ ਹੀ ਕਾਰਪੋਰੇਟ ਘਰਾਣੇ ਅਤੇ ਸਰਕਾਰਾਂ ਮਿਲ ਕੇ ਵੱਡੀ ਗੇਮ ਖੇਡ ਰਹੀਆਂ ਨੇ। ਨੌਜਵਾਨਾਂ ਨੂੰ ਖੇਤੀ ਤੋਂ ਬਾਹਰ ਕਰਨ ਦੇ ਵਾਸਤੇ ਉਨ੍ਹਾਂ ਨੂੰ ਵੱਖੋ-ਵੱਖ ਤੌਰ-ਤਰੀਕੇ ਦੱਸੇ ਜਾ ਰਹੇ ਨੇ, ਜਿਸ ਦਾ ਸਿੱਧਾ ਅਸਰ ਕਿਸਾਨਾਂ ਦੀਆਂ ਪੈਲੀਆਂ 'ਤੇ ਹੀ ਪੈ ਰਿਹਾ ਹੈ। ਦੁਨੀਆ ਭਰ ਵਿੱਚ ਖੇਤ ਸੁੰਗੜ ਰਹੇ ਹਨ ਅਤੇ ਕਿਸਾਨ ਬੁੱਢੇ ਹੋ ਰਹੇ ਹਨ। ਵਿਸ਼ਵ ਪੱਧਰ ਤੇ ਕਿਸਾਨਾਂ ਦੀ ਔਸਤ ਉਮਰ 55 ਸਾਲ ਹੈ, ਜੋ ਕਿ ਕੰਮ ਕਰਨ ਵਾਲੀ ਆਬਾਦੀ ਦੀ ਸੇਵਾਮੁਕਤੀ ਦੀ ਉਮਰ ਦੇ ਨੇੜੇ ਹੈ।

ਜੇਕਰ ਕਿਸਾਨ ਖੇਤੀ ਕਰਨਾ ਛੱਡ ਦੇਵੇਗਾ, ਤਾਂ ਦੇਸ਼ ਖਾਵੇਗਾ ਕਿੱਥੋਂ? 'ਡਾਊਨ-ਟੂ-ਅਰਥ' ਵਿੱਚ ਛਪੀ ਇੱਕ ਰਿਪੋਰਟ ਕਹਿੰਦੀ ਹੈ ਕਿ ਇਸ ਸਦੀ ਦੇ ਅੰਤ ਤੱਕ ਵੱਡੀ ਪੱਧਰ 'ਤੇ ਖੇਤ ਉੱਜੜ ਜਾਣਗੇ। ਮਨੁੱਖ ਦਾ ਸ਼ਹਿਰਾਂ ਦੇ ਵੱਲ ਰੁਖ ਕਰਨਾ ਅਤੇ ਵੱਡੀਆਂ-ਵੱਡੀਆਂ ਬਿਲਡਿੰਗਾਂ ਉਸਾਰਨਾ, ਜਿੱਥੇ ਮਨੁੱਖ ਦੇ ਲਈ ਹੀ ਖ਼ਤਰਾ ਬਣ ਚੁੱਕਿਆ ਹੈ, ਉੱਥੇ ਹੀ ਹਵਾ, ਪਾਣੀ ਅਤੇ ਧਰਤੀ ਦਾ ਵੀ ਵੱਡੇ ਪੱਧਰ 'ਤੇ ਖਿਲਵਾੜ ਹੋ ਰਿਹਾ ਹੈ। ਕਿਹਾ ਜਾਂਦਾ ਹੈ ਕਿ ਜ਼ਮੀਨ ਦਾ ਮਾਲਕ ਹੋਣਾ ਧਰਤੀ ਦੇ ਇੱਕ ਹਿੱਸੇ ਦੇ ਮਾਲਕ ਹੋਣ ਦੇ ਬਰਾਬਰ ਹੈ। ਖੇਤੀ ਸਿੱਧੇ ਤੌਰ 'ਤੇ ਜਲਵਾਯੂ ਨਾਲ ਜੁੜੀ ਹੋਈ ਹੈ ਅਤੇ ਜਲਵਾਯੂ ਪਰਿਵਰਤਨ ਨੇ ਫ਼ਸਲੀ ਚੱਕਰ ਨੂੰ ਵਿਗਾੜ ਦਿੱਤਾ ਹੈ। ਅਜਿਹੇ ਸਮੇਂ ਜਦੋਂ ਆਬਾਦੀ ਵਾਧੇ ਅਤੇ ਖਪਤ ਕਾਰਨ ਭੋਜਨ ਦੀ ਮੰਗ ਵਧ ਰਹੀ ਹੈ, ਖੇਤੀ ਦੀਆਂ ਆਪਣੀਆਂ ਸੀਮਾਵਾਂ ਹਨ। ਇਹ ਇੱਕ ਕਿਰਤ-ਆਧਾਰਤ ਕੰਮ ਹੈ, ਜਿਸ ਨੂੰ ਅੱਜ ਦੀ ਵੱਡੀ ਗਿਣਤੀ ਵਿੱਚ ਨੌਜਵਾਨ ਪੀੜ੍ਹੀ ਅਪਣਾਉਣਾ ਨਹੀਂ ਚਾਹੁੰਦੀ।

ਇਸ ਦਾ ਮਤਲਬ ਹੈ ਕਿ ਸਾਡੇ ਭੋਜਨ ਉਤਪਾਦਨ ਦਾ ਇਹ ਪੇਸ਼ਾ ਬੇਮਿਸਾਲ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਇਸ ਸੰਕਟ ਦੇ ਕੇਂਦਰ ਵਿੱਚ ਜ਼ਮੀਨ ਦੀ ਉਪਲੱਬਧਤਾ ਮੁੱਖ ਹੈ। ਇੱਕ ਸਵਾਲ ਇਹ ਹੈ ਕਿ ਕੀ ਸਾਡੇ ਕੋਲ ਖੇਤੀ ਲਈ ਕਾਫ਼ੀ ਜ਼ਮੀਨ ਹੈ ਜਾਂ ਕੀ ਸਾਨੂੰ ਵਧਦੀ ਭੋਜਨ ਮੰਗ ਨੂੰ ਦੇਖਦੇ ਹੋਏ ਹੋਰ ਖੇਤਾਂ ਦੀ ਲੋੜ ਹੈ? ਅਜੋਕੇ ਸਮੇਂ ਵਿੱਚ ਧਰਤੀ ਦੇ ਲਗਭਗ ਇੱਕ ਤਿਹਾਈ ਹਿੱਸੇ ਦੀ ਵਰਤੋਂ ਖੇਤੀਬਾੜੀ ਲਈ ਕੀਤੀ ਜਾਂਦੀ ਹੈ, ਅਤੇ ਇਹ ਵਿਸਥਾਰ ਹਜ਼ਾਰਾਂ ਸਾਲਾਂ ਵਿੱਚ ਹੋਇਆ ਹੈ। ਆਵਰ ਵਰਲਡ ਇਨ ਡੇਟਾ ਵਿਖੇ ਵਿਗਿਆਨ ਆਊਟਰੀਚ ਦੀ ਡਿਪਟੀ ਐਡੀਟਰ ਅਤੇ ਮੁਖੀ ਹੰਨਾਹ ਰਿਚੀ ਨੇ ਵਿਸ਼ਵ ਖੇਤੀਬਾੜੀ ਜ਼ਮੀਨ ਨਾਲ ਸੰਬੰਧਿਤ ਡੇਟਾ ਦਾ ਵਿਸ਼ਲੇਸ਼ਣ ਕੀਤਾ ਹੈ। ਉਹ ਕਹਿੰਦੀ ਹੈ-ਖੇਤੀ ਜ਼ਮੀਨ ਦਾ ਇਹ ਵਿਸਥਾਰ ਹੁਣ ਹੌਲੀ-ਹੌਲੀ ਖ਼ਤਮ ਹੋ ਰਿਹਾ ਹੈ। ਹਾਲ ਹੀ ਦੇ ਸਾਲਾਂ ਵਿੱਚ ਵਿਸ਼ਵ ਭਰ ਵਿੱਚ ਖੇਤੀਬਾੜੀ ਜ਼ਮੀਨ ਦੀ ਵਰਤੋਂ ਘਟਣੀ ਸ਼ੁਰੂ ਹੋ ਗਈ ਹੈ।

ਅਜਿਹੀ ਸਥਿਤੀ ਵਿੱਚ ਦੁਨੀਆ ਦੀ ਖੇਤੀਬਾੜੀ ਦਾ ਭਵਿੱਖ ਕੀ ਹੋਵੇਗਾ? ਦੁਨੀਆ ਵਿੱਚ ਕੁੱਲ ਖੇਤਾਂ ਦੀ ਗਿਣਤੀ ਅਤੇ ਉਨ੍ਹਾਂ ਦੇ ਭਵਿੱਖ ਬਾਰੇ ਅੰਕੜਿਆਂ ਦੀ ਘਾਟ ਹੈ। ਭਾਰਤ ਦੀ 2011 ਦੀ ਜਨਗਣਨਾ ਦੇ ਅਨੁਸਾਰ ਔਸਤਨ ਹਰ ਰੋਜ਼ ਲਗਭਗ 2,000 ਕਿਸਾਨ ਖੇਤੀਬਾੜੀ ਛੱਡ ਰਹੇ ਹਨ। ਵਿਸ਼ਵ ਕਿਸਾਨ ਸੰਗਠਨ ਨੇ ਚੇਤਾਵਨੀ ਦਿੱਤੀ ਹੈ ਕਿ ਬਹੁਤ ਸਾਰੇ ਲੋਕ ਜਲਦੀ ਹੀ ਆਪਣੀਆਂ ਨੌਕਰੀਆਂ ਗੁਆ ਦੇਣਗੇ ਜਾਂ ਬੇਰੁਜ਼ਗਾਰ ਹੋ ਜਾਣਗੇ । ਅਮਰੀਕਾ ਦੀ ਕੋਲੋਰਾਡੋ ਯੂਨੀਵਰਸਿਟੀ ਦੀ ਬੈਟਰ ਪਲੈਨੇਟ ਲੈਬਾਰਟਰੀ ਦੇ ਜ਼ਿਆ ਮਹਿਰਾਬੀ ਨੇ ਪਹਿਲੀ ਵਾਰ ਇਸ ਦਿਸ਼ਾ ਵਿੱਚ ਗਣਨਾ ਕੀਤੀ ਹੈ । ਉਨ੍ਹਾਂ 1960 ਤੋਂ 2100 ਤੱਕ ਹਰ ਸਾਲ ਖੇਤਾਂ ਦੀ ਗਿਣਤੀ ਅਤੇ ਉਨ੍ਹਾਂ ਦੇ ਆਕਾਰ ਦਾ ਅਨੁਮਾਨ ਲਗਾਇਆ ਹੈ।

ਖ਼ੈਰ, ਪਾਠਕਾਂ ਨੂੰ ਸਾਫ਼ ਸ਼ਬਦਾਂ ਵਿੱਚ ਦੱਸੀਏ ਤਾਂ ਜਰਨਲ 'ਨੇਚਰ ਸਸਟੇਨੇਬਿਲਟੀ' ਵਿੱਚ ਪ੍ਰਕਾਸ਼ਤ ਅਧਿਐਨ ਦੇ ਅਨੁਸਾਰ ਦੁਨੀਆ ਵਿੱਚ ਖੇਤੀਬਾੜੀ ਜ਼ਮੀਨ ਦੀ ਗਿਣਤੀ 2020 ਵਿੱਚ 616 ਮਿਲੀਅਨ ਤੋਂ ਘਟ ਕੇ 2100 ਵਿੱਚ 272 ਮਿਲੀਅਨ ਰਹਿ ਜਾਵੇਗੀ । ਇਸ ਦਾ ਕਾਰਨ ਦੱਸਦੇ ਹੋਏ ਜ਼ਿਆ ਮਹਿਰਾਬੀ ਕਹਿੰਦੇ ਹਨ-ਜਿਵੇਂ-ਜਿਵੇਂ ਕਿਸੇ ਦੇਸ਼ ਦੀ ਆਰਥਿਕਤਾ ਵਧਦੀ ਹੈ, ਲੋਕ ਸ਼ਹਿਰਾਂ ਵੱਲ ਪਰਵਾਸ ਕਰਦੇ ਹਨ, ਜਿਸ ਨਾਲ ਪੇਂਡੂ ਖੇਤਰਾਂ ਵਿੱਚ ਖੇਤੀ ਲਈ ਘੱਟ ਲੋਕ ਰਹਿ ਜਾਂਦੇ ਹਨ। ਘੱਟ ਆਮਦਨ ਵਾਲੇ ਦੇਸ਼ਾਂ ਵਿੱਚ ਖੇਤੀਬਾੜੀ ਜ਼ਮੀਨ ਦੀ ਗਿਣਤੀ 2070 ਤੱਕ ਵਧੇਗੀ, ਜਿਸ ਤੋਂ ਬਾਅਦ ਇਹ ਘਟਣੀ ਸ਼ੁਰੂ ਹੋ ਜਾਵੇਗੀ। ਹਾਲਾਂਕਿ, ਇਸ ਸਮੇਂ ਦੌਰਾਨ ਖੇਤਾਂ ਦਾ ਔਸਤ ਆਕਾਰ ਦੁੱਗਣਾ ਹੋ ਜਾਵੇਗਾ।

ਜਿਸ ਤਰੀਕੇ ਦੇ ਨਾਲ ਮਨੁੱਖ ਤਰੱਕੀ ਅਤੇ ਵਿਕਾਸ ਦੇ ਨਾਂਅ 'ਤੇ ਪੌਣ, ਪਾਣੀ, ਹਵਾ ਆਦਿ ਸਭ ਦਾ ਖਿਲਵਾੜ ਕਰ ਰਿਹਾ ਹੈ, ਰੁੱਖਾਂ ਦੀ ਦਿਨ-ਦਿਹਾੜੇ ਕਟਾਈ ਕਰ ਰਿਹਾ ਹੈ, ਉਸ ਤੋਂ ਸਾਫ਼ ਨਜ਼ਰੀ ਆਉਂਦਾ ਹੈ ਕਿ ਮਨੁੱਖ ਇਸ ਵੇਲੇ ਇੱਕ ਹੈਵਾਨ ਬਣ ਗਿਆ ਹੈ, ਜਿਸ ਨੂੰ ਆਪਣਾ ਅਤੇ ਆਪਣੀ ਪੀੜ੍ਹੀ ਦਾ ਕੁਝ ਵੀ ਵਿਖਾਈ ਨਹੀਂ ਦੇ ਰਿਹਾ।

ਸਰਕਾਰਾਂ ਵੀ ਤਮਾਸ਼ਾ ਵੇਖ ਰਹੀਆਂ ਨੇ । ਸਰਕਾਰਾਂ ਵੱਲੋਂ ਕਾਰਪੋਰੇਟ ਘਰਾਣਿਆਂ ਨੂੰ ਕਿਸਾਨਾਂ ਦੀਆਂ ਜ਼ਮੀਨਾਂ ਸੌਂਪੀਆਂ ਜਾ ਰਹੀਆਂ ਹਨ। ਵੱਡੇ ਵੱਡੇ ਕਾਰਖ਼ਾਨੇ, ਫ਼ੈਕਟਰੀਆਂ ਅਤੇ ਹੋਰ ਸੁਸਾਇਟੀਆਂ, ਕਾਲੋਨੀਆਂ ਨਵੇਂ ਸ਼ਹਿਰ ਉਸਾਰਨ ਦੀਆਂ ਚਰਚਾਵਾਂ ਜ਼ੋਰਾਂ 'ਤੇ ਹਨ। ਪੰਜਾਬ ਸਮੇਤ ਬਹੁਤ ਗਿਣਤੀ ਦੇਸ਼ ਦੇ ਪੇਂਡੂ ਖੇਤਰਾਂ ਦੇ ਅੰਦਰ ਜ਼ਮੀਨਾਂ ਦਾ ਉਜਾੜਾ ਕਰ ਕੇ, ਉੱਥੇ ਬਿਲਡਿੰਗਾਂ ਉਸਾਰਨ ਦੀਆਂ ਚਰਚਾਵਾਂ ਚੱਲ ਰਹੀਆਂ ਨੇ, ਪਰ ਜਿਸ ਹਿਸਾਬ ਦੇ ਨਾਲ ਮਨੁੱਖ ਇਸ ਵੇਲੇ ਤਰੱਕੀ ਅਤੇ ਵਿਕਾਸ ਦੇ ਨਾਂਅ 'ਤੇ ਪਹਾੜਾਂ, ਜ਼ਮੀਨ, ਪਾਣੀਠ ਧਰਤੀ ਆਦਿ ਸਭ ਨਾਲ ਖਿਲਵਾੜ ਕਰ ਰਿਹਾ ਹੈ, ਉਸ ਤੋਂ ਇਹੀ ਲੱਗਦਾ ਹੈ ਕਿ ਆਉਣ ਵਾਲਾ ਸਮਾਂ ਬੇਹੱਦ ਖ਼ਤਰਨਾਕ ਹੋਵੇਗਾ।

ਭਾਵੇਂ ਕਿ ਸਾਡੇ ਵਰਗੇ ਲੋਕ ਇਸ ਧਰਤੀ 'ਤੇ ਨਹੀਂ ਰਹਿਣਗੇ, ਪਰ ਅਗਲੀਆਂ ਪੀੜ੍ਹੀਆਂ ਸਾਨੂੰ ਜ਼ਰੂਰ ਲਾਹਨਤਾਂ ਪਾਉਣਗੀਆਂ ਕਿ ਅਸੀਂ ਅਗਲੀ ਪੀੜ੍ਹੀ ਦੇ ਲਈ ਕੀ ਕੁਝ ਕਰ ਕੇ ਗਏ ਹਾਂ? ਭਾਵੇਂ ਕਿ ਸੱਤਾ ਦੇ ਵਿੱਚ ਜਾਂ ਫਿਰ ਵਿਰੋਧੀ ਧਿਰ ਦੇ ਵਿੱਚ ਬੈਠੇ ਲੋਕ ਵੰਨ-ਸੁਵੰਨੀਆਂ ਗੱਲਾਂ ਕਰ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਨੇ, ਪਰ ਅਸਲ ਦੇ ਵਿੱਚ ਉਹ ਵੀ ਚਾਹੁੰਦੇ ਹਨ ਕਿ ਧਰਤੀ ਦਾ ਖਿਲਵਾੜ ਹੋਵੇ ਅਤੇ ਉਹ ਰਾਜ ਕਰ ਕੇ ਚਲਦੇ ਬਣਨ।

ਪਹਾੜਾਂ ਨੂੰ ਵੱਡੇ ਪੱਧਰ 'ਤੇ ਕੱਟਿਆ ਜਾ ਰਿਹਾ। ਯਾਤਰਾਵਾਂ ਸ਼ੁਰੂ ਕਰਨ ਦੇ ਲਈ ਪਹਾੜਾਂ ਵਿੱਚ ਫੋਰ ਲਾਈਨ ਸੜਕਾਂ ਬਣਾਈਆਂ ਜਾ ਰਹੀਆਂ ਨੇ, ਜਿਨ੍ਹਾਂ ਦੀ ਕਿ ਜ਼ਰੂਰਤ ਨਹੀਂ । ਪਹਾੜਾਂ ਦੀ ਖ਼ੂਬਸੂਰਤੀ ਤਾਂ ਸਿੰਗਲ ਲੇਨ ਤੋਂ ਹੀ ਚੰਗੀ ਲੱਗਦੀ ਹੈ, ਪਰ ਕੁਝ ਕਾਰਪੋਰੇਟ ਘਰਾਣਿਆਂ ਨੂੰ ਫ਼ਾਇਦਾ ਪਹੁੰਚਾਉਣ ਦੇ ਵਾਸਤੇ ਸਮੇਂ ਦੀਆਂ ਸਰਕਾਰਾਂ ਵੱਲੋਂ ਜਿਸ ਤਰੀਕੇ ਦੇ ਨਾਲ ਕੁਦਰਤ ਨਾਲ ਖਿਲਵਾੜ ਕੀਤਾ ਜਾ ਰਿਹੈ, ਕੁਦਰਤ ਵੀ ਹੁਣ ਆਪਣਾ ਬਦਲਾ ਲੈ ਰਹੀ ਹੈ। ਬਹੁਤ ਹੀ ਜਗਾਵਾਂ 'ਤੇ ਬੱਦਲ ਫਟ ਰਹੇ ਨੇ, ਹੜ੍ਹ ਆ ਰਹੇ ਨੇ, ਲੋਕ ਮਰ ਰਹੇ ਨੇ, ਸਰਕਾਰਾਂ ਮੁਆਵਜ਼ਾ ਦੇ ਰਹੀਆਂ ਨੇ ਅਤੇ ਤਮਾਸ਼ਾ ਵੇਖ ਰਹੇ ਹਾਂ, ਅਸੀਂ ਸਭ ਲੋਕ, ਕਿਉਂਕਿ ਅਸੀਂ ਜਿਹੜੀਆਂ ਸਰਕਾਰਾਂ ਚੁਣੀਆਂ ਨੇ, ਉਨ੍ਹਾਂ ਵੱਲੋਂ ਗ਼ਲਤ ਫ਼ੈਸਲੇ ਲਏ ਜਾ ਰਹੇ ਹਨ ਅਤੇ ਵਿਕਾਸ ਦੇ ਨਾਂਅ 'ਤੇ ਕੁਦਰਤ ਦੇ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ।

ਪੈਲ਼ੀਆਂ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਪਹਿਲਾਂ ਹੀ ਸਰਕਾਰਾਂ ਵੱਲੋਂ ਕੀਤਾ ਜਾ ਰਿਹਾ ਹੈ। ਉੱਥੇ ਹੀ ਪਹਾੜਾਂ ਦੇ ਉੱਤੇ ਕੀਤੇ ਜਾ ਰਹੇ ਅੱਤਿਆਚਾਰ ਅਤੇ ਪਹਾੜਾਂ ਦੀ ਖ਼ੂਬਸੂਰਤੀ ਨੂੰ ਉਜਾੜਨ ਦਾ ਜਿਹੜਾ ਟੀਚਾ, ਇਸ ਵੇਲੇ ਵੱਖੋ-ਵੱਖ ਕਾਰਪੋਰੇਟ ਘਰਾਣਿਆਂ ਨੇ ਚੁੱਕਿਆ ਹੋਇਆ ਹੈ, ਉਸ ਨੂੰ ਜੇਕਰ ਜਲਦੀ ਨਾ ਰੋਕਿਆ ਗਿਆ ਤਾਂ ਇਹ ਸਾਡੇ ਸਭਨਾਂ ਲਈ ਹੋਰ ਵੀ ਖ਼ਤਰਨਾਕ ਹੋਵੇਗਾ। ਸੋ ਵੇਖਦੇ ਹਾਂ ਕਿ ਅਗਲੇ ਸਮੇਂ ਵਿੱਚ ਸਰਕਾਰਾਂ ਕੀ ਫ਼ੈਸਲੇ ਲੈਂਦੀਆਂ ਨੇ, ਬਾਕੀ ਅਦਾਲਤਾਂ ਨੂੰ ਵੀ ਚਾਹੀਦਾ ਹੈ ਕਿ ਇਸ 'ਤੇ ਸਖ਼ਤ ਕਾਨੂੰਨ ਬਣਾਉਣ ਅਤੇ ਸਰਕਾਰਾਂ ਨੂੰ ਝਾੜ ਪਾ ਕੇ ਪਹਾੜਾਂ ਦੀ ਕਟਾਈ ਤੋਂ ਇਲਾਵਾ ਰੁੱਖਾਂ, ਜ਼ਮੀਨਾਂ ਉਜਾੜਨ ਅਤੇ ਖੇਤੀ ਨੂੰ ਕਿਸਾਨਾਂ ਕੋਲੋਂ ਖੋਹਣ 'ਤੇ ਤੁਰੰਤ ਰੋਕ ਲਗਾਈ ਜਾਵੇ। ਜੇਕਰ ਖੇਤੀ ਨਾ ਬਚੀ ਤਾਂ ਅਸੀਂ ਲੋਕ ਖਾਵਾਂਗੇ ਕਿੱਥੋਂ? ਦੇਸ਼ ਦਾ ਢਿੱਡ ਕਿਵੇਂ ਭਰੇਗਾ? ਜੇਕਰ ਜ਼ਮੀਨਾਂ ਉੱਤੇ ਸਿਰਫ਼ ਤੇ ਸਿਰਫ਼ ਸ਼ਹਿਰੀਕਰਨ ਅਤੇ ਵਿਕਾਸ ਦੇ ਨਾਂਅ 'ਤੇ ਵੱਡੀਆਂ-ਵੱਡੀਆਂ ਬਿਲਡਿੰਗਾਂ ਹੀ ਉਸਾਰ ਦਿੱਤੀਆਂ ਗਈਆਂ ਤਾਂ ਮਨੁੱਖ ਭੁੱਖਾ ਮਰੇਗਾ, ਇਸ ਤੋਂ ਇਲਾਵਾ ਕੁਝ ਨਹੀਂ!

# **ਸੰਪਰਕ** : 95698-20314

# ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਡੀ ਸੀ ਦਫਤਰ ਦੇ ਬਾਹਰ ਰੋਸ ਪ੍ਰਦਰਸ਼ਨ




ਮਾਨਸਾ (ਆਤਮਾ ਸਿੰਘ ਪਮਾਰ)
ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਵਿਦਿਆਰਥੀ ਮੰਗਾਂ ਨੂੰ ਲੈ ਕੇ ਡੀ.ਸੀ ਦਫਤਰ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਪ੍ਰਦਰਸ਼ਨ ਵਿੱਚ ਪੀ.ਐੱਸ.ਯੂ ਦੀ ਅਗਵਾਈ 'ਚ ਸਰਕਾਰੀ ਨਹਿਰੂ ਮੈਮੋਰੀਅਲ ਕਾਲਜ ਮਾਨਸਾ ਤੇ ਸਰਕਾਰੀ ਆਈ ਟੀ ਆਈ ਮਾਨਸਾ ਦੇ ਵਿਦਿਆਰਥੀ ਸ਼ਾਮਲ ਸਨ।

ਪੀ.ਐਸ.ਯੂ ਦੀ ਜ਼ਿਲ੍ਹਾ ਕਨਵੀਨਰ ਅਰਵਿੰਦਰ ਕੌਰ ਵੱਲੋਂ ਵਿਦਿਆਰਥੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੀ ਗਈ ਰਾਸ਼ਟਰੀ ਸਿੱਖਿਆ ਨੀਤੀ 2020 ਨੇ ਰਾਜਾਂ ਦੇ ਅਧਿਕਾਰਾਂ ਤੇ ਹਮਲਾ ਹੈ।ਸਿੱਖਿਆ ਸਮਵਰਤੀ ਸੂਚੀ ਦਾ ਵਿਸ਼ਾ ਹੋਣ ਦੇ ਬਾਵਜੂਦ ਵੀ ਇਹ ਸਿੱਖਿਆ ਨੀਤੀ ਬਣਾਉਣ ਵਿੱਚ ਰਾਜ ਸਰਕਾਰਾਂ ਦੀ ਕੋਈ ਭਾਗੀਦਾਰੀ ਨਹੀਂ ਹੈ, ਹਾਲਾਂਕਿ ਸਿੱਖਿਆ ਵਿੱਚ 75 ਫੀਸਦੀ ਤੋਂ ਵੱਧ ਫੰਡ ਰਾਜ ਸਰਕਾਰਾਂ ਹੀ ਅਦਾ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਜਥੇਬੰਦੀ ਮੰਗ ਕਰਦੀ ਹੈ ਕਿ ਸਿੱਖਿਆ ਨੂੰ ਸੰਵਿਧਾਨ ਦੀ ਰਾਜ ਸੂਚੀ ਵਿੱਚ ਸ਼ਾਮਲ ਕੀਤਾ ਜਾਵੇ ਤੇ ਪੰਜਾਬ ਦੀ ਸਿੱਖਿਆ ਨੀਤੀ ਪੰਜਾਬ ਤੋਂ ਤਹਿ ਹੋਵੇ।ਨਵੀਂ ਸਿੱਖਿਆ ਨੀਤੀ ਦੇ ਲਾਗੂ ਹੋਣ ਨਾਲ ਵਿਦਿਆਰਥੀਆਂ ਨੂੰ ਨਵੀਂ ਕਿਸਮ ਦੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਪੰਜਾਬੀ ਯੂਨੀਵਰਸਿਟੀ ਦੇ ਨਵੇਂ ਟੈਂਪਲੇਟ ਅਨੁਸਾਰ ਵਿਸ਼ਿਆਂ ਦੀ ਗਿਣਤੀ ਪੰਜ ਨਾਲੋਂ ਵੱਧ ਕੇ 9 ਹੋ ਗਈ ਹੈ, ਜਿਸ ਵਿੱਚ ਮੇਜਰ-ਮਾਈਨਰ ਵਿਸ਼ੇ, ਲਾਜ਼ਮੀ ਵਿਸ਼ੇ, ਮੁੱਲ ਵਰਧਿਤ ਕੋਰਸ, ਹੁਨਰ-ਵਿਕਾਸ ਕੋਰਸ, ਅੰਤਰ-ਅਨੁਸ਼ਾਸਨੀ ਤੇ ਬਹੁ-ਅਨੁਸ਼ਾਸਨੀ ਕੋਰਸ ਸ਼ਾਮਲ ਹਨ।

ਇਨ੍ਹਾਂ ਵਿਸ਼ਿਆਂ ਨੂੰ ਪੜ੍ਹਾਉਣ ਲਈ ਕਾਲਜਾਂ ਕੋਲ ਨਾ ਤਾਂ ਕੋਈ ਢੁੱਕਵੇਂ ਪ੍ਰਬੰਧ ਹਨ ਅਤੇ ਨਾ ਹੀ ਪੂਰੇ ਟੀਚਰ, ਜਿਸ ਕਾਰਨ ਵਿਦਿਆਰਥੀਆਂ ਦੀ ਕ੍ਰੈਡਿਟ ਪੂਰੇ ਨਹੀਂ ਹੋ ਸਕਦੇ।ਬਹੁਤ ਸਾਰੇ ਕੋਰਸਾਂ ਦੀਆਂ ਕਲਾਸਾਂ ਪੂਰਾ ਸਾਲ ਸਿਰਫ਼ ਕਾਗਜ਼ਾਂ ਵਿੱਚ ਹੀ ਲੱਗਦੀਆਂ ਪੀਐਸਯੂ ਵੱਲੋਂ ਵਾਧੂ ਵਿਸ਼ਿਆਂ ਨੂੰ ਰੱਦ ਕਰਨ ਦੀ ਮੰਗ ਵੀ ਕੀਤੀ ਗਈ। ਪੰਜਾਬ ਸਰਕਾਰ ਪੰਜਾਬ ਵਾਸੀਆਂ ਨੂੰ ਨੌਕਰੀਆਂ ਵਿੱਚ 90 ਫੀਸਦੀ ਰਾਖਵਾਂਕਰਨ ਦੇਣ ਦਾ ਕਾਨੂੰਨ ਬਣਾਉਣਾ ਚਾਹੀਦਾ ਹੈ ਜਿਵੇਂ ਕਿ ਹੋਰ ਕਈ ਸੂਬਿਆਂ ਵਿੱਚ ਬਣਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਨੌਕਰੀਆਂ ਪੰਜਾਬੀ ਲਾਜ਼ਮੀ ਵਿਸ਼ੇ ਦੇ 30 ਫੀਸਦੀ ਅੰਕ ਹੋਣੇ ਜ਼ਰੂਰੀ ਹਨ, ਜਿਸ ਨਾਲ ਵਿਦਿਆਰਥੀ ਪੰਜਾਬੀ ਵਿਸ਼ੇ ਨੂੰ ਦਿਲਚਸਪੀ ਨਾਲ ਪੜ੍ਹ ਪਾਉਣਗੇ। ਪੰਜਾਬੀ ਯੂਨੀਵਰਸਿਟੀ ਨੇ ਪ੍ਰੀਖਿਆ ਫੀਸਾਂ ਵਿੱਚ 100 ਫੀਸਦੀ ਤੱਕ ਵਾਧਾ ਕੀਤਾ ਹੈ, ਜੋ ਵਿਦਿਆਰਥੀਆਂ ਤੇ ਵਾਧੂ ਆਰਥਿਕ ਬੋਝ ਹੈ, ਪੀ.ਐਸ.ਯੂ ਇਸ ਵਾਧੇ ਨੂੰ ਵਾਪਸ ਕਰਾਉਣ ਲਈ ਤਿੱਖਾ ਸੰਘਰਸ਼ ਕਰੇਗੀ।

# ਡਾਇਟ ਵੱਲੋਂ ਪੂਰੇ ਜ਼ਿਲ੍ਹੇ 'ਚ ਲਈ ਗਈ ਉਲਾਸ ਪ੍ਰੀਖਿਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ਉਲਾਸ, ਜਿਸ ਦਾ ਅਰਥ ਹੈ ਸਮਾਜ ਵਿੱਚ ਸਾਰਿਆਂ ਲਈ ਜੀਵਨ ਭਰ ਸਿੱਖਣ ਦੀ ਸਮਝ। ਇਹ ਸਰਕਾਰ ਦੁਆਰਾ ਸ਼ੁਰੂ ਕੀਤੀ ਗਈ ਇਕ ਪਰਿਵਰਤਨਕਾਰੀ ਪਹਿਲ ਹੈ, ਜੋ ਜੀਵਨ ਭਰ ਸਿੱਖਣ ਨੂੰ ਉਤਸ਼ਾਹਤ ਕਰਨ ਤੇ 15 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਨਾਗਰਿਕਾਂ ਵਿਚ ਬੁਨਿਆਦੀ ਸਾਖਰਤਾ ਤੇ ਜੀਵਨ ਹੁਨਰ ਵਿਚ ਅੰਤਰ ਨੂੰ ਪੂਰਾ ਕਰਨ ਲਈ ਸ਼ੁਰੂ ਕੀਤੀ ਗਈ ਹੈ। ਡਾਇਰੈਕਟਰ ਐੱਸਸੀਈਆਰਟੀ ਪੰਜਾਬ ਕਿਰਨ ਸ਼ਰਮਾ, ਅਸਿਸਟੈਂਟ ਡਾਇਰੈਕਟਰ ਸੁਰਿੰਦਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੂਰੇ ਪੰਜਾਬ ਵਿਚ ਉਲਾਸ ਪ੍ਰੀਖਿਆ ਕਰਵਾਈ ਗਈ। ਇਸ ਲੜੀ ਵਿਚ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ ਫਿਰੋਜ਼ਪੁਰ ਦੇ ਪ੍ਰਿੰਸੀਪਲ ਸੀਮਾ, ਇੰਚਾਰਜ ਉਲਾਸ ਆਰਤੀ ਸਚਦੇਵਾ ਅਤੇ



ਨੋਡਲ ਇੰਚਾਰਜ ਗੌਰਵ ਮੁੰਜ਼ਾਲ ਦੀ ਅਗਵਾਈ ਹੇਠ ਜ਼ਿਲ੍ਹਾ ਫਿਰੋਜ਼ਪੁਰ ਦੇ ਵੱਖ ਵੱਖ ਸਕੂਲ ਵਿਚ ਪ੍ਰੀਖਿਆ ਕਰਾਈ ਗਈ। ਇਸ ਪ੍ਰੀਖਿਆ 'ਚ ਜ਼ਿਲ੍ਹਾ ਫਿਰੋਜ਼ਪੁਰ ਦੇ ਲਗਭਗ 5000 ਤੋਂ ਵੱਧ ਗੈਰ ਸਾਖਰ ਨਾਗਰਿਕਾਂ ਨੇ ਭਾਗ ਲਿਆ ਅਤੇ ਬੜੀ ਖੁਸ਼ੀ ਦੀ ਗੱਲ ਹੈ ਕਿ ਗੈਰ ਸਾਖਰ ਹੁਣ ਉਲਾਸ ਪ੍ਰੀਖਿਆ ਦੇਣ ਤੋਂ ਬਾਅਦ ਸਾਖਰਤਾ ਦੀ ਕਤਾਰ ਵਿਚ ਸ਼ਾਮਲ ਹੋ ਰਹੇ ਹਨ। ਇਸ ਪ੍ਰੀਖਿਆ ਨੂੰ ਡਾਇਟ ਫਿਰੋਜ਼ਪੁਰ ਦੇ ਡੀ ਐੱਲ ਐੱਡ ਦੇ ਸਿਖਿਆਰਥੀਆਂ ਅਤੇ ਵੱਖ-ਵੱਖ ਸਕੂਲਾਂ ਵੱਲੋਂ ਲਗਾਏ ਗਏ ਨੋਡਲ ਇੰਚਾਰਜ ਵਲੰਟੀਅਰਾ ਵੱਲੋਂ ਇਹ ਪ੍ਰੀਖਿਆ ਲਈ ਗਈ। ਡਾਇਟ ਪ੍ਰਿੰਸੀਪਲ ਸੀਮਾ ਤੇ ਡਾਇਟ ਫੈਕਲਟੀ ਵੱਲੋਂ ਵੱਖ-ਵੱਖ ਬਲਾਕਾਂ ਵਿਚ ਇਸ ਪ੍ਰੀਖਿਆ ਦਾ ਨਿਰੀਖਣ ਵੀ ਕੀਤਾ ਗਿਆ।

# ਪੰਜਾਬ ਸਰਕਾਰ ਪੀੜਤਾਂ ਦੀ ਸਹਾਇਤਾ ਰਾਸ਼ੀ ਜਲਦ ਉਨ੍ਹਾਂ ਤੱਕ ਪੁਚਾਵੇ : ਮੁਰਲੀਧਰਨ



ਮੋਗਾ (ਇਕਬਾਲ ਸਿੰਘ ਖਹਿਰਾ) ਕੇਂਦਰ ਦੀ ਮੋਦੀ ਸਰਕਾਰ ਵੱਲੋਂ ਹੜ੍ਹ ਪੀੜਤਾਂ ਨੂੰ ਜਲਦ ਲਾਭ ਪੁਚਾਉਣ ਦੇ ਮਕਸਦ ਤਹਿਤ ਹੜ੍ਹ ਪੀੜਤ ਇਲਾਕਿਆਂ ਵਿੱਚ ਪਿਛਲੇ ਦੋ ਦਿਨਾਂ ਤੋਂ ਕੇਂਦਰੀ ਰਾਜ ਮੰਤਰੀ ਸ੍ਰੀ ਮੁਰਲੀਧਰ ਕਿਸ਼ਨ ਮਹੋਲ ਵੱਲੋਂ ਦੌਰਾ ਕਰਕੇ ਪ੍ਰਭਾਵਿਤ ਅਤੇ ਪੀੜਤ ਪਰਿਵਾਰਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ। ਉਨ੍ਹਾਂ ਨਾਲ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਜੋਤ ਕਮਲ, ਸੀਨੀਅਰ ਭਾਜਪਾ ਆਗੂ ਨਿਤ੍ਰਕ ਸਿੰਘ ਬਰਾੜ, ਭਾਜਪਾ ਆਗੂ ਤੇ ਸਾਬਕਾ ਸਰਪੰਚ ਲਖਵੰਤ ਸਿੰਘ ਸਾਹੂ ਵਾਲਾ, ਸੀਨੀਅਰ ਭਾਜਪਾ ਆਗੂ ਦੇਵ ਪ੍ਰਿਆ ਤਿਆਗੀ, ਧਰਮਕੋਟ ਮੰਡਲ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਕੈਲਾ, ਭਾਜਪਾ ਆਗੂ ਮੁਖਤਿਆਰ ਸਿੰਘ, ਸਾਬਕਾ ਜ਼ਿਲ੍ਹਾ ਪ੍ਰਧਾਨ ਰਕੇਸ਼ ਸ਼ਰਮਾ, ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ, ਐਸ.ਪੀ ਮੋਗਾ ਸੰਦੀਪ ਸਿੰਘ ਤੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਉਪਰੰਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਉਨ੍ਹਾਂ ਵੱਲੋਂ ਸਮੁੱਚੇ ਡਿਪਟੀ ਕਮਿਸ਼ਨਰ ਮੋਗਾ ਸਮੇਤ ਸਮੁੱਚੇ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ, ਜਿਸ ਉਪਰੰਤ ਉਨ੍ਹਾਂ ਨੇ ਸ਼ਰਧਾਂਜਲੀ ਵੀ ਅਰਪਤ ਕੀਤੀ। ਉਪਰੰਤ ਭਾਰਤੀ ਜਨਤਾ ਪਾਰਟੀ ਦੇ ਮੋਗਾ ਦਫਤਰ ਵਿਖੇ ਕੇਂਦਰੀ ਰਾਜ ਮੰਤਰੀ ਸ੍ਰੀ ਮੁਰਲੀਧਰ ਕਿਸ਼ਨ ਮਹੋਲ ਕਿਹਾ ਕਿ ਉਨ੍ਹਾਂ ਵੱਲੋਂ ਪਿਛਲੇ ਦੋ ਦਿਨਾਂ ਤੋਂ ਪ੍ਰਸ਼ਾਸਨ ਦੇ ਸਤਲੁਜ ਦਰਿਆ ਨਾਲ ਲੱਗਦੇ ਦੇ ਘੁੱਸੀ ਬੰਨ੍ਹ ਦੇ ਹੜ੍ਹ ਪ੍ਰਭਾਵਤ ਬੰਗੇਵਾਲਾ, ਸੰਘੇੜਾ, ਕੰਬੋ ਖੁਰਦ, ਭੈਣੀ, ਸ਼ੇਰਪੁਰ ਆਦਿ ਪਿੰਡਾਂ ਦੇ ਲੋਕਾਂ ਦੀਆਂ ਦੁੱਖ ਤਕਲੀਫਾਂ ਨੂੰ ਸੁਣਿਆ। ਲੈਂਡ ਰਿਕਾਰਡ ਦੇ ਵਿੱਚ ਦਰਜ ਹੋਵੇਗੀ।ਪਿੰਡ ਵਾਸੀਆਂ ਨੇ ਦੱਸਿਆ ਕਿ ਇਸ ਬੰਨ੍ਹ ਦਾ ਜੋ 7 ਕਿਲੋਮੀਟਰ ਦਾ ਏਰੀਆ ਹੈ, ਜੇਕਰ ਉਸ ਉੱਪਰ ਬੰਨ ਬਣਾਇਆ ਜਾਵੇ ਤਾਂ ਬਹੁਤ ਫਾਇਦਾ ਹੋ ਸਕਦਾ ਹੈ।

# ਭਾਈ ਲਾਲੋ ਜੀ ਦਾ ਜਨਮ ਦਿਹਾੜਾ ਧੂਮ-ਧਾਮ ਨਾਲ ਮਨਾਉਣ ਦਾ ਫੈਸਲਾ

ਜਗਰਾਓਂ (ਅਮਿਤ ਖੰਨਾ) ਧਾਰਮਿਕ ਤੇ ਸਮਾਜਿਕ ਕਾਰਜਾਂ ਸਮੇਂ ਮੋਹਰੀ ਰੋਲ ਨਿਭਾਅ ਰਹੀ ਸ਼ਹਿਰ ਦੀ ਵੱਡੀ ਸੰਸਥਾ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ (ਸਰਬਸਾਂਝੀ) ਦੀ ਮਹੀਨਾਵਾਰ ਮੀਟਿੰਗ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਨੇੜੇ ਨਗਰ ਕੌਂਸਲ ਵਿਖੇ ਸੰਸਥਾ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਮਣਕੂੰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਗੁਰੂ ਨਾਨਕ ਸਾਹਿਬ ਦੇ ਪਹਿਲੇ ਕਿਰਤੀ ਸਿੱਖ ਭਾਈ ਲਾਲੋ ਜੀ ਦਾ ਜਨਮ ਦਿਹਾੜਾ ਧੂਮ ਧਾਮ ਤੇ ਸ਼ਾਨੋ ਸ਼ੌਕਤ ਨਾਲ ਮਨਾਉਣ ਦਾ ਫੈਸਲਾ ਸਰਬਸੰਮਤੀ ਨਾਲ ਕੀਤਾ ਗਿਆ। ਵਿਸ਼ਵਕਰਮਾ ਵੈਲਫੇਅਰ ਸੁਸਾਇਟੀ



(ਸਰਬਸਾਂਝੀ) ਦੇ ਪ੍ਰਧਾਨ ਪ੍ਰਿਤਪਾਲ ਸਿੰਘ ਮਣਕੂੰ ਨੇ ਦੱਸਿਆ ਕਿ ਇਹ ਸਮਾਗਮ 28 ਸਤੰਬਰ ਨੂੰ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਵਿਖੇ ਹੋਣਗੇ, ਜਿਸ ਵਿੱਚ ਪ੍ਰਸਿੱਧ ਕੀਰਤਨੀਏ, ਕਥਾਵਾਚਕ ਸੰਗਤਾਂ ਨੂੰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ।

# ਮਾਤਾ ਚਿੰਤਪੁਰਨੀ ਮੰਦਰ 'ਚ ਲੰਗਰ ਅੱਜ ਤੋਂ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ਮਾਤਾ ਚਿੰਤਪੂਰਨੀ ਦੇ ਦਰਬਾਰ ਵਿਚ ਅੱਸੂ ਦੇ ਨਵਰਾਤਿਆਂ ਦੇ ਪਵਿੱਤਰ ਮੇਲੇ ਦੌਰਾਨ ਸ਼ਰਧਾਲੂਆਂ ਦੀ ਵੱਡੀ ਭੀੜ ਨੂੰ ਧਿਆਨ ਵਿੱਚ ਰੱਖਦੇ ਹੋਏ 'ਮਾਤਾ ਚਿੰਤਪੂਰਨੀ ਲੰਗਰ ਸੇਵਾ ਐਂਡ ਸੋਸ਼ਲ ਵੈਲਫੇਅਰ ਸੋਸਾਇਟੀ ਰਜਿ.' ਵੱਲੋਂ ਇਕ ਵਿਸ਼ਾਲ ਲੰਗਰ ਦੀ ਸ਼ੁਰੂਆਤ ਕੀਤੀ ਹੈ। ਇਹ ਲੰਗਰ ਮਾਤਾ ਦੇ ਅਸ਼ੀਰਵਾਦ ਨਾਲ 22 ਸਤੰਬਰ ਤੋਂ ਸ਼ੁਰੂ ਹੋਵੇਗਾ ਅਤੇ ਮਾਂ ਦੀ ਇੱਛਾ ਤੱਕ ਨਿਰੰਤਰ ਜਾਰੀ ਰਹੇਗਾ। ਸੰਸਥਾ ਦੇ ਪ੍ਰਧਾਨ, ਨਰਿੰਦਰ ਸੇਠੀ ਨੇ ਦੱਸਿਆ ਕਿ ਇਹ ਲੰਗਰ ਫ਼ਿਰੋਜ਼ਪੁਰੀਆਂ ਧਰਮਸ਼ਾਲਾ, ਚਿੰਤਪੂਰਨੀ ਵਿਖੇ ਸਥਾਪਤ ਕੀਤਾ ਗਿਆ ਹੈ। ਇਸ ਦਾ ਮੁੱਖ ਉਦੇਸ਼ ਮਾਤਾ ਦੇ ਦਰਸ਼ਨਾਂ ਲਈ ਆਉਣ ਵਾਲੇ ਹਜ਼ਾਰਾਂ ਸ਼ਰਧਾਲੂਆਂ ਨੂੰ ਸਾਫ਼-ਸੁਥਰਾ ਭੋਜਨ ਮੁਹੱਈਆ ਕਰਾਉਣਾ ਹੈ। ਉਨ੍ਹਾਂ ਕਿਹਾ ਕਿ ਲੰਗਰ ਸੇਵਾ ਮਾਤਾ ਦੇ ਭਗਤਾਂ ਲਈ ਸਭ ਤੋਂ ਉੱਤਮ ਸੇਵਾ ਮੰਨੀ ਜਾਂਦੀ ਹੈ ਤੇ ਉਨ੍ਹਾਂ ਦੀ ਸੰਸਥਾ ਹਰ ਸਾਲ ਇਸ ਸੇਵਾ ਨੂੰ ਪੂਰੀ ਸ਼ਰਧਾ ਅਤੇ ਲਗਨ ਨਾਲ ਨਿਭਾਉਂਦੀ ਹੈ। ਇਸ ਸ਼ੁਭ ਮੌਕੇ 'ਤੇ ਸੰਸਥਾ ਦੇ ਬਾਕੀ ਅਹੁਦੇਦਾਰ ਵੀ ਮੌਜੂਦ ਸਨ, ਜਿਨ੍ਹਾਂ ਵਿਚ ਉਪ ਪ੍ਰਧਾਨ ਬਲਦੇਵ ਰਾਜ ਅਨੇਜਾ, ਸੀਨੀਅਰ ਮੀਤ ਪ੍ਰਧਾਨ ਸੁਭਾਸ਼ ਅਰੋੜਾ, ਜਨਰਲ ਸਕੱਤਰ ਬਲਦੇਵ ਰਾਜ ਮੈਣੀ ਅਤੇ ਕੈਸ਼ੀਅਰ ਸੰਜੀਵ ਝਾਂਜੀ ਸ਼ਾਮਲ ਸਨ। ਇਨ੍ਹਾਂ ਸਾਰੇ ਮੈਂਬਰਾਂ ਨੇ ਮਿਲ ਕੇ ਲੰਗਰ ਦੀ ਸੇਵਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ।

# ਡਾ. ਬਿਕਰਮਜੀਤ ਸਿੰਘ ਨੇ ਮੈਡੀਕਲ ਅ਼ਫਸਰ ਵਜੋਂ ਅਹੁਦਾ ਸੰਭਾਲਿਆ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ) ਪੰਜਾਬ ਸਰਕਾਰ ਵੱਲੋਂ ਪੇਂਡੂ ਖੇਤਰਾਂ ਵਿੱਚ ਵਧੀਆ ਸਿਹਤ ਸਹੂਲਤਾਂ ਦੇਣ ਲਈ ਸਿਹਤ ਵਿਭਾਗ ਵੱਲੋਂ ਨਵੇਂ ਡਾਕਟਰਾਂ ਦੀ ਕੀਤੀ ਰੈਗੂਲਰ ਭਰਤੀ ਦੌਰਾਨ ਸੀ.ਐਚ.ਸੀ ਵਿਖੇ ਨਵੇਂ ਡਾਕਟਰਾਂ ਨੂੰ ਤਾਇਨਾਤ ਕੀਤਾ ਗਿਆ ਹੈ, ਜਿਨ੍ਹਾਂ 'ਚ ਡਾ. ਬਿਕਰਮਜੀਤ ਸਿੰਘ ਨੇ ਬਤੌਰ ਮੈਡੀਕਲ ਅਫ਼ਸਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਡਾ. ਗੁਰਤੇਜਿੰਦਰ ਕੌਰ ਸੀਨੀਅਰ ਮੈਡੀਕਲ ਅਫ਼ਸਰ, ਡਾ. ਲਵਦੀਪ ਸਿੰਘ ਮੈਡੀਕਲ ਅਫ਼ਸਰ, ਡਾ. ਨਵਨੀਤ ਬਾਂਸਲ, ਡਾ. ਕੰਵਰਪੁਨੀਤ ਸਿੰਘ ਕਲੇਰ ਮੈਡੀਕਲ ਅਫ਼ਸਰ, ਬਲਜੀਤ ਸਿੰਘ ਉਪ ਵੈਦ ਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸੀ।ਡਾ. ਬਿਕਰਮਜੀਤ ਸਿੰਘ ਨੇ ਦੱਸਿਆ ਕਿ ਮੈਡੀਕਲ ਦੀ ਉਚੇਰੀ ਸਿੱਖਿਆ ਪ੍ਰਾਪਤ ਕਰਨ ਉਪਰੰਤ ਇਥੇ ਨਿਯੁਕਤੀ ਹੋਣ 'ਤੇ ਉਹ ਲੋਕਾਂ ਦੀ ਨਿਸ਼ਕਾਮ ਸੇਵਾ ਨੂੰ ਪਹਿਲ ਦੇ ਕੇ ਆਪਣੀ ਬਣਦੀ ਜ਼ਿੰਮੇਵਾਰੀ ਨੂੰ ਵਧੇਰੇ ਲਗਨ, ਮਿਹਨਤ ਤੇ ਇਮਾਨਦਾਰੀ ਨਾਲ ਨਿਭਾਉਣਗੇ। ਸਰਪੰਚ ਸਰਬਜੀਤ ਸਿੰਘ ਸ਼ੰਭੂ, ਸਰਪੰਚ ਕਿਰਨਾ ਰਾਣੀ ਬਾਂਸਲ, ਅਰੁਣ ਕੁਮਾਰ ਬਾਂਸਲ, ਭਾਈ ਜਗਸੀਰ ਸਿੰਘ ਖ਼ਾਲਸਾ ਨੇ ਡਾ. ਬਿਕਰਮਜੀਤ ਸਿੰਘ ਨੂੰ ਅਹੁਦਾ ਸੰਭਾਲਣ 'ਤੇ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਸੀ ਐਚ ਸੀ 'ਚ ਡਾਕਟਰਾਂ ਘਾਟ ਦੂਰ ਹੋਣ ਨਾਲ ਲੋਕਾਂ ਨੂੰ ਵਧੀਆ ਸਿਹਤ ਸਹੂਲਤ ਮਿਲ ਸਕੇਗੀ, ਜਿਸ ਨਾਲ ਲੋੜਵੰਦ ਲੋਕਾਂ ਨੂੰ ਭਾਰੀ ਰਾਹਤ ਮਿਲੇਗੀ।

# ਪੰਜਾਬ ਦੇ ਆਦਰਸ਼ ਸਕੂਲਾਂ ਦਾ ਰੱਬ ਰਾਖਾ

## ਕ੍ਰਮਚਾਰੀਆਂ ਨੂੰ ਅਜੇ ਤੱਕ ਨਹੀਂ ਮਿਲੀ ਅਗਸਤ ਮਹੀਨੇ ਦੀ ਤਨਖਾਹ

ਮਾਨਸਾ (ਆਤਮਾ ਸਿੰਘ ਪਮਾਰ)-ਪਬਲਿਕ ਪ੍ਰਾਈਵੇਟ ਪਾਰਟਨਰਸ਼ਿਪ ਯੋਜਨਾ ਤਹਿਤ ਸੂਬੇ 'ਚ ਖੁੱਲ੍ਹੇ ਆਦਰਸ਼ ਸਕੂਲਾਂ ਦੇ ਕ੍ਰਮਚਾਰੀਆਂ ਨੂੰ ਅਜੇ ਤੱਕ ਅਗਸਤ ਮਹੀਨੇ ਦੀ ਤਨਖਾਹ ਨਾ ਮਿਲਣ ਕਰਕੇ ਘੋਰ ਆਰਥਿਕ ਸੰਕਟ ਚੋਂ ਗੁਜ਼ਰਨਾ ਪੈ ਰਿਹਾ ਹੈ, ਜਦਕਿ ਸਤੰਬਰ ਮਹੀਨਾ ਵੀ ਪੂਰਾ ਹੋਣ ਵਾਲਾ ਹੈ।ਦੂਜੇ ਪਾਸੇ ਸੂਬਾ ਸਰਕਾਰ ਦੇ ਖਜ਼ਾਨਾ ਦਫਤਰਾਂ ਵੱਲੋਂ ਸਮੇਂ ਸਿਰ ਤਨਖਾਹਾਂ ਜਾਰੀ ਕਰਨ ਦੇ ਪੱਤਰ ਜਾਰੀ ਕਰਕੇ ਅਖੌਤੀ ਹੋਕੇ ਦਿੱਤੇ ਜਾ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਦਰਸ਼ ਸਕੂਲ ਮੁਲਾਜ਼ਮ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਬੀਰ ਤੇ ਸੂਬਾਈ ਆਗੂ ਮੈਡਮ ਸੁਰਿੰਦਰਪਾਲ ਕੌਰ ਨੇ ਕੀਤਾ।ਆਗੂਆਂ ਨੇ ਕਿਹਾ ਕਿ ਅਜਿਹਾ ਕੋਈ ਮਹੀਨਾ ਨਹੀਂ ਹੈ, ਜਦੋਂ ਆਦਰਸ਼ ਸਕੂਲਾਂ ਦੇ ਸਮੁੱਚੇ ਕ੍ਰਮਚਾਰੀਆਂ ਨੂੰ ਸਮੇਂ ਸਿਰ ਤਨਖਾਹਾਂ ਜਾਰੀ ਹੋਈਆਂ ਹੋਣ 'ਤੇ ਸੰਤੁਸ਼ਟੀ ਦਾ ਪ੍ਰਗਟਾਵਾ ਇਨ੍ਹਾਂ ਕ੍ਰਮਚਾਰੀਆਂ ਵੱਲੋਂ ਕੀਤਾ ਗਿਆ ਹੋਵੇ।ਉਨ੍ਹਾਂ ਕਿਹਾ ਕਿ ਆਦਰਸ਼ ਸਕੂਲਾਂ ਦੇ ਕ੍ਰਮਚਾਰੀਆਂ ਨੂੰ ਤਨਖਾਹਾਂ ਸਿੱਖਿਆ ਵਿਕਾਸ ਬੋਰਡ ਪੰਜਾਬ ਵੱਲੋਂ ਜਾਰੀ ਕੀਤੀਆਂ ਜਾਂਦੀਆਂ ਹਨ। ਜਾਪਦਾ ਨਹੀਂ ਕਿ ਉਸ ਨੇ ਅਜੇ ਤੱਕ ਕ੍ਰਮਚਾਰੀਆਂ ਦੇ ਦੁੱਖਾਂ ਦਰਦਾਂ ਅਹਿਸਾਸ ਕੀਤਾ ਹੋਵੇ।ਸੂਬਾਈ ਆਗੂਆਂ ਨੇ ਪ੍ਰਾਂਤ ਸਰਕਾਰ ਤੋਂ ਪੁਰਜ਼ੋਰ ਸ਼ਬਦਾਂ ਵਿੱਚ ਮੰਗ ਕਰਦਿਆਂ ਕਿਹਾ ਹੈ ਕਿ ਆਦਰਸ਼ ਸਕੂਲਾਂ ਦੇ ਕ੍ਰਮਚਾਰੀਆਂ ਨੂੰ ਸਮੇਂ ਸਿਰ ਤਨਖਾਹਾਂ ਦੇਣ ਦਾ ਸਰਕਾਰ ਉਚੇਚਾ ਪ੍ਰਬੰਧ ਕਰੇ ਤਾਂ ਜੁ ਕ੍ਰਮਚਾਰੀ ਨਿਸਚਿੰਤ ਹੋ ਕੇ ਸੇਵਾਵਾਂ ਨਿਭਾਅ ਸਕਣ।

# ਪਿੰਡ ਬਾਲੀਆਂ ਤੇ ਮੂਲੋਵਾਲ 'ਚ ਜਲ ਸਪਲਾਈ ਸਕੀਮਾਂ ਦੇ ਕੰਮ ਦੀ ਸ਼ੁਰੂਆਤ

ਧੂਰੀ (ਮੋਹਿਤ ਗਰਗ, ਬਿੰਨੀ ਗਰਗ, ਮਨੋਹਰ ਸਿੰਘ ਸੱਗੂ) ਪੰਜਾਬ ਸਰਕਾਰ ਵੱਲੋਂ ਹਰੇਕ ਸੂਬਾ ਵਾਸੀ ਨੂੰ ਸ਼ੁੱਧ ਅਤੇ ਸਾਫ਼ ਪੀਣ ਵਾਲਾ ਪਾਣੀ ਮੁਹਈਆ ਕਰਾਉਣ ਲਈ ਸ਼ੁਰੂ ਕੀਤੇ ਗਏ ਉਪਰਾਲੇ ਤਹਿਤ ਵਿਧਾਨ ਸਭਾ ਹਲਕਾ ਧੂਰੀ ਦੇ ਪਿੰਡ ਬਾਲੀਆਂ ਅਤੇ ਮੂਲੋਵਾਲ ਵਿੱਚ ਨਵੀਆਂ ਜਲ ਸਪਲਾਈ ਸਕੀਮਾਂ ਦੇ ਸਹੂਲਤ ਤਾਂ ਪਹਿਲਾਂ ਹੀ ਸੀ, ਪਰ ਹੁਣ ਇਨ੍ਹਾਂ ਦਾ ਦਾਇਰਾ ਹੋਰ ਵਧਾਉਣ ਦੇ ਨਾਲ ਨਾਲ ਵਿਕਸਤ ਕੀਤਾ ਜਾ ਰਿਹਾ ਹੈ, ਜਿਸ ਉਪਰੰਤ ਦੋਵੇਂ ਪਿੰਡਾਂ ਦੇ 1350 ਤੋਂ ਵਧੇਰੇ ਘਰਾਂ ਨੂੰ ਨਵੇਂ ਪਾਣੀ ਦੇ ਕੁਨੈਕਸ਼ਨ ਦਿੱਤੇ ਜਾਣਗੇ। ਜਿਸ ਨਾਲ ਇਨ੍ਹਾਂ ਪਿੰਡਾਂ ਵਿੱਚ ਪਹਿਲਾਂ ਤੋਂ ਮੌਜੂਦ ਜਲ ਸਪਲਾਈ ਸਕੀਮਾਂ ਉੱਤੋਂ ਵਾਧੂ ਭਾਰ ਘਟੇਗਾ ਤੇ ਲੋਕਾਂ ਨੂੰ ਬਿਨਾ ਕਿਸੇ ਸਮੱਸਿਆ ਤੇ ਰੁਕਾਵਟ ਦੇ ਪਾਣੀ ਮਿਲਣ ਲੱਗੇਗਾ। ਉਹਨਾਂ ਕਿਹਾ ਕਿ ਪਿੰਡ ਬਾਲੀਆਂ ਵਿੱਚ 2.17 ਕਰੋੜ ਰੁਪਏ ਦੀ ਲਾਗਤ ਨਾਲ 11 ਕਿਲੋਮੀਟਰ ਲੰਮੀ ਪਾਈਪਲਾਈਨ ਪਾਈ




ਕੰਮ ਦੀ ਸ਼ੁਰੂਆਤ ਕੀਤੀ ਗਈ।ਦੋਵੇਂ ਕੰਮਾਂ ਦੀ ਸ਼ੁਰੂਆਤ ਮੁੱਖ ਮੰਤਰੀ ਦੇ ਓ ਐੱਸ ਡੀ ਸੁਖਵੀਰ ਸਿੰਘ ਤੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਰਾਈ।ਇਨ੍ਹਾਂ ਦੋਵੇਂ ਪ੍ਰੋਜੈਕਟਾਂ ਉੱਤੇ 3.69 ਕਰੋੜ ਰੁਪਏ ਦੀ ਲਾਗਤ ਆਵੇਗੀ।ਇਸ ਮੌਕੇ ਡਾ. ਅਨਵਰ ਭਸੌੜ ਵੀ ਹਾਜ਼ਰ ਸਨ। ਸੁਖਵੀਰ ਸਿੰਘ ਤੇ ਦਲਵੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਭਾਵੇਂ ਇਨ੍ਹਾਂ ਦੋਵਾਂ ਪਿੰਡਾਂ ਵਿੱਚ ਸ਼ੁੱਧ ਪੀਣ ਵਾਲੇ ਪਾਣੀ ਦੀ ਜਾ ਰਹੀ ਹੈ ਤੇ 200 ਮੀਟਰ 2 ਡੂੰਘੇ ਟਿਊਬਵੈੱਲ ਲਾਏ ਜਾ ਰਹੇ ਹਨ।ਇਸੇ ਤਰ੍ਹਾਂ ਪਿੰਡ ਮੂਲੋਵਾਲ ਵਿੱਚ ਵੀ 1.52 ਕਰੋੜ ਰੁਪਏ ਦੀ ਲਾਗਤ ਨਾਲ 11 ਕਿਲੋਮੀਟਰ ਲੰਮੀ ਪਾਈਪਲਾਈਨ ਪਾਈ ਜਾ ਰਹੀ ਹੈ ਤੇ 150 ਮੀਟਰ ਡੂੰਘੇ ਟਿਊਬਵੈੱਲ ਲਗਾਏ ਜਾ ਰਹੇ ਹਨ।ਦੋਵੇਂ ਪਿੰਡਾਂ ਵਿੱਚ ਨਵੀਆਂ ਪਾਣੀ ਦੀਆਂ ਟੈਂਕੀਆਂ ਵੀ ਉਸਾਰੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਇਹ ਦੋਵੇਂ ਪ੍ਰੋਜੈਕਟ ਇੱਕ ਸਾਲ ਦੇ ਸਮੇਂ ਵਿੱਚ ਮੁਕੰਮਲ ਕੀਤੇ ਜਾਣਗੇ।

# 2027 'ਚ ਚੱਲੇਗੀ ਵੱਖਰੀ ਹਵਾ : ਕਾਂਗੜ



ਬਠਿੰਡਾ (ਰਾਜੀਵ ਗੋਇਲ) ਰਾਜਸਥਾਨ ਦੀ ਸਾਬਕਾ ਕੈਬਨਿਟ ਮੰਤਰੀ ਮਮਤਾ ਭੁਪੇਸ਼ ਦੀ ਪ੍ਰਧਾਨਗੀ ਤੇ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਵੱਡੀ ਗਿਣਤੀ 'ਚ ਵਰਕਰਾਂ ਦੇ ਪਹੁੰਚਣ ਨੂੰ ਲੈ ਕੇ ਕਾਂਗੜ ਵੱਲੋਂ ਧੰਨਵਾਦ ਕੀਤਾ ਗਿਆ। ਮੀਟਿੰਗ 'ਚ ਪਹੁੰਚੇ ਵਰਕਰਾਂ ਦੇ ਇਕੱਠ ਨੂੰ ਦੇਖ ਮਮਤਾ ਭੁਪੇਸ਼ ਵੀ ਹੈਰਾਨ ਰਹਿ ਗਏ ਤੇ ਉਨ੍ਹਾਂ ਮਹਿਸੂਸ ਕੀਤਾ ਕਿ 2027 ਦੀਆਂ ਚੋਣਾਂ ਵਿੱਚ ਇਹ ਹਲਕਾ ਤਾਂ ਜ਼ਰੂਰ ਕਾਂਗਰਸ ਪਾਰਟੀ ਨੂੰ ਹੀ ਤਰਜੀਹ ਦੇਵੇਗਾ। ਇਸ ਇਕੱਠ ਨੇ ਕਾਂਗੜ ਖਿਲਾਫ ਪ੍ਰਚਾਰ ਕਰਨ ਵਾਲਿਆਂ ਦੇ ਮੂੰਹ 'ਤੇ ਵੀ ਕਰਾਰੀ ਚਪੇੜ ਮਾਰੀ ਹੈ। ਕਾਂਗੜ ਨੇ ਕਿਹਾ ਕਿ ਉਨ੍ਹਾਂ ਨਾਲ ਹਲਕੇ ਦੇ ਲੋਕ ਚੱਟਾਨ ਵਾਂਗ ਖੜ੍ਹੇ ਹਨ।

# ਕਿਸਾਨਾਂ ਵੱਲੋਂ ਨੈਨੋ ਯੂਰੀਆ ਤੇ ਡੀ ਏ ਪੀ ਲੈਣ ਤੋਂ ਇਨਕਾਰ



ਲੌਂਗੋਵਾਲ (ਪ੍ਰਦੀਪ ਸੱਪਲ) ਕਿਸਾਨਾਂ ਦਾ ਭਾਰੀ ਇਕੱਠ ਵੱਖ-ਵੱਖ ਕਿਸਾਨ ਜਥੇਬੰਦੀਆਂ ਦੀ ਅਗਵਾਈ ਹੇਠ ਗੁਰਦੁਆਰਾ ਢਾਬ ਬਾਬਾ ਆਲਾ ਸਿੰਘ ਵਿਖੇ ਹੋਇਆ, ਜਿਸ ਵਿੱਚ ਕੋਆਪ੍ਰੇਟਿਵ ਸੁਸਾਇਟੀਆਂ ਰਾਹੀਂ ਕਿਸਾਨਾਂ ਨੂੰ ਡੀਏਪੀ ਤੇ ਯੂਰੀਆ ਲੈਣ ਸਮੇਂ ਉਸ ਨਾਲ ਨੈਨੋ ਯੂਰੀਆ ਤੇ ਡੀਏਪੀ ਤਰਲ 16% ਦੀ ਪੈਕਿੰਗ ਧੱਕੇ ਨਾਲ ਦੇ ਕੇ ਕਿਸਾਨਾਂ ਦੀ ਲੁੱਟ ਕਰਨ ਤੇ ਚਰਚਾ ਹੋਈ, ਜਿਸ 'ਤੇ ਸਾਰੇ ਹਾਜ਼ਰ ਕਿਸਾਨਾਂ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਇਸ ਲੁੱਟ ਨੂੰ ਬੰਦ ਕੀਤਾ ਜਾਵੇ ਤੇ ਕੋਈ ਵੀ ਕਿਸਾਨ ਨੈਨੋ ਯੂਰੀਆ ਤੇ ਡੀਏਪੀ ਤਰਲ ਦੀ ਪੈਕਿੰਗ ਨਹੀਂ ਲਵੇਗਾ ਤੇ ਜੇਕਰ ਕੋਈ ਸੁਸਾਇਟੀ ਜਾਂ ਕੋਈ ਕੰਪਨੀ ਜਾਂ ਕੋਈ ਦੁਕਾਨਦਾਰ ਧੱਕੇ ਨਾਲ ਇਹ ਸਮਾਨ ਕਿਸਾਨਾਂ ਸਿਰ ਮੜ੍ਹੇਗਾ ਤਾਂ ਉਸ ਖਿਲਾਫ ਸੰਘਰਸ਼ ਕੀਤਾ ਜਾਵੇਗਾ। ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਪ੍ਰਧਾਨ ਕਰਮਜੀਤ ਸਿੰਘ ਸਤੀਪੁਰਾ, ਬੀਕੇਯੂ ਡਕੌਂਦਾ ਦੇ ਬਲਾਕ ਆਗੂ ਦਰਬਾਰਾ ਸਿੰਘ, ਬੀਕੇਯੂ ਏਕਤਾ ਉਗਰਾਹਾਂ ਦੇ ਆਗੂ ਬੂਟਾ ਸਿੰਘ, ਬੀਕੇਯੂ ਏਕਤਾ ਆਜ਼ਾਦ ਦੇ ਆਗੂ ਅਮਰ ਸਿੰਘ ਨੇ ਦੱਸਿਆ ਕਿ ਪਿਛਲੇ ਸਮੇਂ ਤੋਂ ਜਦੋਂ ਵੀ ਕਿਸਾਨ ਸੁਸਾਇਟੀ ਤੋਂ ਜਾਂ ਦੁਕਾਨਾਂ ਤੋਂ ਡੀਏਪੀ ਤੇ ਯੂਰੀਆ ਲੈਂਦੇ ਹਨ ਤਾਂ ਉਨ੍ਹਾਂ ਨੂੰ ਇਸਦੀ ਘਾਟ ਦਾ ਡਰਾਵਾ ਦੇ ਕੇ ਇਨ੍ਹਾਂ ਨਾਲ ਨੈਨੋ ਡੀਏਪੀ ਤੇ ਯੂਰੀਏ ਦੀ ਤਰਲ 16% ਦੀ ਪੈਕਿੰਗ ਧੱਕੇ ਨਾਲ ਦਿੱਤੀ ਜਾਂਦੀ ਹੈ ਤੇ ਹੋਰ ਵੀ ਕਈ ਪ੍ਰਕਾਰ ਦਾ ਸਮਾਨ ਦਿੱਤਾ ਜਾਂਦਾ ਹੈ, ਜਿਸ ਨਾਲ ਪਹਿਲਾਂ ਤੋਂ ਹੀ ਕਰਜ਼ੇ ਵਿੱਚ ਖੁੱਭੇ ਕਿਸਾਨਾਂ ਦਾ ਆਰਥਿਕ ਨੁਕਸਾਨ ਅਤੇ ਲੁੱਟ ਹੁੰਦੀ ਹੈ।ਇਸ ਖਿਲਾਫ ਕਾਫੀ ਸਮੇਂ ਤੋਂ ਕਿਸਾਨਾਂ ਵਿੱਚ ਰੋਸ ਪਾਇਆ ਜਾ ਰਿਹਾ ਸੀ।ਇਕੱਤਰਤਾ ਵਿੱਚ ਸਾਰੇ ਕਿਸਾਨਾਂ ਨੇ ਆਪਣਾ ਰੋਸ ਜ਼ਾਹਰ ਕੀਤਾ ਅਤੇ ਕਿਸਾਨਾਂ ਨੇ ਸਰਬਸੰਮਤੀ ਨਾਲ ਕੋਆਪਰੇਟਿਵ ਸੁਸਾਇਟੀ ਦੇ ਮੈਂਬਰਾਂ ਨੂੰ ਵੀ ਇਹ ਅਪੀਲ ਕੀਤੀ ਕਿ ਇੱਕ ਮਤਾ ਪਾ ਕੇ ਉੱਚ ਅਧਿਕਾਰੀਆਂ ਨੂੰ ਭੇਜਿਆ ਜਾਵੇ ਤਾਂ ਜੁ ਸੁਸਾਇਟੀ ਨੂੰ ਆਉਂਦੇ ਡੀਏਪੀ ਤੇ ਯੂਰੀਏ ਦੇ ਨਾਲ ਨੈਨੋ ਪੈਕਿੰਗ ਨਾ ਭੇਜੀ ਜਾਵੇ।ਜੇਕਰ ਫਿਰ ਵੀ ਕੋਈ ਅਧਿਕਾਰੀ ਜਾਂ ਕੰਪਨੀ ਅਜਿਹਾ ਕਰੇਗੀ ਤਾਂ ਕਿਸਾਨ ਜਥੇਬੰਦੀਆਂ ਲੋਕਾਂ ਨੂੰ ਨਾਲ ਲੈ ਕੇ ਉਸ ਦੇ ਖਿਲਾਫ ਸੰਘਰਸ਼ ਵਿੱਢਣਗੀਆਂ।

# ਮਾਡਰਨ ਸੈਕੂਲਰ ਪਬਲਿਕ ਸਕੂਲ ਮਨਾਏਗਾ ਵਿਸ਼ਵ ਪੰਜਾਬੀ ਦਿਵਸ

ਧੂਰੀ (ਮੋਹਿਤ ਗਰਗ, ਬਿੰਨੀ ਗਰਗ) ਆਪਣਾ ਪੰਜਾਬ ਫਾਊਂਡੇਸ਼ਨ ਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਦੇ ਸੱਦੇ 'ਤੇ ਮਾਡਰਨ ਸੈਕੂਲਰ ਪਬਲਿਕ ਸਕੂਲ ਵੱਲੋਂ 23 ਸਤੰਬਰ ਨੂੰ ਵਿਸ਼ਵ ਪੰਜਾਬ ਦਿਵਸ ਮਨਾਇਆ ਜਾਵੇਗਾ। ਸੰਸਥਾ ਦੇ ਪ੍ਰਿੰਸੀਪਲ ਸੁਨੀਲ ਕਦਮ ਨੇ ਦੱਸਿਆ ਕਿ ਇਸ ਦਿਨ ਸਕੂਲ ਦਾ ਸਮੂਹ ਸਟਾਫ ਤੇ ਵਿਦਿਆਰਥੀ ਪੰਜਾਬੀ ਪਹਿਰਾਵੇ ਵਿੱਚ ਆਉਣਗੇ ਅਤੇ ਨਿਰੋਲ ਪੰਜਾਬੀ ਭਾਸ਼ਾ ਵਿੱਚ ਗੱਲਬਾਤ ਕਰਨਗੇ।ਹਰ ਇੱਕ ਵਿਦਿਆਰਥੀ ਇੱਕ ਪੰਨਾ ਗੁਰਮੁਖੀ ਲਿਪੀ ਦਾ ਸੁੰਦਰ ਲਿਖਾਈ ਵਿੱਚ ਲਿਖ ਕੇ ਸ਼ੋਸ਼ਲ ਮੀਡੀਆ ਉੱਪਰ ਅਪਲੋਡ ਕਰੇਗਾ।ਇਸ ਦਿਨ ਸੰਸਥਾ ਵਿੱਚ ਵਿਦਿਆਰਥੀ ਕਵਿਤਾ ਉਚਾਰਨ, ਕਾਵਿ ਲੇਖਣ, ਨਿਬੰਧ ਲੇਖਣ, ਕਹਾਣੀ ਰਚਨਾ, ਵਾਦ–ਵਿਵਾਦ, ਭਾਸ਼ਣ ਮੁਕਾਬਲਾ, ਅੰਗਰੇਜ਼ੀ ਤੋਂ ਪੰਜਾਬੀ ਅਨੁਵਾਦ ਮੁਕਾਬਲਾ, ਸ਼ਬਦ ਜੋੜ ਮੁਕਾਬਲਾ, ਬੋਲ ਲਿਖਤ, ਸਵਾਲ ਜਵਾਬ ਮੁਕਾਬਲਾ, ਪੋਸਟਰ ਮੁਕਾਬਲਾ, ਪੰਜਾਬੀ ਭਾਸ਼ਾ ਵਿੱਚ ਨਾਅਰਾ ਲਿਖਣਾ, ਅੱਖਰਕਾਰੀ ਮੁਕਾਬਲੇ ਵਿੱਚ ਹਿੱਸਾ ਲੈਣਗੇ। ਉਨ੍ਹਾਂ ਦੱਸਿਆ ਕਿ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ



ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਇਹ ਇੱਕ ਨਵਾਂ ਆਰੰਭ ਹੋ ਰਿਹਾ ਹੈ।ਡਾ. ਧੂਰੀ ਮੁਤਾਬਕ ਸਦੀਆਂ ਤੋਂ ਪੰਜਾਬੀਆਂ ਦੀ ਸਭਿਆਚਾਰਕ ਅਤੇ ਸਾਹਿਤਕ ਬੋਲੀ ਦਾ ਹੱਕ ਬਣਦਾ ਹੈ ਕਿ ਵਿਸ਼ਵ ਵਿੱਚ ਵਸਦੇ ਸਮੂਹ ਪੰਜਾਬੀ ਹਰ ਸਾਲ ਇੱਕ ਦਿਨ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਉਣ।ਪੰਜਾਬੀ ਬੋਲੀ ਨੂੰ ਇਹ ਹੱਕ ਦੇਣ ਲਈ ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਬਾਬਾ ਫ਼ਰੀਦ ਜੀ ਦੇ ਆਗਮਨ ਦਿਵਸ ਨੂੰ ਸਮਰਪਤ ਹਰ ਸਾਲ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਉਣ ਦਾ ਫ਼ੈਸਲਾ ਲਿਆ ਗਿਆ ਹੈ।ਬਾਬਾ ਫ਼ਰੀਦ ਜੀ ਪੰਜਾਬੀ ਦੇ ਪਹਿਲੇ ਸਿਰਮੌਰ ਕਵੀਆਂ ਵਿੱਚੋਂ ਹਨ, ਜਿਨ੍ਹਾਂ ਦੀ ਬਾਣੀ ਨੂੰ ਗੁਰੂ ਗ੍ਰੰਥ ਸਾਹਿਬ ਵਿੱਚ ਸਥਾਨ ਦੇ ਕੇ ਸਤਿਕਾਰਿਆ ਗਿਆ ਹੈ।ਪੰਜਾਬ ਦੀਆਂ ਸਮੂਹ ਸਿੱਖਿਅਕ ਸੰਸਥਾਵਾਂ ਸਕੂਲ ਤੇ ਕਾਲਜ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਉਣਗੀਆਂ।



# ਵਜੀਦਕੇ ਕਲਾਂ 'ਚ ਸੰਦੀਪ ਕੌਰ ਦਾ ਵਿਸ਼ੇਸ਼ ਸਨਮਾਨ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ) ਪਿੰਡ ਵਜੀਦਕੇ ਕਲਾਂ (ਬਰਨਾਲਾ) ਦੇ ਕਿਰਤੀ ਪਰਵਾਰ ਦੀ ਜੰਮੀ ਜਾਈ ਲੇਬਰ ਇੰਸਪੈਕਟਰ ਦੇ ਅਹੁਦੇ 'ਤੇ ਪਹੁੰਚੀ ਹੋਣਹਾਰ ਬੇਟੀ ਸੰਦੀਪ ਕੌਰ ਪੁੱਤਰੀ ਨਿਰਭੈ ਸਿੰਘ, ਬੀਬੀ ਦਲਜੀਤ ਕੌਰ ਦਾ ਸਮਾਜ ਸੇਵੀ ਪਿਆਰਾ ਸਿੰਘ ਮਾਹਮਦਪੁਰ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਉਨ੍ਹਾਂ ਬੇਟੀ ਸੰਦੀਪ ਕੌਰ ਨੂੰ ਵਿਸ਼ੇਸ਼ ਸਨਮਾਨ ਨਿਸ਼ਾਨੀ, ਮੈਡਲ ਤੇ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ। ਬੇਟੀ ਸੰਦੀਪ ਕੌਰ ਪਹਿਲੇ ਦਿਨ ਡਿਊਟੀ ਉਪਰ ਸੇਵਾਵਾਂ ਨਿਭਾਉਣ ਉਪਰੰਤ ਵਾਪਸ ਘਰ ਪਰਤੀ ਸੀ।ਇਸ ਮੌਕੇ ਸਮਾਜ ਸੇਵੀ ਪਿਆਰਾ ਸਿੰਘ ਤੋਂ ਇਲਾਵਾ ਅਪਾਹਜ ਬੇਟੀ ਗੁਰਪ੍ਰੀਤ ਕੌਰ ਨੇ ਉਚੇ ਅਹੁਦੇ ਤੇ ਪਹੁੰਚਣ ਲਈ ਮੁਬਾਰਕਬਾਦ ਦਿੰਦਿਆਂ ਲੱਡੂ ਵੰਡ ਕੇ ਖੁਸ਼ੀ ਸਾਂਝੀ ਕੀਤੀ।ਪਿਆਰਾ ਸਿੰਘ ਮਾਹਮਦਪੁਰ ਨੇ ਇਸ ਮੌਕੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਬੇਟੀਆਂ ਨੂੰ ਕੁੱਖਾਂ ਵਿੱਚ ਨਾ ਮਾਰੋ, ਉਨ੍ਹਾਂ ਨੂੰ ਉਚ ਵਿੱਦਿਆ ਪ੍ਰਾਪਤ ਕਰਾਉਣ ਲਈ ਹਰ ਵੇਲੇ ਯਤਨਸ਼ੀਲ ਰਹਿਣ ਚਾਹੀਦਾ ਤਾਂ ਜੋ ਉਹ ਵੀ ਬੇਟੀ ਸੰਦੀਪ ਕੌਰ ਵਾਂਗ ਉਚੇ ਰੁਤਬੇ ਹਾਸਲ ਕਰਕੇ ਮਾਪਿਆਂ ਦਾ ਨਾਂਅ ਰੌਸ਼ਨ ਕਰ ਸਕਣ।

# ਪੁਲਸ ਵੱਲੋਂ ਨਸ਼ਿਆਂ ਖਿਲਾਫ ਵੱਡੀ ਕਾਮਯਾਬੀ, ਤਸਕਰ ਦੀ ਪ੍ਰਾਪਰਟੀ ਫਰੀਜ਼

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ) ਪੁਲਸ ਨੇ ਨਸ਼ਾ ਤਸਕਰ ਦੀ 13 ਲੱਖ 6 ਹਜ਼ਾਰ ਰੁਪਏ ਦੀ ਪ੍ਰਾਪਰਟੀ ਨੂੰ ਜ਼ਬਤ ਕੀਤਾ ਹੈ। ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਡਾ. ਅਖਿਲ ਚੌਧਰੀ



ਆਈ.ਪੀ.ਐਸ., ਐਸ.ਐਸ.ਪੀ. ਵੱਲੋਂ ਨਸ਼ਾ ਤਸਕਰਾਂ ਖਿਲਾਫ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਜਿਨ੍ਹਾਂ ਨਸ਼ਾ ਤਸਕਰਾਂ ਖਿਲਾਫ ਐਨ.ਡੀ.ਪੀ.ਐਸ ਐਕਟ ਦੇ ਕਮਰਸ਼ੀਅਲ ਮਾਤਰਾ ਦੇ ਮੁਕੱਦਮੇ ਦਰਜ ਹਨ, ਉਨ੍ਹਾਂ ਵੱਲੋਂ ਨਸ਼ਾ ਤਸਕਰੀ ਰਾਹੀਂ ਬਣਾਈ ਪ੍ਰਾਪਰਟੀ ਨੂੰ ਫਰੀਜ਼ ਕਰਾਉਣ ਲਈ 68-ਐਫ ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਭੇਜਿਆ ਜਾ ਰਿਹਾ ਹੈ।ਅਵਤਾਰ ਸਿੰਘ ਡੀ.ਐਸ.ਪੀ, ਗਿੱਦੜਬਾਹਾ ਤੇ ਇੰਸਪੈਕਟਰ ਜਸਵੀਰ ਸਿੰਘ ਮੁੱਖ ਅਫ਼ਸਰ ਥਾਣਾ ਕੋਟਭਾਈ ਵੱਲੋਂ ਦਾਰਾ ਸਿੰਘ ਪੁੱਤਰ ਸਾਹਿਬ ਸਿੰਘ ਵਾਸੀ ਪਿੰਡ ਮੱਲਣ ਦੀ ਪ੍ਰਾਪਰਟੀ ਨੂੰ ਕਾਨੂੰਨੀ ਪ੍ਰੀਕਿਰਿਆ ਅਨੁਸਾਰ ਫ਼ਰੀਜ ਕਰਾਇਆ ਗਿਆ ਹੈ ਅਤੇ ਕੰਟੀਟੈਂਟ ਅਥਾਰਟੀ ਵੱਲੋਂ ਜਾਰੀ ਫਰੀਜ਼ਿੰਗ ਆਡਰਾਂ ਨੂੰ ਦਾਰਾ ਸਿੰਘ ਦੀ ਪ੍ਰਾਪਰਟੀ ਦੇ ਬਾਹਰ ਲਗਾਇਆ ਗਿਆ। ਦਾਰਾ ਸਿੰਘ ਦੇ ਖਿਲਾਫ ਮੁਕਦਮਾ ਨੰਬਰ 54 ਮਿਤੀ 11.05.2025 ਅ/ਧ 22ਸੀ/61/85 ਐਨ.ਡੀ.ਪੀ.ਐਸ ਐਕਟ ਦੇ ਕਮਰਸ਼ੀਅਲ ਮਾਤਰਾ ਦੇ ਮੁਕੱਦਮਾ ਦਰਜ ਹੈ, ਜਿਸ ਪਾਸੋਂ 50 ਨਸ਼ੀਲੀਆਂ ਗੋਲੀਆਂ ਤੇ 46000 ਡਰੱਗ ਮਨੀ ਬਰਾਮਦ ਕੀਤੀ ਗਈ ਸੀ, ਜਿਸ ਵੱਲੋਂ ਨਸ਼ਾ ਤਸਕਰੀ ਕਰਕੇ ਪ੍ਰਾਪਰਟੀ ਬਣਾਈ ਗਈ ਸੀ।ਪ੍ਰਾਪਰਟੀ ਦੀ ਕੁੱਲ ਕੀਮਤ 12,60,000 ਰੁਪਏ ਬਣਦੀ ਸੀ ਤੇ 46000 ਰੁਪਏ ਡਰੱਗ ਮਨੀ, ਕੁੱਲ ਕੀਮਤ 13 ਲੱਖ 06 ਹਜ਼ਾਰ ਰੁਪਏ ਬਣਦੀ ਹੈ, ਜਿਸ 'ਤੇ ਦਾਰਾ ਸਿੰਘ ਦੀ ਉਕਤ ਪ੍ਰਾਪਰਟੀ ਨੂੰ ਫਰੀਜ਼ ਕਰਾਉਣ ਲਈ 68-ਐਫ. ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਨੂੰ ਭੇਜਿਆ ਸੀ, ਜਿਸ ਦੇ ਆਰਡਰ ਮੌਸੂਲ ਹੋਣ 'ਤੇ ਉਸਦੀ ਪ੍ਰਾਪਰਟੀ ਦੇ ਬਾਹਰ ਫਰੀਜ਼ਿੰਗ ਆਰਡਰ ਨੂੰ ਲਾਇਆ ਗਿਆ ਹੈ।ਦਾਰਾ ਸਿੰਘ ਇਹ ਪ੍ਰਾਪਰਟੀ ਵੇਚ ਨਹੀਂ ਸਕੇਗਾ ਤੇ ਜਿਸ ਸਬੰਧੀ ਕੇਸ ਕੰਪੀਟੈਂਟ ਅਥਾਰਟੀ ਪਾਸ ਚੱਲੇਗਾ।

# ਦਸ਼ਨਾਮੀ ਅਖਾੜਾ ਦੇ ਗੱਦੀਨਸ਼ੀਨ ਮਹਾਂਮੰਡਲੇਸ਼ਵਰ ਈਸ਼ਵਰ ਗਿਰੀ ਦਾ ਰਾਜਪਾਲ ਵੱਲੋਂ ਸਨਮਾਨ




ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)
ਵਿਸ਼ਵ ਸਨਾਤਨ ਧਰਮ ਮਹਾਂਸਭਾ ਵੱਲੋਂ ਕਰਾਏ ਗਏ ਰਾਜ ਪੱਧਰੀ ਸਮਾਗਮ ਵਿੱਚ ਵਿਸ਼ਵ ਭਰ 'ਚ ਮਸ਼ਹੂਰ ਦਸ਼ਨਾਮੀ ਅਖਾੜਾ ਸਰਹੰਦ ਦੇ ਗੱਦੀ ਨਸ਼ੀਨ ਮਾਹਾਂ ਮੰਡਲੇਸ਼ਵਰ ਇਸ਼ਵਰ ਗਿਰੀ ਜੀ ਦਾ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਸਮਾਜ ਭਲਾਈ ਤੇ ਵਿੱਦਿਆ ਦੇ ਖੇਤਰ ਵਿੱਚ ਕੀਤੇ ਪ੍ਰਸੰਸਾਯੋਗ ਕੰਮਾਂ ਲਈ ਸਨਾਤਨ ਰਤਨ ਐਵਾਰਡ ਤੇ ਸ੍ਰੀ ਆਦਰਸ਼ ਗਰਗ ਚੇਅਰਮੈਨ ਜੋਗਿੰਦਰਾ ਗਰੁਪ ਮੰਡੀ ਗੋਬਿੰਦਗੜ੍ਹ ਦਾ ਉਨ੍ਹਾਂ ਦੇ ਸਿਹਤ ਦੇ ਖੇਤਰ ਵਿੱਚ ਕੀਤੇ ਜਾ ਰਹੇ ਸ਼ਲਾਘਾਯੋਗ ਕੰਮ ਲਈ 'ਸਨਾਤਨ ਰਤਨ ਐਵਾਰਡ' ਨਾਲ ਪੰਜਾਬ ਦੇ ਗਵਰਨਰ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਸਨਮਾਨ ਕੀਤਾ ਗਿਆ।ਸਮਾਰੋਹ ਵਿੱਚ ਸ਼ਾਮਲ ਹੋਣ ਲਈ ਸਰਹੰਦ ਮੰਡੀ ਤੇ ਮੰਡੀ ਗੋਬਿੰਦਗੜ੍ਹ ਤੋਂ ਵੱਡੀ ਗਿਣਤੀ ਵਿੱਚ ਸੰਗਤ ਚੰਡੀਗੜ੍ਹ ਪਹੁੰਚੀ ਹੋਈ ਸੀ, ਜਿਨ੍ਹਾਂ ਵਿੱਚ ਵਿਸ਼ੇਸ਼ ਤੌਰ 'ਤੇ ਆਸ਼ੂਤੋਸ਼ ਬਾਤਿਸ਼ ਠੇਕੇਦਾਰ, ਰੋਹਿਤ ਸ਼ਰਮਾਂ,ਅਰਚਿਤ ਬੰਸਲ, ਹਰਪਾਲ ਸਿੰਘ ਬੇਦੀ, ਜਸਵਿੰਦਰ ਬੱਤਰਾ, ਪੂਰਨ ਸਹਿਗਲ ,ਚਰਨਜੀਤ ਸਹਿਦੇਵ ਅਤੇ ਸੁਮਿਤ ਮੋਦੀ ਹਾਜ਼ਰ ਸਨ।

# ਵੇਰਕਾ ਵੱਲੋਂ ਹੜ੍ਹ ਪੀੜਤ ਕਿਸਾਨਾਂ ਤੇ ਪਸ਼ੂ ਪਾਲਕਾਂ ਲਈ ਬੀਜ, ਫੀਡ ਸਬਸਿਡੀ ਰੇਟਾਂ 'ਤੇ ਮੁਹੱਈਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ਹੜ੍ਹ ਕਾਰਨ ਫਿਰੋਜ਼ਪੁਰ ਤੇ ਫ਼ਾਜ਼ਿਲਕਾ ਜ਼ਿਲ੍ਹਿਆਂ ਦੇ ਕਈ ਪਿੰਡ ਬਹੁਤ ਪ੍ਰਭਾਵਿਤ ਹੋਏ ਹਨ। ਇਸ ਸੰਕਟਕਾਲੀਨ ਸਥਿਤੀ 'ਚ ਵੇਰਕਾ ਨੇ ਤੁਰੰਤ ਰਾਹਤ ਕੰਮਾਂ ਵਿਚ ਹਿੱਸਾ ਲੈ ਕੇ ਪੀੜਤ ਲੋਕਾਂ ਅਤੇ ਕਿਸਾਨਾਂ ਨੂੰ ਸਹਾਇਤਾ ਪ੍ਰਦਾਨ ਕੀਤੀ ਹੈ। ਇਹ ਸਾਰਾ ਕਾਰਜ ਮਿਲਕਫੈੱਡ ਦੇ ਚੇਅਰਮੈਨ ਨਰਿੰਦਰ ਸਿੰਘ ਸ਼ੇਰਗਿੱਲ ਅਤੇ ਮੈਨੇਜਿੰਗ ਡਾਇਰੈਕਟਰ ਰਾਹੁਲ ਗੁਪਤਾ (ਆਈਏਐੱਸ) ਦੀ ਰਹਿਨੁਮਾਈ ਹੇਠ ਕੀਤਾ ਜਾ ਰਿਹਾ ਹੈ। ਵੇਰਕਾ ਮਿਲਕ ਯੂਨੀਅਨ ਫਿਰੋਜ਼ਪੁਰ ਦੇ ਚੇਅਰਮੈਨ ਗੁਰਭੇਜ ਸਿੰਘ ਟਿੱਬੀ ਤੇ ਜਨਰਲ ਮੈਨੇਜਰ ਸੁਗਿਆਨ ਪ੍ਰਸਾਦ ਸਿੰਘ ਨੇ ਹੜ੍ਹ ਪ੍ਰਭਾਵਤ ਖੇਤਰਾਂ ਵਿਚ ਅਗਵਾਈ ਕਰਦੇ ਹੋਏ ਰਾਹਤ ਕੰਮਾਂ ਨੂੰ ਸੁਚਾਰੂ ਬਣਾਇਆ। ਦੁੱਧ ਦੀ ਲਿਫ਼ਟਿੰਗ, ਜੋ ਹੜ੍ਹ ਕਾਰਨ ਸਭ ਤੋਂ ਵੱਡੀ ਚੁਣੌਤੀ ਸੀ, ਉਸ ਨੂੰ ਲਗਾਤਾਰ ਜਾਰੀ ਰੱਖਿਆ ਗਿਆ। ਇਸ ਨਾਲ ਕਿਸਾਨਾਂ ਦੇ ਦੁੱਧ ਦੀ ਖਰੀਦ ਯਕੀਨੀ ਹੋਈ ਅਤੇ ਗ੍ਰਾਹਕਾਂ ਤੱਕ ਸਪਲਾਈ ਵਿਚ ਕੋਈ ਰੁਕਾਵਟ ਨਹੀਂ ਆਈ। ਹੜ੍ਹ ਨਾਲ ਖੇਤੀਬਾੜੀ ਨੂੰ ਹੋਏ ਨੁਕਸਾਨ ਨੂੰ ਘੱਟ ਕਰਨ ਲਈ ਵੇਰਕਾ ਨੇ ਕਿਸਾਨਾਂ ਨੂੰ ਘੱਟ ਕੀਮਤਾਂ 'ਤੇ ਜਵੀਂ ਤੇ ਬਰਸੀਮ ਦੇ ਬੀਜ ਉਪਲਬੱਧ ਕਰਾਏ ਹਨ। ਇਸ ਤੋਂ ਇਲਾਵਾ, ਪਸ਼ੂਆਂ ਲਈ ਫੀਡ ਦੀ ਘਾਟ ਪੂਰੀ ਕਰਨ ਲਈ ਵੇਰਕਾ ਵੱਲੋਂ ਸਸਤੇ ਰੇਟਾ ਤੇ ਸੁਪਰ




ਕਸਟਮਾਈਜ਼ਡ ਫੀਡ ਉਪਲਬੱਧ ਕਰਾਈ ਜਾ ਰਹੀ ਹੈ। ਇਹ ਕਦਮ ਕਿਸਾਨਾਂ ਨੂੰ ਆਪਣੀ ਖੇਤੀਬਾੜੀ ਦੁਬਾਰਾ ਸ਼ੁਰੂ ਕਰਨ ਅਤੇ ਪਸ਼ੂਆਂ ਦੀ ਸੰਭਾਲ ਕਰਨ ਵਿਚ ਸਹਾਇਕ ਹੋਵੇਗਾ। ਨੈਸ਼ਨਲ ਡੇਅਰੀ ਡਿਵੈਲਪਮੈਂਟ ਬੋਰਡ ਦੀ ਟੀਮ, ਜਿਸ ਵਿਚ ਡਾ. ਚੰਚਲ ਵਾਘੇਲਾ ਅਤੇ ਸ਼ੁਭਮ ਸ਼ਾਮਲ ਸਨ, ਨੇ ਚੇਅਰਮੈਨ ਗੁਰਭੇਜ ਸਿੰਘ ਤਿੱਬੀ, ਜਨਰਲ ਮੈਨੇਜਰ ਸੁਗਿਆਨ ਪ੍ਰਸਾਦ ਸਿੰਘ ਅਤੇ ਮੈਨੇਜਰ ਮਿਲਕ ਪ੍ਰੋਕਿਊਰਮੈਂਟ ਹਰਿੰਦਰ ਸਿੰਘ ਦੇ ਨਾਲ ਪ੍ਰਭਾਵਤ ਪਿੰਡਾਂ ਚੱਕ ਹਾਮਦ, ਬੁੰਡਾਲਾ ਅਤੇ ਟੱਲੀ ਗੁਲਾਮ ਦਾ ਦੌਰਾ ਕੀਤਾ। ਐੱਨਡੀਡੀਬੀ ਵੱਲੋਂ ਵੇਰਕਾ ਰਾਹੀਂ ਪਸ਼ੂ ਪਾਲਕਾਂ ਲਈ ਮੈਡੀਕਲ ਕਿਟਾਂ ਸਪਲਾਈ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਕਿੱਟਾਂ ਵਿਚ ਮਲੱਪਾਂ ਦੀਆਂ ਗੋਲੀਆਂ, ਚਿੱਚੜਾਂ ਤੋਂ ਬਚਾਅ ਲਈ ਦਵਾਈਆਂ ਤੇ ਪਸ਼ੂਆਂ ਦੇ ਥਣਾਂ ਲਈ ਡਿਸਇਨਫੈਕਟੈਂਟ ਸਪਰੇ ਸ਼ਾਮਲ ਹਨ। ਇਸ ਤੋਂ ਇਲਾਵਾ ਵੇਰਕਾ ਨੇ ਗੁਰੂ ਅੰਗਦ ਦੇਵ ਵੈਟਰਨਰੀ ਤੇ ਐਨੀਮਲ ਸਾਇੰਸਿਜ ਯੂਨੀਵਰਸਿਟੀ, ਲੁਧਿਆਣਾ ਨਾਲ ਮਿਲ ਕੇ 20 ਡਾਕਟਰਾਂ ਦੀ ਟੀਮ ਤਿਆਰ ਕੀਤੀ ਹੈ। ਇਹ ਟੀਮ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਚਾਰ ਦਿਨਾਂ ਤੱਕ ਡੋਰ-ਟੂ-ਡੋਰ ਪਸ਼ੂਆਂ ਦੀ ਸਿਹਤ ਸਬੰਧੀ ਸੇਵਾਵਾਂ ਪ੍ਰਦਾਨ ਕਰ ਰਹੀ ਹੈ। ਇਸ ਨਾਲ ਕਿਸਾਨਾਂ ਨੂੰ ਸਿੱਧੀ ਸਹੂਲਤ ਉਨ੍ਹਾਂ ਦੇ ਘਰਾਂ ਤੱਕ ਮਿਲ ਰਹੀ ਹੈ। ਮਿਲਕ ਯੂਨੀਅਨ ਫ਼ਿਰੋਜ਼ਪੁਰ ਦੇ ਚੇਅਰਮੈਨ ਗੁਰਭੇਜ ਸਿੰਘ ਟਿੱਬੀ ਨੇ ਵਿਸ਼ਵਾਸ਼ ਦਿਵਾਇਆ ਕਿ ਵੇਰਕਾ ਹੜ੍ਹ ਪੀੜ੍ਹਤ ਕਿਸਾਨਾਂ ਅਤੇ ਪਸ਼ੂ ਪਾਲਕਾਂ ਲਈ ਅੱਗੇ ਵੀ ਹਰ ਸੰਭਵ ਸਹਾਇਤਾ ਪ੍ਰਦਾਨ ਕਰਦਾ ਰਹੇਗਾ।

# ਪਰਾਲੀ ਸਾੜਨ ਤੋਂ ਰੋਕਣ ਲਈ ਜਾਗਰੂਕਤਾ ਵੈਨ ਰਵਾਨਾ ਕੀਤੀ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)
ਪੰਜਾਬ ਸਰਕਾਰ ਅਤੇ ਖੇਤੀਬਾੜੀ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕੀਤਾ ਜਾਂਦਾ ਹੈ।

ਇਸੇ ਲੜੀ ਤਹਿਤ ਐੱਸਡੀਐੱਮ ਫਿਰੋਜ਼ਪੁਰ ਅਮਨਦੀਪ ਤੇ ਮੁੱਖ ਖੇਤੀਬਾੜੀ ਅਫਸਰ ਰਣਧੀਰ ਸਿੰਘ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਰੋਕਣ ਲਈ ਜਾਗਰੂਕ ਕਰਨ ਲਈ ਜਾਗਰੂਕਤਾ ਵੈਨ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਿਰੋਜ਼ਪੁਰ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਐੱਸਡੀਐੱਮ ਅਮਨਦੀਪ ਨੇ ਦੱਸਿਆ ਕਿ ਪੰਜਾਬ 'ਚ ਪਰਾਲੀ ਨੂੰ ਅੱਗ ਲਾਉਣ ਦੇ ਕੇਸਾਂ ਨੂੰ ਰੋਕਣ ਲਈ ਸਮੇਂ ਸਮੇਂ 'ਤੇ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਰੋਕਣ ਲਈ ਜਾਗਰੂਕ ਕੀਤਾ ਜਾਂਦਾ ਹੈ। ਇਸੇ ਕੜੀ 'ਚ ਫਿਰੋਜ਼ਪੁਰ ਵਿਖੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਜਾਗਰੂਕ ਕਰਨ ਲਈ ਜਾਗਰੂਕਤਾ ਵੈਨ ਚਲਾਈ ਗਈ ਹੈ।

ਉਨ੍ਹਾਂ ਦੱਸਿਆ ਕਿ ਇਹ ਜਾਗਰੂਕਤਾ ਵੈਨ ਫਿਰੋਜ਼ਪੁਰ ਅਤੇ ਘੱਲ ਖੁਰਦ ਬਲਾਕ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਜਾਗਰੂਕ ਕਰੇਗੀ। ੧ਓਉਨ੍ਹਾਂ ਦੱਸਿਆ ਕਿ ਇਸ ਵੈਨ ਰਾਹੀਂ ਕਿਸਾਨਾਂ ਨੂੰ ਪਰਾਲੀ ਸਾੜਨ ਨਾਲ ਹੋਣ ਵਾਲੇ ਜ਼ਮੀਨੀ ਨੁਕਸਾਨ ਤੇ ਵਾਤਾਵਰਣ ਦੇ ਪ੍ਰਦੂਸ਼ਣ ਬਾਰੇ ਜਾਗਰੂਕ



ਕੀਤਾ ਜਾਵੇਗਾ। ਇਸ ਤੋਂ ਇਲਾਵਾ ਪਰਾਲੀ ਨੂੰ ਸਾੜਨ ਦੀ ਬਜਾਏ ਖੇਤੀਬਾੜੀ ਵਿਭਾਗ ਵੱਲੋਂ ਸਿਫ਼ਾਰਸ਼ ਕੀਤੇ ਸੰਦਾ ਦੀ ਵਰਤੋਂ ਕਰਕੇ ਪਰਾਲੀ ਦਾ ਕਿਸ ਤਰ੍ਹਾਂ ਸਹੀ ਢੰਗ ਨਾਲ ਨਿਪਟਾਰਾ ਕੀਤਾ ਜਾ ਸਕਦਾ ਉਸ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਪੂਰੇ ਜ਼ਿਲ੍ਹੇ 'ਚ ਨੋਡਲ ਅਫ਼ਸਰ ਵੀ ਤਾਇਨਾਤ ਕੀਤੇ ਗਏ ਹਨ, ਜੋ ਆਪਣੇ ਇਲਾਕਿਆਂ ਵਿੱਚ ਵਿਸ਼ੇਸ਼ ਨਿਗਰਾਨੀ ਕਰਨਗੇ।

ਮੁੱਖ ਖੇਤੀਬਾੜੀ ਅਫਸਰ ਰਣਧੀਰ ਸਿੰਘ ਨੇ ਦੱਸਿਆ ਕਿ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਖੇਤੀਬਾੜੀ ਵਿਭਾਗ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਤਹਿਤ ਫ਼ਿਰੋਜ਼ਪੁਰ ਦੇ ਵੱਖ-ਵੱਖ ਬਲਾਕਾਂ ਵਿਚ ਜਾਗਰੂਕਤਾ ਵੈਨਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਨਾਲ ਨਾ ਸਿਰਫ ਜ਼ਮੀਨੀ ਨੁਕਸਾਨ ਤੇ ਪ੍ਰਦੂਸ਼ਣ ਹੁੰਦਾ ਹੈ, ਬਲਕਿ ਇਹ ਮਨੁੱਖੀ ਸਿਹਤ ਲਈ ਵੀ ਹਾਨੀਕਾਰਕ ਹੈ। ਪਰਾਲੀ ਦੇ ਧੂੰਏਂ ਨਾਲ ਲੋਕਾਂ ਨੂੰ ਸਾਹ ਸਬੰਧੀ ਬਿਮਾਰੀਆਂ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ।

ਪਰਾਲੀ ਸਾੜਨ ਨਾਲ ਜਿਥੇ ਅਗਜ਼ਨੀ ਦੀਆਂ ਘਟਨਾਵਾਂ ਵਾਪਰਦੀਆਂ ਹਨ, ਉਥੇ ਹੀ ਪਸ਼ੂ-ਪੰਛੀਆਂ ਲਈ ਵੀ ਪਰਾਲੀ ਦਾ ਧੂੰਆਂ ਨੁਕਸਾਨਦਾਇਕ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਸਾੜਨ ਦੀ ਬਜਾਏ ਉਸਦਾ ਸਹੀ ਢੰਗ ਨਾਲ ਨਿਪਟਾਰਾ ਕਰਨ। ਇਸ ਮੌਕੇ ਖੇਤੀਬਾੜੀ ਅਫਸਰ ਨੀਰਜ ਕੁਮਾਰ, ਸਹਾਇਕ ਖੇਤੀਬਾੜੀ ਇੰਜੀਨੀਅਰ ਸਤਿੰਦਰਪਾਲ ਸਿੰਘ ਵੀ ਮੌਜੂਦ ਸਨ।

## ਸਵ: ਸਾਧੂ ਰਾਮ ਹੈੱਡਮਾਸਟਰ ਦੀ ਸਾਲਾਨਾ ਬਰਸੀ ਮਨਾਈ



**ਸਮਾਣਾ (ਇਕਬਾਲ ਸਿੰਘ ਬੱਲ)**-ਸਵ: ਸਾਧੂ ਰਾਮ ਹੈਡਮਾਸਟਰ ਜੀ ਦੀ ਬਰਸੀ ਮੌਕੇ ਪ੍ਰਧਾਨ ਪਵਨ ਸ਼ਾਸਤਰੀ ਦੀ ਅਗਵਾਈ ਹੇਠ ਸਵ: ਆਸ਼ਰਮ ਸਤੀ ਮੰਦਿਰ ਕਮੇਟੀ ਵੱਲੋਂ ਸ਼੍ਰੀ ਰਾਮਾਇਣ ਜੀ ਦਾ ਪਾਠ ਕਰਾਇਆ ਗਿਆ।ਸਵ: ਸਾਧੂ ਰਾਮ ਹੈੱਡਮਾਸਟਰ ਦੇ ਸਪੁੱਤਰ ਵਿਨੋਦ ਸ਼ਰਮਾ ਤੋਂ ਇਲਾਵਾ ਹਲਕਾ ਸਮਾਣਾ ਵਿਧਾਇਕ ਚੇਤਨ ਸਿੰਘ ਜੋੜਾਮਾਜਰਾ, ਅਗਰਵਾਲ ਧਰਮਸ਼ਾਲਾ ਪ੍ਰਧਾਨ ਮਦਨ ਮਿੱਤਲ, ਸਾਬਕਾ ਪ੍ਰਧਾਨ ਕਪੂਰ ਚੰਦ ਬਾਂਸਲ, ਪ੍ਰਿੰਸੀਪਲ ਮੋਹਨ ਲਾਲ ਸ਼ਰਮਾ, ਵਰਿੰਦਰ ਗਰਗ ਪ੍ਰੀਮੀਅਰ ਕੋਟਸਪਿਨ, ਅਸ਼ੋਕ ਮੋਦਗਿੱਲ, ਪਵਨ ਬਾਂਸਲ, ਮਾਰਕੀਟ ਕਮੇਟੀ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਯਸ਼ਪਾਲ ਸਿੰਗਲਾ ਡੀਕੇ ਸੂਦ, ਗੁਰਪ੍ਰੀਤ ਸਿੰਘ ਗੋਲਡੀ, ਸੋਮ ਪ੍ਰਕਾਸ਼, ਸੰਜੇ ਧਨੇਠਾ, ਮਾਸਟਰ ਜਸਵੀਰ ਸਿੰਘ ਤੇ ਰਜਿੰਦਰ ਬੱਲੀ ਆਦਿ ਸਮੇਤ ਵੱਡੀ ਗਿਣਤੀ ਵਿੱਚ ਸਖਸੀਅਤਾਂ ਨੇ ਸਵ. ਸਾਧੂ ਰਾਮ ਜੀ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਇਸ ਮੌਕੇ ਸੰਸਥਾ ਵੱਲੋਂ ਬਿਰਧ ਆਸ਼ਰਮ ਵਿੱਚ ਰਹਿ ਰਹੇ ਬਜ਼ੁਰਗਾਂ ਤੇ ਸਫਾਈ ਸੇਵਕਾਂ ਨੂੰ ਗਰਮ ਕੱਪੜੇ ਭੇਟ ਕੀਤੇ ਗਏ ਅਤੇ ਨਾਲ ਹੀ ਸਿੱਖਿਆ ਖੇਤਰ ਵਿੱਚ ਵਧੀਆ ਸੇਵਾਵਾਂ ਦੇ ਰਹੇ ਅਧਿਆਪਕਾਂ ਅਤੇ ਪੜ੍ਹਾਈ ਵਿੱਚ ਅੱਵਲ ਆ ਰਹੇ ਬੱਚਿਆਂ ਨੂੰ ਵੀ ਸਨਮਾਨਤ ਕੀਤਾ ਗਿਆ।ਪ੍ਰਧਾਨ ਪਵਨ ਸ਼ਾਸਤਰੀ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

## ਬਾਲ ਰਾਮਲੀਲ੍ਹਾ ਮੰਚਨ ਦੀ ਸ਼ੁਰੂਆਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੁਹਾੜਾ ਰੋਡ ਸਥਿਤ ਇੰਦਰਾ ਕਾਲੋਨੀ ਵਿਖੇ ਬਾਲ ਰਾਮਲੀਲਾ ਕਮੇਟੀ ਵੱਲੋਂ ਮੰਚਨ ਦੀ ਸ਼ੁਰੂਆਤ ਕਰ ਦਿੱਤੀ ਗਈ। ਪਹਿਲੀ ਰਾਤ ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਕਾਂਗਰਸ ਦੇ ਪ੍ਰਧਾਨ ਜੇ.ਪੀ. ਸਿੰਘ ਮੱਕੜ ਨੇ ਸ਼ਮੂਲੀਅਤ ਕੀਤੀ ਤੇ ਰਿਬਨ ਕੱਟ ਕੇ ਮੰਚਨ ਦੀ ਸ਼ੁਰੂਆਤ ਕਰਾਈ। ਉਨ੍ਹਾਂ ਕਿਹਾ ਕਿ ਰਾਮਲੀਲਾ ਮੰਚਨ ਦਾ ਉਦੇਸ਼ ਸਾਨੂੰ ਪਵਿੱਤਰ ਗ੍ਰੰਥ ਰਮਾਇਣ ਨਾਲ ਜੋੜਨਾ ਹੈ। ਪਹਿਲੀ ਰਾਤ ਦਿਖਾਏ ਦ੍ਰਿਸ਼ਾਂ ਦਾ ਦਰਸ਼ਕਾਂ ਨੇ ਖੂਬ ਆਨੰਦ ਮਾਣਿਆ। ਇਸ ਮੌਕੇ ਵਿਨੋਦ ਸਿੰਗਲਾ, ਸਤਿੰਦਰ ਸਿੰਘ, ਸੰਜੇ ਜੈਨ, ਪਰਮਜੀਤ ਧੰਮੀ, ਧਰਮਵੀਰ ਧੰਮੀ, ਅਮਰਜੀਤ ਸਿੰਘ ਤੋਂ ਇਲਾਵਾ ਪ੍ਰਬੰਧਕਾਂ 'ਚ ਪ੍ਰਧਾਨ ਸਤਪਾਲ, ਜਗਮੋਹਨ ਸਿੰਘ ਮਹਿਰਾ, ਬਲਵਿੰਦਰ ਜੱਸਲ, ਗਗਨ ਮਹਿਰਾ, ਬੌਬੀ ਮਹਿਰਾ, ਸਤਨਾਮ ਮਾਨ, ਚਰਨਜੀਤ ਸਿੰਘ ਚੰਨੀ, ਬਲਜੀਤ ਸਿੰਘ, ਦੀਨਾ ਮਾਛੀਵਾੜਾ ਵੀ ਮੌਜੂਦ ਸਨ।

## ਸੇਵਾਮੁਕਤ ਪ੍ਰਿੰ. ਮਹਿੰਦਰ ਸਿੰਘ ਨੇ ਪੋਤੇ ਦਾ ਜਨਮ ਦਿਨ ਮਨਾਇਆ



**ਮਾਨਸਾ/ਸਰਦੂਲਗੜ੍ਹ (ਆਤਮਾ ਸਿੰਘ ਪਮਾਰ)**-ਸੇਵਾਮੁਕਤ ਪ੍ਰਿੰਸੀਪਲ ਡਾਕਟਰ ਮਹਿੰਦਰ ਸਿੰਘ ਨੇ ਆਪਣੇ ਪੋਤਰੇ ਹਰਮੀਤ ਸਿੰਘ ਦੇ ਜਨਮ ਦਿਨ ਦੀ ਖੁਸ਼ੀ 'ਚ ਸਰਕਾਰੀ ਪ੍ਰਾਇਮਰੀ ਸਕੂਲ ਬਰਨ ਵਿਖੇ ਸਾਰੇ ਵਿਦਿਆਰਥੀਆਂ ਨੂੰ ਸਟੇਸ਼ਨਰੀ, ਫਰੂਟ, ਬਿਸਕੁਟ, ਚਾਕਲੇਟ ਆਦਿ ਵੰਡੇ ਗਏ ਅਤੇ ਸਕੂਲ ਲਈ ਰੋਜ਼ਾਨਾ ਵਰਤੋਂ ਦੀਆਂ ਵਸਤੂਆਂ ਦਾਨ ਵਜੋਂ ਭੇਟ ਕੀਤੀਆਂ ਗਈਆਂ।ਹਰਮੀਤ ਸਿੰਘ ਦੇ ਪਿਤਾ ਰਮਨਦੀਪ ਸਿੰਘ ਇੰਸਪੈਕਟਰ ਫੂਡ ਐਂਡ ਸਪਲਾਈ ਤੇ ਮਾਤਾ ਤਰਨਜੀਤ ਕੌਰ ਕ੍ਰਮਚਾਰੀ ਸਿਹਤ ਵਿਭਾਗ ਵੱਲੋਂ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਦੇ ਜਨਮ ਦਿਨ ਸਰਕਾਰੀ ਸਕੂਲਾਂ 'ਚ ਪੜ੍ਹ ਰਹੇ ਨੰਨੇ -ਮੁੰਨੇ ਪਿਆਰੇ -ਪਿਆਰੇ ਬੱਚਿਆਂ ਨਾਲ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ, ਕਿਉਂਕਿ ਜੋ ਖੁਸ਼ੀ ਇਨ੍ਹਾਂ ਬੱਚਿਆਂ ਨਾਲ ਮਿਲ ਕੇ, ਗੱਲਬਾਤ ਕਰਕੇ ਮਿਲਦੀ ਹੈ, ਉਸ ਦਾ ਆਪਣੇ ਆਪ 'ਚ ਵੱਖਰਾ ਸਕੂਨ ਮਿਲਦਾ ਹੈ। ਅਸਲੀ ਪੁੰਨ-ਦਾਨ ਤਾਂ ਇਨ੍ਹਾਂ ਭੋਲੇ-ਭਾਲੇ ਬੱਚਿਆਂ ਦਾ ਹੀ ਹੁੰਦਾ ਹੈ।ਉਨ੍ਹਾਂ ਸਾਰੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਵੀ ਆਪਣੇ ਬੱਚਿਆਂ ਦੇ ਜਨਮ ਦਿਨ ਇਨ੍ਹਾਂ ਬੱਚਿਆਂ ਨਾਲ ਖੁਸ਼ੀ ਸਾਂਝੀ ਕਰਦਿਆਂ ਹੀ ਮਨਾਉਣ।ਇਸ ਸਮੇਂ ਸਰਕਾਰੀ ਪ੍ਰਾਇਮਰੀ ਸਕੂਲ ਬਰਨ ਦੇ ਸਕੂਲ ਮੁਖੀ ਜਗਸੀਰ ਸਿੰਘ ਆਦਮਕੇ ਤੇ ਸਮੂਹ ਸਟਾਫ਼ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਹਿੰਦਿਆਂ ਨਿੱਘਾ ਸਵਾਗਤ ਅਤੇ ਧੰਨਵਾਦ ਵੀ ਕੀਤਾ।

## ਸੈਂਟਰਲ ਲਾਇਬ੍ਰੇਰੀ 'ਚ ਵਾਟਰ ਕੂਲਰ ਦੀ ਸਥਾਪਨਾ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਰੋਟਰੀ ਕਲੱਬ ਨੇ ਸੈਂਟਰਲ ਲਾਇਬ੍ਰੇਰੀ, ਪਟਿਆਲਾ ਵਿਖੇ ਇੱਕ ਵਾਟਰ ਕੂਲਰ ਦਾ ਉਦਘਾਟਨ ਕੀਤਾ।ਇਹ ਪ੍ਰੋਜੈਕਟ ਡੀ ਜੀ ਡਾ. ਰੋਟੇਰੀਅਨ ਸੰਦੀਪ ਚੌਹਾਨ (2024-25) ਤੇ ਚਾਰਟਰ ਪ੍ਰਧਾਨ ਰੋਟੇਰੀਅਨ ਸਾਚੀ ਸਿੰਗਲਾ (2024-25) ਦੀ ਅਗਵਾਈ ਹੇਠ ਸ਼ੁਰੂ ਕੀਤਾ ਗਿਆ ਸੀ। ਡੀ ਜੀ ਰੋਟੇਰੀਅਨ ਸੀ ਏ ਅਮਿਤ ਸਿੰਗਲਾ (2026-27) ਦੁਆਰਾ ਉਨ੍ਹਾਂ ਦੇ ਪਿਤਾ ਸਵ: ਸ਼੍ਰੀ ਸੀਤਾ ਰਾਮ ਸਿੰਗਲਾ ਦੀ ਯਾਦ ਵਿੱਚ ਸਪਾਂਸਰ ਕੀਤਾ ਗਿਆ ।ਉਦਘਾਟਨ ਵਿੱਚ ਰੋਟੇਰੀਅਨ ਮਲਿਕਾ ਬਾਂਸਲ (ਪ੍ਰਧਾਨ 2025-26), ਰੋਟੇਰੀਅਨ ਵਣਿਕਾ ਗੋਇਲ (ਸਕੱਤਰ 2024-26), ਮੈਂਬਰ ਰੋਟੇਰੀਅਨ ਸਮਿਧਾ ਸਿੰਗਲਾ, ਰੋਟੇਰੀਅਨ ਵਿਨੀਤਾ ਗਰਗ, ਅਤੇ ਰੋਟੇਰੀਅਨ ਰੇਖਾ ਮਿੱਤਲ ਨੇ ਸ਼ਿਰਕਤ ਕੀਤੀ।

## ਸਰਕਾਰ ਵੱਲੋਂ ਹੜ੍ਹ ਮਾਰੀ ਫ਼ਸਲ ਦੇ ਐਲਾਨੇ ਮੁਆਵਜ਼ੇ ਨਾਕਾਫੀ : ਬੀ ਕੇ ਯੂ (ਲੱਖੋਵਾਲ)



**ਸਮਰਾਲਾ (ਸੁਰਜੀਤ ਸਿੰਘ)**-ਹਾਲੀਆ ਹੜ੍ਹਾਂ ਵਿੱਚ ਪੰਜਾਬ ਦੇ ਕਿਸਾਨਾਂ ਦੀਆਂ ਫਸਲਾਂ ਤੇ ਘਰ ਬਾਰ ਪੂਰੀ ਤਰਾਂ ਬਰਬਾਦ ਹੋ ਗਏ ਹਨ, ਜਿਸ ਕਾਰਨ ਕਿਸਾਨ ਪੂਰੀ ਤਰ੍ਹਾਂ ਹਾਸ਼ੀਏ 'ਤੇ ਆ ਗਿਆ ਹੈ।ਸਰਕਾਰ ਵੱਲੋਂ ਇਸ ਨੁਕਸਾਨ ਲਈ ਐਲਾਨੇ ਮੁਆਵਜ਼ੇ ਬਹੁਤ ਹੀ ਸ਼ਰਮਨਾਕ ਹੀ ਨਹੀਂ, ਸਗੋਂ ਇੱਕ ਕੋਝਾ ਮਜ਼ਾਕ ਹੈ।ਇਹ ਵਿਚਾਰ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਦੀ ਪ੍ਰਧਾਨਗੀ ਹੇਠ ਹੋਈ ਮਹੀਨਾਵਾਰ ਮੀਟਿੰਗ ਵਿੱਚ ਕਿਸਾਨ ਆਗੂਆਂ ਨੇ ਪ੍ਰਗਟ ਕੀਤੇ।ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਮੁਆਵਜ਼ੇ ਦੇ ਸਬੰਧ ਵਿਚ ਮੁੜ ਵਿਚਾਰ ਕਰਕੇ ਕਿਸਾਨਾਂ ਨੂੰ ਨੁਕਸਾਨ ਦਾ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ, ਤਾਂ ਜੁ ਕਿਸਾਨ ਮੁੜ ਆਪਣੇ ਪੈਰਾਂ ਸਿਰ ਖੜਾ ਹੋ ਸਕੇ।ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਝੋਨੇ ਦੀ ਨਮੀ ਦੀ ਮਾਤਰਾ 17 ਪ੍ਰਤੀਸ਼ਤ ਮਿੱਥੀ ਗਈ ਹੈ, ਜਦਕਿ ਭਾਰੀ ਬਾਰਿਸ਼ ਤੇ ਸਲਾਬੇ ਮੌਸਮ ਕਾਰਨ ਇਸ ਵਾਰ ਝੋਨੇ ਵਿੱਚ ਨਮੀ ਦੀ ਮਾਤਰਾ ਜਿਆਦਾ ਹੈ, ਲਿਹਾਜ਼ਾ ਸਰਕਾਰ ਨਮੀ ਦੀ ਮਾਤਰਾ 22 ਪ੍ਰਤੀਸ਼ਤ ਮਿੱਥੇ।ਮੀਟਿੰਗ ਵਿੱਚ ਅਵਤਾਰ ਸਿੰਘ ਮੇਹਲੋਂ ਸਰਪ੍ਰਸਤ ਪੰਜਾਬ, ਪਰਮਿੰਦਰ ਸਿੰਘ ਪਾਲ ਮਾਜਰਾ ਸੂਬਾ ਜਨਰਲ ਸਕੱਤਰ ਤੇ ਗੁਰਵਿੰਦਰ ਸਿੰਘ ਕੂੰਮਕਲਾਂ ਸੂਬਾ ਪ੍ਰੈੱਸ ਸਕੱਤਰ ਉਚੇਚੇ ਤੌਰ 'ਤੇ ਪਹੁੰਚੇ। ਆਗੂਆਂ ਵੱਲੋਂ ਕਿਹਾ ਗਿਆ ਕਿ ਆਲੂਆਂ ਦੀ ਬਿਜਾਈ ਲਈ ਲੋੜੀਂਦੀ ਡੀਏਪੀ ਅਤੇ ਯੂਰੀਆ ਦੀ ਘਾਟ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਖਾਦ ਡੀਪੂ ਹੋਲਡਰ ਅਤੇ ਕੀਟ ਨਾਸ਼ਕ ਵਿਕਰੇਤਾਵਾਂ ਵੱਲੋਂ ਖਾਦ ਦੇ ਨਾਲ ਨੈਨੋ ਯੂਰੀਆ ਤੇ ਨੈਨੋ ਡਾਈ ਡੀਏਪੀ ਖਾਦ ਜਬਰੀ ਕਿਸਾਨਾਂ ਨੂੰ ਥੋਪੀ ਜਾ ਰਹੀ ਹੈ।ਝੋਨੇ ਦੀ ਕਟਾਈ ਉਪਰੰਤ ਪਰਾਲੀ ਸਾਂਭਣ ਲਈ ਸਰਕਾਰ ਬੋਨਸ ਦੇ ਰੂਪ ਵਿੱਚ 100/ ਪ੍ਰਤੀ ਕਵਿੰਟਲ ਦੇਵੇ, ਤਾਂ ਜੁ ਪਰਾਲੀ ਦੀ ਸਾਂਭ ਸੰਭਾਲ ਦਾ ਖਰਚਾ ਪੂਰਾ ਹੋ ਜਾਵੇ।

## 'ਸਵਸਥ ਨਾਰੀ ਸਸ਼ਕਤ ਪਰਵਾਰ' ਤਹਿਤ ਲਾਇਆ ਸੈਮੀਨਾਰ




ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਡਾਇਰੈਕਟਰ ਆਯੁਰਵੇਦਾ ਪੰਜਾਬ ਡਾ. ਰਵੀ ਡੂੰਮਰਾ, ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫਸਰ ਫਿਰੋਜ਼ਪੁਰ ਡਾ. ਰੁਪਿੰਦਰਦੀਪ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 'ਸਵੱਸਥ ਨਾਰੀ ਸਸ਼ਕਤ' ਪਰਿਵਾਰ ਅਭਿਆਨ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਨਾ ਸਿੰਘ ਵਾਲਾ ਵਿਖੇ ਡਾ. ਰਾਕੇਸ਼ ਕੁਮਾਰ ਗਰੋਵਰ ਆਯੁਰਵੈਦਿਕ ਮੈਡੀਕਲ ਅਫਸਰ ਵੱਲੋਂ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਕਿਸ਼ੋਰੀਆਂ ਨੂੰ ਕਿਸ਼ੋਰ ਅਵਸਥਾ ਵਿਚ ਹੋਣ ਵਾਲੇ ਸਰੀਰਕ ਤੇ ਮਾਨਸਿਕ ਬਦਲਾਓ ਬਾਰੇ ਜਾਣਕਾਰੀ ਦਿੱਤੀ ਗਈ। ਸਿਹਤਮੰਦ ਰਹਿਣ ਲਈ ਖਾਣ ਪਾਣ, ਰਹਿਣ ਸਹਿਣ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਆਪਣੀ ਸਰੀਰਕ ਸਾਫ ਸਫਾਈ ਤੇ ਆਪਣੇ ਆਲੇ ਦੁਆਲੇ ਸਾਫ ਸਫਾਈ ਰੱਖਣ ਲਈ ਪ੍ਰੇਰਿਤ ਕੀਤਾ ਗਿਆ। ਆਯੁਰਵੈਦ ਤੇ ਯੋਗਾ ਸਬੰਧੀ ਜਾਣਕਾਰੀ ਦਿੱਤੀ ਅਤੇ ਆਪਣੇ ਰੋਜ਼ਾਨਾ ਜੀਵਨ ਵਿਚ ਅਪਨਾਉਣ ਲਈ ਪ੍ਰੇਰਤ ਕੀਤਾ। ਫਾਸਟ ਫੂਡ ਤੋਂ ਹੋਣ ਵਾਲੇ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ ਤੇ ਕੁਦਰਤੀ ਫਲ, ਹਰੀਆ ਸਬਜ਼ੀਆਂ, ਦਾਲਾਂ, ਦੁੱਧ, ਦਹੀ, ਗੁੜ, ਛੋਲੇ, ਹਲਦੀ, ਦਾਲਚੀਨੀ, ਅਜਵਾਇਨ ਆਦਿ ਨੂੰ ਆਪਣੀ ਰੋਜ਼ਾਨਾ ਖੁਰਾਕ ਵਿਚ ਸ਼ਾਮਲ ਕਰਨ ਲਈ ਉਤਸ਼ਾਹਤ ਕੀਤਾ ਤਾਂ ਜੁ ਸਵਸਥ ਨਾਰੀ ਸਸ਼ਕਤ ਪਰਵਾਰ ਦੇ ਟੀਚੇ ਨੂੰ ਹਾਸਲ ਕੀਤਾ ਜਾ ਸਕੇ।

## ਪੀ ਜੀ ਆਈ ਦੇ ਪ੍ਰੋ. ਪਿਨਾਕੀ ਦੱਤਾ ਲੰਡਨ 'ਚ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਪ੍ਰੋ. ਪਿਨਾਕੀ ਦੱਤਾ ਨੂੰ ਰਾਇਲ ਕਾਲਜ ਆਫ ਫਿਜ਼ੀਸ਼ਨਜ਼ ਲੰਡਨ ਦਾ ਪ੍ਰਤਿਸ਼ਠਤ ਖ਼ਿਤਾਬ ਪ੍ਰਦਾਨ ਕੀਤਾ ਗਿਆ ਹੈ।ਇਹ ਸਨਮਾਨ ਉਨ੍ਹਾਂ ਨੂੰ ਐਂਡੋਕ੍ਰਾਇਨੋਲੋਜੀ ਤੇ ਚਿਕਿਤਸਾ ਵਿਗਿਆਨ ਦੇ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਮਿਲਿਆ। ਸਨਮਾਨ ਲੰਡਨ ਵਿੱਚ ਹੋਏ ਇਕ ਸਮਾਰੋਹ ਵਿੱਚ ਦਿੱਤਾ ਗਿਆ, ਜਿਸ ਵਿੱਚ ਦੁਨੀਆ ਭਰ ਤੋਂ ਡਾਕਟਰ ਤੇ ਵਿਦਵਾਨ ਸ਼ਾਮਲ ਹੋਏ।ਇਸ ਅੰਤਰਰਾਸ਼ਟਰੀ ਸਨਮਾਨ ਤੋਂ ਇਲਾਵਾ ਪ੍ਰੋ. ਦੱਤਾ ਨੂੰ ਰਾਸ਼ਟਰੀ ਪੱਧਰ 'ਤੇ ਵੀ ਸਨਮਾਨਤ ਕੀਤਾ ਗਿਆ, ਜਿੱਥੇ ਉਨ੍ਹਾਂ ਨੂੰ ਈਸਿਕਾਨ ਸੰਮੇਲਨ ਵਿੱਚ ਪੀ.ਐਨ. ਸ਼ਾਹ ਔਰੇਸ਼ਨ ਐਵਾਰਡ ਪ੍ਰਦਾਨ ਕੀਤਾ ਗਿਆ। ਡਾ. ਪੀ.ਐਨ. ਸ਼ਾਹ ਇੰਡੋਕ੍ਰਾਇਨ ਸੋਸਾਇਟੀ ਆਫ ਇੰਡੀਆ ਦੇ ਸਥਾਪਕ ਮੈਂਬਰ ਰਹੇ ਹਨ ਤੇ ਪ੍ਰਮੁੱਖ ਖੋਜਕਾਰ ਰਹੇ ਹਨ।ਡਾ. ਪੀ.ਐਨ. ਸ਼ਾਹ ਅਤੇ ਡਾ. ਆਰ.ਜੇ. ਦਾਸ਼ ਨੇ ਅਮਰੀਕਾ ਦੀ ਨੋਬਲ ਪੁਰਸਕਾਰ ਜੇਤੂ ਰੋਜ਼ਾਲਿਨ ਯਾਲੋ ਨਾਲ ਮਿਲ ਕੇ 1966 ਵਿੱਚ ਹੀ ਭਾਰਤ ਵਿੱਚ ਹਾਰਮੋਨਾਂ ਲਈ ਰੇਡੀਓਇਮੀਉਨੋਐਸੇ ਟੈਸਟ ਸ਼ੁਰੂ ਕੀਤਾ ਸੀ, ਕਾਫੀ ਪਹਿਲਾਂ ਜਦੋਂ ਕਿ ਉਨ੍ਹਾਂ ਨੂੰ 1977 ਵਿੱਚ ਨੋਬਲ ਪੁਰਸਕਾਰ ਮਿਲਿਆ ਸੀ।ਆਪਣੇ ਔਰੇਸ਼ਨ ਦੌਰਾਨ, ਪ੍ਰੋ. ਦੱਤਾ ਨੇ ਪਿਟਯੂਟਰੀ ਟਿਊਮਰ ਦੇ ਇਲਾਜ ਵਿੱਚ ਮਲਟੀ-ਓਮਿਕਸ ਅਪ੍ਰੋਚਜ਼ ਬਾਰੇ ਆਪਣਾ ਅਗਾਂਹਵਧੂ ਕੰਮ ਪੇਸ਼ ਕੀਤਾ।ਪ੍ਰੋ. ਦੱਤਾ ਦੇ ਵਿਦਿਆਰਥੀ ਡਾ. ਅਸ਼ੂਤੋਸ਼ ਰਾਏ ਨੂੰ ਵੀ ਇਸੇ ਸੰਮੇਲਨ ਵਿੱਚ ਪ੍ਰਤਿਸ਼ਠਤ ਏ.ਆਰ. ਸੇਠ ਅਵਾਰਡ ਨਾਲ ਨਿਵਾਜਿਆ ਗਿਆ।ਇਹ ਅਵਾਰਡ ਯੁਵਾ ਵਿਗਿਆਨੀਆਂ ਵੱਲੋਂ ਕੀਤੀ ਗਈ ਉੱਚ ਪੱਧਰੀ ਖੋਜ ਨੂੰ ਸਨਮਾਨਿਤ ਕਰਦਾ ਹੈ।

## ਗੱਟੀ ਰਾਜੋਕੇ 'ਚ ਜੈਨੇਸਿਸ ਡੈਂਟਲ ਕਾਲਜ ਤੇ ਹਸਪਤਾਲ ਵੱਲੋਂ ਮੁਫ਼ਤ ਡੈਂਟਲ ਚੈੱਕਅੱਪ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਹੜ੍ਹ ਪੀੜਤਾਂ ਦੀ ਸਹਾਇਤਾ ਤੇ ਸੇਵਾ ਦੇ ਉਦੇਸ਼ ਨਾਲ ਜੈਨੇਸਿਸ ਡੈਂਟਲ ਕਾਲਜ ਤੇ ਹਸਪਤਾਲ ਵੱਲੋਂ ਬਾਰਡਰ ਇਲਾਕੇ ਦੇ ਪਿੰਡ ਗੱਟੀ ਰਾਜੋਕੇ 'ਚ ਮੁਫ਼ਤ ਡੈਂਟਲ ਚੈੱਕਅਪ ਕੈਂਪ ਲਾਇਆ ਗਿਆ। ਕੈਂਪ 'ਚ ਵੱਡੀ ਗਿਣਤੀ 'ਚ ਹੜ੍ਹ ਪ੍ਰਭਾਵਤ ਲੋਕਾਂ ਨੇ ਪਹੁੰਚ ਕੇ ਦੰਦਾਂ ਦੀ ਜਾਂਚ ਕਰਾਈ। ਹਸਪਤਾਲ ਵੱਲੋਂ ਡਾ. ਗਗਨਦੀਪ ਸਿੰਘ ਹਾਂਡਾ ਤੇ ਡਾ. ਸੁਮੇਰ ਕੰਬੋਜ ਨੇ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ ਤੇ ਉਨ੍ਹਾਂ ਨੂੰ ਢੰਗ ਨਾਲ ਦੇਖਭਾਲ ਕਰਨ ਬਾਰੇ ਜਾਣਕਾਰੀ ਦਿੱਤੀ।

ਡਾਕਟਰਾਂ ਨੇ ਲੋਕਾਂ ਨੂੰ ਇਹ ਵੀ ਦੱਸਿਆ ਕਿ ਹੜ੍ਹ ਪ੍ਰਭਾਵਤ ਇਲਾਕਿਆਂ 'ਚ ਸਫ਼ਾਈ ਤੇ ਓਰਲ ਹਾਈਜੀਨ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ ਤਾਂ ਜੁ ਬਿਮਾਰੀਆਂ ਤੋਂ ਬਚਿਆ ਜਾ ਸਕੇ। ਕੈਂਪ ਵਿਚ ਖਾਸ ਤੌਰ 'ਤੇ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੀ ਪਹੁੰਚੇ। ਉਨ੍ਹਾਂ ਨੇ ਪਿੰਡ ਵਿਚ ਜਾ ਕੇ ਹੜ੍ਹ ਪੀੜਤ ਪਰਿਵਾਰਾਂ ਦਾ ਹਾਲ-ਚਾਲ ਪੁੱਛਿਆ ਤੇ ਜੈਨੇਸਿਸ ਡੈਂਟਲ ਹਸਪਤਾਲ ਵੱਲੋਂ ਲਗਾਏ ਗਏ। ਇਸ ਚੈੱਕਅੱਪ ਕੈਂਪ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਹਰ ਸੰਭਵ ਮੱਦਦ ਦੇ ਰਹੀ ਹੈ, ਪਰ ਇਸ ਮੁਸ਼ਕਲ ਵੇਲੇ ਵਿਚ ਜਦੋਂ ਸੰਸਥਾਵਾਂ ਤੇ ਸਮਾਜਿਕ ਸੰਸਥਾਵਾਂ ਵੀ ਅੱਗੇ ਆ ਕੇ ਸੇਵਾ ਦਾ ਹੱਥ ਵਧਾਉਂਦੀਆਂ ਹਨ ਤਾਂ ਪੀੜਤ ਪਰਵਾਰਾਂ ਨੂੰ ਵੱਧ ਸਹਾਰਾ ਮਿਲਦਾ ਹੈ। ਜੈਨੇਸਿਸ ਡੈਂਟਲ ਕਾਲਜ ਵੱਲੋਂ ਲਾਇਆ ਗਿਆ ਇਹ ਕੈਂਪ ਨਿਸਚਿਤ ਤੌਰ 'ਤੇ ਲੋਕਾਂ ਦੀ ਸਿਹਤ ਦੀ ਰੱਖਿਆ 'ਚ ਭੂਮਿਕਾ ਨਿਭਾਏਗਾ। ਅੰਤ ਕਾਲਜ ਦੇ ਪੀਆਰਓ ਰਣਜੀਤ ਸਿੰਘ ਤੇ ਮਨਜੀਤ ਸਿੰਘ ਨੇ ਮਰੀਜ਼ਾਂ ਨੂੰ ਟੂਥਪੇਸਟ, ਟੂਥਬੁਰਸ਼ ਅਤੇ ਲੋੜੀਂਦੀਆਂ ਦਵਾਈਆਂ ਵੰਡੀਆਂ।

## 69ਵੀਂ ਰਾਮਲੀਲ੍ਹਾ ਦਾ ਆਗਾਜ਼, ਸ਼ਾਨਦਾਰ ਮੰਚਨ ਨਾਲ ਸ਼ੁਰੂਆਤ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਸ਼੍ਰੀ ਰਾਮ ਕ੍ਰਿਸ਼ਨ ਡਰਾਮੈਟਿਕ ਕਲੱਬ ਵੱਲੋਂ ਹਰ ਸਾਲ ਵਾਂਗ ਇਸ ਸਾਲ ਵੀ 69ਵੀਂ ਸ਼੍ਰੀ ਰਾਮਲੀਲਾ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ ਹੈ। ਰਾਮਲੀਲਾ ਦਾ ਆਰੰਭ ਬੀਤੇ ਦਿਨ ਬਹੁਤ ਹੀ ਉਤਸ਼ਾਹਪੂਰਵਕ ਢੰਗ ਨਾਲ ਕੀਤਾ ਗਿਆ। ਇਸ ਸ਼ੁੱਭ ਮੌਕੇ 'ਤੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਰਾਣਾ ਗੁਰਮੀਤ ਸਿੰਘ ਸੋਢੀ ਮੁੱਖ ਮਹਿਮਾਨ ਵਜੋਂ ਪਹੁੰਚੇ। ਉਨ੍ਹਾਂ ਆਪਣੇ ਕਰ ਕਮਲਾਂ ਨਾਲ ਰਿਬਨ ਕੱਟ ਕੇ ਇਸ ਮਹਾਨ ਧਾਰਮਿਕ ਤੇ ਸੱਭਿਆਚਾਰਕ ਸਮਾਗਮ ਦਾ ਉਦਘਾਟਨ ਕੀਤਾ। ਇਸ ਰਾਮਲੀਲਾ ਦੀ ਇੱਕ ਹੋਰ ਖਾਸ ਗੱਲ ਇਹ ਰਹੀ ਕਿ ਹਰ ਸਾਲ ਵਾਂਗ ਇਸ ਸਾਲ ਵੀ ਪੂਜਨੀਯ ਅਵਿਨਾਸ਼ ਦੇਵਾ ਜੀ ਨੇ ਜੋਤ ਪ੍ਰਚੰਡ ਕਰਕੇ ਕਲੱਬ ਨੂੰ ਆਪਣਾ ਆਸ਼ੀਰਵਾਦ ਦਿੱਤਾ।

ਇਸ ਮੌਕਸ਼ਹਿਰ ਦੀਆਂ ਕਈ ਮਸ਼ਹੂਰ ਹਸਤੀਆਂ ਤੇ ਧਰਮ ਪ੍ਰੇਮੀ ਲੋਕ ਮੌਜੂਦ ਸਨ, ਜਿਨ੍ਹਾਂ 'ਚ ਭਾਰਤੀ ਜਨਤਾ ਪਾਰਟੀ ਦੇ ਆਗੂ ਹੀਰਾ ਸੋਢੀ ਵੀ ਸ਼ਾਮਲ ਸਨ। ਕਲੱਬ ਵੱਲੋਂ ਪਹਿਲੀ ਰਾਤ ਨੂੰ 'ਲੰਕਾ ਦਹਿਨ' ਦਾ ਬਹੁਤ ਹੀ ਪ੍ਰਭਾਵਸ਼ਾਲੀ ਮੰਚਨ ਪੇਸ਼ ਕੀਤਾ ਗਿਆ। ਦਰਸ਼ਕਾਂ ਨੇ ਇਸ ਮੰਚਨ ਦਾ ਬਹੁਤ ਹੀ ਪਿਆਰ ਤੇ ਉਤਸ਼ਾਹ ਨਾਲ ਆਨੰਦ ਮਾਣਿਆ।

ਇਸ ਦੌਰਾਨ ਕਲਾਕਾਰਾਂ ਦੀ ਅਦਾਕਾਰੀ ਕਾਬਿਲੇ-ਤਾਰੀਫ਼ ਰਹੀ। ਦਾਸ ਗੁਲਾਟੀ ਨੇ ਨਾਰਦ ਦਾ ਕਿਰਦਾਰ ਏਨੀ ਖ਼ੂਬੀ ਨਾਲ ਨਿਭਾਇਆ ਕਿ ਹਰ ਕੋਈ ਉਨ੍ਹਾਂ ਦੇ ਪ੍ਰਦਰਸ਼ਨ ਤੋਂ ਪ੍ਰਭਾਵਿਤ ਹੋਇਆ। ਇਸੇ ਤਰ੍ਹਾਂ ਰਾਵਣ ਦੇ ਰੋਲ ਵਿਚ ਗੁਰਮੇਲ ਸਿੰਘ ਨੇ ਆਪਣੀ ਸ਼ਾਨਦਾਰ ਅਦਾਕਾਰੀ ਦਾ ਲੋਹਾ ਮਨਵਾਇਆ। ਕਲੱਬ ਦੇ ਪ੍ਰਬੰਧਕਾਂ ਵਿਚ ਸੁਰਿੰਦਰ ਸਿੰਘ ਜੋਸਨ ਆਰਗੇਨਾਈਜ਼ਰ, ਪ੍ਰਿਥਵੀ ਪੁੱਗਲ ਚੇਅਰਮੈਨ, ਵਿਜੈ ਬਹਿਲ ਪ੍ਰਧਾਨ, ਨਿਰਮਲ ਅਗਰਵਾਲ ਸੀਨੀਅਰ ਉਪ ਪ੍ਰਧਾਨ, ਦਾਸ ਗੁਲਾਟੀ ਉਪ ਪ੍ਰਧਾਨ ਅਤੇ ਅਰੁਣ ਪੁੱਗਲ ਉਪ ਪ੍ਰਧਾਨ ਸ਼ਾਮਲ ਸਨ। ਉਨ੍ਹਾਂ ਸਾਰਿਆਂ ਨੇ ਦੱਸਿਆ ਕਿ ਇਸ ਸਾਲ ਦੀ ਰਾਮਲੀਲਾ ਲਈ ਅਵਿਨਾਸ਼ ਆਨੰਦ ਨੂੰ ਡਾਇਰੈਕਟਰ ਦਾ ਕਾਰਜਭਾਰ ਸੌਂਪਿਆ ਗਿਆ ਹੈ। ਸਟੇਜ ਸੈਕਟਰੀ ਦੀ ਭੂਮਿਕਾ ਸ੍ਰਿਸ਼ਟੀ ਕੁਮਾਰ ਬੱਤਾ ਨਿਭਾ ਰਹੇ ਹਨ। ਇਸ ਸਾਲ ਦੀ ਰਾਮਲੀਲਾ ਦਾ ਪਹਿਲਾ ਮੰਚਨ ਬਹੁਤ ਹੀ ਸਫਲ ਰਿਹਾ ਤੇ ਦਰਸ਼ਕਾਂ ਨੇ ਇਸ ਦੀ ਖੂਬ ਪ੍ਰਸ਼ੰਸਾ ਕੀਤੀ।

## ਚੋਰੀ ਦੇ ਮੋਟਰਸਾਈਕਲ ਸਮੇਤ ਤਿੰਨ ਗ੍ਰਿਫਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਤਲਵੰਡੀ ਭਾਈ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਚੋਰੀ ਦੇ ਇਕ ਮੋਟਰਸਾਈਕਲ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ 317 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਮੇਜਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਇਲਾਕੇ ਵਿਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਹਨੀ ਸਿੰਘ ਪੁੱਤਰ ਗੁਰਮੇਜ ਸਿੰਘ ਵਾਸੀ ਆਵਾ ਬਸਤੀ ਫਿਰੋਜ਼ਪੁਰ, ਅਰਸ਼ਦੀਪ ਸਿੰਘ ਪੁੱਤਰ ਪਰਵਿੰਦਰ ਸਿੰਘ ਤੇ ਸੌਰਵ ਪੁੱਤਰ ਕ੍ਰਿਸ਼ਨ ਲਾਲ ਵਾਸੀਅਨ ਬਸਤੀ ਬੋਰੀਆਂ ਵਾਲੀ ਫਿਰੋਜ਼ਪੁਰ ਚੋਰੀਆਂ ਕਰਨ ਦੇ ਆਦੀ ਹਨ, ਜੋ ਹੁਣ ਵੀ ਹੋਰ ਚੋਰੀ ਕਰਨ ਦੀ ਫਿਰਾਕ ਵਿਚ ਚੋਰੀ ਕੀਤੇ ਮੋਟਰਸਾਈਕਲ 'ਤੇ ਦਾਣਾ ਮੰਡੀ ਤਲਵੰਡੀ ਭਾਈ ਸੁੰਨਸਾਨ ਜਗ੍ਹਾ 'ਤੇ ਮੌਜੂਦ ਹਨ। ਜੇਕਰ ਛਾਪੇਮਾਰੀ ਕੀਤੀ ਜਾਵੇ ਤਾਂ ਸਮੇਤ ਚੋਰੀ ਕੀਤੇ ਮੋਟਰਸਾਈਕਲ ਕਾਬੂ ਆ ਸਕਦੇ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ 'ਤੇ ਛਾਪੇਮਾਰੀ ਕੀਤੀ ਤਾਂ ਉਸ ਕੋਲੋਂ ਇਕ ਮੋਟਰਸਾਈਕਲ ਸੀਡੀ ਡੀਲਕਸ ਬਿਨਾਂ ਨੰਬਰੀ ਬਰਾਮਦ ਹੋਇਆ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## 'ਆਪ' ਵੱਲੋਂ ਹੜ੍ਹ ਪ੍ਰਭਾਵਤ ਖੇਤਰਾਂ 'ਚ ਚਲਾਈ ਜਾ ਰਹੀ ਸਫ਼ਾਈ ਮੁਹਿੰਮ : ਹਰਚੰਦ ਸਿੰਘ ਬਰਸਟ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ ਹੇਠ ਸੂਬੇ ਦੇ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਸਫਾਈ ਮੁਹਿੰਮ ਚਲਾਈ ਜਾ ਰਹੀ ਹੈ।ਆਮ ਆਦਮੀ ਪਾਰਟੀ ਦੇ ਸਾਰੇ ਮੰਤਰੀ, ਐਮ.ਐਲ.ਏ., ਵਲੰਟੀਅਰ, ਵਰਕਰ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਤੇ ਸੂਬਾ ਜਨਰਲ ਸਕੱਤਰ, ਆਮ ਆਦਮੀ ਪਾਰਟੀ, ਪੰਜਾਬ ਵੱਲੋਂ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਸਫਾਈ ਮੁਹਿੰਮ ਚਲਾਈ ਜਾ ਰਹੀ ਹੈ।ਹੜ੍ਹਾਂ ਤੋਂ ਪ੍ਰਭਾਵਤ ਪਿੰਡਾਂ ਵਿੱਚ ਲਗਾਤਾਰ ਫੌਗਿੰਗ ਕਰਾਈ ਜਾ ਰਹੀ ਹੈ।ਸਰਕਾਰ ਵੱਲੋਂ ਪ੍ਰਭਾਵਤ ਪਿੰਡਾਂ ਵਿੱਚ ਮੈਡੀਕਲ ਕੈਂਪ ਵੀ ਲਾਏ ਜਾ ਰਹੇ ਹਨ, ਤਾਂ ਜੁ ਲੋਕਾਂ ਨੂੰ ਹੜ੍ਹਾਂ ਤੋਂ ਬਾਅਦ ਫੈਲਣ ਵਾਲੀਆਂ ਬਿਮਾਰੀਆਂ ਤੋਂ ਬਚਾਇਆ ਜਾ ਸਕੇ।ਇਨ੍ਹਾਂ ਕੈਂਪਾਂ ਵਿੱਚ ਡਾਕਟਰ, ਸਹਿਯੋਗੀ ਸਟਾਫ ਦੇ ਨਾਲ-ਨਾਲ ਲਾਜ਼ਮੀ ਦਵਾਈਆਂ ਤੇ ਹੋਰ ਸਮਾਨ ਵੀ ਉਪਲਬੱਧ ਕੀਤਾ ਗਿਆ ਹੈ।

ਬਰਸਟ ਨੇ ਕਿਹਾ ਕਿ ਹੜ੍ਹਾਂ ਕਾਰਨ ਪੰਜਾਬ ਅਤੇ ਪੰਜਾਬ ਵਾਸੀਆਂ ਦਾ ਵੱਡੇ ਪੱਧਰ ਤੇ ਨੁਕਸਾਨ ਹੋਇਆ ਹੈ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹੜ੍ਹ ਪੀੜਤਾਂ ਦੀ ਲਗਾਤਾਰ ਮਦਦ ਕੀਤੀ ਜਾ ਰਹੀ ਹੈ।ਇਸ ਔਖੀ ਘੜੀ ਵਿੱਚ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਨਾਲ ਖੜੀ ਹੈ ਤੇ ਲੋਕਾਂ ਦੇ ਮੁੜ ਵਸੇਬੇ ਲਈ ਲਗਾਤਾਰ ਕਾਰਜ ਕਰ ਰਹੀ ਹੈ।ਉਨ੍ਹਾਂ ਸਮੂਹ ਗ੍ਰਾਮ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਸਫ਼ਾਈ ਮੁਹਿੰਮ ਨੂੰ ਪਹਿਲ ਦੇ ਆਧਾਰ ਤੇ ਚਲਾਉਣ।ਉਨ੍ਹਾਂ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚ ਮਿਸ਼ਨ ਚੜ੍ਹਦੀ ਕਲਾ ਦੀ ਸ਼ੁਰੂਆਤ ਕੀਤੀ ਗਈ ਹੈ।ਉਨ੍ਹਾਂ ਐਨਆਰਆਈਜ਼, ਐਨਜੀਓਜ਼, ਸਮਾਜ ਸੇਵਕਾਂ, ਕਲਾਕਾਰਾਂ, ਦੁਕਾਨਦਾਰਾਂ, ਉਦਯੋਗਪਤੀਆਂ ਸਮੇਤ ਸਾਰਿਆਂ ਨੂੰ ਅਪੀਲ ਕੀਤੀ ਕਿ ਇਸ ਔਖੀ ਘੜੀ ਵਿੱਚ ਸਾਰੇ ਰੱਲ ਕੇ ਆਪਣੇ ਪੰਜਾਬ ਤੇ ਪੰਜਾਬ ਵਾਸੀਆਂ ਦੀ ਮਦਦ ਕਰੀਏ ਅਤੇ ਮਿਸ਼ਨ ਚੜ੍ਹਦੀਕਲਾ ਵਿੱਚ ਆਪਣਾ ਯੋਗਦਾਨ ਪਾਈਏ ਤਾਂ ਜੁ ਪੰਜਾਬ ਨੂੰ ਮੁੜ ਹਰਿਆ-ਭਰਿਆ ਅਤੇ ਹੱਸਦਾ-ਵਸਦਾ ਬਣਾ ਸਕੀਏ।

## ਸਪੀਕਰ ਦੀ ਅਗਵਾਈ ਹੇਠ ਰੁੱਖ ਲਾਉਣ ਦੀ ਮੁਹਿੰਮ ਸ਼ੁਰੂ



**ਕੋਟਕਪੂਰਾ (ਰਛਪਾਲ ਭੁੱਲਰ)**

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਹਾਜ਼ਰੀ ਵਿੱਚ ਗੁੱਡ ਮੌਰਨਿੰਗ ਵੈਲਫੇਅਰ ਕਲੱਬ ਵੱਲੋਂ ਦਸ਼ਮੇਸ਼ ਮਿਸ਼ਨ ਸੀਨੀਅਰ ਸਕੈਂਡਰੀ ਸਕੂਲ, ਹਰੀ ਨੌਂ ਵਿਖੇ ਵਾਤਾਵਰਣ ਸੰਭਾਲ ਲਈ ਵਿਸ਼ਾਲ ਪੱਧਰ 'ਤੇ ਰੁੱਖ ਲਗਾਉਣ ਦੀ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੌਰਾਨ 100 ਤੋਂ ਵੱਧ ਫਲਦਾਰ, ਛਾਂਦਾਰ ਤੇ ਵਿਰਾਸਤੀ ਕਿਸਮ ਦੇ ਬੂਟੇ ਲਾਏ ਗਏ, ਜਿਨ੍ਹਾਂ ਨਾਲ ਨਾ ਸਿਰਫ਼ ਸਕੂਲ ਦਾ ਵਾਤਾਵਰਣ ਹਰਾ-ਭਰਾ ਹੋਵੇਗਾ, ਸਗੋਂ ਪਿੰਡ ਵਾਸੀਆਂ ਲਈ ਵੀ ਸਾਫ਼ ਹਵਾ ਤੇ ਸੁੰਦਰ ਮਾਹੌਲ ਉਪਲਬਧ ਹੋਵੇਗਾ।ਸਪੀਕਰ ਸੰਧਵਾਂ ਨੇ ਖ਼ੁਦ ਰੁੱਖ ਲਾ ਕੇ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ।ਉਨ੍ਹਾਂ ਨੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਰੁੱਖ ਲਾਉਣਾ ਕੇਵਲ ਇੱਕ ਸਮਾਜਕ ਜ਼ਿੰਮੇਵਾਰੀ ਨਹੀਂ, ਸਗੋਂ ਧਰਤੀ ਮਾਂ ਪ੍ਰਤੀ ਸੱਚੀ ਸੇਵਾ ਹੈ।ਉਨ੍ਹਾਂ ਨੇ ਕਿਹਾ ਕਿ ਵਾਤਾਵਰਣ ਪ੍ਰਦੂਸ਼ਣ ਘਟਾਉਣ, ਗਲੋਬਲ ਵਾਰਮਿੰਗ ਨੂੰ ਰੋਕਣ ਤੇ ਭਵਿੱਖ ਦੀਆਂ ਪੀੜ੍ਹੀਆਂ ਨੂੰ ਸਿਹਤਮੰਦ ਵਾਤਾਵਰਣ ਦੇਣ ਲਈ ਇਸ ਤਰ੍ਹਾਂ ਦੇ ਯਤਨ ਅਤਿ-ਜ਼ਰੂਰੀ ਹਨ।ਸੰਧਵਾਂ ਨੇ ਗੁੱਡ ਮੌਰਨਿੰਗ ਵੈਲਫੇਅਰ ਕਲੱਬ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਕਿਹਾ ਕਿ ਜੇਕਰ ਹਰ ਪਿੰਡ, ਸ਼ਹਿਰ ਤੇ ਹਰ ਸਮਾਜਕ ਸੰਸਥਾ ਇੰਝ ਹੀ ਅੱਗੇ ਆ ਕੇ ਰੁੱਖ ਲਾਉਣ ਦਾ ਕੰਮ ਲਗਨ ਨਾਲ ਕਰੇ ਤਾਂ ਪੰਜਾਬ ਨੂੰ ਹਰੇ-ਭਰੇ ਰਾਜ ਦੇ ਤੌਰ 'ਤੇ ਦੁਬਾਰਾ ਜਾਣਿਆ ਜਾ ਸਕਦਾ ਹੈ।ਮੁਹਿੰਮ ਨੂੰ ਹੋਰ ਮਜ਼ਬੂਤ ਬਣਾਉਣ ਲਈ ਪਿੰਡ ਹਰੀ ਨੌਂ ਦੀ ਪੰਚਾਇਤ ਨੇ ਵੀ ਵਾਅਦਾ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਪਿੰਡ ਪੱਧਰ 'ਤੇ ਵੱਡੀ ਗਿਣਤੀ ਵਿੱਚ ਬੂਟੇ ਲਾਏ ਜਾਣਗੇ।ਪੰਚਾਇਤ ਮੈਂਬਰਾਂ ਨੇ ਕਿਹਾ ਕਿ ਰੁੱਖ ਸਾਡੇ ਜੀਵਨ ਦਾ ਅਟੁੱਟ ਹਿੱਸਾ ਹਨ ਤੇ ਇਨ੍ਹਾਂ ਦੀ ਸੰਭਾਲ ਕਰਨਾ ਹਰ ਨਾਗਰਿਕ ਦਾ ਧਰਮ ਹੈ।

## ਵਿਸ਼ਵ ਪੰਜਾਬੀ ਦਿਵਸ ਦਾ ਹਿੱਸਾ ਬਣਨ ਦਾ ਸੱਦਾ

**ਧੂਰੀ (ਮਨੋਹਰ ਸਿੰਘ ਸੱਗੂ)**-ਆਪਣਾ ਪੰਜਾਬ ਫਾਊਂਡੇਸ਼ਨ ਦੇ ਸੰਸਥਾਪਕ ਤੇ ਪ੍ਰਧਾਨ ਡਾ. ਜਗਜੀਤ ਸਿੰਘ ਨੇ ਦੱਸਿਆ ਕਿ ਫਾਊਂਡੇਸ਼ਨ ਵੱਲੋਂ 23 ਸਤੰਬਰ ਨੂੰ ਪਟਿਆਲਾ ਵਿਖੇ ਵਿਸ਼ਵ ਪੰਜਾਬੀ ਦਿਵਸ ਮਨਾਇਆ ਜਾਵੇਗਾ।

ਡਾ: ਜਗਜੀਤ ਸਿੰਘ ਧੂਰੀ ਨੇ ਫੈਡਰੇਸ਼ਨ ਵੱਲੋਂ ਪੰਜਾਬੀ ਪਿਆਰਿਆਂ ਨੂੰ 23 ਸਤੰਬਰ ਨੂੰ ਸਵੇਰੇ 10 ਵਜੇ ਹਰਪਾਲ ਟਿਵਾਣਾ ਆਡੀਟੋਰੀਅਮ ਪਟਿਆਲਾ ਵਿਖੇ ਹੋਣ ਵਾਲੇ ਵਿਸ਼ਵ ਪੰਜਾਬੀ ਦਿਵਸ ਸਮਾਗਮ ਦਾ ਹਿੱਸਾ ਬਣਨ ਦਾ ਸੱਦਾ ਦਿੰਦਿਆਂ ਕਿਹਾ ਕਿ ਇਹ ਸਮਾਗਮ ਪੰਜਾਬੀ ਦੇ ਪਹਿਲੇ ਸਿਰਮੌਰ ਕਵੀ ਬਾਬਾ ਫਰੀਦ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਹੋਵੇਗਾ ਅਤੇ ਫੈਡਰੇਸ਼ਨ ਵੱਲੋਂ ਬਾਬਾ ਫਰੀਦ ਜੀ ਦੇ ਆਗਮਨ ਪੁਰਬ ਨੂੰ ਹਰ ਸਾਲ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ ਗਿਆ ਹੈ।

## ਬਬਲੇਸ਼ ਕੁਮਾਰ ਨੂੰ ਭਾਜਪਾ ਨੇ ਭਗਤਾ ਭਾਈਕਾ ਮੰਡਲ ਦਾ ਪ੍ਰਧਾਨ ਬਣਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਜ਼ਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਦੀ ਅਗਵਾਈ 'ਚ ਭਾਜਪਾ ਦੀ ਜ਼ਿਲ੍ਹਾ ਜਥੇਬੰਦੀ ਦਾ ਵਿਸਥਾਰ ਕੀਤਾ ਜਾ ਰਿਹਾ ਹੈ। ਬਬਲੇਸ਼ ਕੁਮਾਰ ਨੂੰ ਭਗਤਾ ਭਾਈਕਾ ਦਾ ਮੰਡਲ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਗੁਰਪ੍ਰੀਤ ਸਿੰਘ ਮਲੂਕਾ ਤੇ ਸਾਬਕਾ ਪ੍ਰਧਾਨ ਗੁਰਵਿੰਦਰ ਸਿੰਘ ਭਗਤਾ ਤੇ ਭਾਜਪਾ ਆਗੂਆਂ ਨੇ ਬਬਲੇਸ਼ ਕੁਮਾਰ ਨੂੰ ਵਧਾਈ ਦਿੱਤੀ ਤੇ ਸਨਮਾਨਤ ਕੀਤਾ। ਮਲੂਕਾ ਨੇ ਕਿਹਾ ਭਾਜਪਾ ਦੇਸ਼ ਦੀ ਸਭ ਤੋਂ ਵੱਡੀ ਰਾਜਨੀਤਕ ਧਿਰ ਹੈ ਤੇ ਭਾਜਪਾ 'ਚ ਅੱਜ ਤੱਕ ਪਰਿਵਾਰਵਾਦ ਨੂੰ ਅਹਿਮੀਅਤ ਨਹੀਂ ਦਿੱਤੀ ਗਈ। ਪਾਰਟੀ 'ਚ ਨਿਰੋਲ ਮੈਰਿਟ ਦੇ ਅਧਾਰ 'ਤੇ ਅਹੁਦੇਦਾਰ ਚੁਣੇ ਜਾਂਦੇ ਹਨ। ਮਿਹਨਤ ਤੇ ਇਮਾਨਦਾਰੀ ਨਾਲ ਪਾਰਟੀ ਲਈ ਕੰਮ ਕਰਨ ਵਾਲਾ ਸਧਾਰਨ ਤੋਂ ਸਧਾਰਨ ਵਰਕਰ ਸਰਕਾਰ ਤੇ ਸੰਗਠਨ 'ਚ ਸਿਖਰਲੇ ਅਹੁਦੇ ਤੱਕ ਪਹੁੰਚ ਸਕਦਾ ਹੈ। ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗੁਆਂਢੀ ਰਾਜ ਹਰਿਆਣਾ ਅਤੇ ਰਾਜਸਥਾਨ 'ਚ ਬਣੇ ਮੁੱਖ ਮੰਤਰੀ ਇਸ ਦੀ ਪੁਖਤਾ ਉਦਾਹਰਨ ਹਨ। ਬਬਲੇਸ਼ ਕੁਮਾਰ ਨੇ ਸੂਬਾ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ, ਸੰਗਠਨ ਮੰਤਰੀ ਸ੍ਰੀ ਨਿਵਾਸਲੂ ਜ਼ਿਲ੍ਹਾ, ਪ੍ਰਭਾਰੀ ਦੁਰਗੇਸ਼ ਸ਼ਰਮਾ ਤੇ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਪ੍ਰਧਾਨ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਚ ਪ੍ਰਗਟ ਕੀਤੇ ਭਰੋਸੇ 'ਤੇ ਖ਼ਰਾ ਉਤਰਨਗੇ। ਗੁਰਵਿੰਦਰ ਸਿੰਘ ਭਗਤਾ ਨੇ ਕਿਹਾ ਕਿ ਗੁਰਪ੍ਰੀਤ ਸਿੰਘ ਮਲੂਕਾ ਦੀ ਅਗਵਾਈ 'ਚ ਪੇਂਡੂ ਖੇਤਰ 'ਚ ਭਾਜਪਾ ਮਜ਼ਬੂਤ ਹੋਈ ਹੈ।

## ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ 'ਚ ਸੀਟਾਂ 150 ਤੋਂ ਵਧ ਕੇ 250 ਹੋਈਆਂ : ਸੇਖੋਂ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**

ਗੁਰੂ ਗੋਬਿੰਦ ਸਿੰਘ ਮੈਡਿਕਲ ਕਾਲਜ ਤੇ ਹਸਪਤਾਲ, ਜੋ ਬਾਬਾ ਫ਼ਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਦਾ ਕੰਨਸਟੀਚਿਊਟ ਕਾਲਜ ਹੈ, ਵਿੱਚ ਐਮ.ਬੀ.ਬੀ.ਐਸ ਕੋਰਸ ਦੀਆਂ ਸੀਟਾਂ ਹੁਣ 150 ਤੋਂ ਵੱਧ ਕੇ 250 ਹੋ ਗਈਆਂ ਹਨ।ਇਹ ਜਾਣਕਾਰੀ ਗੁਰਦਿੱਤ ਸਿੰਘ ਸੇਖੋਂ ਨੇ ਪ੍ਰੈਸ ਕਾਨਫਰੰਸ ਦੌਰਾਨ ਦਿੱਤੀ।ਉਨ੍ਹਾਂ ਦੱਸਿਆ ਕਿ ਇਤਿਹਾਸਕ ਪਿਛੋਕੜ ਅਨੁਸਾਰ ਕਾਲਜ 1978 ਵਿੱਚ ਸਿਰਫ਼ 50 ਐਮ.ਬੀ.ਬੀ.ਐਸ ਸੀਟਾਂ ਨਾਲ ਪਟਨਾ ਵਿੱਚ ਗੁਰੂ ਗੋਬਿੰਦ ਸਿੰਘ ਸੁਸਾਇਟੀ ਵੱਲੋਂ ਸ਼ੁਰੂ ਕੀਤਾ ਗਿਆ ਸੀ।ਬਾਅਦ ਵਿੱਚ ਮੁੱਖ ਮੰਤਰੀ ਗਿਆਨੀ ਜ਼ੈਲ ਸਿੰਘ ਦੇ ਸਹਿਯੋਗ ਨਾਲ ਕਾਲਜ ਵਿੱਚ ਲਿਆਂਦਾ ਗਿਆ।ਛੋਟੇ ਸ਼ਹਿਰ 'ਚ ਹੋਣ ਕਾਰਨ ਲਗਭਗ 32 ਸਾਲ ਤੱਕ ਕਾਲਜ ਕਿਰਾਏ ਦੀ ਬਿਲਡਿੰਗ ਵਿੱਚ ਚੱਲਦਾ ਰਿਹਾ ਤੇ 2012 ਵਿੱਚ ਨਵੀਂ ਇਮਾਰਤ ਵਿੱਚ ਸਥਾਪਤ ਹੋਇਆ। ਉਨ੍ਹਾਂ ਅੱਗੇ ਦੱਸਿਆ ਕਿ ਸਾਲਾਂ ਦਰ ਸਾਲ ਐਮਬੀਬੀਐਸ ਸੀਟਾਂ ਵਿੱਚ ਵਾਧਾ ਇਸ ਤਰ੍ਹਾਂ ਹੋਇਆ, ਜਿਸ ਵਿੱਚ 1978 ਵਿੱਚ 50 ਸੀਟਾਂ, 2013 ਵਿੱਚ 100 ਸੀਟਾਂ, 2019 ਵਿੱਚ 125 ਸੀਟਾਂ, 2023 ਵਿੱਚ 150 ਸੀਟਾਂ, 2 ਸਤੰਬਰ 2025 ਨੂੰ 200 ਸੀਟਾਂ ਅਤੇ 18 ਸਤੰਬਰ 2025 ਨੂੰ 250 ਸੀਟਾਂ। ਉਨ੍ਹਾਂ ਕਿਹਾ ਕਿ ਇਹ ਵਾਧਾ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਵਾਈਸ ਚਾਂਸਲਰ ਡਾ. ਰਾਜੀਵ ਸੂਦ ਦੇ ਸਹਿਯੋਗ ਨਾਲ ਸੰਭਵ ਹੋਇਆ।

ਉਨ੍ਹਾਂ ਕਿਹਾ ਕਿ ਐਮਬੀਬੀਐਸ ਤੋਂ ਇਲਾਵਾ ਪੋਸਟਗ੍ਰੈਜੂਏਟ ਸਿੱਖਿਆ ਵਿੱਚ ਵੀ ਵਾਧਾ ਹੋਇਆ ਹੈ।1998-99 ਵਿੱਚ ਕੇਵਲ 9 ਐਮਡੀ/ਐਮਐਸ ਸੀਟਾਂ ਸਨ, ਜੋ ਹੁਣ 2025 ਤੱਕ 105 ਹੋ ਗਈਆਂ ਹਨ।ਆਉਣ ਵਾਲੇ ਸੈਸ਼ਨ ਵਿੱਚ 22 ਹੋਰ ਨਵੀਆਂ ਸੀਟਾਂ ਸ਼ੁਰੂ ਕੀਤੀਆਂ ਜਾਣਗੀਆਂ।

ਯੂਨੀਵਰਸਿਟੀ ਨੇ ਨਰਸਿੰਗ ਦੀਆਂ ਸੀਟਾਂ ਵਿੱਚ ਵਾਧਾ, ਡੈਂਟਲ ਕਾਲਜ (50 ਬੀਡੀਐਸ ਸੀਟਾਂ), ਫ਼ਿਜ਼ੀਓਥੈਰੇਪੀ ਤੇ ਫਾਰਮੇਸੀ ਕਾਲਜ ਦੀ ਸਥਾਪਨਾ, ਦਸ ਸਾਲ ਬਾਅਦ ਸਕਿੱਲ ਵਿਕਾਸ ਕੇਂਦਰ ਦਾ ਦੁਬਾਰਾ ਸ਼ੁਰੂ ਤੇ ਭਾਰਤੀ ਫੌਜ ਨਾਲ ਸਹਿਯੋਗ ਨਾਲ ਅਗਨਿਵੀਰਾਂ ਲਈ ਹੈਲਥ ਸਿੱਖਿਆ ਦੀ ਟ੍ਰੇਨਿੰਗ ਵਰਗੀਆਂ ਨਵੀਆਂ ਪਹੁੰਚਾਂ ਦੀ ਵੀ ਘੋਸ਼ਣਾ ਕੀਤੀ।

## ਸਨੇਕ ਬਾਈਟ ਜਾਗਰੂਕਤਾ ਦਿਵਸ ਮਨਾਇਆ

**ਤਪਾ (ਮੁਨੀਸ਼ ਬਾਂਸਲ)**-ਸਿਵਲ ਸਰਜਨ ਡਾ. ਬਲਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤੇ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਡਾ. ਕੰਵਲਜੀਤ ਸਿੰਘ ਬਾਜਵਾ ਦੀ ਅਗਵਾਈ ਹੇਠ ਸਬ ਡਵੀਜ਼ਨਲ ਹਸਪਤਾਲ ਵਿਖੇ ਅੰਤਰਰਾਸ਼ਟਰੀ ਸਨੇਕ ਬਾਈਟ (ਸੱਪ ਦਾ ਡੰਗਣਾ) ਜਾਗਰੂਕਤਾ ਦਿਵਸ ਮਨਾਇਆ ਗਿਆ।ਬਲਾਕ ਐਜੂਕੇਟਰ ਜਸਪਾਲ ਸਿੰਘ ਜਟਾਣਾ ਤੇ ਐਸ.ਆਈ ਰਣਜੀਵ ਕੁਮਾਰ ਵੱਲੋਂ ਲੋਕਾਂ ਨੂੰ ਸੱਪ ਦੇ ਡੰਗਣ 'ਤੇ ਕੀਤੇ ਜਾਣ ਵਾਲੇ ਜ਼ਰੂਰੀ ਉਪਾਵਾਂ ਬਾਰੇ ਜਾਗਰੂਕ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਸੱਪ ਦੇ ਡੰਗਣ 'ਤੇ ਘਬਰਾਉਣਾ ਨਹੀਂ ਚਾਹੀਦਾ, ਸਗੋਂ ਤੁਰੰਤ ਸਭ ਤੋਂ ਨੇੜੇ ਦੇ ਸਰਕਾਰੀ ਹਸਪਤਾਲ ਜਾਣਾ ਚਾਹੀਦਾ ਹੈ।ਉਨ੍ਹਾਂ ਲੋਕਾਂ ਨੂੰ ਅੰਧਵਿਸ਼ਵਾਸਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਜਾਰੀ ਕੀਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੱਪ ਦੇ ਡੰਗਣ ਤੇ ਮਰੀਜ਼ ਨੂੰ ਸ਼ਾਂਤ ਰੱਖਣਾ, ਪ੍ਰਭਾਵਤ ਅੰਗ ਨੂੰ ਹਿਲਾਉਣ ਤੋਂ ਬਚਾਉਣਾ ਤੇ ਜਲਦੀ ਤੋਂ ਜਲਦੀ ਸਿਹਤ ਕੇਂਦਰ ਪਹੁੰਚਣਾ ਸਭ ਤੋਂ ਮਹੱਤਵਪੂਰਨ ਹੈ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਸੱਪ ਦੇ ਕੱਟਣ ਦਾ ਇਲਾਜ ਤੇ ਐਂਟੀ-ਵੇਨਮ ਟੀਕਾ ਮੁਫ਼ਤ ਉਪਲਬਧ ਹੈ।ਸਹੀ ਸਮੇਂ 'ਤੇ ਸਹੀ ਇਲਾਜ ਨਾਲ ਕਿਸੇ ਵੀ ਕੀਮਤੀ ਜਾਨ ਨੂੰ ਬਚਾਇਆ ਜਾ ਸਕਦਾ ਹੈ।

## 50 ਹਜ਼ਾਰ ਰੁਪਏ ਦਾ ਚੈੱਕ ਡਾ. ਦਹੀਆ ਨੂੰ ਸੌਂਪਿਆ




**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਬੇਟੂ ਕਦੀਮ ਦੇ ਸਰਪੰਚ ਮੁਖਤਿਆਰ ਸਿੰਘ ਪੂਰੀ ਵੱਲੋਂ ਪੰਜਾਬ ਦੇ ਹੜ੍ਹ ਪੀੜਤਾਂ ਦੀ ਮੱਦਦ ਲਈ ਮੁੱਖ ਮੰਤਰੀ ਰਾਹਤ ਫੰਡ ਵਿਚ 50 ਹਜ਼ਾਰ ਰੁਪਏ ਦੀ ਰਾਸ਼ੀ ਦੇਣ ਲਈ ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਆ ਨੂੰ ਚੈੱਕ ਸੌਂਪਿਆ ਗਿਆ। ਇਸ ਮੌਕੇ ਸਰਪੰਚ ਮੁਖਤਿਆਰ ਸਿੰਘ ਪੂਰੀ ਨੇ ਪੰਚਾਇਤ ਮੈਂਬਰ ਕੁਲਦੀਪ ਧਵਨ, ਜਸਪਾਲ ਸਿੰਘ ਭੁੱਲਰ, ਰਾਜ ਸਿੰਘ, ਬੋਹੜ ਸਿੰਘ ਅਤੇ ਗੁਰਮੀਤ ਕੌਰ ਦਾ ਉਨ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ। ਵਿਧਾਇਕ ਰਜਨੀਸ਼ ਦਹੀਆ ਨੇ ਪਿੰਡ ਦੀ ਪੰਚਾਇਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਨੂੰ ਹੜ੍ਹਾਂ ਦੀ ਕੁਦਰਤੀ ਮਾਰ ਪਈ ਹੈ, ਜਿਸ ਨਾਲ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਹੈ। ਅਜਿਹੀ ਹਾਲਤ ਵਿਚ ਸਾਡਾ ਸਭਨਾਂ ਦਾ ਫ਼ਰਜ਼ ਬਣਦਾ ਹੈ ਕਿ ਇਨ੍ਹਾਂ ਹੜ੍ਹ ਪੀੜਤਾਂ ਦੀ ਬਾਂਹ ਫੜੀ ਜਾਵੇ ਤਾਂ ਜੁ ਉਹ ਮੁੜ ਆਪਣੇ ਪੈਰਾਂ 'ਤੇ ਖੜੇ ਹੋ ਸਕਣ। ਉਨ੍ਹਾਂ ਹੋਰਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਮੁੱਖ ਮੰਤਰੀ ਰਾਹਤ ਫੰਡ ਵਿੱਚ ਆਪਣਾ ਯੋਗਦਾਨ ਪਾਉਣ ਤਾਂ ਜੁ ਵੱਧ ਤੋਂ ਵੱਧ ਹੜ੍ਹ ਪੀੜਤਾਂ ਦੀ ਮਦਦ ਹੋ ਸਕੇ। ਉਨ੍ਹਾਂ ਕਿਹਾ ਕਿ ਲੋਕ ਵੈਬਸਾਈਟ 'ਤੇ ਜਾ ਕੇ ਮੁੱਖ ਮੰਤਰੀ ਰਾਹਤ ਫੰਡ ਵਿਚ ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਆਪਣਾ ਯੋਗਦਾਨ ਪਾ ਸਕਦੇ ਹਨ।

## ਰੰਘੜਿਆਲ, ਖੱਤਰੀਵਾਲਾ ਤੇ ਦਿਆਲਪੁਰਾ 'ਚ ਰੈਲੀਆਂ ਕੀਤੀਆਂ



**ਬਰੇਟਾ (ਰੀਤਵਾਲ)**-'ਭਗਵੰਤ ਮਾਨ ਜਵਾਬ ਦਿਓ', 'ਨਰੇਗਾ ਮਜ਼ਦੂਰਾਂ ਲਈ ਜ਼ੁਬਾਨ ਖੋਲ੍ਹੋ', 'ਹੜ੍ਹਾਂ ਤੇ ਮੀਂਹ ਨਾਲ ਮਜ਼ਦੂਰਾਂ ਦੇ ਡਿੱਗੇ ਘਰਾਂ ਦਾ ਪੂਰਾ ਮੁਆਵਜ਼ਾ ਦਿਓ' ਨਾਅਰੇ ਤਹਿਤ 29 ਸਤੰਬਰ ਨੂੰ ਡੀ ਸੀ ਦਫਤਰ ਮਾਨਸਾ ਵਿਖੇ ਲੱਗਣ ਵਾਲੇ ਧਰਨੇ ਦੀ ਤਿਆਰੀ ਸਬੰਧੀ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਵੱਲੋਂ ਤਹਿਸੀਲ ਬੁਢਲਾਡਾ ਦੇ ਪਿੰਡ ਰੰਘੜਿਆਲ, ਖੱਤਰੀਵਾਲਾ ਅਤੇ ਦਿਆਲਪੁਰਾ ਵਿਖੇ ਮਜ਼ਦੂਰ ਵਿਹੜਿਆਂ ਵਿੱਚ ਰੈਲੀਆਂ ਕੀਤੀਆਂ ਗਈਆਂ। ਰੈਲੀਆਂ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਦੇ ਤਹਿਸੀਲ ਪ੍ਰਧਾਨ ਤਰਸੇਮ ਸਿੰਘ ਬਹਾਦਰਪੁਰ ਤੇ ਭੋਲਾ ਸਿੰਘ ਬਹਾਦਰਪੁਰ ਨੇ ਕਿਹਾ ਕਿ ਰੁਜ਼ਗਾਰ ਦੇਣ ਦੇ ਵਾਅਦੇ ਨਾਲ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਬਿਲਕੁਲ ਝੂਠੀ ਤੇ ਮਜ਼ਦੂਰ ਵਿਰੋਧੀ ਸਾਬਤ ਹੋਈ ਹੈ।ਉਨ੍ਹਾਂ ਕਿਹਾ ਕਿ ਰੁਜ਼ਗਾਰ ਦੇਣਾ ਤਾਂ ਦੂਰ ਦੀ ਗੱਲ ਹੈ, ਇਸ ਨੇ ਤਾਂ ਮਨਰੇਗਾ ਮਜ਼ਦੂਰਾਂ ਦਾ ਇੱਕੋ ਇੱਕ ਕੰਮ ਜਿਸ ਨਾਲ ਮਜ਼ਦੂਰਾਂ ਦੇ ਥੋੜ੍ਹੇ ਬਹੁਤੇ ਚੁੱਲ੍ਹੇ ਚੱਲਦੇ ਸਨ, ਉਹ ਕੰਮ ਵੀ ਪਿਛਲੇ ਪੰਜ ਮਹੀਨਿਆਂ ਤੋਂ ਬੰਦ ਕਰ ਦਿੱਤਾ ਹੈ, ਜਿਸ ਨਾਲ ਮਜ਼ਦੂਰਾਂ ਦੇ ਢਿੱਡ ਵਿੱਚ ਛੁਰਾ ਮਾਰਨ ਵਾਲੀ ਗੱਲ ਕੀਤੀ ਹੈ।ਮੰਗਾਂ ਦੀ ਪੂਰਤੀ ਲਈ 29 ਸਤੰਬਰ ਨੂੰ ਡੀਸੀ ਦਫਤਰ ਵਿਖੇ ਵੱਡੇ ਧਰਨੇ ਦੀ ਤਿਆਰੀ ਵਜੋਂ ਉਨ੍ਹਾਂ ਨੇ ਮਜ਼ਦੂਰਾਂ ਨੂੰ ਪਹੁੰਚਣ ਦੀ ਅਪੀਲ ਕੀਤੀ।

## ਸ੍ਰੀ ਬਾਲਾ ਜੀ ਟਰੱਸਟ ਨੇ ਲਾਇਆ ਵਿਸ਼ਾਲ ਭੰਡਾਰਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਸੰਗਮੇਸ਼ਵਰ ਮਹਾਦੇਵ ਅਰੁਣਾਏ ਚੈਰੀਟੇਬਲ ਸੁਸਾਇਟੀ ਤੇ ਸ੍ਰੀ ਬਾਲਾ ਜੀ ਟਰੱਸਟ ਦੇ ਸਹਿਯੋਗ ਨਾਲ ਤ੍ਰਿਓਦਸ਼ੀ ਮੇਲੇ ਮੌਕੇ (ਅਰੁਣਾਏ) ਵਿੱਚ ਸੁਨਾਮ ਵਾਲੀ ਧਰਮਸ਼ਾਲਾ ਵਿਖੇ ਭੰਡਾਰਾ ਲਾਇਆ ਗਿਆ।ਗੌਰਵ ਜਨਾਲੀਆ ਨੇ ਦੱਸਿਆ ਕਿ ਸ੍ਰੀ ਸੰਗਮੇਸ਼ਵਰ ਮਹਾਦੇਵ ਮੰਦਰ (ਅਰੁਣਾਏ) ਵਿੱਚ ਸਵਯੰਭੂ ਸ਼ਿਵਲਿੰਗ ਹੈ, ਜੋ ਰਿਸ਼ੀ ਮੁਨੀਆਂ ਦੀ ਕਠੋਰ ਤਪੱਸਿਆ ਦੇ ਫਲਸਰੂਪ ਧਰਤੀ 'ਚੋਂ ਪ੍ਰਗਟ ਹੋਏ ਸਨ।ਸ਼ਰਧਾਲੂਆਂ ਦੀ ਭਗਤੀ ਨਾਲ ਸਵਯੰਭੂ ਸ਼ਿਵਲਿੰਗ ਬਹੁਤ ਜਲਦੀ ਪ੍ਰਸੰਨ ਹੁੰਦੇ ਹਨ।ਉਨ੍ਹਾਂ ਦੱਸਿਆ ਕਿ ਨਾਗਰਾਜ ਸ਼ਿਵਲਿੰਗ 'ਤੇ ਆ ਕੇ ਲਿਪਟਦੇ ਹਨ।ਸ਼ਿਵਪੁਰਾਣ ਦੇ ਅਨੁਸਾਰ ਤਿੰਨ ਨਦੀਆਂ ਦੇ ਸੰਗਮ ਅਰੁਣਾ, ਵਰੁਣਾ ਅਤੇ ਸਰਸਵਤੀ ਦੇ ਨਾਂਅ 'ਤੇ ਇਸ ਮੰਦਰ ਨੂੰ ਸੰਗਮੇਸ਼ਵਰ ਮਹਾਦੇਵ ਮੰਦਿਰ ਵੱਜੋਂ ਜਾਣਿਆ ਜਾਂਦਾ ਹੈ, ਭਾਵੇਂ ਇੱਥੇ ਸਾਲ ਭਰ ਸ਼ਰਧਾਲੂ ਦਰਸ਼ਨਾਂ ਲਈ ਆਉਂਦੇ ਹਨ, ਪਰ ਹਰ ਮਹੀਨੇ ਤ੍ਰਿਓਦਸ਼ੀ ਮੇਲੇ 'ਤੇ ਭਾਰੀ ਭੀੜ ਦਾ ਇਕੱਠ ਹੁੰਦਾ ਹੈ।ਉਨ੍ਹਾਂ ਨੇ ਕਿਹਾ ਕਿ ਜੇਕਰ ਕੋਈ ਸ਼ਰਧਾਲੂ ਰੇਤਾ, ਸੀਮਿੰਟ, ਇੱਟਾਂ ਜਾਂ ਕੋਈ ਵੀ ਦਾਨ ਦੇਣਾ ਚਾਹੁੰਦਾ ਹੋਵੇ ਜਾਂ ਤ੍ਰਿਓਦਸ਼ੀ ਮੇਲੇ ਵਿੱਚ ਭੋਗ-ਪ੍ਰਸਾਦ/ਭੰਡਾਰਾ ਲਵਾਉਣਾ ਚਾਹੁੰਦਾ ਹੋਵੇ ਤਾਂ ਇਸ ਦੀ ਸੇਵਾ 11,000 ਰੁਪਏ ਰੱਖੀ ਗਈ ਹੈ।

## ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈੱਲ.ਫੇਅਰ ਵੱਲੋਂ ਖ਼ੂਨਦਾਨ ਕੈਂਪ 23 ਤੱਕ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈਲਫ਼ੇਅਰ ਸੁਸਾਇਟੀ (ਰਜਿ.) ਪੰਜਾਬ ਵੱਲੋਂ ਬਾਬਾ ਫਰੀਦ ਆਗਮਨ ਪੁਰਬ ਨੂੰ ਸਮਰਪਤ ਸਾਂਝ ਬਲੱਡ ਸੁਸਾਇਟੀ ਤੇ ਭਾਈ ਘੱਨਈਆ ਜੀ ਕਲੱਬ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ 21, 22 ਤੇ 23 ਸਤੰਬਰ ਨੂੰ ਸ਼ੇਖ ਫਰੀਦ ਵੋਕੇਸ਼ਨਲ ਸੈਂਟਰ ਨੇੜੇ ਹੰਸ ਬੁੱਕ ਡੀਪੂ, ਕਾਲਜ ਰੋਡ ਵਿਖੇ ਲਾਏ ਜਾਣਗੇ। ਸੁਸਾਇਟੀ ਪ੍ਰਧਾਨ ਗੁਰਜੀਤ ਸਿੰਘ ਹੈਰੀ ਢਿੱਲੋਂ ਨੇ ਦੱਸਿਆ ਕਿ ਇਹ ਬਲੱਡ ਡੋਨੇਸ਼ਨ ਕੈਂਪ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫ਼ਰੀਦਕੋਟ ਦੇ ਬਲੱਡ ਬੈਂਕ ਵਿਭਾਗ, ਸਿਵਲ ਹਸਪਤਾਲ, ਟੀਮ ਸਿਵਿਲ ਹਸਪਤਾਲ ਕੋਟਕਪੂਰਾ ਆਦਿ ਦੇ ਨਾਲ ਲਾਏ ਜਾ ਰਹੇ ਹਨ।ਆਲ ਇੰਡੀਆ ਕਿਸਾਨ ਯੂਨੀਅਨ ਏਕਤਾ ਫ਼ਤਿਹ ਦੇ ਸੂਬਾ ਪ੍ਰਧਾਨ ਸ਼ਰਨਜੀਤ ਸਿੰਘ ਸਰਾਂ ਨੇ ਦੱਸਿਆ ਕਿ ਅਸੀਂ ਇਹ ਫ਼ੈਸਲਾ ਵੀ ਕੀਤਾ ਹੈ ਕਿ ਇਸ ਕੈਂਪ ਵਿੱਚ ਹਰੇਕ ਖ਼ੂਨਦਾਨੀ ਨੂੰ ਸਰਟੀਫ਼ਿਕੇਟ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਜਾਵੇਗਾ।ਮੈਂਬਰ ਗੁਰਬਿੰਦਰ ਸਿੰਘ ਤੇ ਕੇ.ਪੀ. ਸਿੰਘ ਸਰਾਂ ਨੇ ਦੱਸਿਆ ਕੇ 22 ਸਤੰਬਰ ਨੂੰ ਬਲੱਡ ਕੈਂਪਾ ਦੇ ਨਾਲ-ਨਾਲ ਨਹਿਰੂ ਸਟੇਡੀਅਮ ਵਿਖੇ ਕਬੱਡੀ ਮੈਚਾਂ ਤੇ ਫ੍ਰੀ ਮੈਡੀਕਲ ਚੈੱਕਅਪ ਕੈਂਪ ਤੇ ਦਵਾਈਆਂ ਦਾ ਲੰਗਰ ਸਮਾਜਿਕ ਚੇਤਨਾ ਚੈਰੀਟੇਬਲ ਸੁਸਾਇਟੀ (ਰਜਿ) ਕੋਟਕ ਕਰੋੜ ਕਲਾਂ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਘੱਲ ਖੁਰਦ ਵੱਲੋਂ ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈਲਫ਼ੇਅਰ ਸੁਸਾਇਟੀ (ਰਜਿ) ਪੰਜਾਬ ਦੇ ਵਿਸ਼ੇਸ਼ ਸਹਿਯੋਗ ਨਾਲ ਲਾਇਆ ਜਾਣਾ ਹੈ। ਸੁਸਾਇਟੀ ਦੇ ਵਾਇਸ ਪ੍ਰਧਾਨ ਬੀਰਇੰਦਰ ਸਰਾਂ ਨੇ ਅਪੀਲ ਕੀਤੀ ਕਿ ਵੱਧ ਤੋਂ ਵੱਧ ਸੰਗਤ ਇਨ੍ਹਾਂ ਕੈਂਪਾਂ ਵਿੱਚ ਪਹੁੰਚੋ ਤੇ 21, 22 ਸਤੰਬਰ ਨੂੰ ਵਿਸ਼ੇਸ਼ ਤੌਰ 'ਤੇ ਸਾਰੇ ਪੱਤਰਕਾਰਾਂ ਤੇ ਸਮਾਜ ਪ੍ਰਤੀ ਚੰਗੀਆਂ ਸੇਵਾਵਾਂ ਦੇ ਰਹੇ ਸੱਜਣਾਂ ਦਾ ਸਨਮਾਨ ਕੀਤਾ ਜਾਵੇਗਾ।

## ਸੈੱਲਫ ਹੈੱਲਪ ਗਰੁੱਪ ਬਣਾ ਕੇ ਔਰਤਾਂ ਆਮਦਨ ਵਧਾ ਸਕਦੀਆਂ : ਪ੍ਰਿੰ. ਬੁੱਧ ਰਾਮ



**ਬੁਢਲਾਡਾ (ਅਸ਼ੋਕ ਲਾਕੜਾ)**-ਹਲਕਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਪਿੰਡ ਫੁੱਲੂਵਾਲਾ ਡੋਗਰਾ ਵਿਖੇ ਸੈਲਫ ਹੈਲਫ ਗਰੁੱਪਾਂ ਵੱਲੋਂ 02 ਪ੍ਰਚੂਨ ਅਤੇ ਇੱਕ ਚੱਪਲਾਂ ਬਣਾਉਣ ਦੀਆਂ ਚਲਾਈਆਂ ਜਾ ਰਹੀਆਂ ਤਿੰਨ ਦੁਕਾਨਾਂ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਸੈਲਫ ਹੈਲਪ ਗਰੁੱਪਾਂ ਦੀ ਪ੍ਰਸੰਸਾ ਕਰਦਿਆਂ ਇਸ ਕੰਮ ਨੂੰ ਅੱਗੇ ਵਧਾਉਣ ਵਾਸਤੇ ਵਿਸ਼ਵਾਸ ਦਿਵਾਇਆ ਗਿਆ।ਉਨ੍ਹਾਂ ਕਿਹਾ ਕਿ ਪਿੰਡ ਦੀਆਂ ਗਰੀਬ ਔਰਤਾਂ ਲੋੜ ਅਨੁਸਾਰ ਕਰਜ਼ਾ ਲੈ ਕੇ ਆਪਣਾ ਕੋਈ ਵੀ ਰੁਜ਼ਗਾਰ ਸ਼ੁਰੂ ਕਰ ਸਕਦੀਆਂ ਹਨ, ਜਿਸ ਨਾਲ ਕਿ ਘਰ ਵਿੱਚ ਗ਼ਰੀਬੀ ਵੀ ਦੂਰ ਕੀਤੀ ਜਾ ਸਕਦੀ ਹੈ। ਬੀ.ਡੀ.ਪੀ.ਓ ਦਫ਼ਤਰ ਦੇ ਸੈਲਫ਼ ਹੈਲਫ਼ ਗਰੁੱਪ ਇੰਚਾਰਜ ਬੀਬੀ ਜਸਵੀਰ ਕੌਰ ਨੇ ਵਿਸ਼ਵਾਸ ਦਿਵਾਇਆ ਕਿ ਸੈਲਫ ਗਰੁੱਪ ਦੇ ਅਧੀਨ ਜੋ ਵੀ ਕੰਮ ਕਾਜ ਤੇ ਕਿਸੇ ਤਰ੍ਹਾਂ ਦੀ ਕੋਈ ਮਦਦ ਦੀ ਲੋੜ ਹੈ ਤਾਂ ਉਹ ਕਰਨਗੇ।ਉਨ੍ਹਾਂ ਕਿਹਾ ਕਿ ਹਲਕਾ ਬਢਲਾਡਾ ਅਧੀਨ ਆਉਂਦੇ ਪਿੰਡਾਂ ਦੀਆਂ ਜੋ ਵੀ ਔਰਤਾਂ ਰੁਜ਼ਗਾਰ ਸ਼ੁਰੂ ਕਰਨਾ ਚਾਹੁੰਦੀਆਂ ਹਨ, ਉਹ ਬੀ ਡੀ ਪੀ ਓ ਦਫ਼ਤਰ ਆ ਕੇ ਮਿਲ ਸਕਦੀਆਂ ਹਨ। ਬੀਬੀ ਜਸਵੀਰ ਕੌਰ ਨੇ ਪਿੰਡ ਫੁੱਲੂਵਾਲਾ ਡੋਗਰਾ ਪਹੁੰਚੇ ਵਿਧਾਇਕ ਬੁੱਧ ਰਾਮ ਦਾ ਹੌਸਲਾ ਅਫ਼ਜ਼ਾਈ ਲਈ ਧੰਨਵਾਦ ਕੀਤਾ, ਜਿਨ੍ਹਾਂ ਸਾਡੇ ਇੱਕ ਸੁਨੇਹੇ 'ਤੇ ਹੀ ਸਾਡੇ ਪਿੰਡ ਫੂਲਵਾਲਾ ਡੋਗਰਾਂ ਵਿੱਚ ਆ ਕੇ ਹੌਸਲਾ ਵਧਾਇਆ। ਇੱਥੇ ਦੋ ਦੁਕਾਨਾਂ ਪ੍ਰਚੂਨ ਦੀਆਂ ਤੇ ਇੱਕ ਦੁਕਾਨ ਵਿੱਚ ਚੱਪਲਾਂ ਬਣਾਉਣ ਦਾ ਪ੍ਰੋਜੈਕਟ ਲਾਇਆ ਗਿਆ ਹੈ, ਜੋ ਸੈਲਫ ਹੈਲਪ ਗਰੁੱਪ ਦੀ ਮੈਂਬਰ ਬੀਬੀ ਗੁਰਮੀਤ ਕੌਰ ਤੇ ਸਰਬਜੀਤ ਕੌਰ ਵੱਲੋਂ ਸ਼ੁਰੂ ਕੀਤਾ ਗਿਆ ਹੈ।

# ਸੇਂਟ ਕਬੀਰ ਸਕੂਲ ਸੁਲਤਾਨਪੁਰ ਦੀਆਂ ਖਿਡਾਰਨਾਂ ਜ਼ਿਲ੍ਹਾ ਪੱਧਰੀ ਹੈਂਡਬਾਲ ਮੁਕਾਬਲਿਆਂ 'ਚ ਮੋਹਰੀ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਜ਼ਿਲ੍ਹਾ ਗੁਰਦਾਸਪੁਰ ਦੀ ਨਾਮਵਰ ਸੰਸਥਾ ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ- ਨਾਲ ਹੋਰ ਸਹਾਇਕ ਗਤੀਵਿਧੀਆਂ ਵਿੱਚ ਵੀ ਹਮੇਸ਼ਾ ਮੋਹਰੀ ਸਥਾਨ ਬਣਾਉਣ ਵਿੱਚ ਕਾਮਯਾਬੀ ਹਾਸਿਲ ਕਰਦੇ ਆ ਰਹੇ ਹਨ। ਇਸੇ ਲੜੀ ਤਹਿਤ ਸਕੂਲ ਦੀਆਂ ਖਿਡਾਰਨਾਂ ਨੇ ਜ਼ਿਲ੍ਹਾ ਪੱਧਰੀ ਹੈਂਡਬਾਲ (ਲੜਕੀਆਂ) ਮੁਕਾਬਲਿਆਂ 2025-26 ਵਿੱਚ ਲਾਜਵਾਬ ਪ੍ਰਦਰਸ਼ਨ ਕਰਕੇ ਸਕੂਲ ਨੂੰ ਜ਼ਿਲ੍ਹੇ ਭਰ ਦੇ ਸਕੂਲਾਂ ਵਿੱਚੋਂ ਮੋਹਰੀ ਬਣਾਇਆ ਹੈ। ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਖ਼ੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਹੈਂਡਬਾਲ ਇੰਟਰ ਸਕੂਲ ਮੁਕਾਬਲਿਆਂ ਵਿੱਚ ਵੱਖ-ਵੱਖ ਗਰੁੱਪ ਦੀਆਂ 14 ਟੀਮਾਂ ਨੇ ਭਾਗ ਲਿਆ ਜਿਨ੍ਹਾਂ ਵਿੱਚ ਸੇਂਟ ਕਬੀਰ ਸਕੂਲ ਸੁਲਤਾਨਪੁਰ ਦੀਆਂ ਖਿਡਾਰਨਾਂ ਦੀਆਂ 3 ਟੀਮਾਂ (ਅੰਡਰ- 14, ਅੰਡਰ-17 ਤੇ ਅੰਡਰ-19 ਲੜਕੀਆਂ) ਨੇ ਹਿੱਸੇਦਾਰੀ ਲਈ ਜਿਸ ਵਿੱਚ ਕਪਤਾਨ ਅਰਮਾਨਦੀਪ ਕੌਰ ਦੀ ਅਗਵਾਈ ਹੇਠ ਖੇਡੀ ਅੰਡਰ-19 ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ। ਕਪਤਾਨ ਅਵਨੀਤ ਕੌਰ ਦੀ ਅਗਵਾਈ ਹੇਠ ਖੇਡੀ ਅੰਡਰ-17 ਦੀ ਟੀਮ ਨੇ ਪਹਿਲਾ ਸਥਾਨ ਅਤੇ ਕਪਤਾਨ ਜੈਸਮੀਨ ਕੌਰ ਅਧੀਨ ਖੇਡੀ ਅੰਡਰ- 14 ਦੀ ਟੀਮ ਨੇ ਦੂਸਰਾ ਸਥਾਨ ਹਾਸਿਲ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਂ ਇਲਾਕੇ ਵਿੱਚ ਰੋਸ਼ਨ ਕੀਤਾ ਹੈ। ਜੇਤੂ ਖਿਡਾਰਨਾਂ ਅਤੇ ਡੀ. ਪੀ. ਅਧਿਆਪਕਾਂ ਨੂੰ ਪ੍ਰਿੰਸੀਪਲ ਨਾਯਰ ਅਤੇ ਮੈਨੇਜਮੈਂਟ ਮੈਂਬਰ ਮੈਡਮ ਨਵਦੀਪ ਕੌਰ ਅਤੇ ਕੁਲਦੀਪ ਕੌਰ ਵੱਲੋਂ ਸਨਮਾਨਿਤ ਕਰਦਿਆਂ ਵਧਾਈ ਦਿੱਤੀ ਗਈ ਅਤੇ ਵਿਦਿਆਰਥੀਆਂ ਨੂੰ ਹਮੇਸ਼ਾ ਸਰੀਰਕ ਤੰਦਰੁਸਤੀ ਵੱਲ ਧਿਆਨ ਦੇਣ ਅਤੇ ਪੜ੍ਹਾਈ ਨਾਲ-ਨਾਲ ਖੇਡਾਂ ਵਿੱਚ ਵੀ ਪੂਰੀ ਲਗਨ ਨਾਲ ਮਿਹਨਤ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ ਗਈ। ਇਸ ਮੌਕੇ ਸਕੂਲ ਦੇ ਡੀ. ਪੀ. ਸ਼ਮਸ਼ੇਰ ਸਿੰਘ, ਬੇਅੰਤ ਸਿੰਘ, ਜਤਿੰਦਰ ਕੌਰ, ਦਮਨਬੀਰ ਸਿੰਘ, ਗੁਰਪ੍ਰੀਤ ਸਿੰਘ ਸਮੇਤ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਹਿਮਾਲਿਅਨ ਫਾਊਂਡੇਸ਼ਨ ਨੇ ਐੱਚ ਆਈ ਵੀ ਜਾਗਰੂਕਤਾ ਕੈਂਪ ਲਗਾਇਆ



ਪੱਟੀ (ਬਲਦੇਵ ਸਿੰਘ ਸੰਧੂ)-ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਦੇ ਅਧੀਨ ਚੱਲ ਰਹੇ ਆਈ ਡੀ ਯੂ ਪ੍ਰੋਜੈਕਟ ਹਿਮਾਲਿਅਨ ਫਾਊਂਡੇਸ਼ਨ ਵੱਲੋਂ ਡੇਪਕੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰੋਜੈਕਟ ਮੈਨੇਜਰ ਜੰਜਬੀਰ ਸਿੰਘ ਦੀ ਅਗਵਾਈ ਹੇਠ ਓਟ ਸੈਂਟਰ ਅਤੇ ਓਐੱਸਟੀ ਪੱਟੀ ਵਿਖੇ ਇੰਟੈਨਸੀਫਾਈਡ ਮੁਹਿੰਮ ਦੁਆਰਾ ਨੌਜਵਾਨਾਂ ਨੂੰ ਐੱਚਆਈਵੀ ਏਡਜ਼ ਅਤੇ ਨਸ਼ਿਆਂ ਤੋਂ ਹੋਣ ਵਾਲੇ ਨੁਕਸਾਨਾਂ ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਡਾ. ਪ੍ਰਭਦੀਪ ਕੌਰ ਅਤੇ ਏਐੱਨਐੱਮ ਸਰਬਜੀਤ ਕੌਰ ਨੇ ਐੱਚਆਈਵੀ ਹੋਣ ਦੇ ਕਾਰਨ ਅਤੇ ਰੋਕਥਾਮ ਬਾਰੇ ਦੱਸਿਆ। ਇਸ ਦੇ ਨਾਲ ਹੀ ਐੱਚਆਈਵੀ ਪਾਜ਼ੀਟਿਵ ਲੋਕਾਂ ਦੇ ਇਲਾਜ ਸਬੰਧੀ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਸਰਕਾਰ ਦੁਆਰਾ ਮਿਲ ਰਹੀਆਂ ਸੇਵਾਵਾਂ ਅਤੇ ਸਰਕਾਰੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਪ੍ਰਿਅੰਕਾ (ਐੱਮ ਐਂਡ ਈਓ) ਅਤੇ ਆਊਟ ਰੀਚ ਟੀਮ ਪਵਨਦੀਪ ਸਿੰਘ, ਮਨਪ੍ਰੀਤ ਸਿੰਘ, ਸੁਪ੍ਰੀਆ ਅਤੇ ਓਐੱਸਟੀ ਕੌਂਸਲਰ ਰਮੇਸ਼ ਕੁਮਾਰ ਅਤੇ ਓਟ ਸੈਂਟਰ ਦੇ ਕੌਂਸਲਰ ਪਰਮਿੰਦਰ ਸਿੰਘ ਹਾਜ਼ਰ ਸਨ।

# ਹੜ੍ਹ ਕੁਦਰਤੀ ਕਰੋਪੀ ਨਹੀਂ ਬਲਕਿ ਸਰਕਾਰ ਦੇ ਬਦਇੰਤਜ਼ਾਮ ਦਾ ਖਮਿਆਜ਼ਾ: ਪਾਸਲਾ

## ਸਾਰੇ ਪ੍ਰਵਾਸੀ ਮਜ਼ਦੂਰਾਂ ਨੂੰ ਕਿਸੇ ਇਕ ਦੇ ਗੁਨਾਹ ਦੀ ਸਜ਼ਾ ਦੇਣਾ ਗੈਰ-ਵਾਜਿਬ



ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਦੀ ਹਾਲਤ ਬੜੀ ਚਿੰਤਾਜਨਕ ਬਣੀ ਹੋਈ ਹੈ।ਹੁਸ਼ਿਆਰਪੁਰ ਦੇ ਮਾਸੂਮ ਬੱਚੇ ਦੇ ਦਰਦਨਾਕ ਘਿਨਾਉਣੇ ਕਤਲ ਦੇ ਦੋਸ਼ੀ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ ਪਰ ਇਸ ਘਟਨਾ ਦੇ ਬਹਾਨੇ ਜਿਸ ਤਰ੍ਹਾਂ ਪੰਜਾਬ ਵਿੱਚ ਨਫ਼ਰਤੀ ਮੁਹਿੰਮ ਚਲਾਈ ਜਾ ਰਹੀ ਹੈ ਉਹ ਵਾਜਿਬ ਨਹੀਂ, ਭਾਰਤ ਦੇ ਕਿਰਤੀਆਂ ਨੂੰ ਦੇਸ਼ ਦੇ ਕਿਸੇ ਵੀ ਹਿੱਸੇ ਵਿੱਚ ਕੰਮ ਕਰਨ ਦਾ ਅਧਿਕਾਰ ਹੈ ਪਰ ਜਿਹੜਾ ਵੀ ਗੁਨਾਹ ਕਰਦਾ ਉਹ ਵੀ ਸੂਬੇ ਦਾ ਜਾਂ ਕਿੱਥੇ ਦਾ ਹੋਵੇ ਉਸ ਦੇ ਖਿਲਾਫ ਕਾਰਵਾਈ ਹੋਣੀ ਚਾਹੀਦੀ ਹੈ ਲੇਕਿਨ ਉਸ ਵਿਰੋਧ ਦੇ ਲੋਕਾਂ ਨੂੰ ਆਪਣੇ ਰਾਜ 'ਚੋਂ ਬਾਹਰ ਕੱਢਣਾ ਕਿਸੇ ਵੀ ਤਰ੍ਹਾਂ ਵਾਜਿਬ ਨਹੀਂ ਤੇ ਕਾਨੂੰਨ ਦੇ ਮੁਤਾਬਕ ਵੀ ਠੀਕ ਨਹੀਂ ਅਤੇ ਪੰਜਾਬ ਦੇ ਹਿਤਾਂ ਨਾਲ ਖਿਲਵਾੜ ਹੈ।ਅਗਾਂਹਵਧੂ ਸੋਚ ਦੇ ਧਾਰਨੀ ਲੋਕਾਂ ਨੂੰ ਇਸ ਮੌਕੇ ਗੁੰਮਰਾਹਕੁੰਨ ਪ੍ਰਚਾਰ ਦੇ ਖਿਲਾਫ ਅੱਗੇ ਆਉਣਾ ਚਾਹੀਦਾ ਹੈ।ਗੁਰਦਾਸਪੁਰ ਵਿਖੇ ਮੀਟਿੰਗ ਉਪਰੰਤ ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਪੰਜਾਬ ਵਿੱਚ ਹੜ੍ਹਾਂ ਦੀ ਪ੍ਰਕੋਪੀ ਲਈ ਮੁੱਖ ਤੌਰ ਤੇ ਪੰਜਾਬ ਸਰਕਾਰ, ਡੈਮਾਂ ਦੀ ਮੈਨੇਜਮੈਂਟ ਅਤੇ ਸਿੰਚਾਈ ਵਿਭਾਗ ਦੇ ਉਪਰ ਤੋਂ ਹੇਠਾਂ ਤੱਕ ਸਾਰੇ ਅਧਿਕਾਰੀਆਂ ਦੀ ਨਾਲਾਇਕੀ ਜ਼ਿੰਮੇਵਾਰ ਹੈ। ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ ਹੜ ਪੀੜਤ ਕਿਸਾਨਾਂ, ਬੇਜ਼ਮੀਨੇ ਖੇਤ ਮਜ਼ਦੂਰਾਂ, ਦਿਹਾੜੀਦਾਰ ਕਿਰਤੀਆਂ ਤੇ ਛੋਟੇ ਕਾਰੋਬਾਰੀਆਂ ਦੇ ਮੁੜ ਵਸੇਬੇ ਲਈ ਘੱਟੋ ਘੱਟ ਪੱਚੀ ਹਜ਼ਾਰ ਕਰੋੜ ਰੁਪਏ ਦੀ ਰਾਹਤ ਤੁਰੰਤ ਜਾਰੀ ਕੀਤੀ ਜਾਵੇ। ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਕਾਮਰੇਡ ਸ਼ਿਵ ਕੁਮਾਰ, ਕਾਮਰੇਡ ਰਘਬੀਰ ਸਿੰਘ ਪਕੀਵਾਂ, ਧਿਆਨ ਸਿੰਘ ਠਾਕੁਰ, ਅਵਤਾਰ ਸਿੰਘ, ਅਜੀਤ ਸਿੰਘ ਠੱਕਰ ਸੰਧੂ, ਹਰਿੰਦਰ ਸਿੰਘ ਰੰਧਾਵਾ, ਮਾਸਟਰ ਸੁਭਾਸ਼ ਸ਼ਰਮਾ, ਸ਼ਮਸ਼ੇਰ ਸਿੰਘ ਨਵਾਂ ਪਿੰਡ, ਜਸਵੰਤ ਸਿੰਘ ਸੰਧੂ, ਜਸਵੰਤ ਸਿੰਘ ਬੁੱਟਰ, ਅਜੀਤ ਸਿੰਘ ਹੁੰਦਲ, ਅਬਿਨਾਸ਼ ਸਿੰਘ, ਸੁਰਜੀਤ ਸਿੰਘ ਘੁਮਾਣ, ਬਲਰਾਜ ਸਿੰਘ ਬੱਲੀ, ਬਲਕਾਰ ਚੰਦ ਭਰਿਆਲ ਲਾਹੜੀ, ਜਗੀਰ ਸਿੰਘ ਸਲਾਚ ਅਤੇ ਹੋਰ ਸਾਥੀਆਂ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ।

# ਵਿਦਿਆਰਥਣਾਂ ਵੱਲੋਂ ਕਬੱਡੀ 'ਚ ਪਲੇਠਾ ਸਥਾਨ ਹਾਸਲ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਜ਼ਿਲ੍ਹਾ ਪੱਧਰੀ 69ਵੀਂ ਨੈਸ਼ਨਲ ਸਟਾਈਲ ਕੱਬਡੀ ਖੇਡ ਮੁਕਾਬਲੇਬਾਜ਼ੀ ਵਿੱਚ ਮਾਤਾ ਸਾਹਿਬ ਮਾਡਰਨ ਕੌਰ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਕਬੱਡੀ ਖੇਡ ਵਿੱਚ ਪਹਿਲਾ ਸਥਾਨ ਹਾਸਿਲ ਕਰਕੇ ਤਰਨ ਤਾਰਨ ਜ਼ਿਲ੍ਹੇ ਅਤੇ ਮਾਤਾ ਸਾਹਿਬ ਸੀਨੀਅਰ ਸੈਕੰਡਰੀ ਸਕੂਲ, ਭਰੋਵਾਲ ਸਕੂਲ ਦਾ ਨਾਮ ਰੌਸ਼ਨ ਕੀਤਾ।ਮਾਤਾ ਸਾਹਿਬ ਕੌਰ ਸਕੂਲ ਦੀਆਂ ਵਿਦਿਆਰਥਣਾਂ ਦਾ ਜੋਸ਼ ਅਤੇ ਉਤਸ਼ਾਹ ਵੇਖਣ ਨੂੰ ਮਿਲਿਆ।ਇਸ ਖੁਸ਼ੀ ਦੇ ਮੌਕੇ ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਮੈਡਮ ਨਵਜੋਤੀ, ਡਾਇਰੈਕਟਰ ਤਜਿੰਦਰ ਸਿੰਘ, ਪ੍ਰੈਜ਼ੀਡੈਂਟ ਮੈਡਮ ਸੁਖਵਿੰਦਰ ਕੌਰ, ਸੈਕਟਰੀ ਬਨਵੀਰ ਸਿੰਘ, ਮੈਡਮ ਰਮਨਦੀਪ ਕੌਰ, ਮੈਡਮ ਸੰਗੀਤ ਕੌਰ ਅਤੇ ਸਮੂਹ ਸਟਾਫ ਨੇ ਵਿਦਿਆਰਥੀਆਂ ਦੀ ਇਸ ਕਾਮਯਾਬੀ ਉਤੇ ਉਨ੍ਹਾਂ ਨੂੰ ਲੱਖ-ਲੱਖ ਵਧਾਈਆਂ ਦਿੱਤੀਆਂ ਅਤੇ ਇਸੇ ਖੁਸ਼ੀ ਦੇ ਮੌਕੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ।ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਜਿੱਤ ਪ੍ਰਾਪਤ ਕਰਨ ਨਾਲ ਵਿਦਿਆਰਥੀਆਂ ਦਾ ਮਨੋਬਲ ਉੱਚਾ ਹੁੰਦਾ ਹੈ। ਵਿਦਿਆਰਥੀਆਂ ਦੇ ਚਿਹਰਿਆਂ ਉਤੇ ਜਿੱਤ ਦੀ ਖੁਸ਼ੀ ਵੇਖਣ ਨੂੰ ਮਿਲੀ।

# ਹਰਚੋਵਾਲ ਦੀ ਪੰਚਾਇਤ ਨੇ ਪ੍ਰਵਾਸੀਆਂ ਨੂੰ ਦਿੱਤੀਆਂ ਸਖ਼ਤ ਹਦਾਇਤਾਂ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੰਜਾਬ ਵਿੱਚ ਜਿੱਥੇ ਪ੍ਰਵਾਸੀਆਂ ਨੂੰ ਲੈ ਕੇ ਮਾਹੌਲ ਖਰਾਬ ਚੱਲ ਰਿਹਾ ਹੈ ਉਥੇ ਵੱਖ-ਵੱਖ ਪੰਚਾਇਤਾਂ ਵੱਲੋਂ ਪ੍ਰਵਾਸੀਆਂ ਖ਼ਿਲਾਫ਼ ਸਖ਼ਤ ਰੁਖ਼ ਅਪਣਾਇਆ ਜਾ ਰਿਹਾ ਹੈ। ਜ਼ਿਲ੍ਹਾ ਗੁਰਦਾਸਪੁਰ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਪਿੰਡ ਹਰਚੋਵਾਲ ਵਿਚ ਇਕ ਮਤਾ ਪਾਸ ਕੀਤਾ ਗਿਆ ਜਿਸ ਵਿਚ ਪ੍ਰਵਾਸੀਆਂ ਨੂੰ ਸਖ਼ਤ ਹਦਾਇਤਾਂ ਜ਼ਾਰੀ ਕੀਤੀਆਂ ਗਈਆਂ ਹਨ।ਇਸ ਮੌਕੇ ਸਰਪੰਚ ਕੈਪਟਨ ਧਰਮਿੰਦਰ ਸਿੰਘ ਵੱਲੋਂ ਅੱਜ ਪੂਰੀ ਪੰਚਾਇਤ ਦੇ ਨਾਲ ਪ੍ਰਵਾਸੀਆਂ ਦਾ ਇਜਲਾਸ ਬੁਲਾਇਆ ਗਿਆ ਜਿਸ ਵਿਚ ਪ੍ਰਵਾਸੀਆਂ ਨੂੰ ਉਨ੍ਹਾਂ ਦੇ ਅਧਾਰ ਕਾਰਡ, ਪਰਿਵਾਰ ਦੇ ਬਾਰੇ ਪੂਰੀ ਜਾਣਕਾਰੀ,ਪੁਲਿਸ ਵੈਰੀਫਿਕੇਸ਼ਨ, ਅਤੇ ਆਉਣ ਜਾਣ ਵਾਲੇ ਰਿਸ਼ਤੇਦਾਰਾਂ ਬਾਰੇ ਜਾਣਕਾਰੀ ਕਲਮਬੰਦ ਕੀਤੀ ਗਈ।ਇਸ ਮੌਕੇ ਸਰਪੰਚ ਕੈਪਟਨ ਧਰਮਿੰਦਰ ਸਿੰਘ ਨੇ ਪ੍ਰਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਜ਼ਲਦੀ ਤੋਂ ਜ਼ਲਦੀ ਪੁਲਿਸ ਵੈਰੀਫਿਕੇਸ਼ਨ ਕਰਵਾ ਲੈਣ ਅਤੇ ਪਿੰਡ ਦੇ ਮਾਹੌਲ ਨੂੰ ਲੈ ਕੇ ਉਨ੍ਹਾਂ ਤਾੜਨਾਂ ਕੀਤੀ ਕਿ ਜੇਕਰ ਕੋਈ ਵੀ ਪ੍ਰਵਾਸੀ ਕੋਈ ਗਲਤੀ ਕਰਦਾ ਹੈ ਉਸ ਨੂੰ ਕਿਸੇ ਵੀ ਹਾਲਤ ਬਖਸ਼ਿਆ ਨਹੀਂ ਜਾਵੇਗਾ ਅਤੇ ਉਸ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਹੈਪੀ ਰਿਆੜ, ਮੈਂਬਰ ਮਿੱਤਰ ਸਿੰਘ, ਮੈਂਬਰ ਬਲਬੀਰ ਸਿੰਘ, ਮੈਂਬਰ ਅਮਰਬੀਰ ਸਿੰਘ, ਮੈਂਬਰ ਰਜਿੰਦਰ ਸਿੰਘ ਪੱਪੂ, ਮੈਂਬਰ ਹਰਪਾਲ ਸਿੰਘ ਮੈਂਬਰ ਰਜੀਵ ਕੁਮਾਰ ਸ਼ਰਮਾ, ਲੰਬੜਦਾਰ ਕਰਮ ਸਿੰਘ ਵਕੀਲ, ਗੌਰਵ ਕਾਲੀਆ, ਦਵਿੰਦਰ ਸਿੰਘ ਭਲਵਾਨ, ਲੰਬੜਦਾਰ ਕੈਪਟਨ ਸਿੰਘ, ਸਾਬਕਾ ਸਰਪੰਚ ਗੁਰਨੇਕ ਸਿੰਘ, ਗੁਰਮੁਖ ਸਿੰਘ ਕਾਲਾ, ਲੰਬੜਦਾਰ ਗੁਰਦਿਆਲ ਸਿੰਘ, ਡਾਕਟਰ ਮੁਖਵਿੰਦਰ ਸਿੰਘ ਵਡਾਲੀ, ਰਣਜੋਧ ਸਿੰਘ, ਹਰਜੀਤ ਸਿੰਘ, ਸਤਨਾਮ ਸਿੰਘ ਸਾਬਕਾ ਮੈਂਬਰ, ਜਗੀਰ ਸਿੰਘ, ਤਰਲੋਕ ਸਿੰਘ, ਸਤਵਿੰਦਰ ਸਿੰਘ, ਦਿਲਬਾਗ ਸਿੰਘ ਬੱਗੋ, ਕੁਲਵੰਤ ਸਿੰਘ, ਡਾ. ਮਲਕੀਤ ਸਿੰਘ, ਡਾ. ਗੁਰਵੰਤ ਸਿੰਘ ਨੀਟਾ, ਮੰਗਾ ਮਸੀਹ, ਸੈਕਟਰੀ ਪਲਵਿੰਦਰ ਸਿੰਘ, ਅਵਤਾਰ ਸਿੰਘ ਅਤੇ ਨਗਰ ਦੇ ਹੋਰ ਵੀ ਬਹੁਤ ਸਾਰੇ ਵੀਰ ਭਰਾ ਹਾਜ਼ਰ ਸਨ।

# ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ

ਛੇਹਰਟਾ, (ਮਨੋਜ ਕੁਮਾਰ)-ਜੌੜਾ ਫਾਟਕ ਨੇੜੇ ਅੰਮ੍ਰਿਤਸਰ-ਵੇਰਕਾ ਰੇਲਵੇ ਲਾਈਨਾਂ ਕੋਲੋਂ ਇਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਹੈ, ਜਿਸਦੀ ਅਜੇ ਤਕ ਪਛਾਣ ਨਹੀਂ ਹੋ ਸਕੀ। ਇਸ ਸਬੰਧ ਵਿਚ ਜਾਣਕਾਰੀ ਦਿੰਦਿਆਂ ਜੀ. ਆਰ. ਪੀ. ਥਾਣਾ ਅੰਮ੍ਰਿਤਸਰ ਦੇ ਏ. ਐੱਸ. ਆਈ. ਬਿੱਕਰ ਸਿੰਘ ਨੇ ਦੱਸਿਆ ਕਿ ਜੌੜਾ ਫਾਟਕ ਨੇੜੇ ਅੰਮ੍ਰਿਤਸਰ-ਵੇਰਕਾ ਰੇਲਵੇ ਲਾਈਨਾਂ ਕੋਲੋਂ ਇਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਹੈ, ਜਿਸਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀ ਦੀ ਮੌਤ ਕੁਦਰਤੀ ਹੋਈ ਹੈ। ਮ੍ਰਿਤਕ ਦੀ ਉਮਰ 35 ਤੋਂ 40 ਸਾਲ ਦੇ ਵਿਚਕਾਰ ਲੱਗਦੀ ਹੈ। ਉਨ੍ਹਾਂ ਦੱਸਿਆ ਕਿ ਲਾਸ਼ ਨੂੰ ਸ਼ਨਾਖ਼ਤ ਲਈ ਥਾਣੇ ਦੀ ਮੋਰਚਰੀ ਵਿਚ ਰਖਵਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਲਾਸ਼ ਦੀ ਪਛਾਣ ਲਈ ਜੀ. ਆਰ. ਪੀ. ਥਾਣਾ ਅੰਮ੍ਰਿਤਸਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਸਾਲਾਨਾ ਜੋੜ ਮੇਲੇ ਤੋਂ ਤਿੰਨ ਦਿਨ ਪਹਿਲਾਂ ਪੈਲੀਆਂ ਵਿਹਲੀਆਂ ਕਰਨ ਦੀ ਅਪੀਲ



ਸਰਾਏ ਅਮਾਨਤ ਖਾਂ (ਮੱਖਣ ਮਨੋਜ)- ਮਾਝੇ ਦੇ ਪ੍ਰਸਿੱਧ ਇਤਿਹਾਸਕ ਅਸਥਾਨ ਗੁਰਦੁਆਰਾ ਬਾਬਾ ਬੁੱਢਾ ਜੀ ਬੀੜ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧਾਂ ਹੇਠ 20, 21, 22 ਅੱਸੂ ਮੁਤਾਬਕ 5, 6, 7 ਨੂੰ ਮਨਾਏ ਜਾ ਰਹੇ ਸਾਲਾਨਾ ਤਿੰਨ ਰੋਜ਼ਾ ਜੋੜ ਮੇਲੇ ਨੂੰ ਮੁਖ ਰੱਖਦਿਆਂ ਗੁਰਦੁਆਰਾ ਸਾਹਿਬ ਦੇ ਲਾਗੇ ਤੇ ਸੜਕ ਦੇ ਨਾਲ-ਨਾਲ ਜਿਨ੍ਹਾਂ ਕਿਸਾਨ ਵੀਰਾਂ ਦੀ ਜ਼ਮੀਨ ਲੱਗਦੀ ਹੈ ਉਨ੍ਹਾਂ ਨੂੰ ਬੇਨਤੀ ਹੈ ਕਿ ਜਿਨ੍ਹਾਂ ਦੀ ਝੋਨੇ ਦੀ ਫਸਲ ਪੱਕ ਗਈ ਹੈ ਕਿਰਪਾ ਕਰਕੇ ਜੋੜ ਮੇਲੇ ਤੋਂ ਦੋ ਤਿੰਨ ਦਿਨ ਪਹਿਲਾਂ ਹੀ ਵੱਢ ਸੰਭਾਲ ਕੇ ਪੈਲੀਆਂ ਵਿਹਲੀਆਂ ਕਰਨ ਦੀ ਖੇਚਲ ਕਰਨ ਤਾਂ ਕਿ ਲੱਖਾਂ ਦੀ ਤਾਤਾਦ ਵਿਚ ਆਉਣ ਵਾਲੀਆਂ ਸੰਗਤਾਂ ਦੀਆਂ ਬੱਸਾਂ, ਟਰੱਕ, ਟਰੈਕਟਰ ਟਰਾਲੀਆਂ, ਮੋਟਰਸਾਈਕਲ ਆਦਿ ਸਹੀ ਢੰਗ ਨਾਲ ਲਗਵਾਉਣ ਦਾ ਇੰਤਜ਼ਾਮ ਕੀਤਾ ਜਾ ਸਕੇ। ਪਾਰਕਿੰਗ ਸੁਚੱਜੇ ਢੰਗ ਨਾਲ ਬਣਾਈ ਜਾ ਸਕੇ। ਖਾਸ ਕਰਕੇ ਬਘਿਆੜੀ, ਠੱਠਾ, ਮੀਆਂਪੁਰ ਤੇ ਐਮਾ ਰੋਡ ਦੇ ਨਾਲ ਲੱਗਦੀਆਂ ਜ਼ਮੀਨਾਂ ਵਾਲੇ ਕਿਸਾਨ ਵੀਰ ਜ਼ਰੂਰ ਧਿਆਨ ਦੇਣ ਤਾਂ ਕਿ ਸੰਗਤ ਨੂੰ ਕੋਈ ਮੁਸ਼ਕਲ ਨਾ ਆਵੇ। ਵੈਸੇ ਵੀ ਸੰਗਤਾਂ ਦਾ ਵਿਸ਼ਵਾਸ ਹੈ ਕਿ ਸੰਗਤ ਦੇ ਚਰਨ ਪੈਣ ਨਾਲ ਫਸਲ ਦੁੱਗਣੀ ਚੌਗੁਣੀ ਹੋ ਜਾਂਦੀ ਹੈ।

# ਕੀਰਤਨ ਦਰਬਾਰ ਸੁਸਾਇਟੀ ਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ



ਪੱਟੀ (ਬਲਦੇਵ ਸਿੰਘ ਸੰਧੂ)-ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਰਜਿ :ਪੱਟੀ ਵੱਲੋਂ ਸੰਗਤ ਦੇ ਸਹਿਯੋਗ ਨਾਲ ਲੋੜਵੰਦ ਪਰਿਵਾਰਾਂ ਅਤੇ ਵਿਧਵਾ ਔਰਤਾਂ ਅਤੇ ਬੇ ਸਹਾਰਾ ਨੂੰ ਰਾਸ਼ਨ ਦੀ ਸੇਵਾ ਗੁਰਦਵਾਰਾ ਬੀਬੀ ਰਜਨੀ ਜੀ ਪੱਟੀ ਵਿਖੇ ਕੀਤੀ ਗਈ। ਇਸ ਮੌਕੇ ਪ੍ਰਧਾਨ ਗੁਰਦਵਾਰਾ ਬੀਬੀ ਰਜਨੀ ਜੀ ਬਲਬੀਰ ਸਿੰਘ ਲੁਹਾਰੀਆ, ਅਵਤਾਰ ਸਿੰਘ ਸੇਵਾ ਸਿੰਘ ਦੀ ਹੱਟੀ ਵਾਲੇ, ਭਾਈ ਕੰਵਲਜੀਤ ਸਿੰਘ ਰਾਗੀ ਜਥਾ ਪੱਟੀ, ਅਮਰੀਕ ਸਿੰਘ ਜੇਈ, ਰਜਵੰਤ ਸਿੰਘ ਜੇਈ, ਡੀਐੱਸਪੀ ਬਲਰਾਜ ਸਿੰਘ ਖਹਿਰਾ, ਸੁਰਜੀਤ ਸਿੰਘ ਪ੍ਰਧਾਨ, ਜਸਪਾਲ ਸਿੰਘ, ਮਨਕੀਰਤ ਸਿੰਘ, ਡਾ. ਸਰਵਪ੍ਰੀਤ ਸਿੰਘ, ਅੰਮ੍ਰਿਤ ਸਿੰਘ, ਸੁਖਚੈਨ ਸਿੰਘ ਰਾਜੂ, ਪ੍ਰਭਜੀਤ ਸਿੰਘ, ਨਰਿੰਦਰ ਸਿੰਘ, ਮਾਸਟਰ ਸਰਬਜੀਤ ਸਿੰਘ, ਮਾਸਟਰ ਗੁਰਦੇਵ ਸਿੰਘ ਲੁਹਾਰੀਆ, ਕੈਪਟਨ ਮਹਿਲ ਸਿੰਘ ਸਿੱਧੂ, ਮਾਸਟਰ ਸਤਨਾਮ ਸਿੰਘ ਸਿੱਧੂ, ਮਾਸਟਰ ਅਰਸ਼ਦੀਪ ਸਿੰਘ, ਮਾਸਟਰ ਬਿਕਰਮਜੀਤ ਸਿੰਘ, ਮਾਸਟਰ ਅਮਨਦੀਪ ਸਿੰਘ ਕਰੀਰ, ਗੁਰਸੇਵਕ ਸਿੰਘ ਪਟਵਾਰੀ, ਅਵਤਾਰ ਸਿੰਘ ਫੌਜੀ ਚੀਮਾ, ਪਰਮਜੀਤ ਸਿੰਘ ਬੈਕ ਵਾਲੇ, ਨਿਰਮਲ ਸਿੰਘ, ਗੁਰਦੇਵ ਸਿੰਘ ਲੁਹਾਰੀਆ, ਬਲਜਿੰਦਰ ਸਿੰਘ ਬੀਟੀ, ਸੰਦੀਪ ਸਿੰਘ, ਜਗਦੀਪ ਸਿੰਘ ਪ੍ਰਿੰਸ, ਜੋਬਨਜੀਤ ਸਿੰਘ ਪਟਿਆਲਾ, ਜਸਨਪ੍ਰੀਤ ਸਿੰਘ ਪਟਿਆਲਾ, ਅਮਨ ਕਲਸੀ ਕੋਸਮੈਟਿਕ ਸੈਂਟਰ, ਪ੍ਰਭਜੋਤ ਸਿੰਘ, ਇੰਸਪੈਕਟਰ ਦਰਸ਼ਨ ਸਿੰਘ, ਹਰਚਰਨ ਸਿੰਘ ਵਿਰਦੀ, ਜਗਤਾਰ ਸਿੰਘ, ਅਜੇਪਾਲ ਸਿੰਘ, ਹਰਵੇਲ ਸਿੰਘ ਕੈਰੋਂ, ਪਿੰਟੂ, ਹਰਪ੍ਰੀਤ ਸਿੰਘ, ਨਿਰਮਲ ਸਿੰਘ ਆਦਿ ਹਾਜ਼ਰ ਸਨ।

# ਗੁ. ਸੰਤ ਨਿਵਾਸ ਵਿਖੇ ਸਾਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਨੂੰ ਲੈ ਕੇ ਮੀਟਿੰਗ



ਸਰਾਏ ਅਮਾਨਤ ਖਾਂ (ਮੱਖਣ ਮਨੋਜ )- ਮਹਾਨ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦਾ ਸਲਾਨਾ ਜੋੜ ਮੇਲਾ ਜੋ ਗੁਰਦੁਆਰਾ ਸੰਤ ਨਿਵਾਸ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਬਾਬਾ ਸੰਤੋਖ ਸਿੰਘ ਬੀੜ ਸਾਹਿਬ ਵਾਲਿਆਂ ਦੀ ਅਗਵਾਈ ਵਿੱਚ ਹਰ ਸਾਲ ਵੱਖਰੇ ਤੌਰ ਤੇ ਮਨਾਇਆ ਜਾਂਦਾ ਹੈ, ਦੀਆਂ ਤਿਆਰੀਆਂ ਤੇ ਪ੍ਰਬੰਧਾਂ ਨੂੰ ਲੈ ਕੇ ਇਲਾਕੇ ਦੇ ਪੰਚਾਂ, ਸਰਪੰਚਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੀਟਿੰਗ ਹੋਈ।ਜਾਣਕਾਰੀ ਦਿੰਦਿਆਂ ਸੰਤ ਬਾਬਾ ਸੰਤੋਖ ਸਿੰਘ ਨੇ ਦੱਸਿਆ ਕਿ 6 ਅਕਤੂਬਰ ਨੂੰ ਗੁਰਦੁਆਰਾ ਸੰਤ ਨਿਵਾਸ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਗੁਰਬਾਣੀ ਦੇ ਸ਼ਬਦ ਕੀਰਤਨ ਹੋਣਗੇ।ਉਪਰੰਤ ਧਾਰਮਿਕ ਦੀਵਾਨ ਸਜਣਗੇ ਜੋ 6 ਤੇ 7 ਦੋਵੇਂ ਦਿਨ ਜਾਰੀ ਰਹਿਣਗੇ।ਮੀਟਿੰਗ ਵਿੱਚ ਆਪਣੇ ਵਿਚਾਰ ਸਾਂਝੇ ਕਰਨ ਵਾਲਿਆਂ ਵਿੱਚ ਮੁਖ ਤੌਰ ਤੇ ਸਾਬਕਾ ਚੇਅਰਮੈਨ ਲਖਬੀਰ ਸਿੰਘ ਬੁਰਜ, ਬਾਬਾ ਨਰੰਜਣ ਸਿੰਘ ਪੰਜਵੜ, ਕਸ਼ਮੀਰ ਸਿੰਘ ਬਘਿਆੜੀ, ਪ੍ਰਿੰ. ਡਾ ਕਰਨਬੀਰ ਸਿੰਘ, ਜਥੇਦਾਰ ਬਾਬਾ ਭੋਲਾ ਸਿੰਘ ਬੀੜ ਸਾਹਿਬ ਵਾਲੇ, ਸਾਬਕਾ ਸਰਪੰਚ ਮੋਤਾ ਸਿੰਘ, ਖਾਲੜਾ ਮਿਸ਼ਨ ਕਮੇਟੀ ਦੇ ਚੇਅਰਮੈਨ ਬਲਵਿੰਦਰ ਸਿੰਘ ਝਬਾਲ, ਡਾ ਨਰਿੰਦਰ ਸਿੰਘ ਬਘਿਆੜੀ, ਪ੍ਰਿੰ. ਇੰਦਰਜੀਤ ਸਿੰਘ, ਦਿਲਬਾਗ ਸਿੰਘ ਐਮਾ, ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਕਰਨ ਦਾ ਐਲਾਨ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨਤਾਰਨ ਦੀ ਮੀਟਿੰਗ ਬਾਬਾ ਕਾਹਨ ਸਿੰਘ ਜੀ ਦੇ ਸਥਾਨਾਂ ਤੇ ਪਿੰਡ ਪਿੱਦੀ ਵਿਖੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ, ਰੇਸ਼ਮ ਸਿੰਘ ਘੁਰਕਵਿੰਡ, ਫਤਿਹ ਸਿੰਘ ਪਿੱਦੀ, ਰਣਯੋਧ ਸਿੰਘ ਗੱਗੋਬੂਆ ਨੇ ਕਿਹਾ ਕਿ ਹੜ੍ਹਾਂ ਨਾਲ ਲੱਖਾਂ ਏਕੜ ਫਸਲਾਂ, ਸੈਂਕੜੇ ਘਰ, ਅਣਗਿਣਤ ਪਸ਼ੂ ਮਰ ਗਏ ਹਨ।ਹੋਰ ਵੀ ਜਾਨੀ ਮਾਲੀ ਨੁਕਸਾਨ ਹੋਇਆ ਹੈ ਜਿਸ ਦੇ ਚਲਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਪੰਜਾਬ ਪੱਧਰ ਤੇ ਹੜ੍ਹ ਪ੍ਰਭਾਵਿਤ ਕਸਬਿਆਂ ਵਿੱਚ ਜਾ ਕੇ ਯੋਗ ਸਹਾਇਤਾ ਕੀਤੀ ਜਾਵੇਗੀ।ਜ਼ਿਲ੍ਹਾ ਆਗੂ ਦਿਆਲ ਸਿੰਘ ਮੀਆਂਵਿੰਡ, ਹਰਬਿੰਦਰਜੀਤ ਸਿੰਘ ਕੰਗ, ਬਲਵਿੰਦਰ ਸਿੰਘ ਚੋਹਲਾ ਸਾਹਿਬ, ਬੀਬੀ ਰਣਜੀਤ ਕੌਰ, ਬੀਬੀ ਉਪਜੀਤ ਕੌਰ ਝਬਾਲ ਨੇ ਕਿਹਾ ਕਿ ਹੜ੍ਹ ਕੁਦਰਤ ਦੀ ਕਰੋਪੀ ਨਾਲੋਂ ਵੱਧ ਸਰਕਾਰੀ ਕਰੋਪੀ ਹੈ।ਮਾੜੇ ਜਲ ਪ੍ਰਬੰਧ ਅਤੇ ਕੁਦਰਤ ਨਾਲ ਛੇੜਛਾੜ ਕਾਰਨ ਹੜ੍ਹ ਆਏ ਹਨ ।ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਦੇ ਰੋਲ ਦੀ ਸਖ਼ਤ ਆਲੋਚਨਾ ਕੀਤੀ।ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਕੋਈ ਵੀ ਯੋਗ ਸਹਾਇਤਾ ਨਹੀਂ ਕੀਤੀ ਗਈ।ਇਸ ਮੌਕੇ ਸੁਖਵਿੰਦਰ ਸਿੰਘ ਦੁਗਲਵਾਲਾ, ਸਲਵਿੰਦਰ ਸਿੰਘ ਜੀਉਬਾਲਾ, ਮੁਖਤਾਰ ਸਿੰਘ ਬਿਹਾਰੀਪੁਰ, ਭਗਵਾਨ ਸਿੰਘ ਸੰਘਰ, ਆਤਮਾ ਸਿੰਘ ਘਰਿਆਲੀ, ਪਰਮਜੀਤ ਸਿੰਘ ਛੀਨਾ, ਮਨਜਿੰਦਰ ਸਿੰਘ ਗੋਹਲਵੜ, ਕੁਲਵਿੰਦਰ ਸਿੰਘ ਕੈਰੋਵਾਲ ਨਰੰਜਣ ਸਿੰਘ ਬਰਗਾੜੀ ਅਤੇ ਹੋਰ ਵੀ ਕਈ ਆਗੂ ਹਾਜ਼ਰ ਸਨ।

# ਵਿਕਰਮ ਸਾਹਨੀ ਨੇ ਹੜ੍ਹਾਂ ਕਾਰਨ ਖੇਤਾਂ 'ਚ ਜਮ੍ਹਾਂ ਹੋਈ ਰੇਤਾ ਨੂੰ ਹਟਾਉਣ ਦੀ ਮੁਹਿੰਮ ਸ਼ੁਰੂ ਕੀਤੀ



ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ, ਕਮਲੇਸ਼)-ਮਿਸ਼ਨ ਚੜ੍ਹਦੀ ਕਲਾ ਨੂੰ ਉਸ ਵਕਤ ਵੱਡਾ ਬਲ ਮਿਲਿਆ ਜਦ ਪਦਮਸ਼੍ਰੀ ਡਾ. ਵਿਕਰਮਜੀਤ ਸਿੰਘ ਸਾਹਨੀ, ਰਾਜ ਸਭਾ ਸਾਂਸਦ ਅਤੇ ਸਨ ਫਾਊਂਡੇਸ਼ਨ ਦੇ ਚੇਅਰਮੈਨ ਨੇ ਐਤਵਾਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਅਜਨਾਲਾ ਬਲਾਕ ਵਿਚ ਵੱਡੇ ਪੱਧਰ 'ਤੇ ਹੜ੍ਹ ਰਾਹਤ ਤੇ ਖੇਤਾਂ ਤੋਂ ਰੇਤ ਹਟਾਉਣ (ਡੀਸਿਲਟਿੰਗ) ਦੀ ਮੁਹਿੰਮ ਸ਼ੁਰੂ ਕਰ ਦਿੱਤੀ।ਇਸ ਮੁਹਿੰਮ ਅਧੀਨ ਪਿੰਡ ਨੰਗਲ ਸੋਹਲ ਅਤੇ ਮਹਿਮਤ ਮੰਦੀਰਾ ਵਾਲੀ ਸਮੇਤ ਆਸਪਾਸ ਦੇ ਖੇਤਰਾਂ ਵਿਚ 15 ਟਰੈਕਟਰ ਅਤੇ 5 ਜੇਸੀਬੀ ਮਸ਼ੀਨਾਂ ਰੇਤ ਹਟਾਉਣ ਲਈ ਲਗਾਈਆਂ ਗਈਆਂ।ਡਾ. ਸਾਹਨੀ ਨੇ ਦੱਸਿਆ ਕਿ ਇਨ੍ਹਾਂ ਪਿੰਡਾਂ ਵਿਚ ਲਗਭਗ 40,000 ਹੈਕਟੇਅਰ ਫਸਲਾਂ ਅੱਠ ਫੁੱਟ ਤੱਕ ਪਾਣੀ ਭਰਨ ਕਾਰਨ ਨਸ਼ਟ ਹੋ ਗਈਆਂ ਹਨ, ਜਿਸ ਨਾਲ ਗਰੀਬ ਕਿਸਾਨਾਂ ਨੂੰ ਤੁਰੰਤ ਮਦਦ ਦੀ ਲੋੜ ਹੈ।ਉਨ੍ਹਾਂ ਨੇ ਭਰੋਸਾ ਦਿੱਤਾ ਕਿ ਮਸ਼ੀਨਰੀ, ਸਟਾਫ਼ ਅਤੇ ਮਜ਼ਦੂਰ ਤਦ ਤੱਕ ਪਿੰਡਾਂ ਵਿੱਚ ਤੈਨਾਤ ਰਹਿਣਗੇ ਜਦ ਤੱਕ ਕਿਸਾਨ ਪੂਰੀ ਤਰ੍ਹਾਂ ਸੰਤੁਸ਼ਟ ਹੋ ਕੇ ਆਪਣੀ ਅਗਲੀ ਫਸਲ ਦੀ ਬਿਜਾਈ ਸ਼ੁਰੂ ਨਹੀਂ ਕਰ ਲੈਂਦੇ।ਉਨ੍ਹਾਂ ਦੱਸਿਆ ਕਿ ਫਾਊਂਡੇਸ਼ਨ ਨੇ ਬੰਨ੍ਹਵ (ਸਟਾਪ ਡੈਮ) ਬਣਾਉਣ ਲਈ 10,000 ਪੀਪੀ ਬੈਗ ਵੀ ਭੇਜੇ ਹਨ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਅਤੇ ਸਥਾਨਕ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।ਉਪਰੰਤ ਡਾ. ਸਾਹਨੀ ਸਰਹੱਦੀ ਪਿੰਡ ਦਰਿਆ ਮੂਸਾ ਪਹੁੰਚੇ, ਜਿੱਥੇ ਉਨ੍ਹਾਂ ਨੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਘਰੇਲੂ ਸਾਮਾਨ ਜਿਵੇਂ ਕਿ ਬਿਸਤਰੇ, ਗੱਦੇ, ਫਾਗਿੰਗ ਮਸ਼ੀਨਾਂ, ਫਰਨੀਚਰ, ਚੌਲ ਆਦਿ ਵੰਡੇ।ਡਾ. ਸਾਹਨੀ ਨੇ ਤੁਰੰਤ ਪਿੰਡ ਦੇ ਸਰਕਾਰੀ ਸਕੂਲ ਲਈ ਇਕ ਸਕੂਲ ਬੱਸ ਦੇਣ ਦਾ ਐਲਾਨ ਕੀਤਾ।ਨਾਲ ਹੀ ਉਨ੍ਹਾਂ ਇਹ ਭਰੋਸਾ ਵੀ ਦਵਾਇਆ ਕਿ ਉਹ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਗੱਲ ਕਰਕੇ ਪਿੰਡ ਦੇ ਸਕੂਲ ਨੂੰ ਉੱਚ ਕਲਾਸਾਂ ਤੱਕ ਅਪਗਰੇਡ ਕਰਨ ਦਾ ਯਤਨ ਕਰਨਗੇ।

# ਕੁਦਰਤ ਨਾਲ ਕੀਤੀ ਛੇੜਛਾੜ ਦਾ ਨਤੀਜਾ ਹੈ ਪੰਜਾਬ ਵਿੱਚ ਆਏ ਹੜ੍ਹ : ਸੀਚੇਵਾਲ



ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)-ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਕੁਦਰਤ ਨਾਲ ਛੇੜਛਾੜ ਦਾ ਹੀ ਨਤੀਜਾ ਹੈ ਕਿ ਪੰਜਾਬ ਸਮੇਤ ਉੱਤਰੀ ਭਾਰਤ ਦੇ ਸੂਬਿਆਂ ਨੂੰ ਹੜ੍ਹਾਂ ਦੇ ਰੂਪ ਵਿੱਚ ਭਿਆਨਕ ਤਬਾਹੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਿਰਸਾ ਵਿੱਚ ਕਰਵਾਏ ਗਏ ਭਾਈ ਘਨ੍ਹਈਆ ਜੀ ਦੇ ਜਨਮ ਦਿਨ ਨੂੰ ਸਮਰਪਿਤ ਸਮਾਗਮ ਵਿੱਚ ਬੋਲਦਿਆ ਸੰਤ ਸੀਚੇਵਾਲ ਨੇ ਕਿਹਾ ਕਿ ਪੰਜਾਬ ਵਿੱਚ ਹੜ੍ਹਾਂ ਨਾਲ ਵੱਡੇ ਪੱਧਰ 'ਤੇ ਤਬਾਹੀ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਈ ਦਿਨ ਲਗਾਤਾਰ ਮੀਂਹ ਪੈਣੇ ਵੀ ਜਲਵਾਯੂ ਤਬਦੀਲੀ ਦਾ ਅਸਰ ਹੈ। ਆਲਮੀ ਪੱਧਰ 'ਤੇ ਜਲਵਾਯੂ ਵਿਚ ਹੋ ਰਹੀ ਤਬਦੀਲੀ ਇਸ ਧਰਤੀ ਲਈ ਖਤਰਨਾਕ ਸਾਬਿਤ ਹੋ ਰਹੀ ਹੈ।ਸੰਤ ਸੀਚੇਵਾਲ ਨੇ ਸਮਾਗਮ ਦੌਰਾਨ ਵੱਡੇ ਇੱਕਠ ਨੂੰ ਸੰਬੋਧਨ ਕਰਦਿਆ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਆਲਮੀ ਤਪਸ਼ ਨੂੰ ਘਟਾਏ ਬਿਨ੍ਹਾਂ ਜਲਵਾਯੂ ਦੀ ਤਬਦੀਲੀ ਕੰਟਰੋਲ ਵਿੱਚ ਨਹੀਂ ਆਵੇਗੀ। ਉਨ੍ਹਾ ਕਿਹਾ ਕਿ ਇਸ ਦਾ ਇੱਕੋ ਇੱਕ ਹੱਲ ਹੈ ਕਿ ਵੱਡੀ ਪੱਧਰ 'ਤੇ ਰੁੱਖ ਲਾਏ ਜਾਣ ਅਤੇ ਲਾਏ ਗਏ ਰੁੱਖਾਂ ਦੀ ਸੰਭਾਲ ਕੀਤੀ ਜਾਵੇ। ਉਨ੍ਹਾਂ ਸਿਰਸੇ ਵਿੱਚ ਭਾਈ ਗੁਰਵਿੰਦਰ ਸਿੰਘ ਦੀ ਅਗਵਾਈ ਹੇਠ ਬੇਸਹਾਰਿਆ ਦੇ ਲਈ ਚਲਾਈ ਜਾ ਰਹੀ ਸੰਸਥਾ ਦੀ ਸ਼ਲਾਘਾ ਕੀਤੀ। ਸੰਤ ਸੀਚੇਵਾਲ ਨੇ ਭਾਈ ਗੁਰਵਿੰਦਰ ਸਿੰਘ ਦਾ ਧੰਨਵਾਦ ਕਰਦਿਆ ਕਿਹਾ ਕਿ ਜਿਹਨਾਂ ਨੇ ਕੁਦਰਤ ਨੂੰ ਸਾਂਭਿਆ ਹੋਇਆ ਹੈ। ਭਾਈ ਗੁਰਵਿੰਦਰ ਸਿੰਘ ਵੱਲੋਂ ਅੱਧੇ ਏਕੜ ਵਿੱਚ ਜੰਗਲ ਲਗਾਇਆ ਹੈ ਜਿੱਥੇ ਪੰਛੀਆਂ ਨੇ ਆਪਣੇ ਰੈਣ ਬਸੇਰੇ ਬਣਾ ਲਏ ਹਨ। ਸੰਤ ਸੀਚੇਵਾਲ ਨੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਲੋੜ ਹੈ, ਅਲੋਪ ਹੋ ਚੁੱਕੇ ਪੰਛੀ ਆਪਣੇ ਆਪ ਆ ਜਾਣਗੇ।ਇਸ ਸਮਾਗਮ ਵਿੱਚ ਨਾਮਧਾਰੀ ਸੰਪ੍ਰਦਾ ਦੇ ਮੁਖੀ ਸਤਿਗੁਰੂ ਉਦੈ ਸਿੰਘ, ਉੜੀਸਾ ਦੇ ਸਾਬਕਾ ਰਾਜਪਾਲ ਅਤੇ ਹੋਰ ਬਹੁਤ ਸਾਰੀਆਂ ਸਖਸ਼ੀਅਤਾਂ ਨੇ ਹਾਜ਼ਰੀ ਭਰੀ ਤੇ ਸਮਾਗਮ ਨੂੰ ਸੰਬੋਧਨ ਕੀਤਾ। ਸੰਸਥਾ ਵੱਲੋਂ ਸੰਤ ਸੀਚੇਵਾਲ ਸਮੇਤ ਆਈਆਂ ਸਾਰੀਆਂ ਪ੍ਰਮੁੱਖ ਸਖਸ਼ੀਅਤਾਂ ਦਾ ਸਨਮਾਨ ਵੀ ਕੀਤਾ ਗਿਆ।

# ਪਸ਼ੂਆਂ ਦੀ ਸਿਹਤ ਸੰਭਾਲ ਸਬੰਧੀ ਵਿਸ਼ੇਸ਼ ਕੈਂਪ



ਮਹਿਤਪੁਰ (ਰਾਜਾ)-ਮਾਣਯੋਗ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ, ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪੰਜਾਬ ਅਤੇ ਡਾਕਟਰ ਸੁਖਵਿੰਦਰ ਸਿੰਘ ਡਿਪਟੀ ਡਾਇਰੈਕਟਰ, ਡਾਕਟਰ ਬਲਵੀਰ ਸਿੰਘ ਸਹਾਇਕ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਜਲੰਧਰ ਦੇ ਦਿਸ਼ਾ ਨਿਰਦੇਸ਼ਾ ਦੀ ਪਾਲਣਾ ਕਰਦੇ ਹੋਏ ਡਾਕਟਰ ਜਗਜੀਤ ਸਿੰਘ ਸੀਨੀਅਰ ਵੈਟਨਰੀ ਅਫਸਰ ਤਹਿਸੀਲ ਨਕੋਦਰ, ਡਾਕਟਰ ਹਰਵਿੰਦਰ ਸਿੰਘ ਬੱਤਰਾ ਵੈਟਨਰੀ ਅਫਸਰ ਸੀ ਵੀ ਐਚ ਸੰਗੋਵਾਲ, ਡਾਕਟਰ ਦੀਪਕ ਵੈਟਨਰੀ ਸੀ ਵੀ ਐਚ ਸਰੀਹ, ਰਮਨ ਕੁਮਾਰ ਵੀ ਆਈ ਸੀ ਵੀ ਐਚ ਸੰਗੋਵਾਲ ਅਤੇ ਸਮੂਹ ਟੀਮ ਨੇ ਪਿੰਡ ਬੂਟੇ ਦੀਆ ਛੰਨਾਂ, ਵੇਹਰਾ, ਛੋਹਲੇ, ਰਾਏਪੁਰ ਗੁੱਜਰਾਂ ਵਿਖੇ ਹੜ, ਮੀਂਹ ਪ੍ਰਭਾਵਿਤ ਪਸ਼ੂਆਂ ਦੀ ਸਿਹਤਯਾਬੀ ਲਈ ਵਿਸ਼ੇਸ਼ ਕੈਂਪ ਲਗਾਇਆ ਤੇ ਪਸ਼ੂਆਂ ਨੂੰ ਬਾਰਿਸ਼ ਦੇ ਪਾਣੀ ਤੋਂ ਹੋਣ ਵਾਲੀਆਂ ਬੀਮਾਰੀਆਂ ਬਾਰੇ ਜਾਣਕਾਰੀ ਦਿੱਤੀ। ਸਰਕਾਰ ਵੱਲੋ ਭੇਜੀਆ ਗਈਆ ਦਵਾਈਆ ਵੀ ਮੁਫਤ ਵੰਡੀਆ ਗਈਆਂ ਅਤੇ ਲੋੜਵੰਦ 368 ਪਸ਼ੂਆਂ ਦਾ ਇਲਾਜ ਕੀਤਾ ਗਿਆ। ਇਸ ਮੌਕੇ ਵੱਖ ਵੱਖ ਪਿੰਡਾ ਦੇ ਸਰਪੰਚ, ਨੰਬਰਦਾਰ ਅਤੇ ਹੋਰ ਮੋਹਤਵਾਰ ਵਿਕਅਤੀ ਹਾਜ਼ਰ ਸਨ।

# ਆਦਰਸ਼ ਸੋਸ਼ਲ ਵੈੱਲਫੇਅਰ ਐਜੂਕੇਸ਼ਨ ਸੁਸਾਇਟੀ ਹੜ੍ਹ ਪੀੜਤਾਂ ਦਾ ਸਹਾਰਾ ਬਣੀ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਆਦਰਸ਼ ਸੋਸ਼ਲ ਵੈੱਲਫੇਅਰ ਐਂਡ ਐਜੂਕੇਸ਼ਨ ਸੋਸਾਇਟੀ ਗੁਰਦਾਸਪੁਰ ਅਤੇ ਵਿਲੀਅਨ ਹਾਰਟ ਬੀਟਿੰਗ ਫਾਊਂਡੇਸ਼ਨ ਅਪੋਲੋ ਹਸਪਤਾਲ ਅੰਮ੍ਰਿਤਸਰ ਵੱਲੋਂ ਮੈਡੀਕਲ ਕੈਂਪ ਲਾਇਆ ਗਿਆ ਜਿਸ ਵਿੱਚ ਹੜ੍ਹ ਪੀੜਤ ਲੋਕਾਂ ਨੂੰ ਮੁਫਤ ਚੈੱਕਅਪ ਕੀਤਾ ਗਿਆ ਅਤੇ ਦਵਾਈਆਂ ਵੰਡੀਆਂ ਗਈਆਂ ।ਇਸ ਦੇ ਨਾਲ ਹੀ ਆਦਰਸ਼ ਸੋਸ਼ਲ ਵੈੱਲਫੇਅਰ ਐਜੂਕੇਸ਼ਨ ਸੋਸਾਇਟੀ ਗੁਰਦਾਸਪੁਰ ਵੱਲੋਂ ਬਹੁਤ ਸਾਰੀਆਂ ਲੋੜਵੰਦ ਚੀਜ਼ਾਂ ਹੜ੍ਹ ਪੀੜਤ ਲੋਕਾਂ ਦੇ ਲਈ ਭੇਜੀਆਂ ਗਈਆਂ।ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਸੀਸਇੰਦਰ ਸਿੰਘ ਨੇ ਕਿਹਾ ਹੈ ਕਿ ਸਾਨੂੰ ਅਜਿਹੇ ਹਾਲਾਤ ਵਿੱਚ ਇੱਕ ਦੂਸਰੇ ਦਾ ਸਾਥ ਦੇਣਾ ਚਾਹੀਦਾ ਹੈ ਕਿਉਂਕਿ ਪਰਮਾਤਮਾ ਬਹੁਤ ਬੇਅੰਤ ਹੈ, ਸਾਨੂੰ ਉਸਦੀ ਰਜ਼ਾ ਵਿੱਚ ਹੀ ਰਹਿਣਾ ਚਾਹੀਦਾ ਹੈ।ਸਾਨੂੰ ਸਾਰਿਆਂ ਨੂੰ ਇੱਕ ਦੂਜੇ ਦੀ ਸਹਾਰੇ ਦੀ ਲੋੜ ਹੈ ਇਸ ਕਰਕੇ ਸਾਨੂੰ ਮਿਲ ਕੇ ਇੱਕ ਦੂਜੇ ਦੀ ਮਦਦ ਕਰਨੀ ਚਾਹੀਦੀ ਹੈ।ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫਤਰ ਤੋਂ ਸੁਪਰਡੈਂਟ ਅਰਵਿੰਦਰ ਸਿੰਘ ਅਤੇ ਸਮੂਹ ਟੀਮ ਮੈਂਬਰ ਅਤੇ ਆਦਰਸ਼ ਸੋਸ਼ਲ ਵੈੱਲਫੇਅਰ ਐਜੂਕੇਸ਼ਨ ਸੁਸਾਇਟੀ ਦੇ ਪ੍ਰਧਾਨ ਸਤਨਾਮ ਸਿੰਘ, ਵਿਲੀਅਨ ਹਾਰਟ ਬੀਟਿੰਗ ਫਾਊਂਡੇਸ਼ਨ ਤੋਂ ਡਾ. ਅਰਸ਼ਦੀਪ ਚੀਮਾ, ਡਾ. ਰਾਜੇਸ਼ਵਰ ਸਿੰਘ, ਡਾ. ਕਿਰਨ ਅਤੇ ਹੋਰ ਵੀ ਸਮੂਹ ਟੀਮ ਮੈਂਬਰ ਮੌਜੂਦ ਸਨ।


# ਕਲਾਸੀਫਾਈਡ ਇਸ਼ਤਿਹਾਰ

## Change of Name

I Rajbir Kaur wife of Gurmej Singh Village Gadhaike Tehsil Patti District Tarn Taran Have Changed My Name From Rajbir Kaur to Rajwinder Kaur pl note it.

I, Karamjit S/o Des Raj R/o VPO. Pasla, Near Ravidass Chowk, Tehsil Phillaur, Distt. Jalandhar, Punjab have changed my minor son name from Mitansh Banger to Manveer Banger. All Please Note.

I, Ajit Singh Parmar S/o Kabal Singh Parmar R/o Gali No. 03, Onkar Nagar Phagwara, Distt. Kapurthala, Punjab have changed my name from Ajit Singh Parmar to Ajit Singh. All Please Note.

I, Ramanjit Kaur Parmar W/o Ranvir Singh R/o Gali No. 03, Onkar Nagar Phagwara, Distt. Kapurthala, Punjab have changed my name from Ramanjit Kaur Parmar to Ramanjit Kaur. All Please Note.

I, Minni Dhir W/o Nishant Dhir R/o H. No. 5101 Mohalla Jalotian, Nakodar- 144040, Distt. Jalandhar have changed my minor daughter name from Ridhima Dhir to Ridhima. All Please Note.

## ਬੇਦਖਲੀ ਨੋਟਿਸ

ਮੈਂ, ਸਮਸ਼ੇਰ ਸਿੰਘ ਪੁੱਤਰ ਲਾਲ ਸਿੰਘ, ਵਾਸੀ ਪਿੰਡ ਜੱਖਲਾਂ (ਸੰਗਰੂਰ) ਆਪਣੇ ਪੁੱਤਰ ਚਮਕੌਰ ਸਿੰਘ, ਨੂੰਹ ਕਿਰਨਾ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਵਾਲੇ ਖ਼ੁੱਦ ਜ਼ਿੰਮੇਵਾਰ ਹੋਵੇਗਾ।

ਮੈਂ, ਪਿੰਕੀ ਕੌਰ ਪਤਨੀ ਹੀਰਾ ਸਿੰਘ, ਪਿੰਡ ਭਿੰਡਰ ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੀ ਲੜਕੀ ਸੋਨੀਆ ਨੂੰ ਕਹਿਣਿਉਂ ਬਾਹਰੀ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

## Public Notice

I, Hardeep Singh S/o Nasib Singh R/o 213, Eldeco Green, Jalandhar, Affirming That I have lost sale deed no. 1046 Dated 1-02-2021, In Favour of Rajni Bal w/o Rajesh Kumar For Property Vill. Allowal, Tehsil Nakodar, Jalandhar, I have lost an complaint dated 18/09/2025 at Nakodar Police Station, though if anyone find the same, kinldy return me on above address and contact -9815469837, Hardeep Singh.

I, Manveer Singh S/o Pargat Singh R/o Near Baba Di Gufa, Deep Nagar, Jalandhar-1, presently residing at VPO. Baddowal, District Ludhiana declares that I have adopted my wife Sandeep Kaur's daughter Avneet Kaur (D/o from previous wedlock divorced husband Manpreet Singh) by Adoption Deed bearing Document No.2024-25/101/4/405, Dated: 28-05-2024. Now name of father of Avneet Kaur be treated as Manveer Singh.

I, Paramjit Singh S/o Joginder Pal R/o Near Dyalpur Gate, Rishi Nagar, Kartarpur (Rural), Jalandhar-II, Jalandhar, Punjab declare that my son Karan Kumar is out of my control. I disinherit him from my movable and immovable properties. I and my family shall not be held responsible for any of his acts deeds and things. All please note.

## ਨਾਂਅ ਦੀ ਬਦਲੀ

ਮੈਂ, Karamjit Singh ਪੁੱਤਰ ਮੁਕੰਦ ਸਿੰਘ ਵਾਸੀ ਛਾਪਾ (ਬਰਨਾਲਾ) ਨੇ ਆਪਣਾ ਨਾਂਅ ਬਦਲ ਕੇ Karmjit Singh ਰੱਖ ਲਿਆ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## COURT NOTICE

In the Court of
Ms. Shanu Goyal
Judicial Magistrate - Ist Class
Ludhiana
CNR No. :- PBLD03-096339-2022
Next Date:-30-10-2025
Au Small Finance Bank
Vs.
Gurdev Singh
Detail of offence:-
Notice To:
Gurdev Singh
R/o Nangal Wanjhanwala, Ajnala, Amritsar-143102
M. No. 95923-23691

In above titled case, the accused could not be served. It is ordered that accused should appear in person or through counsel on 30-10-2025 at 10.00 a.m.

For details logon to https://highcourtchd.gov.in/?mod=district_notice&district=mogacourt.

Judicial Magistrate 1st Class
a`Ludhiana
Dated, this day of 19-09-2025

## COURT NOTICE

(U/o 5 Rule 20 CPC)
In the Court of
MS. Gurpreet Kaur-II
Civil Judge Junior Division-2, Zira
CNR No. PBFZAO-000798-2024
Next Date :- 15/10/2025
Didar Singh
Vs.
Kashmir Singh Etc
Publication Issued To:
Kashmir Singh Etc
Father : Naranjan Singh, Vill. Jogewala, Sub Teh. Makhu, Teh. Zira, Distt. Fzr. 2) Kiran Bala Wife of Darshan Kumar S/o Barkat Ram, 3) Neha Wife of Chandan Ahuja S/o Darshan Kumar, 4) Rubi wife of Shiv Nandan S/o Darshan. All R/o Railway Road Makhu, Tehsil Zira, Distt. Ferozepur 5) Gurbhej Singh S/o Wariam, 6) Gurnaib Singh, 7) Jagjit Singh S/o Lakhwinder Singh, 8) Balwinder Singh S/o Dalip Singh. All R/o Railway Road Makhu, Tehsil Zira, Distt. Ferozepur

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 15/10/2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge Junior Division-2,
Zira

## COURT NOTICE

In the Court of
Ms. Shanu Goyal
Judicial Magistrate - Ist Class
Ludhiana
CNR No.:- PBLD03-096334-2022
Next Date:-30-10-2025
AU SMALL FINANCE BANK
Vs.
PALJINDER SINGH
Detail of offence:-
NOTICE TO:
PALJINDER SINGH
R/o Mohan Bhandari, Chetan Pura, Amritsar - 143606, M.No. 78060-00006

In above titled case, the accused could not be served. It is ordered that accused should appear in person or through counsel on 30-10-2025 at 10.00 a.m.

For details logon to https://highcourtchd.gov.in/?mod=district_notice & district=mogacourt.

Judicial Magistrate - Ist Class
Ludhiana
Dated, this day of 19-09-2025

## COURT NOTICE

(U/o 5 Rule 20 CPC)
In the Court of
Ms. Ekta Sahota
Additional Civil Judge Senior Division-1, Patiala.
CNR No. PBPT02-002743-2025
Next Date:- 09-10-2025
Pardeep Kumar
Vs.
General Public
Suit for Declaration
Publication Issued To:
General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 09-10-2025 at 10:00 a.m.

For details logon to https://highcourtchd.gov.in/?mod=district_notice&district=patiala

Additional Civil Judge Senior
Division - 1, Patiala
Dated this day of 19-09-2025

## COURT NOTICE

In the Court of
Ms. Shanu Goyal
Judicial Magistrate - Ist Class
Ludhiana
CNR No.:- PBLD03-096332-2022
Next Date:-30-10-2025
AU SMALL FINANCE BANK
VS.
SIMRANJIT SINGH
Detail of offence:-
NoticeTo:
SIMRANJIT SINGH
R/O Talwandi Rama, Gurdaspur-143604. M.NO. 82880-32744

In above titled case, the accused could not be served. It is ordered that accused should appear in person or through counsel on 30-10-2025 at 10.00 a.m.

For details logon to https://highcourtchd.gov.in/?mod=district_notice&district=mogacourt.

Judicial Magistrate - Ist Class
Ludhiana
Dated, this day of 19-09-2025

## COURT NOTICE

(U/o 5 Rule 20 CPC)
In the Court of Kamini
Civil Judge (Junior Division),
Rupnagar
CNR No. PBRO02-001120-2025
Next Date:-23-10-2025
Anjna Sharma
Vs.
General Public
Publication Issued To:
General Public
:- Rupnagar

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 23-10-2025 at 10:00 a.m.

For details logon to https://highcourtchd.gov.in/?mod=district_notice&distric=Rupnagar

Civil Judge (Junior Division),
Rupnagar
Dated, this day of 18-09-2025

## COURT NOTICE

(U/o 5 Rule 20 CPC)
In the Court of
Ms. Divya Nanda
Civil Judge Junior Division -19, Patiala
CNR No. PBPT02-001844-2025
Next Date :- 29-10-2025
Punjab and Sind Bank
Vs.
Manjeet Kaur
Publication Issued To:
1. Manjeet Kaur D/o Naranjan Singh Legal Heir of Jasmer Kaur W/o Naranjan Singh R/o Vill. Darauli, Teh. and Distt. Patiala, 2. Karamjit Kaur Wd/o Hardayal Singh S/o Narajan Singh Legal Heir of Jasmer Kaur R/o H. No. 115, Sant Enclave, Patiala, 3. Barjinder Singh S/o Hardayal Singh S/o Narajan Singh Legal Heir of Jasmer Kaur R/o H.No. 115, Sant Enclave, Patiala, 4. Navneet Kaur D/o Hardayal Singh S/o Narajan Singh Legal Heir of Jasmer Kaur R/o H.No. 115, Sant Enclave, Patiala, 5. Harpal Singh S/o Bachan Singh R/o Village Dudhar, Tehsil and Distt. Patiala.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 29-10-2025 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division-19 patiala
Dated, this day of 19-09-2025

# ਗੁਰੂ ਰਵਿਦਾਸ ਜੀ ਦੇ ਸਨਮਾਨ 'ਚ ਯਾਤਰਾ ਦਾ ਖੁਰਾਲਗੜ੍ਹ ਵਿਖੇ ਨਿੱਘਾ ਸਵਾਗਤ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਗੁਰੂ ਰਵਿਦਾਸ ਜੀ ਦੇ ਸਨਮਾਨ 'ਚ ਬਹੁਜਨ ਸਮਾਜ ਪਾਰਟੀ ਵਲੋਂ ਪੰਜਾਬ ਦੇ ਪ੍ਰਧਾਨ ਡਾ.ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਦੀ ਅਗਵਾਈ ਹੇਠ ਪੰਜਾਬ ਸੰਭਾਲੋ ਮੁਹਿੰਮ ਤਹਿਤ ਵਿਸ਼ਾਲ ਸਨਮਾਨ ਯਾਤਰਾ ਇਤਿਹਾਸਕ ਅਸਥਾਨ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਖੁਰਾਲਗੜ੍ਹ ਸਾਹਿਬ ਪਹੁੰਚਣ ਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ (ਰਜਿ.) ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇਜੌੜੇ, ਸੰਤ ਇੰਦਰ ਦਾਸ ਜਨਰਲ ਸਕੱਤਰ, ਸੰਤ ਵਿਨੈਮੁਨੀ ਜੰਮੂ, ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ ਦੀ ਅਗਵਾਈ ਹੇਠ ਨਿੱਘਾ ਸਵਾਗਤ ਕੀਤਾ ਗਿਆ। ਇਸ ਯਾਤਰਾ ਵਿਚ ਹਜਾਰਾਂ ਬਸਪਾ ਵਰਕਰਾਂ ਅਤੇ ਗੁਰੂ ਰਵਿਦਾਸ ਨਾਮਲੇਵਾ ਸੰਗਤਾਂ ਸ਼ਾਮਲ ਹੋਈਆਂ। ਇਸ ਮੌਕੇ ਯਾਤਰਾ ਦਾ ਸਵਾਗਤ ਕਰਦਿਆਂ ਭੈਣ ਸੰਤੋਸ਼ ਕੁਮਾਰੀ ਨੇ ਗੁਰੂ ਰਵਿਦਾਸ ਜੀ ਦੇ ਚਰਨਛੋਹ ਇਤਿਹਾਸਕ ਅਸਥਾਨ ਨੂੰ ਸ਼ਰਾਬ ਦੇ ਠੇਕੇ ਅਤੇ ਨਜਾਇਜ ਬ੍ਰਾਂਚਾਂ ਖੋਲਕੇ ਨਸ਼ਿਆਂ ਦਾ ਗੜ੍ਹ ਬਣਾਉਣ ਦੀ ਘੋਰ



**● ਬੇਗਮਪੁਰਾ ਰਾਜ ਲਿਆਉਣ ਲਈ ਸੰਤ ਸਮਾਜ ਅੱਗੇ ਆਵੇ : ਕਰੀਮਪੁਰੀ**

ਨਿੰਦਿਆ ਕਰਦਿਆਂ ਕਿਹਾ ਕਿ ਸਰਕਾਰ ਸ੍ਰੀ ਖੁਰਾਲਗੜ੍ਹ ਸਾਹਿਬ ਨੂੰ ਨਸ਼ਾ ਮੁਕਤ ਪਵਿੱਤਰ ਅਸਥਾਨ ਐਲਾਨ ਕਰੇ। ਇਸ ਮੌਕੇ ਡਾ. ਕਰੀਮਪੁਰੀ ਨੇ ਕਿਹਾ ਸ੍ਰੀ ਗੁਰੂ ਰਵਿਦਾਸ ਗੁਰੂ ਘਰਾਂ ਦੀਆਂ ਬੇਅਦਬੀਆਂ ਦੇ ਵਿਰੁੱਧ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਸਨਮਾਨ 'ਚ ਬਹੁਜਨ ਸਮਾਜ ਮੈਦਾਨ ਵਿੱਚ ਆ ਚੁੱਕਾ ਹੈ ਜਿਸ ਨੂੰ ਸੰਤ ਸਮਾਜ ਦਾ ਵੱਡਾ ਅਸ਼ੀਰਵਾਦ ਪ੍ਰਾਪਤ ਹੋਇਆ ਹੈ। ਉਨਾਂ ਕਿਹਾ ਗੁਰੂ ਰਵਿਦਾਸ ਜੀ ਦੇ ਦਰਸਾਏ ਬੇਗਮਪੁਰਾ ਸ਼ਹਿਰ ਵਸਾਉਣ ਲਈ ਸੰਤ ਸਮਾਜ ਅੱਗੇ ਆਵੇ। ਉਨਾਂ ਕਿਹਾ 9 ਅਕਤੂਬਰ ਨੂੰ ਬਸਪਾ ਸੰਸਥਾਪਕ ਸ੍ਰੀ ਕਾਂਸ਼ੀ ਰਾਮ ਜੀ ਦੇ ਪਰੀਨਿਰਵਾਣ ਦਿਵਸ ਤੇ ਫਿਲੌਰ ਵਿਖੇ ਸੂਬਾ ਪੱਧਰੀ ਪੰਜਾਬ ਸੰਭਾਲੋ ਰੈਲੀ ਤੇ ਸੰਗਤਾਂ ਦਾ ਵੱਡਾ ਇਕੱਠ ਹੋਵੇਗਾ। ਇਸ ਮੌਕੇ ਸਟੇਟ ਕੋਆਰਡੀਨੇਟਰ ਡਾ. ਨਛੱਤਰ ਪਾਲ ਵਿਧਾਇਕ ਨਵਾਂ ਸ਼ਹਿਰ, ਸਟੇਟ ਕੋਆਰਡੀਨੇਟਰ ਅਜੀਤ ਸਿੰਘ ਭੈਣੀ, ਸਟੇਟ ਕੋਆਰਡੀਨੇਟਰ ਚੌਧਰੀ ਗੁਰਨਾਮ ਸਿੰਘ, ਸਟੇਟ ਕੋਆਰਡੀਨੇਟਰ ਐਡਵੋਕੇਟ ਰਜਿੰਦਰ ਕੁਮਾਰ, ਸਟੇਟ ਜਨਰਲ ਸਕੱਤਰ ਭਗਵਾਨ ਦਾਸ ਸਿੱਧੂ, ਹਰਜਿੰਦਰ ਕੌਰ ਕਰੀਮਪੁਰੀ, ਸਟੇਟ ਸੈਕਟਰੀ ਮਨਿੰਦਰ ਸ਼ੇਰਪੁਰੀ, ਸਟੇਟ ਸੈਕਟਰੀ ਸੁਖਦੇਵ ਬਿੱਟਾ ਤੇ ਹੋਰ ਪਾਰਟੀ ਲੀਡਰਸ਼ਿਪ ਵੀ ਹਾਜ਼ਰ ਸੀ।



# ਸਾਈਕਲ ਯਾਤਰਾ ਦਾ ਹੁਸ਼ਿਆਰਪੁਰ ਪੁੱਜਣ 'ਤੇ ਫਿੱਟ ਬਾਈਕਰ ਕਲੱਬ ਵੱਲੋਂ ਸਵਾਗਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਭ ਨਾਲ ਪਿਆਰ ਕਿਸੇ ਨਾਲ ਵੈਰ ਨਹੀਂ ਦਾ ਸੰਦੇਸ਼ ਲੈ ਕੇ ਐੱਨ.ਜੀ.ਓ.ਹਿਊਮੈਨਿਟੀ ਫਸਟ ਦੇ 30 ਮੈਂਬਰਾਂ ਵੱਲੋਂ ਦੇਸ਼ ਦੀ ਕੀਤੀ ਜਾ ਰਹੀ ਸਾਈਕਲ ਯਾਤਰਾ ਦਾ ਹੁਸ਼ਿਆਰਪੁਰ ਪਹੁੰਚਣ 'ਤੇ ਫਿੱਟ ਬਾਈਕਰ ਕਲੱਬ ਦੇ ਮੈਂਬਰਾਂ ਵੱਲੋਂ ਪ੍ਰਧਾਨ ਪਰਮਜੀਤ ਸਿੰਘ ਸੱਚਦੇਵਾ ਦੀ ਅਗਵਾਈ ਹੇਠ ਸਵਾਗਤ ਕੀਤਾ ਗਿਆ । ਐੱਨ.ਜੀ.ਓ. ਵੱਲੋਂ ਇਹ ਸਾਈਕਲ ਯਾਤਰਾ ਕਸ਼ਮੀਰ ਤੋਂ ਕੇਰਲਾ ਅਤੇ ਆਸਾਮ ਤੋਂ ਗੁਜਰਾਤ ਤੱਕ ਕੀਤੀ ਜਾ ਰਹੀ ਹੈ। ਇਸ ਮੌਕੇ ਪਰਮਜੀਤ ਸੱਚਦੇਵਾ ਨੇ ਕਿਹਾ ਕਿ ਐੱਨ.ਜੀ.ਓ.ਹਿਊਮੈਨਿਟੀ ਫਸਟ ਵੱਲੋਂ ਕੀਤੀ ਗਈ ਇਸ ਪਹਿਲ ਦੀ ਜਿੰਨੀ ਪ੍ਰਸ਼ੰਸਾ ਕੀਤੀ ਜਾਵੇ ਓਨੀ ਹੀ ਘੱਟ ਹੈ ਕਿਉਂਕਿ ਇਸ ਸਾਈਕਲ ਯਾਤਰਾ ਨਾਲ ਜਿਥੇ ਸਮਾਜ ਨੂੰ ਚੰਗੀ ਸਿਹਤ ਲਈ ਸਾਈਕਲਿੰਗ ਕਰਨ ਪ੍ਰਤੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਉੱਥੇ ਨਾਲ ਹੀ ਮਨੁੱਖਤਾ ਦੀ ਭਲਾਈ ਦਾ ਸੰਦੇਸ਼ ਵੀ ਇਹ ਯਾਤਰਾ ਪੂਰੇ ਦੇਸ਼ ਅੰਦਰ ਪਹੁੰਚਾਏਗੀ। ਉਨ੍ਹਾਂ ਦੱਸਿਆ ਕਿ ਇਸ ਸਾਈਕਲ ਯਾਤਰਾ ਵਿੱਚ ਮੌਜੂਦ ਲੋਕਾਂ ਦਾ ਹੁਸ਼ਿਆਰਪੁਰ ਦੇ ਅੱਡਾ ਮਾਹਿਲਪੁਰ ਵਿੱਚ ਸਵਾਗਤ ਕੀਤਾ ਗਿਆ ਤੇ ਉਪਰੰਤ ਫਿੱਟ ਬਾਈਕਰ ਕਲੱਬ ਦੇ ਮੈਂਬਰਾਂ ਵੱਲੋਂ ਉਨ੍ਹਾਂ ਦੇ ਨਾਲ ਡਵਿੱਡਾ ਅਹਿਰਾਣਾ ਤੱਕ ਸਾਈਕਲਿੰਗ ਕਰਕੇ ਯਾਤਰਾ ਨੂੰ ਅੱਗੇ ਲਈ ਵਿਦਾਈ ਦਿੱਤੀ ਗਈ। ਇਸ ਮੌਕੇ ਉੱਤਮ ਸਿੰਘ ਸਾਬੀ, ਸਾਗਰ ਸੈਣੀ, ਗੋਬਿੰਦਰ ਬੰਟੀ, ਕਰਨ ਭੱਲਾ, ਰਿਤੇਸ਼ ਗੋਇਲ, ਤਰਲੋਚਨ ਸਿੰਘ, ਗੁਰਮੇਲ ਸਿੰਘ, ਅਮਰਿੰਦਰ ਸੈਣੀ, ਡਾ. ਰਾਜੀਵ ਜੈਨ, ਸੰਜੀਵ ਸੋਹਲ, ਦੌਲਤ ਸਿੰਘ, ਉਕਾਂਰ ਸਿੰਘ, ਸੌਰਭ ਸ਼ਰਮਾ, ਸ਼ਿਵਾਂਜਲੀ ਸ਼ਰਮਾ, ਦਿਨੇਸ਼ ਕੁਮਾਰ ਆਦਿ ਵੀ ਮੌਜੂਦ ਸਨ।

# ਨਰਿੰਦਰ ਬੀਬਾ ਯਾਦਗਾਰੀ ਮੇਲੇ ਦਾ ਪੋਸਟਰ ਰਿਲੀਜ਼

**ਨਕੋਦਰ (ਮਨਜੀਤ ਮਾਨ)**- ਪਿੰਡ ਸਾਦਿਕਪੁਰ ਵਿਖੇ ਕਰਵਾਏ ਜਾ ਰਹੇ 27 ਵੇ ਮਰਹੂਮ ਨਰਿੰਦਰ ਬੀਬਾ ਯਾਦਗਾਰੀ ਅੰਤਰਰਾਸ਼ਟਰੀ ਸੱਭਿਆਚਾਰਕ ਮੇਲੇ ਦਾ ਪੋਸਟਰ ਪਿੰਡ ਦੇ ਸਰਪੰਚ ਬੂਟਾ ਸਿੰਘ ਅਤੇ ਸਮੁੱਚੀ ਪੰਚਾਇਤ ਵੱਲੋ ਸਾਂਝੇ ਤੌਰ ਤੇ ਰਿਲੀਜ਼ ਕੀਤਾ ਗਿਆ।



ਇਸ ਮੌਕੇ ਮੇਲੇ ਦੇ ਮੁੱਖ ਸੰਚਾਲਕ ਤੇ ਸੱਭਿਆਚਾਰਕ ਮੇਲਿਆਂ ਦੇ ਬਾਦਸ਼ਾਹ ਗੁਰਨਾਮ ਸਿੰਘ ਨਿਧੜਕ ਨੇ ਕਿਹਾ ਕਿ ਖੇਡ ਤੇ ਸੱਭਿਆਚਾਰਕ ਮੇਲੇ ਭਾਈਚਾਰਕ ਸਾਂਝ ਨੂੰ ਮਜਬੂਤ ਕਰਨ ਦਾ ਸੱਦਾ ਦਿੰਦੇ ਹਨ, ਜਿਸ ਕਰਕੇ ਸਮੂਹ ਪੰਜਾਬੀਆਂ ਨੂੰ ਅਜਿਹੇ ਲੱਚਰਤਾ ਰਹਿਤ ਸੱਭਿਆਚਾਰਕ ਮੇਲਿਆ ਵਿੱਚ ਸਹਿਯੋਗ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਰਿੰਦਰ ਬੀਬਾ ਯਾਦਗਾਰੀ ਸੱਭਿਆਚਾਰਕ ਮੇਲਾ ਹਰ ਸਾਲ ਕੁਰੀਤੀਆਂ ਨੂੰ ਦੂਰ ਕਰਨ ਦਾ ਸੁਨੇਹਾ ਦੇਕੇ ਅਮਿੱਟ ਪੈੜਾ ਛੱਡਣ ਵਿੱਚ ਕਾਮਯਾਬ ਹੋ ਨਿਬੜਦਾ ਹੈ। ਇਸ ਮੇਲੇ ਨੇ ਸਾਦਿਕਪੁਰ ਪਿੰਡ ਦਾ ਨਾਂਅ ਪੂਰੀ ਦੁਨੀਆਂ ਵਿੱਚ ਚਮਕਾ ਦਿੱਤਾ ਹੈ, ਜਿਸ ਕਰਕੇ ਦੇਸ਼ ਵਿਦੇਸ਼ ਵਿੱਚ ਬੈਠੇ ਪੰਜਾਬੀ ਵੀ ਇਸ ਮੇਲੇ ਨੂੰ ਹੋਰ ਅੱਗੇ ਲਿਜਾਣ ਲਈ ਸਹਿਯੋਗ ਦੇ ਰਹੇ ਹਨ। ਇਸ ਮੌਕੇ ਸਰਪੰਚ ਬੂਟਾ, ਸਾਬਕਾ ਸਰਪੰਚ ਮੁੱਖਤਿਆਰ ਸਿੰਘ ਨੇ ਵੀ ਸਮੂਹ ਪੰਜਾਬੀਆਂ ਨੂੰ 28 ਸਤੰਬਰ ਦਿਨ ਐਤਵਾਰ ਨੂੰ ਪਿੰਡ ਸਾਦਿਕਪੁਰ ਵੱਲ ਵਹੀਰਾ ਘੱਤ ਕੇ ਮੇਲੇ ਵਿਚ ਸ਼ਾਮਲ ਹੋਣ ਦਾ ਸੱਦਾ ਦਿਤਾ ਹੈ। ਇਸ ਮੌਕੇ ਗੀਤਕਾਰ ਗੁਰਨਾਮ ਸਿੰਘ ਨਿਧੜਕ, ਸਰਪੰਚ ਬੂਟਾ ਸਿੰਘ, ਸਾਬਕਾ ਸਰਪੰਚ ਮੁਖਤਿਆਰ ਸਿੰਘ, ਹਰਬੰਸ ਲਾਲ, ਨੰਬਰਦਾਰ ਦਿਲਬਾਗ ਸਿੰਘ, ਸਾਬਕਾ ਮੈਬਰ ਪੰਚਾਇਤ ਜਰਨੈਲ ਸਿੰਘ, ਸੇਵਾ ਸਿੰਘ,ਆਪ ਆਗੂ ਸੋਨੀ ਸੰਘੇੜਾ, ਬੀਬੀ ਸੁਖਵਿੰਦਰ ਕੌਰ ਭੱਠਲ ਸਰਕਾਰੀ ਐਲੀਮੈਂਟਰੀ ਸਕੂਲ ਸਾਦਿਕਪੁਰ ਦੇ ਇੰਚਾਰਜ ਤਜਿੰਦਰ ਕੁਮਾਰ, ਰਾਜਵਿੰਦਰ ਕੌਰ, ਆਂਗਨਵਾੜੀ ਇੰਚਾਰਜ ਹਰਪਾਲ ਕੌਰ, ਰਾਜ ਸਾਦਿਕ ਪੁਰ, ਐਂਕਰ ਨੇਹਾ ਨਿਧੜਕ, ਕੁਲਦੀਪ ਕੌਰ , ਚਰਚਿਤ ਬਾਲ ਗਾਇਕਾ ਨਮਰਤਾ ਸਾਦਿਕਪੁਰੀ ਆਦਿ ਵੀ ਇਸ ਮੌਕੇ ਤੇ ਹਾਜ਼ਰ ਸਨ।

# ਹੜ੍ਹ ਪੀੜਤਾਂ ਲਈ 1 ਲੱਖ 11 ਹਜ਼ਾਰ ਰੁਪਏ ਕੀਤੇ ਦਾਨ



**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲਾਪੁਰੀ)**- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਹੜ੍ਹ ਪੀੜਤਾਂ ਲਈ ਚਲਾਈਆਂ ਜਾ ਰਹੀਆਂ ਸੇਵਾਵਾਂ ਵਿੱਚ ਹਿੱਸਾ ਪਾਉਂਦਿਆਂ ਸੰਤ ਅਜੀਤ ਸਿੰਘ ਨੌਲੀਵਾਲੇ, ਸੰਤ ਬਹਾਦਰ ਸਿੰਘ ਜਿਆਣ ਵਾਲੇ ਅਤੇ ਸੰਤ ਅਵਤਾਰ ਸਿੰਘ ਭੀਖੋਵਾਲ ਵਾਲਿਆਂ ਨੇ 1 ਲੱਖ 11 ਹਜ਼ਾਰ ਰੁਪਏ ਭੇਂਟ ਕੀਤੇ। ਜਰਨੈਲ ਸਿੰਘ ਗੜ੍ਹਦੀਵਾਲ ਨੇ ਦੱਸਿਆ ਕਿ ਹੜ੍ਹ ਪੀੜਤਾਂ ਦੀ ਸਹਾਇਤਾਂ ਵਾਸਤੇ ਜਿਹੜੀ ਡਿਊਟੀ ਵੀ ਸੰਤ ਸੀਚੇਵਾਲ ਵੱਲੋਂ ਲਾਈ ਜਾਵੇਗੀ ਉਸ 'ਤੇ ਹੀ ਫੁੱਲ ਚੜ੍ਹਾਏ ਜਾਣਗੇ। ਉਨ੍ਹਾਂ ਦੱਸਿਆ ਕਿ ਹੜ੍ਹ ਪੀੜਤਾਂ ਲਈ ਡੀਜ਼ਲ, ਖਾਦਾਂ, ਬੀਜ ਅਤੇ ਖੇਤੀ ਵਾਸਤੇ ਜਿਹੜੀ ਵੀ ਸਹਾਇਤਾਂ ਦੀ ਲੋੜ ਪਵੇਗੀ ਉਸ ਦੀ ਪਹੁੰਚ ਸੰਤ ਸੀਚੇਵਾਲ ਤੱਕ ਕਰ ਦਿੱਤੀ ਜਾਵੇਗੀ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦਾਨ ਕਰਨ ਵਾਲਿਆਂ ਸਾਰੀਆਂ ਧਾਰਮਿਕ ਸਖ਼ਸੀਅਤਾਂ ਦਾ ਧੰਨਵਾਦ ਕਰਦਿਆ ਕਿਹਾ ਕਿ ਅਸਲ ਵਿੱਚ ਹੜ੍ਹ ਪੀੜਤਾਂ ਦੀ ਮੱਦਦ ਕਰਨ ਦਾ ਵੇਲਾ ਆ ਗਿਆ ਹੈ। ਉਨ੍ਹਾਂ ਕਿਹਾ ਕਿ ਬਾਊਪੁਰ ਮੰਡ ਇਲਾਕੇ ਦੇ ਵੱਡੇ ਹਿੱਸੇ ਵਿੱਚੋਂ ਪਾਣੀ ਉਤਰ ਰਿਹਾ ਹੈ। ਖੇਤਾਂ ਨੂੰ ਤਿਆਰ ਕਰਨ ਅਤੇ ਟੁਟੇ ਹੋਏ ਆਰਜ਼ੀ ਬੰਨ੍ਹਾਂ ਨੂੰ ਮੁੜ ਤੋਂ ਬੰਨ੍ਹਣ ਅਤੇ ਮਜ਼ਬੂਤ ਕੀਤਾ ਜਾਵੇਗਾ।

# ਵਿਧਾਇਕ ਜਿੰਪਾ ਨੇ ਧੋਬੀ ਘਾਟ ਚੌਕ ਤੋਂ ਸ਼ਿਮਲਾ ਪਹਾੜੀ ਤੱਕ ਨਵੀਂ ਸੜਕ ਲੋਕਾਂ ਨੂੰ ਕੀਤੀ ਸਮਰਪਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲੋਕਹਿੱਤ ਨਾਲ ਸਬੰਧਤ ਵਿਕਾਸ ਕਾਰਜਾਂ ਨੂੰ ਹੁਲਾਰਾ ਦਿੰਦੇ ਹੋਏ ਹੁਸ਼ਿਆਰਪੁਰ ਦੇ ਵਿਧਾਇਕ ਅਤੇ ਪੰਜਾਬ ਵਿਧਾਨ ਸਭਾ ਦੀ ਪਟੀਸ਼ਨ ਕਮੇਟੀ ਦੇ ਚੇਅਰਮੈਨ, ਬ੍ਰਮ ਸ਼ੰਕਰ ਜਿੰਪਾ ਨੇ ਅੱਜ ਧੋਬੀ ਘਾਟ ਚੌਕ ਤੋਂ ਸ਼ਿਮਲਾ ਪਹਾੜੀ ਤੱਕ ਨਵੀਂ ਬਣੀ ਸੜਕ ਨੂੰ ਜਨਤਾ ਨੂੰ ਸਮਰਪਤ ਕੀਤਾ। ਇਸ ਸੜਕ ਦੇ ਨਿਰਮਾਣ 'ਤੇ 60 ਲੱਖ ਰੁਪਏ ਦੀ ਲਾਗਤ ਆਈ ਹੈ। ਇਸ ਮੌਕੇ ਆਯੋਜਿਤ ਪ੍ਰੋਗਰਾਮ ਪੀ ਡੀ ਆਰੀਆ ਸਮਾਜ ਸਕੂਲ ਬਹਾਦਰਪੁਰ ਚੌਕ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਿੰਪਾ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਸੁਚਾਰੂ ਆਵਾਜਾਈ ਅਤੇ ਬਿਹਤਰ ਬੁਨਿਆਦੀ ਢਾਂਚਾ ਪ੍ਰਦਾਨ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਇਸ ਸੜਕ ਦਾ ਨਿਰਮਾਣ ਸਥਾਨਕ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਸੀ, ਜੋ ਹੁਣ ਪੂਰੀ ਹੋ ਗਈ ਹੈ।ਵਿਧਾਇਕ ਨੇ ਕਿਹਾ ਕਿ ਪਹਿਲੀ ਵਾਰ ਹੁਸ਼ਿਆਰਪੁਰ ਵਿੱਚ ਸਟਾਰਮ ਸੀਵਰ ਦਾ ਕੰਮ ਹੋਇਆ ਹੈ, ਜਿਸ ਲਈ ਸ਼ਿਮਲਾ ਪਹਾੜੀ ਤੋਂ ਭੰਗੀ ਚੋਅ ਤੱਕ ਪਾਈਪਲਾਈਨ ਵਿਛਾਈ ਗਈ ਹੈ। ਇਸ 'ਤੇ ਵੀ 2.25 ਕਰੋੜ ਰੁਪਏ ਦੀ ਲਾਗਤ ਆਈ ਹੈ।ਵਿਧਾਇਕ ਜਿੰਪਾ ਨੇ ਭਰੋਸਾ ਦਿੱਤਾ ਕਿ ਜਨਤਾ ਨਾਲ ਕੀਤੇ ਗਏ ਸਾਰੇ ਵਾਅਦੇ ਇੱਕ-ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ। ਇਸ ਮੌਕੇ ਉਨ੍ਹਾਂ ਸਥਾਨਕ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਵੇਂ ਬਣੇ



ਬੁਨਿਆਦੀ ਢਾਂਚੇ ਦੀ ਸਾਂਭ-ਸੰਭਾਲ ਕਰਨ ਅਤੇ ਸ਼ਹਿਰ ਨੂੰ ਸਾਫ਼ ਰੱਖਣ ਵਿੱਚ ਪ੍ਰਸ਼ਾਸਨ ਦਾ ਸਹਿਯੋਗ ਕਰਨ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਸੁਰਿੰਦਰ ਭੋਗਲ, ਬਲਾਕ ਪ੍ਰਧਾਨ ਜਸਪਾਲ ਸੁਮਨ, ਕੌਂਸਲਰ ਮਨਜੀਤ, ਕੌਂਸਲਰ ਪ੍ਰਦੀਪ ਬਿੱਟੂ, ਵਿਕਾਸ ਮੱਟੂ, ਜੋਗਿੰਦਰ ਰਾਜਾ, ਨਿੱਕਾ ਸੈਣੀ, ਐਡਵੋਕੇਟ ਅਮਰਜੋਤ ਸੈਣੀ ਤੋਂ ਇਲਾਵਾ ਨਗਰ ਨਿਗਮ ਦੇ ਅਧਿਕਾਰੀ ਵੀ ਹਾਜ਼ਰ ਸਨ।

# ਪੰਜਾਬ ਪੁਲਸ ਨੇ 4.5 ਕਿਲੋਗ੍ਰਾਮ ਹੈਰੋਇਨ, 59 ਹਜ਼ਾਰ ਰੁਪਏ ਦੀ ਡਰੱਗ ਮਨੀ ਸਮੇਤ 89 ਨਸ਼ਾ ਸਮਗਲਰਾਂ ਨੂੰ ਕੀਤਾ ਗ੍ਰਿਫ਼ਤਾਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਚਲਾਈ ਜਾ ਰਹੀ ਨਸ਼ਿਆਂ ਵਿਰੁੱਧ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਲਗਾਤਾਰ 204ਵੇਂ ਦਿਨ ਪੰਜਾਬ ਪੁਲਿਸ ਨੇ 374 ਥਾਵਾਂ 'ਤੇ ਛਾਪੇਮਾਰੀ ਕੀਤੀ ਜਿਸ ਨਾਲ ਸੂਬੇ ਭਰ ਵਿੱਚ 89 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ 78 ਐਫਆਈਆਰਜ਼ ਦਰਜ ਕੀਤੀਆਂ ਗਈਆਂ।

ਇਸ ਦੇ ਨਾਲ, 204 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 30,440 ਹੋ ਗਈ ਹੈ।ਛਾਪੇਮਾਰੀ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 4.5 ਕਿਲੋ ਹੈਰੋਇਨ, 2.3 ਕਿਲੋ ਗਾਂਜਾ, 1524 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 59,810 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। 79 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1100 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 150 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 374 ਥਾਵਾਂ ਤੇ ਛਾਪੇਮਾਰੀ ਕੀਤੀ। ਪੁਲਿਸ ਟੀਮਾਂ ਨੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 393 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਵੀ ਕੀਤੀ ਹੈ।

# ਹੜ੍ਹ ਪੀੜਤ ਮਰੀਜ਼ਾਂ ਦੇ ਲੈਬ ਟੈਸਟ ਤੇ ਖ਼ੂਨ-ਯੂਨਿਟ ਮੁਫਤ ਜਾਰੀ ਕਰਨ ਦਾ ਫੈਸਲਾ

**ਨਵਾਂਸ਼ਹਿਰ (ਮਨੋਜ ਲਾਡੀ)**- ਸਥਾਨਕ ਸਮਾਜ ਸੇਵੀ ਸੰਸਥਾ ਬੀ ਡੀ ਸੀ ਵੱਲੋਂ ਹੜ ਪੀੜਤ ਮਰੀਜ਼ਾਂ ਦੇ ਲੈਬ ਟੈਸਟ ਤੇ ਖ਼ੂਨ ਯੂਨਿਟ ਸੇਵਾ ਮੁਫ਼ਤ ਕਰਨ ਦਾ ਫੈਸਲਾ ਕੀਤਾ ਹੈ। ਸੰਸਥਾ ਦੇ ਪ੍ਰਧਾਨ ਐਸ ਕੇ ਸਰੀਨ, ਮੀਤ ਪ੍ਰਧਾਨ ਜੀ ਐਸ ਤੂਰ, ਸਕੱਤਰ ਜੇ ਐਸ ਗਿੱਦਾ, ਵਿੱਤ ਸਕੱਤਰ ਪ੍ਰਵੇਸ਼ ਕੁਮਾਰ, ਡਾ.ਅਜੇ ਬੱਗਾ ਤੇ ਮੈਨੇਜਰ ਮਨਮੀਤ ਸਿੰਘ ਵੱਲੋਂ ਜਾਰੀ ਸਾਂਝੇ ਪ੍ਰੈਸ ਬਿਆਨ ਰਾਹੀਂ ਉਕਤ ਜਾਣਕਾਰੀ ਸਾਂਝੀ ਕੀਤੀ ਗਈ। ਉਕਤ ਅਹੁਦੇਦਾਰਾਂ ਨੇ ਲੋੜਵੰਦਾਂ ਨੂੰ ਦੱਸਿਆ ਕਿ ਸੇਵਾਵਾਂ ਲੈਣ ਵੇਲੇ ਆਪਣਾ ਪਛਾਣ-ਪੱਤਰ ਨਾਲ ਲਿਆਉਣ ਦੀ ਬੇਨਤੀ ਕਰਦਿਆਂ ਇਹ ਜਾਣਕਾਰੀ ਵੀ ਦਿੱਤੀ ਕਿ ਸਬੰਧਤ ਵਿਅਕਤੀ ਆਪਣੀ ਸਿਹਤ ਸਮੱਸਿਆ ਅਤੇ ਢੁੱਕਵੇਂ ਟੈਸਟਾਂ ਬਾਰੇ ਸੰਸਥਾ ਦੇ ਡਾਕਟਰ ਨਾਲ ਸਲਾਹ ਮਸ਼ਵਰਾ ਵੀ ਕਰ ਸਕਦੇ ਹਨ।

## ਕਿਸਾਨ ਸਿਖਲਾਈ ਕੈਂਪ ਲਗਾਇਆ

**ਗੁਰਾਇਆ (ਬਿੰਦਰ ਸੁਮਨ)**- ਡਾ. ਜਸਵਿੰਦਰ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਜਲੰਧਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀ ਆਰ ਐਮ ਸਕੀਮ ਅਧੀਨ ਬਲਾਕ ਰੁੜਕਾ ਕਲਾਂ ਵਿਖੇ ਪਰਾਲੀ ਦੀ ਸਾਂਭ ਸੰਭਾਲ ਸੰਬੰਧੀ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿੱਚ ਉਚੇਚੇ ਤੌਰ ਤੇ ਐਸ ਡੀ ਐਮ ਫਿਲੌਰ ਪਰਲੀਨ ਕੌਰ ਬਰਾੜ ਨੇ ਸ਼ਿਰਕਤ



ਕੀਤੀ ਤੇ ਕੈਂਪ ਵਿਚ ਹਾਜ਼ਰ ਕਿਸਾਨਾਂ ਨੂੰ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਸਬੰਧੀ ਦਿਸ਼ਾ ਨਿਰਦੇਸ਼ ਦਿੱਤੇ ਅਤੇ ਖੇਤੀਬਾੜੀ ਵਿਭਾਗ ਅਤੇ ਪ੍ਰਸ਼ਾਸਨ ਦਾ ਸਹਿਯੋਗ ਦੇਣ ਲਈ ਕਿਹਾ। ਕ੍ਰਿਸ਼ੀ ਵਿਗਿਆਨ ਕੇਂਦਰ, ਨੂਰਮਹਿਲ ਤੋਂ ਆਏ ਵਿਗਿਆਨੀ ਪ੍ਰਭਜੋਤ ਕੌਰ ਤੇ ਬਲਵੀਰ ਕੌਰ ਨੇ ਕਿਸਾਨਾਂ ਨੂੰ ਝੋਨੇ ਦੀ ਫ਼ਸਲ ਨੂੰ ਬਿਮਾਰੀਆਂ ਤੋਂ ਬਚਾਉਣ ਅਤੇ ਆਉਣ ਵਾਲੀ ਕਣਕ ਦੀ ਫ਼ਸਲ ਵਿੱਚ ਨਦੀਨਾਂ ਦੀ ਰੋਕਥਾਮ ਸਬੰਧੀ ਜਾਣਕਾਰੀ ਦਿੱਤੀ। ਡਾ. ਰਮਨਦੀਪ, ਖੇਤੀਬਾੜੀ ਵਿਕਾਸ ਅਫਸਰ ਵੱਲੋਂ ਹਾਜ਼ਰ ਕਿਸਾਨਾਂ ਨਾਲ ਵਿਭਾਗ ਵਿਚ ਚੱਲ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਸੀ ਆਰ ਐਮ ਸਕੀਮ ਅਧੀਨ ਬਲਾਕ ਵਿੱਚ ਪਰਾਲੀ ਸਾਂਭਣ ਵਾਲੀ ਮਸ਼ੀਨਰੀ ਉੱਪਰ 50% ਤੋਂ 80 % ਸਬਸਿਡੀ ਦਿੱਤੀ ਜਾ ਰਹੀ ਹੈ।

# ਹੜ੍ਹ ਪੀੜਤਾਂ ਦੀ ਸਹਾਇਤਾ ਲਈ ਲਾਇਨਜ਼ ਕਲੱਬ ਦੀ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲਾਇਨਜ ਕਲੱਬ 321-4 ਹੁਸ਼ਿਆਰਪੁਰ ਜ਼ੋਨ 3 ਦੀ ਮੀਟਿੰਗ ਹੁਸ਼ਿਆਰਪੁਰ ਵਿਖੇ ਇੱਕ ਸਥਾਨਕ ਹੋਟਲ ਵਿੱਚ ਕੀਤੀ ਗਈ, ਜਿਸ ਦੀ ਪ੍ਰਧਾਨਗੀ ਲਾਇਨ ਅਜੀਤ ਸਿੰਘ ਬਾਲੀ ਨੇ ਕੀਤੀ। ਜਿਸ ਵਿੱਚ ਉਚੇਰੇ ਤੌਰ 'ਤੇ ਲਾਇਨਜ਼ ਕਲੱਬ ਹੁਸ਼ਿਆਰਪੁਰ ਦੇ ਪ੍ਰਧਾਨ, ਸੈਕਟਰੀ, ਕੈਸ਼ੀਅਰ ਅਤੇ ਪੀ ਆਰ ਓ ਨੇ ਸ਼ਿਰਕਤ ਕੀਤੀ। ਮੀਟਿੰਗ ਵਿਚ ਲਾਇਨਜ਼ ਕਲੱਬ ਇੰਟਰਨੈਸ਼ਨਲ ਦੀਆਂ ਹਦਾਇਤਾਂ ਮੁਤਾਬਕ ਕੀਤੇ ਕੰਮਾਂ ਬਾਰੇ ਸਲਾਹ ਮਸ਼ਵਰਾ ਕੀਤਾ ਗਿਆ ਅਤੇ ਪੰਜਾਬ ਵਿੱਚ ਆਏ ਹੜ੍ਹਾਂ ਕਰਕੇ ਹੋਏ ਨੁਕਸਾਨ ਅਤੇ ਮਾਨਵਤਾ ਦੀ ਸੇਵਾ ਦਾ ਸੰਕਲਪ ਲਿਆ। ਪ੍ਰਧਾਨ ਲਾਇਨ ਨਰਿੰਦਰ ਸਿੰਘ ਸੈਣੀ, ਲਾਇਨ ਉਂਕਾਰ ਸਿੰਘ ਭਾਰਜ, ਹਰਦੀਪ ਸਿੰਘ, ਲਾਇਨ ਰਾਕੇਸ਼ ਕੁਮਾਰ ਵਰਮਾ, ਲਾਇਨ ਰੋਹਿਤ ਅਗਰਵਾਲ, ਲਾਇਨ ਰੋਹਿਤ ਬਰਕੀ, ਲਾਇਨ ਮੁਕੇਸ਼ ਬੱਗਾ, ਲਾਇਨ ਨਵੀਨ ਬੱਗਾ, ਲਾਇਨ, ਭੁਪਿੰਦਰ ਸਿੰਘ ਗੱਗੀ, ਲਾਇਨ ਦਲਜਿੰਦਰ ਸਿੰਘ ਆਦਿ ਹਾਜ਼ਰ ਸਨ। ਮੰਚ ਸੰਚਾਲਕ ਦੀ ਭੂਮਿਕਾ ਲਾਇਨ ਮਹਾਂਵੀਰ ਸਿੰਘ ਢਿੱਲੋਂ ਨੇ ਨਿਭਾਈ। ਚੀਫ ਗੇਸਟ ਲਾਇਨ ਦਵਿੰਦਰ ਪਾਲ ਅਰੋੜਾ ਸਾਬਕਾ ਡਿਸਟਰਿਕ ਗਵਰਨਰ ਨੇ ਕਲੱਬਾਂ ਦੀ ਬਿਹਤਰੀ ਲਈ ਬਹੁਤ ਵਧੀਆ ਸੁਝਾਅ ਦਿੱਤੇ।

# ਡਿਪਟੀ ਕਮਿਸ਼ਨਰ ਵੱਲੋਂ ਨੈਸ਼ਨਲ ਐਵਾਰਡ ਜਿੱਤਣ 'ਤੇ ਮੇਹਰਚੰਦ ਪੋਲੀਟੈਕਨਿਕ ਦੀ ਸਰਾਹਨਾ

**ਜਲੰਧਰ (ਸ਼ੈਲੀ ਐਲਬਰਟ)**- 'ਬੈਸਟ ਪੋਲੀਟੈਕਨਿਕ ਕਾਲਜ' ਦਾ ਨੈਸ਼ਨਲ ਐਵਾਰਡ ਜਿੱਤਣ ਤੋਂ ਬਾਅਦ ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਜਲੰਧਰ



ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨਾਲ ਮੁਲਾਕਾਤ ਕੀਤੀ ਤੇ ਐਵਾਰਡ ਪ੍ਰਕਿਰਿਆ ਦੇ ਸਫਰ ਦੇ ਤਜਰਬੇ ਵੀ ਉਹਨਾਂ ਨਾਲ ਸਾਂਝੇ ਕੀਤੇ। ਉਹਨਾਂ ਦੇ ਨਾਲ ਵਰਕਸ਼ਾਪ ਦੇ ਸੀਨੀਅਰ ਇੰਸਟਰਕਟਰ ਦੁਰਗੇਸ਼ ਜੰਡੀ ਵੀ ਸਨ ।ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਮੇਹਰਚੰਦ ਪੋਲੀਟੈਕਟਿਕ ਕਾਲਜ ਤੇ ਇਲਾਵਾ ਸਿਰਫ਼ ਨਾਚੀਮੁਥੂ ਪੋਲੀਟੈਕਨਿਕ ਕਾਲਜ ਪੋਲਾਚੀ (ਤਾਮਿਲਨਾਡੂ) ਅਤੇ ਜੇ. ਜੇ. ਪੋਲੀਟੈਕਨਿਕ ਮੈਸੂਰ ਦੀ ਹੀ ਸਮੁੱਚੇ ਹਿੰਦੋਸਤਾਨ ਵਿਚੋਂ ਚੋਣ ਕੀਤੀ ਗਈ ਤੇ ਇਹ ਜਲੰਧਰ ਸ਼ਹਿਰ ਲਈ ਤੇ ਪੰਜਾਬ ਲਈ ਮਾਣ ਵਾਲੀ ਗੱਲ ਹੈ। ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਉਹਨਾਂ ਨੂੰ ਕਾਲਜ ਦੀਆਂ ਗਤਿਵਿਧੀਆਂ ਤੇ ਹੋਰ ਪ੍ਰਾਪਤੀਆਂ ਦੀ ਜਾਣਕਾਰੀ ਮਿਲਦੀ ਰਹਿੰਦੀ ਹੈ ਤੇ ਉਹਨਾਂ ਨੂੰ ਮੇਹਰਚੰਦ ਪੋਲੀਟੈਕਟਿਕ ਦੀ ਇਸ ਪ੍ਰਾਪਤੀ 'ਤੇ ਫ਼ਕਰ ਹੈ। ਉਹਨਾਂ ਨੇ ਪਲੈਟੀਨਮ ਜੁਬਲੀ ਸਮਾਗਮ ਮੌਕੇ ਕਾਲਜ ਦਾ ਦੌਰਾ ਵੀ ਕੀਤਾ ਸੀ ਤੇ ਕਾਲਜ ਤੇ ਇਸ ਦੀਆਂ ਸਰਗਰਮੀਆਂ, ਦਿੱਖ ਤੇ ਇਨਫਰਾਸਟਰਕਚਰ ਦੇਖ ਕੇ ਇਸ ਦੀ ਸਰਾਹਨਾ ਕੀਤੀ ਸੀ। ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜਲਦ ਹੀ ਕਾਲਜ ਦਾ ਇਸ ਪ੍ਰਾਪਤੀ ਲਈ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।

# ਡੇਰਾਬੱਸੀ ਦੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਅਧਿਆਪਕਾਂ ਦਾ ਸਨਮਾਨ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਡੇਰਾਬੱਸੀ ਨੇ ਆਪਣੇ ਅਧਿਆਪਕਾਂ ਨੂੰ ਸਨਮਾਨਿਤ ਕਰਨ ਅਤੇ ਸੰਸਥਾ ਵਿੱਚ ਉਨ੍ਹਾਂ ਦੇ ਅਨਮੋਲ ਯੋਗਦਾਨ ਨੂੰ ਸਵੀਕਾਰ ਕਰਨ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ।ਇਸ ਸ਼ੁਭ ਅਵਸਰ ਉੱਪਰ ਅਧਿਆਪਕਾਂ ਨੇ ਕਵਿਤਾਵਾਂ, ਗੀਤ ਅਤੇ ਨਾਚ ਪੇਸ਼ ਕੀਤੇ ।ਸਮਾਗਮ ਵਿੱਚ ਪ੍ਰਧਾਨ ਸੁਰਿੰਦਰ ਸਿੰਘ ਵਿਰਦੀ, ਉਪ-ਪ੍ਰਧਾਨ ਅੰਮ੍ਰਿਤਪਾਲ ਸਿੰਘ, ਮੈਨੇਜਰ ਗੁਰਜੀਤ ਸਿੰਘ, ਮੈਂਬਰ ਸਾਹਿਬਾਨ ਕਪੂਰ ਸਿੰਘ ,ਅੰਮ੍ਰਿਤਪਾਲ ਮੋਦੀ ਅਤੇ ਪ੍ਰਿੰਸੀਪਲ ਕਵਿਤਾ ਅੱਤਰੀ ਆਦਿ ਹਾਜ਼ਰ ਸਨ ਜਿਨ੍ਹਾਂ ਨੇ ਸੰਸਥਾ ਨੂੰ ਮਾਣ ਦਿਵਾਉਣ ਅਤੇ ਇਸ ਦੇ ਪ੍ਰਗਤੀਸ਼ੀਲ ਦ੍ਰਿਸ਼ਟੀਕੋਣ ਨੂੰ ਆਕਾਰ ਦੇਣ ਵਿੱਚ ਅਧਿਆਪਕਾਂ ਦੀ ਭੂਮਿਕਾ ਲਈ ਸ਼ਲਾਘਾ ਕੀਤੀ ।ਸਕੂਲ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਸੁਰਿੰਦਰ ਸਿੰਘ ਵਿਰਦੀ ਨੇ ਅਧਿਆਪਕ ਵਰਗ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਭਵਿੱਖ ਦੇ ਜ਼ਿੰਮੇਵਾਰ ਨਾਗਰਿਕਾਂ ਵਜੋਂ ਤਿਆਰ ਕਰਨ ਲਈ ਨਵੀਨਤਾਕਾਰੀ ਅਤੇ ਸਵਦੇਸ਼ੀ ਢੰਗ ਨਾਲ ਕੰਮ ਕਰਦੇ ਰਹਿਣ ਲਈ ਉਤਸ਼ਾਹਿਤ ਕੀਤਾ। ਉਪ-ਪ੍ਰਧਾਨ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਅਧਿਆਪਕ ਨਾ ਸਿਰਫ ਵਿਦਿਆਰਥੀਆਂ ਨੂੰ ਸਿੱਖਿਆ ਦਿੰਦੇ ਹਨ, ਸਗੋਂ ਉਹਨਾਂ ਦੀਆਂ ਜ਼ਿੰਦਗੀਆਂ ਵਿੱਚ ਨੈਤਿਕਤਾ, ਵਿਵੇਕ ਅਤੇ ਜ਼ਿੰਮੇਵਾਰੀ ਦੇ ਗੁਣ ਵੀ ਪੈਦਾ ਕਰਦੇ ਹਨ। ਮੈਂਬਰ ਸਾਹਿਬਾਨ ਕਪੂਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਸੀਂ ਅਧਿਆਪਕਾਂ ਦੀ ਮਿਹਨਤ ਅਤੇ ਸਮਰਪਣ ਲਈ ਉਹਨਾਂ ਦੀ ਕਦਰ ਕਰਦੇ ਹਾਂ ।

# ਵੜੈਚ ਨੇ ਨਗਰ ਪੰਚਾਇਤ ਢਿੱਲਵਾਂ ਦਾ ਵਾਧੂ ਚਾਰਜ ਸੰਭਾਲਿਆ

**ਕਪੂਰਥਲਾ (ਮਨਜੀਤ ਮਾਨ)**- ਦਫ਼ਤਰ ਨਗਰ ਪੰਚਾਇਤ ਢਿਲਵਾਂ ਵਿਖੇ ਕਾਰਜਸਾਧਕ ਅਫ਼ਸਰ ਰਣਦੀਪ ਸਿੰਘ ਵੜੈਚ ਵਲੋਂ ਢਿਲਵਾਂ ਦੇ ਵਾਧੂ ਚਾਰਜ ਦਾ ਅਹੁਦਾ ਸੰਭਾਲਿਆ ਗਿਆ। ਜ਼ਿਕਰਯੋਗ ਹੈ ਕਿ ਈ.ਓ ਰਣਦੀਪ ਸਿੰਘ ਪਾਸ ਨਗਰ ਪੰਚਾਇਤ ਭੁਲੱਥ ਦਾ ਪੱਕਾ ਚਾਰਜ ਹੈ ਤੇ ਉਨ੍ਹਾਂ ਵਲੋਂ ਢਿਲਵਾਂ ਨਗਰ ਪੰਚਾਇਤ ਦਾ ਕੰਮ ਕਾਜ ਵੀ ਦੇਖਿਆ ਜਾਵੇਗਾ। ਇਸ ਮੌਕੇ ਨਗਰ ਪੰਚਾਇਤ ਢਿਲਵਾਂ ਦੇ ਕਾਰਜ ਸਾਧਕ ਅਫਸਰ ਰਣਦੀਪ ਸਿੰਘ ਵੜੈਚ ਨੇ ਦੱਸਿਆ ਕਿ ਹਲਕਾ ਇੰਚਾਰਜ ਐਡਵੋਕੇਟ ਹਰ ਸਿਮਰਨ ਸਿੰਘ ਘੁੰਮਣ ਦੀ



ਅਗਵਾਈ ਵਿੱਚ ਢਿੱਲਵਾਂ ਸ਼ਹਿਰ ਨੂੰ ਨਮੂਨੇ ਦਾ ਸ਼ਹਿਰ ਬਣਾਇਆ ਜਾਵੇਗਾ,ਇਸ ਮੌਕੇ ਬਲਜੀਤ ਸਿੰਘ ਢਿੱਲੋਂ ਬਲਾਕ ਪ੍ਰਧਾਨ ਆਪ, ਦਲਬੀਰ ਸਿੰਘ ਕੌਂਸਲਰ, ਕਮਲ ਕੁਮਾਰ ਜੂਨੀਅਰ ਸਹਾਇਕ, ਸੁਖਦੇਵ ਸਿੰਘ ਇੰਸਪੈਕਟਰ ਆਦਿ ਵਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਉਨ੍ਹਾਂ ਤੋਂ ਇਲਾਵਾ ਨਗਰ ਪੰਚਾਇਤ ਢਿਲਵਾਂ ਵਿਖੇ ਏ.ਐਮ.ਈ. ਗਗਨਦੀਪ ਜੰਮੂ ਵਲੋਂ ਵੀ ਆਪਣਾ ਅਹੁਦਾ ਸੰਭਾਲਿਆ ਗਿਆ ਹੈ।

# ਏਡਜ਼ ਦੀ ਰੋਕਥਾਮ ਸੰਬੰਧੀ ਸੈਮੀਨਾਰ




**ਕਾਲਾ ਸੰਘਿਆਂ (ਮਨਜੀਤ ਮਾਨ)**- ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆਂ ਤੇ ਕਾਲਜੀਏਟ ਸਕੂਲ ਕਾਲਾ ਸੰਘਿਆਂ ਵਿਖੇ ਐਨ ਐਸ ਐਸ, ਇੱਕੋ ਕਲੱਬ ਤੇ ਆਰ, ਆਰ, ਸੀ ਰੈਡ ਰਿਬਨ ਕਲੱਬ ਵੱਲੋਂ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਦੀ ਅਗਵਾਈ ਹੇਠ ਏਡਸ ਦੀ ਰੋਕਥਾਮ ਵਿਸ਼ੇ ਤੇ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਮੁੱਖ ਬੁਲਾਰੇ ਵਜੋਂ ਪੰਜਾਬ ਸਟੇਟ ਏਡਸ ਕੰਟਰੋਲ ਸੋਸਾਇਟੀ ਦੀ ਐਨ ਜੀ ਓ ਭਾਰਦਵਾਜ ਗ੍ਰਾਮਦੀਓ ਸੇਵਾ ਸੰਸਥਾ ਜਲੰਧਰ ਤੋਂ ਗੁਰਮੀਤ ਕੌਰ ਤੇ ਅਜੇ ਕੁਮਾਰ ਐਨ ਜੀ ਓ ਦੇ (ਪ੍ਰੋਜੈਕਟ ਮੈਨੇਜਰ) ਆਏ। ਗੁਰਮੀਤ ਕੌਰ ਨੇ ਵਿਦਿਆਰਥੀਆਂ ਨੂੰ ਏਡਸ ਦੇ ਲੱਛਣਾਂ ਬਾਰੇ ਤੇ ਇਸ ਦੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ। ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਿਹਾ ਤੇ ਬੱਚਿਆਂ ਨੂੰ ਇਸ ਭਿਆਨਕ ਬਿਮਾਰੀ ਸੰਬੰਧੀ ਜਾਣਕਾਰੀ ਦਿੱਤੀ ਤੇ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਐਨ ਜੀ ਤੋਂ ਗੁਰਮੀਤ ਕੌਰ, ਪ੍ਰੋਜੈਕਟ ਮੈਨੇਜਰ ਅਜੈ ਕੁਮਾਰ, ਹਿਤੇਸ਼, ਕਾਲਜ ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ, ਕਾਲਜੀਏਟ ਪ੍ਰਿੰਸੀਪਲ ਰਜਿੰਦਰ ਕੌਰ, ਐਨ.ਐਸ.ਐਸ, ਇਕੋ ਕਲੱਬ ਤੇ ਰੈਡ ਰਿਬਨ ਦੇ ਇੰਚਾਰਜ ਡਾ. ਕੁਲਵਿੰਦਰ ਕੌਰ, ਇਰਮਾ, ਨੀਤੂ, ਸਮੂਹ ਸਟਾਫ ਮੈਂਬਰਜ਼ ਅਤੇ ਵਿਦਿਆਰਥੀ ਹਾਜ਼ਰ ਹੋਏ।

# ਮੋਟਾਪੇ ਲਈ ਬੈਰੀਐਟ੍ਰਿਕ ਸਰਜਰੀ ਵਧੀਆ ਵਿਕਲਪ : ਡਾ. ਅਮਿਤ ਗਰਗ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰਤ ਦੀ 70 ਫੀਸਦੀ ਸ਼ਹਿਰੀ ਅਬਾਦੀ ਮੋਟਾਪੇ ਦਾ ਸ਼ਿਕਾਰ ਹੈ। ਮੋਟਾਪੇ ਤੋਂ ਪੀੜਤ ਲੋਕਾਂ ਦੀ ਗਿਣਤੀ ਵਾਲੇ ਚੋਟੀ ਦੇ 10 ਦੇਸ਼ਾਂ ਦੀ ਸੂਚੀ ਵਿੱਚ ਭਾਰਤ ਅਮਰੀਕਾ ਅਤੇ ਚੀਨ ਤੋਂ ਪਿੱਛੇ ਤੀਜੇ ਨੰਬਰ 'ਤੇ ਹੈ। ਇੱਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਪਾਰਕ ਹਸਪਤਾਲ ਵਿਖੇ ਐਂਡੋਕ੍ਰਾਈਨੋਲੋਜੀ, ਡਾਇਬਟੀਜ਼ ਅਤੇ ਓਬੇਸਿਟੀ ਸੈਂਟਰ ਆਫ ਐਕਸੀਲੈਂਸ (ਸੀ ਈ ਡੀ ਓ) ਦੇ ਚੇਅਰਮੈਨ ਡਾ. ਸੁਸ਼ੀਲ ਕੋਟਰੂ ਨੇ ਸਾਂਝਾ ਕੀਤਾ ਕਿ ਭਾਰਤ ਦੀ 30 ਮਿਲੀਅਨ ਬਾਲਗ ਆਬਾਦੀ ਮੋਟਾਪੇ ਤੋਂ ਪੀੜਤ ਹੈ। ਪਾਰਕ ਹਸਪਤਾਲ ਉੱਤਰੀ ਭਾਰਤ ਦਾ ਸਭ ਤੋਂ ਵੱਡਾ ਸੁਪਰ ਸਪੈਸ਼ਲਿਟੀ ਹਸਪਤਾਲ ਨੈੱਟਵਰਕ ਹੈ ਜਿਸ ਵਿੱਚ 19 ਹਸਪਤਾਲ ਸ਼ਾਮਿਲ ਹਨ ਤੇ 1000 ਤੋਂ ਵੱਧ ਡਾਕਟਰ ਹਨ। ਸੀਨੀਅਰ ਅਸੋਸੀਏਟ ਡਾਇਰੈਕਟਰ ਬੈਰੀਐਟ੍ਰਿਕ ਅਤੇ ਮੈਟਾਬੋਲਿਕ ਸਰਜਰੀ ਡਾ. ਅਮਿਤ ਗਰਗ ਨੇ ਕਿਹਾ ਕਿ 5-10 ਫੀਸਦੀ ਭਾਰ ਘੱਟ ਕਰਨ ਨਾਲ ਵੀ ਮੋਟਾਪੇ ਕਾਰਨ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਪਰ, ਅਜਿਹੀਆਂ ਸਥਿਤੀਆਂ ਹੁੰਦੀਆਂ ਹਨ ਜਦੋਂ ਮੋਟਾਪੇ ਨਾਲ ਨਜਿੱਠਣ ਲਈ ਬੈਰੀਐਟ੍ਰਿਕ ਸਰਜਰੀ ਹੀ ਸਭ ਤੋਂ ਵਧੀਆ ਵਿਕਲਪ ਹੁੰਦੀ ਹੈ। ਚੀਫ਼ ਡਾਈਟਿਸ਼ੀਆਨ ਡਾਂ. ਲੀਨਾ ਕੋਟਰੂ ਨੇ ਕਿਹਾ ਕਿ ਭਾਰਤ ਵਿੱਚ 60 ਫੀਸਦ ਜੀਵਿਤ ਸ਼ੁਗਰ ਦੇ ਮਰੀਜ਼ਾਂ ਵਿੱਚ ਡਿਆਬੇਸਿਟੀ (ਸ਼ੁਗਰ + ਮੋਟਾਪਾ) ਪ੍ਰਚਲਿਤ ਹੈ, ਜਿਨ੍ਹਾਂ ਵਿੱਚੋਂ ਲਗਭਗ 25-30 ਫੀਸਦ ਦਾ ਬੀ ਐਮ ਆਈ ਸੂਚਕਾਂਕ 30 ਤੋਂ ਵੱਧ ਹੈ।

# ਗ੍ਰਾਮ ਪੰਚਾਇਤ ਧੁਲੇਤਾ ਵੱਲੋਂ ਸਰਬਸੰਮਤੀ ਨਾਲ ਸ੍ਰੀ ਗੁਰੂ ਰਵਿਦਾਸ ਕਮਿਊਨਿਟੀ ਹਾਲ ਦੇ ਨਿਰਮਾਣ ਲਈ ਮਤਾ ਪਾਸ

**ਗੁਰਾਇਆ (ਬਿੰਦਰ ਸੁਮਨ)**- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਦੇ ਦਖ਼ਲ ਨਾਲ ਪਿੰਡ ਧੁਲੇਤਾ ਦਾ ਜ਼ਮੀਨੀ ਵਿਵਾਦ ਸੁਲਝ ਗਿਆ ਹੈ। ਚੇਅਰਮੈਨ ਜਸਵੀਰ ਸਿੰਘ ਗੜ੍ਹੀ ਜ਼ਮੀਨੀ ਵਿਵਾਦ ਨੂੰ ਸੁਲਝਾਉਣ ਲਈ ਸ਼ਨੀਵਾਰ ਨੂੰ ਪਿੰਡ ਧੁਲੇਤਾ ਪੁੱਜੇ ਸਨ, ਜਿਥੇ ਪਹਿਲਾਂ ਉਨ੍ਹਾਂ ਮੌਕੇ ਦਾ ਜਾਇਜ਼ਾ ਲਿਆ। ਉਪਰੰਤ ਪਿੰਡ ਦੀ ਪੰਚਾਇਤ, ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਰਵਿਦਾਸ ਜੀ, ਮੋਹਤਬਰ ਵਿਅਕਤੀਆਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਸਾਰੀਆਂ ਧਿਰਾਂ ਦਾ ਪੱਖ ਜਾਣਿਆ। ਉਨ੍ਹਾਂ ਸਾਰੀਆਂ ਧਿਰਾਂ ਨੂੰ



ਪਿੰਡ ਦੇ ਭਾਈਚਾਰੇ ਅਤੇ ਸਾਂਝ ਦੇ ਮੱਦੇਨਜ਼ਰ ਆਪਸੀ ਸਹਿਮਤੀ ਨਾਲ ਇਸ ਮਾਮਲੇ ਨੂੰ ਹੱਲ ਕਰਨ ਲਈ ਪ੍ਰੇਰਿਤ ਕੀਤਾ।ਚੇਅਰਮੈਨ ਸ. ਗੜ੍ਹੀ ਦੇ ਯਤਨਾਂ ਸਦਕਾ ਪਿੰਡ ਧੁਲੇਤਾ ਦੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਦੇ ਜ਼ਮੀਨੀ ਵਿਵਾਦ ਸਬੰਧੀ ਪਿੰਡ ਦੀ ਪੰਚਾਇਤ, ਮੋਹਤਬਰ ਵਿਅਕਤੀਆਂ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸ੍ਰੀ ਗੁਰੂ ਰਵਿਦਾਸ ਕਮਿਊਨਿਟੀ ਹਾਲ ਦੀ ਉਸਾਰੀ, ਜੋ ਕਿ ਪਿਛਲੇ ਦਿਨੀਂ ਵਿਵਾਦਾਂ ਵਿੱਚ ਆ ਗਈ ਸੀ, ਦਾ ਪੂਰਨ ਤੌਰ 'ਤੇ ਨਿਪਟਾਰਾ ਕਰਨ ਲਈ ਗ੍ਰਾਮ ਪੰਚਾਇਤ ਧੁਲੇਤਾ ਵੱਲੋਂ ਸਰਬਸੰਮਤੀ ਨਾਲ ਸ੍ਰੀ ਗੁਰੂ ਰਵਿਦਾਸ ਕਮਿਊਨਿਟੀ ਹਾਲ ਦੇ ਨਿਰਮਾਣ ਲਈ ਮਤਾ ਪਾਸ ਕੀਤਾ ਗਿਆ। ਇਸ ਦੇ ਨਾਲ ਹੀ ਗ੍ਰਾਮ ਪੰਚਾਇਤ ਧਲੇਤਾ ਵੱਲੋਂ ਕਾਰਵਾਈ ਰਜਿਸਟਰ ਅਤੇ ਮਤਿਆਂ ਵਿੱਚ ਆਈਆਂ ਤਕਨੀਕੀ ਕਮੀਆਂ ਨੂੰ ਦੇਖਦੇ ਹੋਏ, ਜਿਸ ਕਾਰਨ ਸ੍ਰੀ ਗੁਰੂ ਰਵਿਦਾਸ ਕਮਿਊਨਿਟੀ ਹਾਲ ਦਾ ਵਿਵਾਦ ਖੜ੍ਹਾ ਹੋਇਆ, ਸਬੰਧੀ ਸਬੰਧਤ ਪੰਚਾਇਤ ਸਕੱਤਰ ਦੀ ਤੁਰੰਤ ਪ੍ਰਭਾਵ ਨਾਲ ਬਦਲੀ ਕਰਨ ਦੇ ਸੁਝਾਅ ਵਿਭਾਗ ਨੂੰ ਦਿੱਤੇ ਗਏ। ਇਸ ਤੋਂ ਇਲਾਵਾ ਇਸ ਕਮਿਊਨਿਟੀ ਹਾਲ ਦੇ ਜ਼ਮੀਨ ਸਬੰਧੀ ਵਿਵਾਦ ਦੇ ਪੱਕੇ ਤੌਰ 'ਤੇ ਹੱਲ ਲਈ ਖਸਰਾ ਨੰ. ਵਿੱਚ ਜ਼ਮੀਨ ਦੀ ਨਾਮ ਤਬਦੀਲੀ ਦਾ ਮਤਾ ਪਾਇਆ ਗਿਆ। ਚੇਅਰਮੈਨ ਸ. ਜਸਵੀਰ ਸਿੰਘ ਗੜ੍ਹੀ ਨੇ ਭਾਈਚਾਰੇ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਸੂਬੇ ਵਿੱਚ ਗੁਰੂ ਰਵਿਦਾਸ ਜੀ ਮਹਾਰਾਜ ਨਾਲ ਸਬੰਧਤ ਧਾਰਮਿਕ ਸਥਾਨਾਂ ਦੀਆਂ ਜ਼ਮੀਨਾਂ ਦੀ ਰੱਖਿਆ ਲਈ ਅਨੁਸੂਚਿਤ ਜਾਤੀਆਂ ਕਮਿਸ਼ਨ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਮ ਦੀ ਕੋਈ ਵਧੀਕੀ ਸਾਹਮਣੇ ਆਉਂਦੀ ਹੈ, ਤਾਂ ਕਮਿਸ਼ਨ ਵੱਲੋਂ ਸਖ਼ਤ ਕਾਰਵਾਈ ਤੋਂ ਗੁਰੇਜ਼ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰੇਕ ਵਰਗ ਦੇ ਨਾਲ ਖੜ੍ਹੀ ਹੈ ਅਤੇ ਹਰੇਕ ਭਾਈਚਾਰੇ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾ ਰਿਹਾ ਹੈ। ਇਸ ਮੌਕੇ ਐਸ.ਡੀ.ਐਮ. ਪਰਲੀਨ ਕੌਰ ਬਰਾੜ, ਡੀ.ਐਸ.ਪੀ. ਐਸ.ਐਸ.ਬੱਲ, ਡਿਪਟੀ ਸੀ.ਈ.ਓ. ਜ਼ਿਲ੍ਹਾ ਪ੍ਰੀਸ਼ਦ ਸੁਖਬੀਰ ਕੌਰ, ਤਹਿਸੀਲਦਾਰ ਮਨਦੀਪ ਸਿੰਘ, ਬੀ.ਡੀ.ਪੀ.ਓ. ਜਸਜੀਤ ਕੌਰ, ਸਰਪੰਚ ਸੁਖਬੀਰ ਸਿੰਘ ਸੁੱਖੀ, ਪੰਚ ਜਸਵੀਰ ਰਾਮ ਵਿਰਦੀ, ਧਰਮਪਾਲ ਵਿਰਦੀ ਤੇ ਮਨਜੀਤ ਕੌਰ ਅਤੇ ਸਕੱਤਰ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਰਵਿਦਾਸ ਜੀ ਬਹਾਦਰ ਰਾਮ ਤੇ ਅਮਰਜੀਤ ਕੇਲੇ ਵੀ ਮੌਜੂਦ ਸਨ।

# ਮਾਂ ਦੀ ਯਾਦ 'ਚ 11 ਬੂਟੇ ਲਗਾਏ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਵਾਤਾਵਰਣ ਸੰਭਾਲ ਸੁਸਾਇਟੀ ਦੇ ਸਰਗਰਮ ਮੈਂਬਰ ਅਰੁਣ ਕੁਮਾਰ ਬਾਲੀ ਨੇ ਆਪਣੀ ਸਵਰਗਵਾਸੀ ਮਾਤਾ ਗੁਰਮੀਤ ਕੌਰ ਦੀ ਨਿੱਘੀ ਯਾਦ ਵਿੱਚ 11 ਬੂਟੇ ਲਗਾਏ। ਇੱਥੇ ਜ਼ਿਕਰਯੋਗ ਹੈ ਕਿ ਅਰੁਣ ਕੁਮਾਰ ਬਾਲੀ ਦੀ ਮਾਤਾ ਅਤੇ ਸਾਬਕਾ ਕੌਂਸਲਰ ਮਨਜੀਤ ਕੌਰ ਦੀ ਸੱਸ ਦਾ 17 ਸਤੰਬਰ ਨੂੰ ਦੇਹਾਂਤ ਹੋ ਗਿਆ ਸੀ ਅਤੇ ਉਨ੍ਹਾਂ ਦੇ ਫੁੱਲ(ਅਸਥੀਆਂ) ਚੁਗਣ ਬਾਅਦ ਬਾਲੀ ਪਰਿਵਾਰ ਨੇ ਆਪਣੇ ਸਗੇ-ਸੰਬੰਧੀਆਂ ਸਮੇਤ ਵਾਤਾਵਰਣ ਸੰਭਾਲ ਸੁਸਾਇਟੀ ਦੇ ਮੈਂਬਰਾਂ ਦੇ ਸਹਿਯੋਗ ਨਾਲ ਸੋਨਾ ਰੋਡ ਵਾਲੇ ਸਰਕਾਰੀ ਪਾਰਕ ਵਿੱਚ ਜਾਮਣ, ਸਿਲਵਰ ਓਕ, ਟਾਹਲੀ, ਧਰੇਕ ਅਤੇ ਅਮਰੂਦ ਆਦਿ ਵੱਖ-ਵੱਖ ਕਿਸਮਾਂ ਦੇ 11 ਬੂਟੇ ਲਗਾਏ। ਇਸ ਮੌਕੇ ਤੇ



ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ ਅਤੇ ਵਾਈਸ ਪ੍ਰਧਾਨ ਤਰਸੇਮ ਲਾਲ ਨੇ ਬਾਲੀ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਮਾਂ ਦਾ ਵਿਛੋੜਾ ਨਾ ਸਹਿਣ ਯੋਗ ਹੈ। ਇਸ ਮੌਕੇ ਤੇ ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ, ਵਾਈਸ ਪ੍ਰਧਾਨ ਤਰਸੇਮ ਲਾਲ, ਭਾਈ ਰੇਸ਼ਮ ਸਿੰਘ, ਅਰੁਣ ਕੁਮਾਰ ਬਾਲੀ, ਧਰਮਪਾਲ ਬਾਲੀ,ਪ੍ਰਥਮ ਬਾਲੀ, ਰਾਜ ਕੁਮਾਰ ਰਾਜਾ, ਨਰਿੰਦਰ ਬਾਲੀ, ਜੋਗ ਰਾਜ, ਨੀਲੂ ਬਾਲੀ ਪੇਂਟਰ ਆਦਿ ਮੌਜੂਦ ਸਨ।

# ਕੰਗ ਵੱਲੋਂ ਖੇਤੀ ਖੇਤਰ 'ਚ ਪ੍ਰੋਸੈਸਿੰਗ ਨੂੰ ਹੁਲਾਰਾ ਦੇਣ ਦਾ ਸੱਦਾ

**● ਪ੍ਰੋਸੈਸਿੰਗ ਪਲਾਂਟ ਲਾਉਣ 10 ਲੱਖ ਦੀ ਗ੍ਰਾਂਟ ਦੇਣ ਦਾ ਐਲਾਨ**




**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਨੇ ਹਮੇਸ਼ਾ ਖੇਤੀ 'ਚ ਦੇਸ਼ ਦੀ ਅਗਵਾਈ ਕੀਤੀ ਹੈ ਅਤੇ ਮੌਜੂਦਾ ਸਮਾਂ ਖੇਤੀ ਪ੍ਰੋਸੈਸਿੰਗ ਦਾ ਹੈ ਜੋ ਤਰੱਕੀ ਦੀਆਂ ਅਸੀਮ ਸੰਭਾਵਨਾਵਾਂ ਨਾਲ ਭਰਪੂਰ ਹੈ ਤੇ ਕਿਸਾਨਾਂ ਤੇ ਨੌਜਵਾਨਾਂ ਨੂੰ ਇਸ ਖੇਤਰ ਵਿੱਚ ਅੱਗੇ ਆਉਣਾ ਚਾਹੀਦਾ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਥਾਨਕ ਡਾ. ਡੀ ਆਰ ਭੁੰਬਲਾ ਖੇਤੀ ਖੋਜ ਕੇਂਦਰ ਵਿਖੇ ਲਾਏ ਕਿਸਾਨ ਮੇਲੇ ਮੌਕੇ ਸ੍ਰੀ ਆਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਪੀ ਏ ਯੂ ਨੂੰ ਦੇਸ਼ ਭਰ ਵਿੱਚ ਖੇਤੀ ਵਿੱਦਿਆ ਦੀ ਸਰਵੋਤਮ ਸੰਸਥਾ ਐਲਾਨੇ ਜਾਣ 'ਤੇ ਉਪ ਕੁਲਪਤੀ ਅਤੇ ਯੂਨੀਵਰਸਿਟੀ ਦੇ ਸਾਰੇ ਅਮਲੇ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਤੀਬਾੜੀ ਪੰਜਾਬ ਦਾ ਆਧਾਰ ਹੈ ਅਤੇ ਪੀ ਏ ਯੂ ਸੂਬੇ ਦੇ ਕਿਸਾਨਾਂ ਤੇ ਕਿਸਾਨੀ ਦੀ ਰਾਹ ਦਸੇਰਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਪੰਜਾਬੀਆਂ ਲਈ ਇਹ ਬੜੇ ਮਾਣ ਦੀ ਗੱਲ ਹੈ ਕਿ ਪੀ.ਏ.ਯੂ. ਦੁਨੀਆ ਦੇ 100 ਟਾਪ ਖੇਤੀ ਯੂਨੀਵਰਸਿਟੀਆਂ ਵਿੱਚ ਸ਼ੁਮਾਰ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ ਦਾ ਭਵਿੱਖ ਪ੍ਰੋਸੈਸਿੰਗ ਹੈ ਜਿਸ ਨੂੰ ਅਪਨਾਉਣਾ ਸਮੇਂ ਦੀ ਮੁੱਖ ਮੰਗ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂ ਮੌਜੂਦਾ ਕਣਕ ਅਤੇ ਝੋਨੇ ਦੇ ਫ਼ਸਲੀ ਚੱਕਰ ਵਿਚੋਂ ਕੱਢ ਕੇ ਫ਼ਸਲੀ ਵਿਭਿੰਨਤਾ ਵੱਲ ਲਿਜਾਣ ਨਾਲ ਹੀ ਖੇਤੀ ਹੋਰ ਬੇਹੱਦ ਲਾਹੇਵੰਦ ਕਿੱਤਾ ਸਾਬਤ ਹੋਵੇਗੀ। ਉਨ੍ਹਾਂ ਨੇ ਬੱਲੋਵਾਲ ਸੌਂਖੜੀ ਵਿਖੇ ਪ੍ਰੋਸੈਸਿੰਗ ਪਲਾਂਟ ਲਈ ਵੀ ਆਪਣੇ ਅਖਤਿਆਰੀ ਫੰਡ 'ਚੋਂ 10 ਲੱਖ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ।

# ਆਂਗਨਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਸੰਬੰਧੀ ਮੀਟਿੰਗ


**ਫਿਲੌਰ (ਹਰਜਿੰਦਰ ਕੌਰ ਚਾਹਲ)**- ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਵੱਲੋਂ ਜ਼ਿਲ੍ਹਾ ਪ੍ਰਧਾਨ ਨਿਰਲੇਪ ਕੌਰ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ 20 ਮੈਂਬਰ ਹਾਜ਼ਰ ਸਨ। ਮੀਟਿੰਗ ਦੇ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਆਂਗਣਵਾੜੀ ਵਰਕਰਾਂ ਨੂੰ ਲੈ ਕੇ ਨੀਤੀਆਂ ਉੱਤੇ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾਈ ਜਨਰਲ ਸਕੱਤਰ ਕ੍ਰਿਸ਼ਨਾ ਕੁਮਾਰੀ ਨੇ ਕਿਹਾ ਕਿ ਆਈ.ਸੀ.ਡੀ.ਐਸ ਸਕੀਮ ਪੰਜਾਹ ਵਰੇ ਪੂਰੇ ਕਰ ਚੁੱਕੀ ਹੈ ਇੱਕ ਪਾਸੇ ਤਾਂ ਇਹ ਸਕੀਮ



ਆਪਣੀ ਗੋਲਡਨ ਜੁਬਲੀ ਮਨਾਉਣ ਜਾ ਰਹੀ ਹੈ। ਦੂਜੇ ਪਾਸੇ ਇਸ ਵਿੱਚ ਕੰਮ ਕਰਨ ਵਾਲੀਆਂ ਆਂਗਣਵਾੜੀ ਵਰਕਰ ਅਤੇ ਹੈਲਪਰ ਅੱਜ ਵੀ ਨਿਗੁਣੇ ਜਿਹੇ ਮਾਣ ਭਤੇ 'ਤੇ ਕੰਮ ਕਰਨ ਲਈ ਮਜਬੂਰ ਹਨ ਅਤੇ ਉਹ ਵੀ ਪੰਜ- ਪੰਜ ਮਹੀਨੇ ਦਿੱਤਾ ਨਹੀਂ ਜਾਂਦਾ। ਆਂਗਣਵਾੜੀ ਕੇਂਦਰਾਂ ਦੇ ਕਿਰਾਏ ਸਮੇਂ ਸਿਰ ਨਹੀਂ ਦਿੱਤੇ ਜਾ ਰਹੇ। ਆਂਗਣਵਾੜੀ ਕੇਂਦਰਾਂ ਨੂੰ ਪੋਸ਼ਣ ਟਰੈਕ ਰਾਹੀਂ ਕੇਂਦਰ ਸਰਕਾਰ ਵੱਲੋਂ ਟਰੈਕ ਕੀਤਾ ਜਾਂਦਾ ਹੈ। ਕੇਂਦਰ ਸਰਕਾਰ ਦੀ ਨੀਤੀ ਅਨੁਸਾਰ ਹਰ ਲਾਭਪਾਤਰੀ ਨੂੰ ਉਸ ਦੀ ਈ.ਕੇ.ਵਾਈ ਸੀ ਕਰਦੇ ਹੋਏ ਫੇਸ਼ੀਅਲ ਰਿਕੋਗਨਾਈਜੇਸ਼ਨ ਸਿਸਟਮ ਨਾਲ ਵੀ ਜੋੜਨਾ ਹੈ । ਜਿਸ ਦੇ ਤਹਿਤ ਬਹੁਤ ਹੀ ਮਿਹਨਤ ਤੋਂ ਬਾਅਦ ਵੀ 60% ਲੋਕ ਹੀ ਜੁੜ ਪਾਏ ਹਨ ਤੇ 40 ਪ੍ਰਤੀਸ਼ਤ ਲੋਕ ਇਸ ਲਾਭ ਤੋਂ ਵਾਂਝੇ ਹੋਣ ਦਾ ਖਦਸ਼ਾ ਹੈ। ਜਥੇਬੰਦੀ ਮੰਗ ਕਰਦੀ ਹੈ ਕਿ ਜੇਕਰ ਸਰਕਾਰ ਇਸ ਨੂੰ ਪਾਰਦਰਸ਼ਤਾ ਵਿੱਚ ਲੈ ਕੇ ਹੀ ਆਉਣਾ ਚਾਹੁੰਦੀ ਹੈ ਤਾਂ ਇਸ ਦੇ ਲਈ ਸੁਖਾਲੇ ਤਰੀਕੇ ਅਪਣਾਵੇ। ਜਥੇਬੰਦੀ ਅਨੁਸਾਰ ਪੋਸ਼ਨ ਟਰੈਕ ਐਪ ਉੱਤੇ ਕੰਮ ਕਰਨ ਲਈ ਇਨਸੈਂਟਿਵ ਦਿੱਤਾ ਜਾਂਦਾ ਹੈ ਜੋ ਅਜੇ ਦਸੰਬਰ 2023 ਤੱਕ ਦਾ ਹੀ ਮਿਲਿਆ ਹੈ ਅਤੇ ਉਸ ਵਿੱਚ ਵੀ ਹੈਲਪਰਾਂ ਨੂੰ 80% ਇਨਸੈਂਟਿਵ ਮਿਲਿਆ ਹੀ ਨਹੀਂ। ਵਿਭਾਗੀ ਅਧਿਕਾਰੀਆਂ ਵੱਲੋਂ ਬਿਨਾਂ ਮੋਬਾਈਲ ਦਿੱਤੇ ਮਾਣਭੱਤਾ ਰੋਕਿਆ ਗਿਆ ਹੈ । ਜਿਸ ਨੂੰ ਲੈ ਕੇ ਸਮੂਹ ਆਂਗਣਵਾੜੀ ਵਰਕਰ ਹੈਲਪਰਾਂ ਵਿੱਚ ਤਿੱਖਾ ਰੋਸ ਹੈ ਅਤੇ ਇਸ ਦੇ ਤਹਿਤ ਵਿਭਾਗ ਦੇ ਸਕੱਤਰ ਨੂੰ ਅੱਜ ਨੋਟਿਸ ਭੇਜਦੇ ਹੋਏ ਜਾਣੂ ਕਰਾਇਆ ਜਾਂਦਾ ਹੈ ਕਿ ਜੇਕਰ 28 ਸਤੰਬਰ ਤੱਕ ਸਮੱਸਿਆਵਾਂ ਦਾ ਹੱਲ ਨਾ ਕੀਤਾ ਗਿਆ ਤਾਂ ਆਂਗਣਵਾੜੀ ਵਰਕਰਾਂ ਵੱਲੋਂ ਕਲਮ ਛੋਡ ਹੜਤਾਲ 'ਤੇ ਜਾਂਦੇ ਹੋਏ ਪੋਸ਼ਨ ਟਰੈਕ ਐਪ ਨੂੰ ਸੰਪੂਰਨ ਬੰਦ ਕੀਤਾ ਜਾਵੇਗਾ। ਮੀਟਿੰਗ ਵਿੱਚ ਪਰਮਜੀਤ ਕੌਰ, ਸੋਮਾ ਰਾਣੀ, ਨਰੰਜਣ ਕੌਰ,ਰਜਨਦੀਪ,ਨਿਰਮਲ ਕੌਰ, ਅਮਰਜੀਤ ਕੌਰ, ਨੀਲਮ ਰਾਣੀ, ਬਲਵੀਰ ਕੌਰ, ਸੁਨੀਤਾ ਰਾਣੀ ਤੇ ਹੋਰ ਸਾਥੀ ਸ਼ਾਮਲ ਹੋਏ।

# ਅਵਤਾਰ ਸ਼ੇਖੜੀ ਤੇ ਕਾਰੋਬਾਰੀ ਸੁਰੇਸ਼ ਭੋਲਾ ਨੂੰ ਗਹਿਰਾ ਸਦਮਾ, ਮਾਤਾ ਦਾ ਦੇਹਾਂਤ

**ਨੰਗਲ :** ਕਾਰਜ ਸਾਧਕ ਅਫਸਰ ਅਵਤਾਰ ਕੁਮਾਰ ਸੇਖੜੀ ਅਤੇ ਨੰਗਲ ਸ਼ਹਿਰ ਦੇ ਪ੍ਰਸਿੱਧ ਕਾਰੋਬਾਰੀ ਸੁਰੇਸ਼ ਕੁਮਾਰ ਉਰਫ਼ ਭੋਲਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਹਨਾਂ ਦੀ



ਮਾਤਾ ਰਾਮ ਦੁਲਾਰੀ (92) ਪਤਨੀ ਸਵਰਗੀ ਰਾਮ ਆਸਰਾ ਵਾਸੀ ਨੰਗਲ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਈ। ਇਸ ਦੀ ਦੁੱਖ ਦੀ ਘੜੀ ਵਿੱਚ ਪਰਵਾਰ ਨਾਲ ਨੰਗਲ ਕੌਂਸਲ ਦੇ ਪ੍ਰਧਾਨ ਸੰਜੇ ਸਾਹਨੀ, ਸਾਬਕਾ ਕੌਂਸਲ ਪ੍ਰਧਾਨ ਰਾਜੇਸ਼ ਚੌਧਰੀ, ਸੀ ਪੀ ਆਈ ਐਮ ਦੇ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਸਤਨਾਮ ਸਿੰਘ ਸ਼ੇਰਾ, ਸੁਖਦੇਵ ਸਿੰਘ, ਰਕੇਸ਼ ਬਾਲੀ ਕਲਸੇੜਾ, ਵਿਜੇ ਕੁਮਾਰ ਸ਼ਰਮਾ, ਸਾਬਕਾ ਪ੍ਰਿੰਸੀਪਲ ਕੁਲਵੰਤ ਪਾਠਕ, ਏ ਪੀ ਆਰ ਓ ਸਤਨਾਮ ਸਿੰਘ, ਕੌਂਸਲਰ ਐਡਵੋਕੇਟ ਪਰਮਜੀਤ ਸਿੰਘ ਪੰਮਾ, ਐਡਵੋਕੇਟ ਅਨੁਜ ਠਾਕਰ, ਦਿਨੇਸ਼ ਨੱਡਾ, ਸ਼ਿਵ ਰਾਣਾ, ਸ਼ੈਲੀ ਸ਼ਰਮਾ, ਮਨੀਲਾ ਵਾਸੀ ਅਵਤਾਰ ਪਰਮਾਰ, ਕੌਂਸਲਰ ਰਣਜੀਤ ਸਿੰਘ ਲੱਕੀ, ਸਾਬਕਾ ਕੌਂਸਲਰ ਭੁਪਿੰਦਰ ਸਿੰਘ ਭਿੰਦਾ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਮਾਤਾ ਦੀ ਆਤਮਿਕ ਸ਼ਾਂਤੀ ਲਈ ਗਰੁੜ ਪੁਰਾਣ ਦਾ ਭੋਗ, ਰਸਮ ਪਗੜੀ 28 ਸਤੰਬਰ ਦਿਨ ਐਤਵਾਰ ਨੂੰ ਲਛਮੀ ਨਰਾਇਣ ਮੰਦਰ ਨੰਗਲ ਵਿਖੇ ਹੋਵੇਗੀ। ਮਾਤਾ ਜੀ ਆਪਣੇ ਪਿੱਛੇ ਵੱਡਾ ਹੱਸਦਾ ਵੱਸਦਾ ਪਰਵਾਰ ਛੱਡ ਗਏ।

22 Sep Page 9.qxd 9/21/2025 9:35 PM Page 1



# ਰਾਜਪਾਲ ਨੇ ਫਗਵਾੜਾ ਦੇ ਸ਼੍ਰੋਮਣੀ ਵਿਸ਼ਵਕਰਮਾ ਮੰਦਰ ਵਿਖੇ ਮੱਥਾ ਟੇਕਿਆ

**ਫਗਵਾੜਾ (ਡਾ ਰਮਨ)** ਪੰਜਾਬ ਦੇ ਮਾਨਯੋਗ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਫਗਵਾੜਾ ਦੇ ਬੰਗਾ ਰੋਡ ਸਥਿਤ ਸ਼੍ਰੋਮਣੀ ਸ਼੍ਰੀ ਵਿਸ਼ਵਕਰਮਾ ਮੰਦਿਰ ਦਾ ਦੌਰਾ ਕੀਤਾ ਅਤੇ ਭਗਵਾਨ ਸ਼੍ਰੀ ਵਿਸ਼ਵਕਰਮਾ ਦੇ ਚਰਨਾਂ ਵਿੱਚ ਸਿਰ ਝੁਕਾਇਆ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਉਨ੍ਹਾਂ ਦੇ ਨਾਲ



ਪੰਜਾਬ ਦੇ ਸਾਬਕਾ ਸਿਹਤ ਮੰਤਰੀ ਮਨੋਰੰਜਨ ਕਾਲੀਆ ਵੀ ਸਨ। ਸ਼੍ਰੀ ਵਿਸ਼ਵਕਰਮਾ ਧੀਮਾਨ ਸਭਾ ਦੇ ਪ੍ਰਧਾਨ ਪ੍ਰਦੀਪ ਧੀਮਾਨ ਅਤੇ ਉਪ ਪ੍ਰਧਾਨ ਗੁਰਮੁਖ ਸਿੰਘ ਨਾਮਧਾਰੀ ਸਮੂਹ ਮੈਂਬਰਾਂ ਸਮੇਤ ਮਹਿਮਾਨਾਂ ਦਾ ਸਵਾਗਤ ਕਰਨ ਲਈ ਮੌਜੂਦ ਸਨ। ਮੰਦਰ ਵਿਖੇ ਮੱਥਾ ਟੇਕਣ ਤੋਂ ਬਾਅਦ, ਰਾਜਪਾਲ ਕਟਾਰੀਆ ਨੇ ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਟਰੱਸਟ ਵਿਖੇ ਉਪਲਬਧ ਸਿਹਤ ਸਹੂਲਤਾਂ ਬਾਰੇ ਪੁੱਛਗਿੱਛ ਕੀਤੀ। ਉਨ੍ਹਾਂ ਟਰੱਸਟ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਕਾਰਜਾਂ ਦੀ ਪ੍ਰਸ਼ੰਸਾ। ਰਾਜਪਾਲ ਨੂੰ ਸਭਾ ਦੇ ਪ੍ਰਧਾਨ ਪ੍ਰਦੀਪ ਧੀਮਾਨ ਅਤੇ ਸਮੂਹ ਅਧਿਕਾਰੀਆਂ ਨੇ ਸਨਮਾਨਿਤ ਕੀਤਾ। ਇਸ ਮੌਕੇ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਰਾਮਗੜ੍ਹੀਆ ਵਿਦਿਅਕ ਪ੍ਰੀਸ਼ਦ ਦੇ ਚੇਅਰਪਰਸਨ ਮਨਪ੍ਰੀਤ ਭੋਗਲ ਅਤੇ ਡਾਇਰੈਕਟਰ ਵਿਕਿਮਾ ਭੋਗਲ ਘੱਟ, ਜ਼ਿਲ੍ਹਾ ਕਪੂਰਥਲਾ ਭਾਜਪਾ ਦੇ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ ਅਤੇ ਜ਼ਿਲ੍ਹਾ ਯੁਵਾ ਮੋਰਚਾ ਦੇ ਪ੍ਰਧਾਨ ਸੰਨੀ ਬੈਂਸ, ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ, ਐਸ ਐਸ ਪੀ ਕਪੂਰਥਲਾ ਗੌਰਵ ਤੂਰਾ, ਜਸਜੀਤ ਸਿੰਘ ਦੇ ਨਾਲ ਮੰਦਰ ਕਮੇਟੀ ਦੇ ਸਰਪ੍ਰਸਤ ਜਸਪਾਲ ਸਿੰਘ ਲਾਲ, ਨਛੱਤਰ ਸਿੰਘ ਲਾਲ, ਸੀਨੀਅਰ ਮੀਤ ਪ੍ਰਧਾਨ ਸੁਰਿੰਦਰ ਪਾਲ ਧੀਮਾਨ, ਭੁਪਿੰਦਰ ਸਿੰਘ ਜੱਡੂ, ਪ੍ਰਸ਼ਾਂਤ ਧੀਮਾਨ, ਵਿਸ਼ਾਲ ਭੋਗਲ, ਅਸ਼ੋਕ ਧੀਮਾਨ, ਅਮੋਲਕ ਸਿੰਘ ਝੀਤਾ, ਨਰਿੰਦਰ ਸਿੰਘ ਭੱਚੂ, ਅਰੁਣ ਰੂਪਰਾਏ, ਰਵਿੰਦਰ ਸਿੰਘ ਲਾਲ, ਸੁਖਜੀਤ ਸਿੰਘ ਲਲਹੇੜੀ, ਸੁਖਜੀਤ ਸਿੰਘ ਲਲਕਾਰੀਆਂ ਆਦਿ ਹਾਜ਼ਰ ਸਨ। ਭਮਰਾ, ਪ੍ਰੇਮਦੀਪ ਚੱਗਰ, ਸਾਬਕਾ ਮੇਅਰ ਅਰੁਣ ਖੋਸਲਾ, ਐਮ ਸੀ ਬੀਰਾ ਰਾਮ ਬਲਜੋਤ, ਮਲਕੀਤ ਸਿੰਘ ਰਗਬੋਤਰਾ ਪ੍ਰਧਾਨ ਬਲੱਡ ਬੈਂਕ ਫਗਵਾੜਾ, ਵਿਨੋਦ ਵਰਮਾਨੀ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਪੰਜਾਬ ਨੂੰ ਮੁੜ ਪਟਰੀ ਤੇ ਲੈ ਕੇ ਆਉਣ ਲਈ ਮਿਸ਼ਨ ਚੜ੍ਹਦੀਕਲਾ ਸ਼ੁਰੂ ਕੀਤਾ : 'ਆਪ' ਆਗੂ



**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਸਰਕਾਰ ਨੇ ਹੜ੍ਹ ਪੀੜਤ ਇਲਾਕਿਆਂ ਵਿਚ ਜਿੱਥੇ ਪੀੜਤ ਲੋਕਾਂ ਤੇ ਕਿਸਾਨ ਭਾਈਚਾਰੇ ਦੀ ਡਟ ਕੇ ਮਦਦ ਕੀਤੀ ਉੱਥੇ ਹੀ ਖੁਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿੰਡਾਂ ਵਿਚ ਘਰ-ਘਰ ਜਾਕੇ ਲੋਕਾਂ ਦਾ ਦੁੱਖ ਵੰਡਾਇਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਰਬਜੀਤ ਸਿੰਘ ਲੁਬਾਣਾ, ਜ਼ਿਲਾ ਮੀਡੀਆ ਇੰਚਾਰਜ ਇੰਦਰਜੀਤ ਸਿੰਘ ਜੁਗਨੂੰ ਹਿਊਮਨ ਰਾਈਟਸ ਕੌਂਸ਼ਲ ਇੰਡੀਆ ਦੇ ਸੂਬਾ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਕਿਸਾਨ ਵਿੰਗ ਦੋਆਬਾ ਜ਼ੋਨ ਦੇ ਸੂਬਾ ਸਕੱਤਰ ਸੁਖਵੰਤ ਸਿੰਘ ਪੱਡਾ, ਨਗਰ ਸੁਧਾਰ ਟਰੱਸਟ ਦੇ ਸਾਬਕਾ ਚੇਅਰਮੈਨ ਗੁਰਪਾਲ ਇੰਡੀਅਨ, ਲਲਿਤ ਸਕਲਾਨੀ, ਆਪ ਆਗੂ ਜਗਰੂਪ ਸਿੰਘ ਨੇ ਇੱਕ ਮੀਟਿੰਗ ਦੌਰਾਨ ਸਾਂਝੇ ਤੌਰ ਤੇ ਕੀਤਾ।ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵੱਲੋਂ ਪੰਜਾਬ ਨੂੰ ਮੁੜ ਪਟਰੀ ਤੇ ਲੈ ਕੇ ਆਉਣ ਲਈ ਮਿਸ਼ਨ ਚੜ੍ਹਦੀਕਲਾ ਸ਼ੁਰੂ ਕੀਤਾ ਹੈ।ਉਨ੍ਹਾਂ ਕਿਹਾ ਕਿ ਮੰਤਰੀਆ ਤੋਂ ਲੈ ਕੇ ਪ੍ਰਸ਼ਾਸਨ ਦੇ ਹਰ ਵੱਡੇ ਤੋਂ ਵੱਡੇ ਅਧਿਕਾਰੀਆਂ, ਮੁਲਾਜ਼ਮਾਂ, ਆਮ ਆਦਮੀ ਪਾਰਟੀ ਵਰਕਰਾਂ ਤੇ ਆਗੂਆਂ ਦੇ ਵਲੋਂ ਗਰਾਉਂਡ ਲੈਵਲ ਤੇ ਜਾ ਕੇ ਲੋਕਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾ ਰਹੀ ਹੈ।

# ਐੱਲ ਪੀ ਯੂ ਵੱਲੋਂ ਵਿਦਿਆਰਥੀਆਂ ਲਈ ਦੁਬਈ 'ਚ ਗਲੋਬਲ ਇਮਰਸ਼ਨ ਪ੍ਰੋਗਰਾਮ

**ਜਲੰਧਰ (ਸ਼ੈਲੀ ਐਲਬਰਟ)**- ਅਨੁਭਵੀ ਸਿੱਖਿਆ ਨੂੰ ਮੁੜ ਪਰਿਭਾਸ਼ਤ ਕਰਨ ਵਾਲੀ ਇੱਕ ਪਹਿਲਕਦਮੀ ਵਿੱਚ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਨੇ ਆਪਣੇ 61 ਬਿਜ਼ਨਸ ਵਿਦਿਆਰਥੀਆਂ ਲਈ ਦੁਬਈ ਵਿੱਚ ਇੱਕ ਨਵੀਨਤਾਕਾਰੀ ਗਲੋਬਲ ਇਮਰਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ। ਇਹ ਸਮੂਹ, ਜਿਸ ਵਿੱਚ 29 ਬੀ.ਕਾਮ (ਆਨਰਜ਼) ਅਤੇ 32 ਬੀ ਬੀ ਏ (ਆਨਰਜ਼) ਵਿਦਿਆਰਥੀ ਸ਼ਾਮਲ ਹਨ, ਨੇ ਨਵੀਨਤਾ ਅਤੇ ਉੱਦਮਤਾ ਲਈ ਦੁਨੀਆ ਦੇ ਸਭ ਤੋਂ ਗਤੀਸ਼ੀਲ ਕੇਂਦਰਾਂ ਵਿੱਚੋਂ ਇੱਕ ਬਾਰੇ ਸਭ ਪ੍ਰਾਪਤ ਕੀਤੀ।ਇਹ ਪ੍ਰੋਗਰਾਮ ਅਕਾਦਮਿਕ ਸਿਧਾਂਤ ਅਤੇ ਅਸਲ-ਸੰਸਾਰ ਐਪਲੀਕੇਸ਼ਨ ਵਿਚਕਾਰ ਇੱਕ ਸ਼ਕਤੀਸ਼ਾਲੀ ਪੁਲ ਵਜੋਂ ਕੰਮ ਕੀਤਾ, ਜਿਸ ਨਾਲ ਭਾਗੀਦਾਰਾਂ ਨੂੰ ਦੁਬਈ ਦੇ ਗਲੋਬਲ ਵਪਾਰਕ ਈਕੋਸਿਸਟਮ ਤੱਕ ਵਿਸ਼ੇਸ਼ ਪਹੁੰਚ ਪ੍ਰਦਾਨ ਕੀਤੀ ਗਈ।



ਪਾਠਕ੍ਰਮ ਸਮਕਾਲੀ ਉੱਦਮਤਾ ਅਭਿਆਸਾਂ ਅਤੇ ਨਵੀਨਤਾ ਪ੍ਰਬੰਧਨ ਰਣਨੀਤੀਆਂ 'ਤੇ ਕੇਂਦ੍ਰਿਤ ਸੀ, ਜੋ ਅੱਜ ਦੇ ਪ੍ਰਤੀਯੋਗੀ ਬਾਜ਼ਾਰ ਵਿੱਚ ਸਫਲਤਾ ਲਈ ਮਹੱਤਵਪੂਰਨ ਹਨ।ਇੱਕ ਮੁੱਖ ਸੈਸ਼ਨ ਵਿੱਚ ਪ੍ਰਸਿੱਧ ਨਵਾਚਾਰ ਬਲੈਕਸਵਾਨ ਇਨੋਵੇਸ਼ਨ ਹੱਬ ਵਿਖੇ ਇੱਕ ਡੂੰਘਾਈ ਨਾਲ ਮਾਸਟਰ ਕਲਾਸ ਸ਼ਾਮਲ ਸੀ, ਜਿਸ ਦੀ ਅਗਵਾਈ ਸੀਈਓ ਰੂਪਾ ਝਾਅ ਅਤੇ ਅਖੰਡ ਪ੍ਰਤਾਪ ਸਿੰਘ ਨੇ ਕੀਤੀ। ਅਜਮਾਨ ਯੂਨੀਵਰਸਿਟੀ ਨਾਲ ਰਣਨੀਤਕ ਸਹਿਯੋਗ ਰਾਹੀਂ ਅਕਾਦਮਿਕ ਨੂੰ ਹੋਰ ਮਜ਼ਬੂਤ ਕੀਤਾ ਗਿਆ। ਵਿਸ਼ੇਸ਼ ਸੈਸ਼ਨਾਂ ਵਿੱਚ ਯੂਏਈ ਦੇ ਰਣਨੀਤਕ ਆਰਥਿਕ ਦ੍ਰਿਸ਼ਟੀਕੋਣ, ਨਵੀਨਤਾਕਾਰੀ ਵਾਤਾਵਰਣਾਂ ਵਿੱਚ ਅਗਵਾਈ, ਅਤੇ ਸਟਾਰਟਅੱਪ ਸਫਲਤਾ ਨੂੰ ਆਕਾਰ ਦੇਣ ਵਾਲੇ ਮੁੱਖ ਫੈਸਲੇ ਲੈਣ ਦੇ ਢਾਂਚੇ 'ਤੇ ਚਰਚਾ ਕੀਤੀ ਗਈ।ਐਲ ਪੀ ਯੂ ਦੀ ਪ੍ਰੋ ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਨੇ ਕਿਹਾ, ਅੱਜ ਦੇ ਆਪਸ ਵਿੱਚ ਜੁੜੇ ਸੰਸਾਰ ਵਿੱਚ ਅੰਤਰਰਾਸ਼ਟਰੀ ਅਨੁਭਵ ਦੁਆਰਾ ਸੱਚੇ ਉੱਦਮੀ ਹੁਨਰ ਵਿਕਸਤ ਕੀਤੇ ਜਾਂਦੇ ਹਨ। ਇਹ ਵਿਦੇਸ਼ ਪੱਧਰ 'ਤੇ ਪ੍ਰਤੀਯੋਗੀ ਉੱਦਮੀ ਬਣਾਉਣ ਲਈ ਸਿਧਾਂਤਕ ਗਿਆਨ ਅਤੇ ਵਿਹਾਰਕ ਹੁਨਰਾਂ ਵਿਚਕਾਰ ਮਹੱਤਵਪੂਰਨ ਕੜੀ ਹੈ। ਵਿਦਿਆਰਥਣ ਕ੍ਰਿਪਾ ਮਾਰਵਾਹ ਨੇ ਕਿਹਾ, ਇਸ ਅਨੁਭਵ ਨੇ ਗਲੋਬਲ ਕਾਰੋਬਾਰੀ ਨਵੀਨਤਾ ਬਾਰੇ ਮੇਰੀ ਸਮਝ ਨੂੰ ਬੁਨਿਆਦੀ ਤੌਰ 'ਤੇ ਮੁੜ ਪਰਿਭਾਸ਼ਤ ਕੀਤਾ ਹੈ।

# ਭਾਈ ਘਨੱਈਆ ਦੀ ਯਾਦ 'ਚ ਖ਼ੂਨਦਾਨ ਕੈਂਪ ਲਗਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਮਾਨਵ ਸੇਵਾ ਦਿਵਸ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਭਗਤ ਰਵਿਦਾਸ ਚੌਂਕ 'ਤੇ ਲਾਇਨਜ਼ ਕਲੱਬ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਮਿਊਂਸਪਲ ਕੌਂਸਲ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਲਾਇਨਜ਼ ਕਲੱਬ ਅਤੇ ਨਗਰ ਕੌਂਸਲ ਦੇ ਸ਼ਾਨਦਾਰ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਮਾਜਿਕ ਅਤੇ ਸੇਵਾ ਕਲੱਬ ਸਮਾਜ ਨੂੰ ਉੱਚਾ ਚੁੱਕਣ ਅਤੇ ਲੋੜਵੰਦਾਂ ਦੀ ਮਦਦ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਬੈਂਸ ਨੇ ਕਿਹਾ ਕਿ ਮੈਂ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸ਼ਰਧਾਲੂ ਸਿੱਖ ਅਤੇ ਮਨੁੱਖਤਾ, ਵਿਸ਼ਵਵਿਆਪੀ ਭਾਈਚਾਰੇ ਅਤੇ ਨਿਰਸਵਾਰਥ ਸੇਵਾ ਦੇ ਸਦੀਵੀ ਸੰਦੇਸ਼ ਨੂੰ ਫੈਲਾਉਣ ਵਾਲੇ ਦੂਰਦਰਸ਼ੀ ਭਾਈ ਘਨੱਈਆ ਜੀ ਨੂੰ ਆਪਣਾ ਤਹਿ ਦਿਲੋਂ ਸਤਿਕਾਰ ਦਿੰਦਾ ਹਾਂ। ਇਸ ਮਾਨਵ ਸੇਵਾ ਦਿਵਸ 'ਤੇ ਉਨ੍ਹਾਂ ਦੀ ਵਿਰਾਸਤ ਸਾਨੂੰ ਯਾਦ ਦਿਵਾਉਂਦੀ ਹੈ ਕਿ ਸੱਚੀ ਸੇਵਾ ਦੀ ਕੋਈ ਸੀਮਾ ਨਹੀਂ ਹੁੰਦੀ।ਖ਼ੂਨਦਾਨ ਦੀ ਮਹੱਤਤਾ ਦੱਸਦੇ ਹੋਏ ਕੈਬਨਿਟ ਮੰਤਰੀ ਨੇ ਕਿਹਾ ਕਿ ਵਿਗਿਆਨਕ ਤਰੱਕੀ ਦੇ ਬਾਵਜੂਦ ਮਨੁੱਖੀ ਖ਼ੂਨ ਦਾ ਕੋਈ ਬਦਲ ਨਹੀਂ। ਇੱਕ ਤੰਦਰੁਸਤ ਵਿਅਕਤੀ ਖ਼ੂਨ ਦਾਨ ਕਰ ਕਈ ਕੀਮਤੀ ਜ਼ਿੰਦਗੀਆਂ ਬਚਾ ਸਕਦਾ ਹੈ। ਉਨ੍ਹਾਂ ਨੇ ਕਿਹਾ



ਕਿ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਸੰਕਟ ਦੇ ਸਮੇਂ, ਜਿਵੇਂ ਕਿ ਹੜ੍ਹਾਂ ਦੌਰਾਨ ਹੋਰ ਵੀ ਵਧੇਰੇ ਮਹੱਤਵਪੂਰਨ ਹੋ ਜਾਂਦੀਆਂ ਹਨ।ਨੌਜਵਾਨਾਂ ਨੂੰ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕਰਦੇ ਹੋਏ ਬੈਂਸ ਨੇ ਹਰ ਯੋਗ ਵਿਅਕਤੀ ਨੂੰ ਖ਼ੂਨ ਦਾਨ ਕਰਨ ਲਈ ਅੱਗੇ ਆਉਣ ਦੀ ਅਪੀਲ ਕੀਤੀ। ਇਸ ਕੈਂਪ ਦਾ ਉਦਘਾਟਨ ਸਿੱਖਿਆ ਮੰਤਰੀ ਅਤੇ ਹਲਕਾ ਵਿਧਾਇਕ ਹਰਜੋਤ ਸਿੰਘ ਬੈਂਸ ਵੱਲੋਂ ਮੁੱਖ ਮਹਿਮਾਨ ਵਜੋਂ ਕੀਤਾ ਗਿਆ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਅਤੇ ਸਾਬਕਾ ਜ਼ਿਲ੍ਹਾ ਗਵਰਨਰ 321-ਡੀ ਲਾਇਨ ਪਰਮਜੀਤ ਸਿੰਘ ਚਾਵਲਾ ਸ਼ਾਮਲ ਸਨ।ਇਸ ਸਮਾਗਮ ਵਿੱਚ ਸਥਾਨਕ ਵਾਸੀਆਂ ਅਤੇ ਵਲੰਟੀਅਰਾਂ ਦੀ ਉਤਸ਼ਾਹੀ ਭਾਗੀਦਾਰੀ ਦੇਖਣ ਨੂੰ ਮਿਲੀ ।ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਦੀ ਮੈਡੀਕਲ ਟੀਮ ਨੇ ਖ਼ੂਨ ਦਾਨੀਆਂ ਤੋਂ ਖ਼ੂਨ ਇਕੱਠਾ ਕੀਤਾ। ਇਸ ਮੌਕੇ ਪ੍ਰਮੁੱਖ ਸ਼ਖਸੀਅਤਾਂ ਲਾਇਨ ਗੁਰਮੀਤ ਸਿੰਘ ਮੱਕੜ ਸਾਬਕਾ ਜ਼ਿਲ੍ਹਾ ਗਵਰਨਰ 321-ਡੀ, ਲਾਇਨ ਰਾਜਵਿੰਦਰ ਸਿੰਘ ਸੋਢੀ ਪ੍ਰਧਾਨ, ਲਾਇਨ ਸੁਖਵਿੰਦ ਸਿੰਘ ਬਿੱਟੂ ਸਕੱਤਰ, ਲਾਇਨ ਇੰਦਰਜੀਤ ਸਿੰਘ ਅਰੋੜਾ ਕੈਸ਼ੀਅਰ, ਲਾਇਨ ਸੰਜੇ ਮਹਾਜਨ, ਲਾਇਨ ਜਪਾਨਜੋਤ ਸਿੰਘ, ਦਲੀਪ ਹੰਸ ਮੈਂਬਰ ਦਲਿਤ ਵਿਕਾਸ ਬੋਰਡ, ਲਾਇਨਜ਼ ਕਲੱਬ ਪ੍ਰਧਾਨ ਰਾਜਵਿੰਦਰ ਸਿੰਘ, ਸੈਕਟਰੀ ਸੁਖਵਿੰਦਰ ਸਿੰਘ ਬਿੱਟੂ, ਖਜ਼ਾਨਚੀ ਇੰਦਰਜੀਤ ਸਿੰਘ ਅਰੋੜਾ, ਪੀ.ਆਰ.ਓ ਸੰਜੇ ਮਹਾਜਨ, ਪ੍ਰੋਜੈਕਟ ਚੇਅਰਮੈਨ ਸੈਫੀ ਅਰੋੜਾ, ਰਾਜਨ ਗਾਬਾ,ਤਜਿੰਦਰ ਸਿੰਘ ਚੰਨ, ਮਹੇਸ਼ ਸ਼ਰਮਾ, ਅਰਸ਼ ਧਵਨ, ਜਸਜੀਤ ਸਿੰਘ, ਜਗਮੀਤ ਸਿੰਘ ਹਾਜ਼ਰ ਸਨ।

# ਸੜਕ ਸੁਰੱਖਿਆ ਵਿਸ਼ੇ 'ਤੇ ਇੱਕ ਦਿਨ ਦਾ ਸੈਮੀਨਾਰ

**ਆਦਮਪੁਰ (ਪਰਮਜੀਤ ਸਿੰਘ)** ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ , ਸ. ਹਰਦਮਨ ਸਿੰਘ ਮਿਨਹਾਸ (ਸਕੱਤਰ,) ਦੇ ਦਿਸ਼ਾ ਨਿਰਦੇਸ਼ ਤਹਿਤ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿੱਚ ਅੱਜ ਸੜਕ ਸੁਰੱਖਿਆ ਵਿਸ਼ੇ ਉੱਤੇ ਇੱਕ ਦਿਨ ਦਾ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦਾ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੜਕ ਸੁਰੱਖਿਆ ਦੇ ਮੁੱਢਲੇ ਨਿਯਮਾਂ ਬਾਰੇ ਜਾਣੂ ਕਰਵਾਉਣਾ ਅਤੇ ਵਧ ਰਹੇ ਸੜਕ ਹਾਦਸਿਆਂ ਤੋਂ ਬਚਾਅ ਲਈ ਜਾਗਰੂਕ ਕਰਨਾ ਸੀ। ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸੜਕ ਸੁਰੱਖਿਆ ਸਾਡੀ ਰੋਜ਼ਮਰ੍ਹਾ ਜ਼ਿੰਦਗੀ ਨਾਲ ਜੁੜਿਆ ਅਹਿਮ ਵਿਸ਼ਾ ਹੈ। ਉਨ੍ਹਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਹਾਦਸਿਆਂ ਨੂੰ ਰੋਕਣ ਲਈ ਸਿਰਫ਼ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਹੀ ਕਾਫ਼ੀ ਨਹੀਂ, ਸਗੋਂ ਹਰ ਨਾਗਰਿਕ ਵਿੱਚ ਜ਼ਿੰਮੇਵਾਰੀ ਦੀ ਭਾਵਨਾ ਹੋਣੀ ਲਾਜ਼ਮੀ ਹੈ।ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼੍ਰੀਮਤੀ ਜੋਤੀ ਗੋਗੀਆ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਨੇ ਕਿਹਾ ਕਿ ਸੜਕ ਸੁਰੱਖਿਆ ਲਈ ਸਰਕਾਰ ਦੇ ਨਾਲ-ਨਾਲ ਸਮਾਜਿਕ ਸੰਗਠਨਾਂ ਅਤੇ ਸਿੱਖਿਆ ਸੰਸਥਾਵਾਂ ਦੀ ਭੂਮਿਕਾ ਵੀ ਮਹੱਤਵਪੂਰਨ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਸੜਕ ਉੱਤੇ ਜ਼ਿੰਮੇਵਾਰਾਨਾ ਵਿਹਾਰ ਕਰਨ ਦੀ ਅਪੀਲ ਕੀਤੀ।ਸੈਮੀਨਾਰ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਅਧਿਆਪਕ ਸ਼ਾਮਲ ਹੋਏ ।ਇਹ ਪ੍ਰੋਗਰਾਮ ਕਨਵੀਨਰ ਡਾ.ਅਮੀਤਾ ਧਵਨ (ਨੋਡਲ ਅਫ਼ਸਰ ਐਨ.ਐਸ.ਐਸ ) ਅਤੇ ਕਨਵੀਨਰ ਸਹਾਇਕ ਪ੍ਰੋ. ਵਰਿੰਦਰ ਕੁਮਾਰ (ਡਿਪਟੀ ਨੋਡਲ ਅਫ਼ਸਰ ਐਨ.ਐਸ.ਐਸ) ਦੀ ਨਿਗਰਾਨੀ ਹੇਠ ਕਰਵਾਇਆ ਗਿਆ। ਇਸ ਮੌਕੇ ਡਾ.ਰਜਿੰਦਰ ਕੁਮਾਰ (ਰਜਿਸਟਰਾਰ) ਡਾ. ਅਨੀਤ ਕੁਮਾਰ ਜੀ, ਡਾ. ਵਿਜੈ ਧੀਰ, ਡੀਨ ਅਕਾਦਮਿਕਸ, ਸ.ਰੂਪ ਸਿੰਘ, ਡਿਪਟੀ ਰਜਿਸਟਰਾਰ ਵੱਖ-ਵੱਖ ਵਿਭਾਗਾਂ ਦੇ ਡੀਨ, ਪ੍ਰੋਫੈਸਰ ਵੀ ਹਾਜ਼ਰ ਸਨ।



# ਰੰਧਾਵਾ ਨੇ ਝੋਨੇ ਦੀ ਖਰੀਦ ਸ਼ੁਰੂ ਕਰਵਾਈ



**ਲਾਲੜੂ (ਵਿਨੈ ਕੁਮਾਰ ਜੈਨ)**- ਡੇਰਾਬਾਸੀ ਹਲਕੇ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਅੱਜ ਲਾਲੜੂ/ਹੰਡੇਸਰਾ ਦੀ ਤਸਿੰਬਲੀ ਮੰਡੀ ਵਿੱਚ ਝੋਨੇ ਦੀ ਖਰੀਦ ਦੀ ਰਸਮੀ ਸ਼ੁਰੂਆਤ ਕਰਵਾਈ, ਜੋ ਕਿ ਜ਼ਿਲ੍ਹੇ ਵਿੱਚ 16 ਸਤੰਬਰ ਤੋਂ ਖਰੀਫ਼ ਮੰਡੀਕਰਨ ਸੀਜ਼ਨ 2025 ਦੇ ਆਗਾਜ਼ ਦਾ ਹਿੱਸਾ ਸੀ।ਸੀਜ਼ਨ ਦੀ ਸਫਲ ਸ਼ੁਰੂਆਤ 'ਤੇ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਵਧਾਈ ਦਿੰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਇਸ ਵਾਰ ਖਰੀਦ ਪਿਛਲੇ ਸਾਲਾਂ ਨਾਲੋਂ ਪਹਿਲਾਂ ਸ਼ੁਰੂ ਕੀਤੀ ਗਈ ਹੈ, ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਵਧੇਰੇ ਸਮਾਂ ਮਿਲ ਸਕੇ। ਉਨ੍ਹਾਂ ਨੇ ਅਪੀਲ ਕੀਤੀ ਕਿ ਕਿਸਾਨ ਸਿਰਫ਼ ਉਸੇ ਸਮੇਂ ਵਾਢੀ ਕਰਨ ਜਦੋਂ ਫਸਲ ਪੂਰੀ ਤਰ੍ਹਾਂ ਪੱਕ ਜਾਵੇ, ਤਾਂ ਜੋ ਨਿਰਧਾਰਤ 17 ਪ੍ਰਤੀਸ਼ਤ ਨਮੀ ਦੀ ਸੀਮਾ ਤੋਂ ਵੱਧ ਨਾ ਹੋਵੇ।ਉਨ੍ਹਾਂ ਨੇ ਇਹ ਵੀ ਕਿਹਾ ਕਿ ਕਿਸਾਨ ਸਿਰਫ਼ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲਿਆਉਣ ਅਤੇ ਪਰਾਲੀ ਸਾੜਨ ਤੋਂ ਪਰਹੇਜ਼ ਕਰਦੇ ਹੋਏ ਜ਼ਿੰਮੇਵਾਰੀ ਨਾਲ ਫਸਲ ਦੀ ਰਹਿੰਦ-ਖੂੰਹਦ ਦਾ ਪ੍ਰਬੰਧਨ ਕਰਨ।

# ਜੰਡੋਲੀ 'ਚ 10ਵਾਂ ਸੰਤ ਸੰਮੇਲਨ ਕਰਵਾਉਣ ਦੀਆਂ ਤਿਆਰੀਆਂ ਸ਼ੁਰੂ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਡਾਕਟਰ ਕੁਲਵਿੰਦਰ ਸਿੰਘ ਜੰਡੋਲੀ ਪ੍ਰਧਾਨ ਸਤਿਗੁਰੂ ਨਿਰੰਜਨ ਦਾਸ ਜੀ ਮਹਾਰਾਜ ਟਰੱਸਟ, ਕੁਲਦੀਪ ਸਿੰਘ ਪ੍ਰਧਾਨ ਸਤਿਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ, ਭਗਤ ਹਰਬੰਸ ਲਾਲ ਅਤੇ ਬਲਵੀਰ ਸਿੰਘ ਸਰਪੰਚ ਪਿੰਡ ਜੰਡੋਲੀ ਵੱਲੋਂ ਸਾਂਝੇ ਤੌਰ 'ਤੇ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ 10 ਵਾਂ ਸੰਤ ਸੰਮੇਲਨ 16 ਅਕਤੂਬਰ ਨੂੰ ਪਿੰਡ ਜੰਡੋਲੀ ਵਿਖੇ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਡੇਰਾ ਸੱਚਖੰਡ ਬੱਲਾਂ ਤੋਂ ਸਤਿਗੁਰੂ ਨਿਰੰਜਨ ਦਾਸ ਮਹਾਰਾਜ ਵਿਸ਼ੇਸ਼ ਤੌਰ 'ਤੇ ਸੰਗਤਾਂ ਨੂੰ ਦਰਸ਼ਨ ਦੇਣਗੇ।

# ਸਰਕਾਰ ਸਫਾਈ ਕਰਮਚਾਰੀਆਂ ਦੀਆਂ ਹੱਕੀ ਮੰਗਾਂ ਨੂੰ ਪ੍ਰਵਾਨ ਕਰੇ : ਗਿਲਜੀਆਂ

**ਅੱਡਾ ਸਰਾਂ/ ਟਾਂਡਾ ਉੜਮੁੜ (ਜਸਵੀਰ ਕਾਜਲ, ਉਂਕਾਰ ਸਿੰਘ)**- ਕਰਮਚਾਰੀ ਯੂਨੀਅਨ ਨਗਰ ਕੌਂਸਲ ਉੜਮੁੜ ਟਾਂਡਾ, ਕਰਮਚਾਰੀ ਸੰਗਠਨ ਨਗਰ ਪਾਲਿਕਾ ਨਾਲ ਜੁੜੇ ਸਫਾਈ ਕਰਮਚਾਰੀਆਂ ਦੀ ਲਗਾਤਾਰ ਹੜਤਾਲ ਜਾਰੀ



ਹੈ ।ਆਪਣੀਆਂ ਮੰਗਾਂ ਦੇ ਹੱਕ ਵਿੱਚ ਅਵਾਜ ਬੁਲੰਦ ਕਰਨ ਅਤੇ ਉਨ੍ਹਾਂ ਦੀ ਸੁਣਵਾਈ ਨਾ ਹੋਣ ਦੇ ਰੋਸ ਵਜੋਂ ਅਣਮਿੱਥੇ ਸਮੇ ਲਈ ਸ਼ੁਰੂ ਹੜਤਾਲ ਦੌਰਾਨ ਸਫਾਈ ਕਰਮਚਾਰੀਆਂ ਨੇ ਅੱਜ ਨਗਰ ਕੌਂਸਲ ਦਫਤਰ ਟਾਂਡਾ ਵਿਖੇ ਪ੍ਰਧਾਨ ਮਾਇਆ, ਚੇਅਰਮੈਨ ਯਸ਼ਪਾਲ ਸੋਨੂ, ਵਾਈਸ ਪ੍ਰਧਾਨ ਜਤਿੰਦਰ ਹੰਸ ਅਤੇ ਤਰਸੇਮ ਲਾਲ ਦੀ ਅਗਵਾਈ ਵਿਚ ਕੀਤੇ ਰੋਸ ਪ੍ਰਦਰਸ਼ਨ ਦੌਰਾਨ ਸਮੂਹ ਕਰਮਚਾਰੀਆਂ ਨੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ । ਅੱਜ ਦੇ ਰੋਸ ਵਿਖਾਵੇ ਦੌਰਾਨ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਨੇ ਧਰਨੇ ਵਿਚ ਪਹੁੰਚ ਕੇ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਪ੍ਰਤੀ ਅਵਾਜ ਬੁਲੰਦ ਕੀਤੀ । ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਅਤੇ ਕੌਂਸਲਰ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ ।ਸਾਬਕਾ ਮੰਤਰੀ ਗਿਲਜੀਆਂ ਨੇ ਸਫਾਈ ਕਰਮਚਾਰੀਆਂ ਦੀਆਂ ਮੰਗਾਂ ਦੀ ਹਮਾਇਤ ਕਰਦੇ ਹੋਏ ਸਰਕਾਰ ਨੂੰ ਆਖਿਆ ਕਿ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਪ੍ਰਵਾਨ ਕਰਦੇ ਹੋਏ ਜਨਹਿੱਤ ਵਿਚ ਹੜਤਾਲ ਨੂੰ ਖਤਮ ਕਰਵਾਉਣਾ ਚਾਹੀਦਾ ਹੈ ।ਉਨ੍ਹਾਂ ਆਖਿਆ ਕਿ ਉਹ ਸਫਾਈ ਕਰਮਚਾਰੀਆ ਨਾਲ ਖੜੇ ਹਨ ਅਤੇ ਉਨ੍ਹਾਂ ਦੀਆਂ ਮੰਗਾਂ ਦੀ ਪੈਰਵਾਈ ਕਰਨਗੇ ।ਉਨ੍ਹਾਂ ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਗੁਰਸੇਵਕ ਮਾਰਸ਼ਲ ਅਤੇ ਕੌਂਸਲਰਾਂ ਨੂੰ ਸਫਾਈ ਸੇਵਕਾਂ ਦੇ ਹਿੱਤ ਵਿੱਚ ਹਾਊਸ ਵਿਚ ਮਤਾ ਪ੍ਰਵਾਨ ਕਰਨ ਦੀ ਪ੍ਰੇਰਨਾ ਦਿੱਤੀ । ਇਸ ਮੌਕੇ ਪ੍ਰਧਾਨ ਮਾਇਆ ਨੇ ਆਖਿਆ ਕਿ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਦੇ ਬਾਵਜੂਦ ਕੱਚੇ ਕਾਮਿਆਂ ਨੂੰ ਪੱਕਿਆ ਨਹੀਂ ਕੀਤਾ ਗਿਆ ਹੈ ਅਤੇ ਨਾ ਹੀ ਪੁਰਾਣੀ ਪੈਨਸ਼ਨ ਨੂੰ ਬਹਾਲ ਕੀਤਾ ਗਿਆ ਹੈ । ਇਸ ਮੌਕੇ ਕੌਂਸਲਰ ਰਾਜੇਸ਼ ਲਾਡੀ, ਡਾ.ਬਲਦੇਵ ਰਾਜ, ਸਿਟੀ ਪ੍ਰਧਾਨ ਕਾਂਗਰਸ ਵਿਪਨ ਮਰਵਾਹਾ, ਨੰਬਰਦਾਰ ਜਗਜੀਵਨ ਜੱਗੀ, ਬਾਬੂ ਰੂਪ ਲਾਲ, ਗੁਰਮੁਖ ਸਿੰਘ, ਸਤਵਿੰਦਰ ਸਿੰਘ, ਪੰਕਜ ਸਚਦੇਵਾ, ਕ੍ਰਿਸ਼ਨ ਬਿੱਟੂ, ਆਸ਼ੂ ਵੈਦ, ਦਵਿੰਦਰ ਬਿੱਲੂ, ਜਸਵਿੰਦਰ ਕਾਕਾ, ਰਾਕੇਸ਼ ਬਿੱਟੂ, ਸੁੰਦਰੀ ਖੋਸਲਾ, ਹੀਰਾ ਲਾਲ ਭੱਟੀ, ਨੀਰਜ ਭੱਟੀ, ਦੀਪਕ ਮੱਟੂ, ਪਰਮਜੀਤ ਪੰਮਾ, ਵਿਜੇ ਕੁਮਾਰ, ਨੀਰਜ, ਸੂਰਜ ਭੱਟੀ, ਅਜੇ ਖੋਸਲਾ, ਭੋਲੀ, ਰਾਣੀ, ਵੀਨੂੰ, ਰਾਧਾ, ਸੁਖਵਿੰਦਰ ਕੌਰ, ਜਸਵਿੰਦਰ ਕੌਰ, ਮਣੀ ਹੰਸ, ਮਮਤਾ, ਸੂਰਜ, ਸੋਨੂ, ਨਰੇਸ਼, ਰੰਗਾਂ, ਸੁਰਿੰਦਰ, ਤੋਤੀ, ਬ੍ਰਿਜ ਮੱਟੂ, ਦੀਪਕ, ਰਿੱਕੀ, ਵਿੱਕੀ, ਜੱਸਾ, ਅਮਿਤ, ਰੌਕੀ, ਸ਼ੁਭਮ ਭੱਟੀ, ਗੁਰਦਾਸ, ਸਾਬੀ ਮੱਟੂ ਆਦਿ ਮੌਜੂਦ ਸਨ ।

# ਅਕਾਲੀ ਦਲ ਵੱਲੋਂ ਹੜ੍ਹ ਪੀੜਤਾਂ ਲਈ ਚਮਕੌਰ ਸਾਹਿਬ ਤੋਂ 100 ਟਰੱਕ ਚਾਰਾ ਰਵਾਨਾ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਇਕ ਵੱਡਾ ਕਦਮ ਚੁੱਕਦੇ ਹੋਏ ਚਮਕੌਰ ਸਾਹਿਬ ਦੀ ਅਨਾਜ ਮੰਡੀ ਤੋਂ ਪਸ਼ੂਆਂ ਲਈ ਚਾਰੇ ਦੇ 100 ਟਰੱਕ ਵੱਖ-ਵੱਖ ਹੜ੍ਹ ਪ੍ਰਭਾਵਤ ਜ਼ਿਲ੍ਹਿਆਂ ਵੱਲ ਰਵਾਨਾ ਕੀਤੇ ਗਏ। ਇਨ੍ਹਾਂ ਜ਼ਿਲ੍ਹਿਆਂ ਵਿੱਚ ਜਲੰਧਰ, ਗੁਰਦਾਸਪੁਰ, ਰੂਪਨਗਰ, ਐਸ.ਬੀ.ਐਸ. ਨਗਰ ਅਤੇ ਹੋਰ ਕਈ ਹੜ੍ਹਾਂ ਤੋਂ ਪ੍ਰਭਾਵਿਤ ਇਲਾਕੇ ਸ਼ਾਮਲ ਹਨ। ਸੁਖਬੀਰ ਸਿੰਘ ਬਾਦਲ ਨੇ ਟਰੱਕ ਰਵਾਨਾ ਕਰਨ ਤੋਂ ਪਹਿਲਾਂ ਇੱਥੇ ਅਰਦਾਸ ਕੀਤੀ ਅਤੇ ਮੀਡੀਆ ਨਾਲ ਗੱਲ ਕਰਦੇ ਹੋਏ ਕਿਹਾ ਕਿ ਹੜ੍ਹ ਪੀੜਤ ਲੋਕਾਂ ਤੇ ਉਨ੍ਹਾਂ ਦੇ ਪਸ਼ੂਆਂ ਦੀ ਮਦਦ ਕਰਨਾ ਸਾਡਾ ਧਰਮ ਅਤੇ ਜ਼ਿੰਮੇਵਾਰੀ ਹੈ। ਉਨ੍ਹਾਂ ਵਾਅਦਾ ਕੀਤਾ ਕਿ 50 ਹਜ਼ਾਰ ਹੜ੍ਹ ਪੀੜਤ ਪਰਵਾਰਾਂ ਨੂੰ ਅਕਾਲੀ ਦਲ ਵੱਲੋਂ ਖਾਣ ਲਈ ਕਣਕ ਮੁਹੱਈਆ ਕਰਵਾਈ ਜਾਵੇਗੀ ਤਾਂ ਜੋ ਕਿਸੇ ਨੂੰ ਭੁੱਖੀ ਨੀਂਦ ਨਾ ਸੌਣਾ ਪਵੇ। ਉਨ੍ਹਾਂ ਨੇ ਐਲਾਨ ਕੀਤਾ ਕਿ ਅਕਾਲੀ ਦਲ ਵੱਲੋਂ ਕਿਸਾਨਾਂ ਨੂੰ ਜ਼ਮੀਨ ਪੱਧਰੀ ਕਰਨ ਲਈ ਟਰੈਕਟਰ ਅਤੇ ਨਵੀਂ ਫਸਲ ਬੀਜਣ ਲਈ



**● 50 ਹਜ਼ਾਰ ਪਰਵਾਰਾਂ ਲਈ ਕਣਕ ਦਾ ਐਲਾਨ**

ਬੀਜ ਵੀ ਉਪਲਬਧ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਹੜ੍ਹ ਕਾਰਨ ਪਸ਼ੂਆਂ ਲਈ ਚਾਰੇ ਦੀ ਭਾਰੀ ਕਮੀ ਆ ਗਈ ਹੈ, ਜਿਸ ਨੂੰ ਪੂਰਾ ਕਰਨ ਲਈ ਅਕਾਲੀ ਦਲ ਵੱਡੀ ਮਾਤਰਾ ਵਿੱਚ ਚਾਰਾ ਹੜ੍ਹ ਪੀੜਤ ਇਲਾਕਿਆਂ ਤੱਕ ਪਹੁੰਚਾ ਰਿਹਾ ਹੈ। ਸੁਖਬੀਰ ਬਾਦਲ ਨੇ ਸੂਬੇ ਦੀਆਂ ਸਮੂਹ ਰਾਜਨੀਤਕ ਪਾਰਟੀਆਂ ਨੂੰ ਰਾਜਨੀਤਕ ਵਖਰੇਵਿਆਂ ਤੋਂ ਉੱਪਰ ਉੱਠ ਕੇ ਇਕੱਠੇ ਹੋ ਕੇ ਅਤੇ ਦੇਸ਼ ਵਿਦੇਸ਼ ਵਿੱਚ ਵਸਦੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਹੜ੍ਹ ਪੀੜਤਾਂ ਦੀ ਮਦਦ ਲਈ ਵੱਧ ਤੋ ਵੱਧ ਸਹਿਯੋਗ ਕੀਤਾ ਜਾਵੇ । ਉਨ੍ਹਾਂ ਕਿਹਾ ਕਿ ਇਹ ਸਮਾਂ ਸਿਰਫ਼ ਦੋਸ਼ ਲਾਉਣ ਦਾ ਨਹੀਂ, ਸਗੋਂ ਇਕਜੁਟਤਾ ਨਾਲ ਹੜ੍ਹ ਪੀੜਤਾਂ ਦੀ ਮਦਦ ਕਰਕੇ ਉਨ੍ਹਾਂ ਦੇ ਮੁੜ ਵਸੇਬੇ ਲਈ ਯੋਗ ਹੱਲ ਲੱਭਣ ਦੀ ਲੋੜ ਹੈ। ਇਸ ਮੌਕੇ ਸਾਬਕਾ ਮੰਤਰੀ ਦਲਜੀਤ ਸਿੰਘ ਚੀਮਾ, ਬੂਥ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਸ਼੍ਰੋਮਣੀ ਕਮੇਟੀ ਮੈਂਬਰ ਪਰਮਜੀਤ ਸਿੰਘ ਲੱਖੇਵਾਲ, ਬੰਟੀ ਰੁਮਾਣਾ, ਹਰਮੋਹਣ ਸਿੰਘ ਸੰਧੂ, ਬਲਦੇਵ ਸਿੰਘ ਹਾਫਿਜ਼ਾਬਾਦ, ਜਗਪਾਲ ਸਿੰਘ ਜੋਲੀ, ਬਿੱਟੂ ਕੰਗ, ਨਿਰਮਲ ਸਿੰਘ ਰੰਗਾਂ, ਪਰਮਜੀਤ ਸਿੰਘ ਅਤੇ ਕ੍ਰਿਪਾਲ ਸਿੰਘ ਆਦਿ ਹਾਜ਼ਰ ਸਨ।

# ਸ਼ਹੀਦ ਕੈਪਟਨ ਰਮੇਸ਼ ਚੰਦ ਸ਼ਰਮਾ ਦੀ ਯਾਦ 'ਚ 5100 ਦਾ ਯੋਗਦਾਨ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਦੇਸ਼ ਲਈ ਆਪਣੇ ਪ੍ਰਾਣ ਨਿਛਾਵਰ ਕਰਨ ਵਾਲੇ ਸ਼ਹੀਦ ਕੈਪਟਨ ਰਮੇਸ਼ ਚੰਦ ਸ਼ਰਮਾ ਦੀ ਯਾਦ ਵਿੱਚ ਉਹਨਾਂ ਦੀ ਭੈਣ ਸੰਗੀਤਾ ਮਹੇਤਾ ਨੇ ਰੋਟਰੀ ਕਲੱਬ ਹੁਸ਼ਿਆਰਪੁਰ ਮਿਡਟਾਊਨ ਨੂੰ 5100 ਰੁਪਏ ਦਾ ਯੋਗਦਾਨ ਭੇਟ ਕੀਤਾ। ਇਹ ਰਕਮ ਕਲੱਬ ਵੱਲੋਂ ਚਲਾਏ ਜਾ ਰਹੇ ਗਿਫ਼ਟ ਆਫ਼ ਸਾਈਟ ਪ੍ਰੋਜੈਕਟ ਲਈ ਦਿੱਤੀ ਗਈ। ਕੈਪਟਨ ਰਮੇਸ਼ ਚੰਦ ਸ਼ਰਮਾ ਨੇ 1965 ਦੇ ਭਾਰਤ-ਚੀਨ ਯੁੱਧ ਵਿੱਚ ਅਦਭੁਤ ਹੌਸਲਾ ਵਿਖਾਉਂਦਿਆਂ ਵੀਰਗਤੀ ਪ੍ਰਾਪਤ ਕੀਤੀ ਸੀ। ਉਹਨਾਂ ਦੀ ਸ਼ਹਾਦਤ ਨੂੰ ਅਮਰ ਕਰਨ ਲਈ ਡੀ.ਏ.ਵੀ. ਸਕੂਲ ਦੇ ਪਿੱਛੇ ਸਥਿਤ ਕਾਲੋਨੀ ਦਾ ਨਾਂਅ ਰਮੇਸ਼ ਨਗਰ ਰੱਖਿਆ ਗਿਆ ਹੈ। ਰੋਟਰੀ ਕਲੱਬ ਅਨੁਸਾਰ ਗਿਫ਼ਟ ਆਫ਼ ਸਾਈਟ ਪ੍ਰੋਜੈਕਟ ਦੇ ਤਹਿਤ ਗਰੀਬ ਅਤੇ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਜਾਂਦੀ ਹੈ ਅਤੇ ਨਿਸ਼ੁਲਕ ਕਾਰਨੀਆ ਟ੍ਰਾਂਸਪਲਾਂਟ ਆਪਰੇਸ਼ਨ ਕਰਵਾਏ ਜਾਂਦੇ ਹਨ।ਇਸ ਮੌਕੇ ਕਲੱਬ ਦੇ ਪ੍ਰਧਾਨ ਅਵਤਾਰ ਸਿੰਘ, ਸਚਿਵ ਇੰਦਰਪਾਲ ਸਚਦੇਵਾ ਅਤੇ ਮੈਂਬਰ ਪਰਵੀਨ ਪਲਿਆਲ, ਮਨੋਜ ਓਹਰੀ ਅਤੇ ਜਤਿੰਦਰ ਕੁਮਾਰ ਮੌਜੂਦ ਸਨ। ਉਹਨਾਂ ਨੇ ਸੰਗੀਤਾ ਮਹੇਤਾ ਦਾ ਧੰਨਵਾਦ ਪ੍ਰਗਟਾਉਂਦਿਆਂ ਕਿਹਾ ਕਿ ਸ਼ਹੀਦਾਂ ਦੇ ਨਾਂਅ ਉੱਤੇ ਕੀਤਾ ਗਿਆ ਹਰ ਸੇਵਾ ਭਾਵ ਸਮਾਜ ਨੂੰ ਨਵੀਂ ਦਿਸ਼ਾ ਦਿੰਦਾ ਹੈ। ਕਲੱਬ ਅਧਿਕਾਰੀਆਂ ਨੇ ਕਿਹਾ ਕਿ ਸ਼ਹੀਦ ਕੈਪਟਨ ਰਮੇਸ਼ ਚੰਦ ਸ਼ਰਮਾ ਦੀ ਵੀਰਤਾ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਸਰੋਤ ਬਣੀ ਰਹੇਗੀ।

# ਇਨੋਸੈਂਟ ਹਾਰਟਸ ਗਰੁੱਪ ਲੋਹਾਰਾਂ ਵੱਲੋਂ ਨਵੇਂ ਵਿਦਿਆਰਥੀਆਂ ਦਾ ਸ਼ਾਨਦਾਰ ਸਵਾਗਤ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼, ਲੋਹਾਰਾਂ ਵੱਲੋਂ ਸਾਲਾਨਾ ਫਰੈਸ਼ਰਜ਼ ਪਾਰਟੀ - ਉਡਾਨ 2025 - ਰੰਗ-ਬਿਰੰਗੀ ਤੇ ਉਤਸ਼ਾਹਪੂਰਨ ਸਮਾਰੋਹ ਦੇ ਰੂਪ ਵਿੱਚ ਮਨਾਈ ਗਈ, ਜਿਸ ਵਿੱਚ ਨਵੇਂ ਵਿਦਿਆਰਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਕਾਰਜਕ੍ਰਮ ਦੀ ਸ਼ੁਰੂਆਤ ਇਨੋਸੈਂਟ ਹਾਰਟਸ ਦੇ ਮੈਨੇਜਮੈਂਟ ਮੈਂਬਰਾਂ ਵੱਲੋਂ ਦੀਵੇ ਦੀ ਰੋਸ਼ਨੀ ਨਾਲ ਕੀਤੀ ਗਈ। ਵਿਦਿਆਰਥੀਆਂ ਨੇ ਇਕਲ ਗੀਤ, ਇਕਲ ਨਾਚ, ਗਰੁੱਪ ਨਾਚ ਅਤੇ ਕੋਰੀਓਗ੍ਰਾਫੀ ਰਾਹੀਂ ਆਪਣੀ ਕਲਾ ਪ੍ਰਦਰਸ਼ਿਤ ਕੀਤੀ ?। ਸੱਭਿਆਚਾਰਕ ਪ੍ਰੋਗਰਾਮ ਦੀ ਸ਼ੁਰੂਆਤ ਭਗਵਾਨ ਗਣੇਸ਼ ਦੀ ਵੰਦਨਾ ਨਾਲ ਹੋਈ। ਵਿਦਿਆਰਥੀ ਐਂਕਰਾਂ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਸਮਾਰੋਹ ਦਾ ਸੰਚਾਲਨ ਕੀਤਾ। ਇਸ ਮੌਕੇ ਜੱਜਾਂ ਦੀ ਭੂਮਿਕਾ ਆਈ ਐਚ ਐਸ ਲੋਹਾਰਾਂ ਤੋਂ ਮਿਸਜ਼ ਰਿਚਾ ਸ਼ਰਮਾ ਅਤੇ ਮਿਸਜ਼ ਕਿਰਨ ਬਾਲਾ ਵੱਲੋਂ ਨਿਭਾਈ ਗਈ। ਜੇਤੂਆਂ ਨੂੰ ਵਿਸ਼ੇਸ਼ ਮਹਿਮਾਨਾਂ ਵੱਲੋਂ ਖ਼ਿਤਾਬ ਅਤੇ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮਿਸਜ਼ ਸ਼ਰਮੀਲਾ ਨਕਰਾ (ਡਿਪਟੀ ਡਾਇਰੈਕਟਰ, ਕਲਚਰਲ ਅਫੇਅਰਜ਼) ਵੀ ਹਾਜ਼ਰ ਸਨ। ਡਾ. ਗਗਨਦੀਪ ਕੌਰ ਧੰਜੂ (ਡਾਇਰੈਕਟਰ, ਅਕੈਡਮਿਕਸ) ਨੇ ਸਾਰੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਜਦਕਿ ਮਿਸਟਰ ਰਾਹੁਲ ਜੈਨ (ਡਾਇਰੈਕਟਰ, ਓਪਰੇਸ਼ਨਜ਼) ਨੇ ਵਿਦਿਆਰਥੀਆਂ ਨੂੰ ਚਮਕਦਾਰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਡਾ. ਅਨੂਪ ਬੌਰੀ (ਚੇਅਰਮੈਨ, ਇਨੋਸੈਂਟ ਹਾਰਟਸ ਗਰੁੱਪ) ਨੇ ਵਿਦਿਆਰਥੀਆਂ ਨੂੰ ਆਪਣੇ ਟੀਚਿਆਂ ਤੇ ਕੇਂਦਰਿਤ ਰਹਿਣ, ਮਿਹਨਤ ਕਰਨ ਅਤੇ ਸਫਲਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ।



# ਸਿੱਖਿਆ ਵਿਭਾਗ ਤੇ ਪ੍ਰਸ਼ਾਸਨ 'ਚ ਕੋਈ ਤਾਲਮੇਲ ਨਹੀਂ : ਡੀ ਟੀ ਐੱਫ

**ਫਿਲੌਰ, ਗੁਰਾਇਆ (ਹਰਜਿੰਦਰ ਕੌਰ ਚਾਹਲ, ਬਿੰਦਰ ਸੁੰਮਨ)** ਸਕੂਲਾਂ ਅੰਦਰ ਇੱਕੋ ਸਮੇਂ ਸਕੂਲੀ ਖੇਡਾਂ ਅਤੇ ਸਤੰਬਰ ਟੈਸਟ ਹੋਣ ਕਾਰਨ ਜਿੱਥੇ ਬੱਚੇ ਅਤੇ ਅਧਿਆਪਕ ਪ੍ਰੇਸ਼ਾਨ ਹਨ, ਉੱਥੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੈਂਕੜੇ ਅਧਿਆਪਕਾਂ ਨੂੰ ਬੀ ਐਲ ਓ ਦੀਆਂ ਡਿਊਟੀਆਂ ਦੇ ਕੇ ਤੁਰੰਤ ਐਸ ਆਰ ਆਈ ਵੋਟਰ ਵੈਰੀਫਿਕੇਸ਼ਨ ਕਰਨ ਦੇ ਹੁਕਮ ਚਾੜ੍ਹੇ ਹੋਏ ਹਨ ਜਿਸ ਨੇ ਜਿੱਥੇ



ਸਕੂਲਾਂ ਅੰਦਰ ਵਿੱਦਿਅਕ ਅਸੰਤੁਲਨ ਪੈਦਾ ਕੀਤਾ ਹੋਇਆ ਹੈ, ਉੱਥੇ ਬੱਚੇ ਅਤੇ ਅਧਿਆਪਕ ਇੱਕੋ ਸਮੇਂ ਵੱਖ-ਵੱਖ ਕੰਮਾਂ ਅਤੇ ਗਤੀਵਿਧੀਆਂ ਦੇ ਬੋਝ ਕਾਰਨ ਮਾਨਸਿਕ ਤਣਾਅ ਅਤੇ ਪ੍ਰੇਸ਼ਾਨੀ ਵਿੱਚੋਂ ਗੁਜਰ ਰਹੇ ਹਨ। ਡੈਮੋਕਰੈਟਿਕ ਟੀਚਰਜ਼ ਫਰੰਟ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੁਖਵਿੰਦਰਪ੍ਰੀਤ ਸਿੰਘ, ਸਕੱਤਰ ਅਵਤਾਰ ਲਾਲ, ਸੀਨੀਅਰ ਮੀਤ ਪ੍ਰਧਾਨ ਵਿਸ਼ਵ ਭਾਨੂੰ ਸ਼ਰਮਾ ਅਤੇ ਮੀਤ ਪ੍ਰਧਾਨ ਨਵਜੋਤ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪ੍ਰਾਇਮਰੀ ਸਕੂਲਾਂ ਵਿੱਚ ਸੈਂਟਰ ਪੱਧਰੀ ਖੇਡਾਂ ਚੱਲ ਰਹੀਆਂ ਹਨ, ਸੈਕੰਡਰੀ ਸਕੂਲਾਂ ਵਿੱਚ ਜ਼ਿਲ੍ਹਾ ਪੱਧਰੀ ਮੁਕਾਬਲੇ ਚੱਲ ਰਹੇ ਹਨ। ਦੂਜੇ ਪਾਸੇ ਵਿਭਾਗ ਵੱਲੋਂ ਨਾਲ ਹੀ ਸਤੰਬਰ ਟੈਸਟ ਸ਼ੁਰੂ ਕਰ ਦਿੱਤੇ ਹਨ। ਜਿਸ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਭੰਬਲਭੂਸਾ ਪੈਦਾ ਕਰ ਦਿੱਤਾ ਹੈ।ਵਿਦਿਆਰਥੀ ਪ੍ਰੇਸ਼ਾਨ ਹਨ ਕਿ ਉਹ ਖੇਡਾਂ ਦੀ ਤਿਆਰੀ ਕਰਨ ਜਾਂ ਪੇਪਰਾਂ ਦੀ। ਹੋਰ ਤਾਂ ਹੋਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੈਂਕੜੇ ਅਧਿਆਪਕਾਂ ਨੂੰ ਨਾਲ ਹੀ ਬੀ ਐਲ ਓ ਦੀਆਂ ਡਿਊਟੀਆਂ ਦੇ ਕੇ ਤੁਰੰਤ ਕੰਮ ਕਰਨ ਦੇ ਹੁਕਮ ਦਿੱਤੇ ਗਏ ਹਨ। ਵਿੱਤ ਸਕੱਤਰ ਅੰਮ੍ਰਿਤਪਾਲ ਸਿੰਘ, ਗੌਰਵ ਕੁਮਾਰ, ਅਮਨਦੀਪ ਸਿੰਘ ਅਤੇ ਨਰਿੰਦਰ ਪਾਲ ਨੇ ਕਿਹਾ ਕਿ ਪਹਿਲਾਂ ਬਾਰਿਸ਼ ਅਤੇ ਹੜ੍ਹਾਂ ਕਾਰਨ ਸਕੂਲਾਂ ਵਿੱਚ ਛੁੱਟੀਆਂ ਹੋਣ ਕਾਰਨ ਪੜ੍ਹਾਈ ਦਾ ਕੰਮ ਕਾਫੀ ਪਛੜ ਗਿਆ ਹੈ ਤੇ ਜੇਕਰ ਵਿਭਾਗ ਬੱਚਿਆਂ ਪ੍ਰਤੀ ਸੰਜੀਦਾ ਹੁੰਦਾ ਤਾਂ ਉਹ ਖੇਡਾਂ ਦੇ ਸਮੇਂ ਦੌਰਾਨ ਪੇਪਰਾਂ ਅਤੇ ਬੀ ਐਲ ਓ ਜਿਹੀਆਂ ਡਿਊਟੀਆਂ ਦਾ ਸਮਾਂ ਅੱਗੇ ਪਿੱਛੇ ਕਰ ਸਕਦਾ ਸੀ।ਜੇਕਰ ਅਜਿਹਾ ਨਹੀਂ ਕੀਤਾ ਗਿਆ ਤਾਂ ਜਥੇਬੰਦੀ ਵੱਲੋਂ ਇਨਾ ਹੁਕਮਾਂ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ।

# ਫਾਸ਼ੀ ਹਮਲਿਆਂ ਵਿਰੋਧੀ ਫਰੰਟ ਵੱਲੋਂ ਦੂਸਰੇ ਰਾਜਾਂ ਦੇ ਕਿਰਤੀਆਂ ਵਿਰੁੱਧ ਕੂੜ ਪ੍ਰਚਾਰ ਤੋਂ ਸੁਚੇਤ ਰਹਿਣ ਦਾ ਸੱਦਾ

**ਜਲੰਧਰ**- ਫਾਸ਼ੀ ਹਮਲਿਆਂ ਵਿਰੋਧੀ ਫਰੰਟ ਨੇ ਲੰਘੇ ਦਿਨੀਂ ਅਪਰਾਧੀ ਮਾਨਸਿਕਤਾ ਵਾਲੇ ਇਕ ਵਿਅਕਤੀ ਵਲੋਂ ਹੁਸ਼ਿਆਰਪੁਰ ਵਿਖੇ ਇਕ ਅਣਭੋਲ ਬੱਚੇ ਦਾ ਕਤਲ ਕੀਤੇ ਜਾਣ ਦੀ ਹੌਲਨਾਕ ਵਾਰਦਾਤ ਦੀ ਕਰੜੀ ਨਿਖੇਧੀ ਕਰਦਿਆਂ ਦੋਸ਼ੀ ਨੂੰ ਜਲਦ ਤੋਂ ਜਲਦ, ਸਖ਼ਤ ਤੋਂ ਸਖ਼ਤ ਸਜ਼ਾ ਦਿੱਤੇ ਜਾਣ ਦੀ ਜ਼ੋਰਦਾਰ ਮੰਗ ਕੀਤੀ ਹੈ।ਫਰੰਟ ਨੇ ਇਸ ਦਿਲ ਕੰਬਾਊ ਵਾਰਦਾਤ ਦੀ ਆੜ ਵਿੱਚ ਰਾਜਸੀ ਤੇ ਫਿਰਕੂ ਸਵਾਰਥਾਂ ਤੋਂ ਪ੍ਰੇਰਿਤ ਸ਼ਰਾਰਤੀ ਅਨਸਰਾਂ ਵਲੋਂ ਦੂਜੇ ਪ੍ਰਾਂਤਾਂ ਤੋਂ ਰੋਜ਼ੀ-ਰੋਟੀ ਕਮਾਉਣ ਲਈ ਪੰਜਾਬ ਆਏ ਸਮੁੱਚੇ ਕਿਰਤੀਆਂ ਖਿਲਾਫ਼ ਨਫਰਤੀ ਕੂੜ ਪ੍ਰਚਾਰ 'ਤੇ ਆਧਾਰਿਤ ਮੁਹਿੰਮ ਵਿੱਢਣ, ਪੰਚਾਇਤੀ ਮਤੇ ਪਾਉਣ ਅਤੇ ਜਿਸਮਾਨੀ ਹਮਲੇ ਕਰਨ 'ਤੇ ਗੰਭੀਰ ਚਿੰਤਾ ਪ੍ਰਗਟਾਈ ਹੈ। ਫਰੰਟ ਦੇ ਆਗੂਆਂ ਸਰਵ ਸਾਥੀ ਬੰਤ ਬਰਾੜ (ਸਕੱਤਰ ਸੀ ਪੀ ਆਈ ਪੰਜਾਬ), ਮੰਗਤ ਰਾਮ ਪਾਸਲਾ (ਜਨਰਲ ਸਕੱਤਰ ਆਰ ਐਮ ਪੀ ਆਈ), ਗੁਰਮੀਤ ਸਿੰਘ ਬਖ਼ਤਪੁਰ (ਸੂਬਾ ਸਕੱਤਰ ਸੀ ਪੀ ਆਈ ਐਮ ਐਲ ਲਿਬ੍ਰੇਸ਼ਨ), ਅਜਮੇਰ ਸਿੰਘ ਸਮਰਾ (ਸੀਨੀਅਰ ਆਗੂ ਸੀ ਪੀ ਆਈ ਐਮ ਐਲ ਨਿਊ ਡੈਮੋਕਰੇਸੀ), ਕੰਵਲਜੀਤ ਖੰਨਾ (ਸੂਬਾ ਸਕੱਤਰ ਇਨਕਲਾਬੀ ਕੇਂਦਰ ਪੰਜਾਬ) ਅਤੇ ਕਿਰਨਜੀਤ ਸਿੰਘ ਸੇਖੋਂ (ਪੋਲਿਟ ਬਿਊਰੋ ਮੈਂਬਰ ਐਮ ਸੀ ਪੀ ਆਈ-ਯੂ) ਨੇ ਅੱਜ ਇਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਕਿਹਾ ਹੈ ਕਿ ਅੰਤਰਰਾਜੀ ਕਿਰਤੀਆਂ ਖਿਲਾਫ਼ ਵਿੱਢੀ ਗਈ ਉਕਤ ਹਮਲਾਵਰ ਮੁਹਿੰਮ ਦੇਸ਼ ਭਰ ਵਿੱਚ ਪੰਜਾਬ-ਪੰਜਾਬੀਆਂ ਦਾ ਅਕਸ ਖਰਾਬ ਕਰਨ ਦੀ ਕੇਂਦਰੀ ਏਜੰਸੀਆਂ ਤੇ ਉਨ੍ਹਾਂ ਦੇ ਹੱਥਠੋਕੇ ਕੱਟੜਪੰਥੀਆਂ ਤੇ ਸਮਾਜ ਵਿਰੋਧੀ ਅਨਸਰਾਂ ਦੀ ਚਿਰੋਕਣੀ ਸਾਜ਼ਿਸ਼ ਦਾ ਨਤੀਜਾ ਹੈ। ਉਨ੍ਹਾਂ ਕਿਹਾ ਹੈ ਕਿ ਇਸ ਸਾਜ਼ਿਸ਼ ਵਿੱਚ ਦੇਸ਼ ਭਰ 'ਚ ਫਿਰਕੂ ਵੰਡ ਤਿੱਖੀ ਕਰਨ ਦੀਆਂ ਕੁਚਾਲਾਂ ਘੜਣ ਵਾਲਾ ਆਰ.ਐਸ.ਐਸ., ਭਾਜਪਾ ਅਤੇ ਮੋਦੀ ਸਰਕਾਰ ਬਰਾਬਰ ਦੇ ਭਾਈਵਾਲ ਹਨ। ਆਗੂਆਂ ਨੇ ਜ਼ੋਰ ਦੇ ਕੇ ਕਿਹਾ ਹੈ ਕਿ ਕਿਸੇ ਵੀ ਵਿਅਕਤੀ ਦੇ ਗਲੀਜ਼ ਤੋਂ ਗਲੀਜ਼ ਕਾਰੇ ਦੀ ਸਜ਼ਾ ਦੋਸ਼ੀ ਨਾਲ ਸਬੰਧਤ ਸਮੁੱਚੇ ਭਾਈਚਾਰੇ ਨੂੰ ਦੇਣੀ ਕਿਵੇਂ ਵੀ ਤਰਾਂ ਤਰਕਸੰਗਤ ਨਹੀਂ ਹੈ। ਉਨ੍ਹਾਂ ਕਿਹਾ ਕਿ ਅੰਤਰਰਾਜੀ ਕਿਰਤੀਆਂ ਖਿਲਾਫ ਘ੍ਰਿਣਾ ਫੈਲਾਉਣ ਵਾਲੇ ਲੋਕ ਤੇ ਸੰਸਥਾਵਾਂ, ਪੰਜਾਬੀਆਂ ਨੂੰ ਉਨ੍ਹਾਂ ਦੇ ਨਾਬਰੀ ਦੇ ਸੁਭਾਅ, ਬੇਇਨਸਾਫ਼ੀ ਖਿਲਾਫ ਜੂਝਣ ਦੇ ਜਜ਼ਬੇ, ਮਾਨਵਵਾਦੀ ਵਿਚਾਰਾਂ ਅਤੇ ਸਮਾਨਤਾਵਾਦੀ ਸੋਚ ਤੋਂ ਬੇਮੁੱਖ ਕਰਨਾ ਚਾਹੁੰਦੇ ਹਨ।ਆਗੂਆਂ ਨੇ ਗੁਰੂਆਂ-ਪੀਰਾਂ ਤੇ ਸ਼ਹੀਦਾਂ ਦੀ ਅਮੀਰ ਵਿਰਾਸਤ ਦੇ ਮਾਲਕ ਪੰਜਾਬੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਸਾਂਝੀਵਾਲਤਾ, ਭਾਈਚਾਰਕ ਸਾਂਝ ਤੇ ਕਿਰਤ-ਕਿਰਤੀ ਦਾ ਰੁਤਬਾ ਬੁਲੰਦ ਕਰਨ ਵਾਲੀਆਂ ਬਾਬੇ ਨਾਨਕ ਦੀਆਂ ਸਿੱਖਿਆਵਾਂ ਤੋਂ ਸੇਧ ਲੈਂਦੇ ਹੋਏ ਉਕਤ ਸਾਜ਼ਿਸ਼ ਨੂੰ ਪਛਾੜਣ ਲਈ ਅੱਗੇ ਆਉਣ।

# ਵਾਲਮੀਕਿ ਧਰਮਸ਼ਾਲਾ ਲਈ ਡੇਢ ਲੱਖ ਰੁਪਏ ਦੀ ਗ੍ਰਾਂਟ ਜਾਰੀ



**ਹੁਸ਼ਿਆਰਪੁਰ (ਓ ਪੀ ਰਾਣਾ, ਬੀ ਐਸ ਸੈਣੀ)**- ਵਾਲਮੀਕਿ ਧਰਮਸ਼ਾਲਾ ਤੇ ਪਖਾਨੇ ਬਣਾਉਣ ਲਈ ਵਾਲਮੀਕਿ ਕਮੇਟੀ ਮੈਂਬਰ ਸਰਪੰਚ ਸ਼ਿੰਦਰਪਾਲ ਦੀ ਅਗਵਾਈ ਵਿਚ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੂੰ ਮਿਲੇ ਅਤੇ ਆਪਣੀ ਸਮੱਸਿਆ ਉਨ੍ਹਾਂ ਦੇ ਸਾਹਮਣੇ ਰੱਖੀ। ਉਨ੍ਹਾਂ ਗ੍ਰਾਮ ਪੰਚਾਇਤ ਪੱਟੀ ਨੂੰ ਡੇਢ ਲੱਖ ਰੁਪਏ ਦੀ ਗ੍ਰਾਂਟ ਜਾਰੀ ਕਰਦਿਆਂ ਦਿਸ਼ਾ-ਨਿਰਦੇਸ਼ ਦਿੱਤੇ ਕਿ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਤੋਂ ਪਹਿਲਾਂ ਧਰਮਸ਼ਾਲਾ ਵਿਖੇ ਪਖਾਨੇ ਬਣਾਉਣ ਦੇ ਕੰਮ ਨੂੰ ਨੇਪਰੇ ਚਾੜ੍ਹਿਆ ਜਾਵੇ।ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਮੇਟੀ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਜੋ ਹੋਰ ਵੀ ਅਧੂਰੇ ਕੰਮ ਜਿਵੇਂ ਲੰਗਰ ਹਾਲ ਅਤੇ ਚਾਰਦੀਵਾਰੀ ਉਸ ਲਈ ਵੀ ਆਉਣ ਵਾਲੇ ਸਮੇਂ ਵਿਚ ਜਲਦ ਗ੍ਰਾਂਟ ਜਾਰੀ ਕਰ ਦਿੱਤੀ ਜਾਵੇਗੀ।ਇਸ ਮੌਕੇ ਮੈਂਬਰ ਪੰਚਾਇਤ ਸੋਹਣ ਲਾਲ, ਅਸ਼ੋਕ ਕੁਮਾਰ, ਅਸ਼ਵਨੀ ਕੁਮਾਰ, ਦੀਪਕ, ਨਿਸ਼ਾਂਤ ਕੁਮਾਰ, ਮੋਹਨ ਲਾਲ, ਸੰਦੀਪ ਕੁਮਾਰ, ਪ੍ਰਮੋਦ ਕੁਮਾਰ, ਰਜੇਸ਼ ਕੁਮਾਰ, ਮਾਨਵ ਸਹੋਤਾ, ਰਵੀ ਕੁਮਾਰ, ਸ਼ਿਵ ਕੁਮਾਰ, ਰੋਹਿਤ ਕੁਮਾਰ, ਪੁਨੀਤ ਕੁਮਾਰ ਤੋਂ ਇਲਾਵਾ ਹੋਰ ਮੈਂਬਰ ਵੀ ਮੌਜੂਦ ਸਨ।

# ਪ੍ਰਵਾਸੀ ਮਜ਼ਦੂਰਾਂ ਖਿਲਾਫ ਮੁਹਿੰਮ ਚਲਾਉਣ ਵਾਲਿਆਂ ਨੂੰ ਰੋਕਣ ਦੀ ਮੰਗ

**ਨੰਗਲ (ਸੁਰਜੀਤ ਢੇਰ)**- ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਜ਼ਿਲ੍ਹਾ ਕਮੇਟੀ ਰੋਪੜ ਦਾ ਇੱਕ ਡੈਪੂਟੇਸ਼ਨ ਐਸ ਐਸ ਪੀ ਗੁਲਨੀਤ ਸਿੰਘ ਖੁਰਾਣਾ ਨੂੰ ਮਿਲਿਆ ਅਤੇ ਇਕ ਮੰਗ ਪੱਤਰ ਦੇ ਕੇ ਮੰਗ ਕੀਤੀ ਗਈ ਕਿ ਪ੍ਰਵਾਸੀ ਮਜ਼ਦੂਰਾਂ ਖਿਲਾਫ ਚਲਾਈ ਜਾ ਰਹੀ ਮੁਹਿੰਮ ਨੂੰ ਫੌਰੀ ਤੌਰ 'ਤੇ ਰੋਕਣ ਦੇ ਯਤਨ ਕੀਤੇ ਜਾਣ। ਇਹ ਮੁਹਿੰਮ ਕੁਝ ਸ਼ਰਾਰਤੀ ਲੋਕਾਂ ਵੱਲੋਂ ਹੁਸ਼ਿਆਰਪੁਰ ਵਿੱਚ ਇੱਕ ਬੱਚੇ ਨਾਲ ਹੋਈ ਘਿਨਾਉਣੀ ਹਰਕਤ ਕਾਰਨ ਕੀਤੀ ਜਾ ਰਹੀ ਹੈ। ਸੀ ਪੀ ਆਈ ਐਮ ਆਗੂਆਂ ਨੇ ਕਿਹਾ ਕਿ ਇੱਕ ਦੀ ਘਟਨਾ ਨੂੰ ਲੈ ਕੇ ਸਾਰਿਆਂ ਨੂੰ ਦੋਸ਼ੀ ਮੰਨਣਾ ਬਹੁਤ ਵੱਡੀ ਗਲਤੀ ਹੈ। ਜੇਕਰ ਪੰਜਾਬ ਵਿੱਚ ਪ੍ਰਵਾਸੀ ਮਜ਼ਦੂਰਾਂ ਖਿਲਾਫ ਕੋਈ ਮੁਹਿੰਮ ਸਫਲ ਹੁੰਦੀ ਹੈ ਤਾਂ ਉਸ ਦਾ ਪੰਜਾਬ ਤੋਂ ਬਾਹਰ ਰਹਿਣ ਵਾਲੇ ਪੰਜਾਬੀਆਂ 'ਤੇ ਵੀ ਵੱਡਾ ਅਸਰ ਪਵੇਗਾ। ਉਹਨਾਂ ਵੱਲੋਂ ਐਸ ਐਸ ਪੀ ਕੋਲੋਂ ਮੰਗ ਕੀਤੀ ਗਈ ਕਿ ਪ੍ਰਵਾਸੀਆਂ ਖਿਲਾਫ ਮੀਡੀਆ 'ਤੇ ਅੰਧਾਧੁੰਦ ਪ੍ਰਚਾਰ ਕਰਨ ਵਾਲਿਆਂ ਨੂੰ ਰੋਕਿਆ ਜਾਵੇ। ਜੋ ਹੁਸ਼ਿਆਰਪੁਰ ਵਿਖੇ ਵਾਪਰੀ ਘਟਨਾ ਦੇ ਮੁੱਖ ਦੋਸ਼ੀ ਹਨ ਉਹਨਾਂ ਨੂੰ ਜਲਦੀ ਤੋਂ ਜਲਦੀ ਸਜ਼ਾ ਮਿਸਾਲੀ ਦਿੱਤੀ ਜਾਵੇ ਤਾਂ ਜੋ ਕੋਈ ਵੀ ਅਪਰਾਧੀ ਅੱਗੇ ਤੋਂ ਅਜਿਹਾ ਅਪਰਾਧ ਕਰਨ ਬਾਰੇ ਸੋਚ ਵੀ ਨਾ ਸਕੇ। ਅੱਜ ਦੇ ਇਸ ਡੈਪੂਟੇਸ਼ਨ ਵਿੱਚ ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਬਜਿੰਦਰ ਪੰਡਤ, ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਕਾਮਰੇਡ ਗੁਰਦੇਵ ਸਿੰਘ ਬਾਗੀ, ਕਾਮਰੇਡ ਪਵਨ



ਕੁਮਾਰ ਚੱਕ ਕਰਮਾਂ ਅਤੇ ਅਜਮੇਰ ਸਿੰਘ ਨੌਧੇ ਮਾਜਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਸੀ ਪੀ ਆਈ ਐਮ ਆਗੂਆਂ ਨੇ ਕਿਹਾ ਕਿ ਅੱਜ ਪੰਜਾਬ ਦੀ ਖੇਤੀ ਪ੍ਰਵਾਸੀ ਮਜ਼ਦੂਰਾਂ ਤੇ ਨਿਰਭਰ ਹੈ। ਉਹਨਾਂ ਪੰਜਾਬੀਆਂ ਨੂੰ ਅਜਿਹੇ ਮਾਮਲੇ ਵਿੱਚ ਚੌਕਸੀ ਅਤੇ ਸਮਝਦਾਰੀ ਤੋਂ ਕੰਮ ਲੈਣ ਦੀ ਅਪੀਲ ਕੀਤੀ ਤਾਂ ਜੋ ਸਾਡਾ ਸਮਾਜਿਕ ਤਾਣਾ ਬਾਣਾ ਤੋੜਨ ਵਾਲੀਆਂ ਤਾਕਤਾਂ ਨੂੰ ਨਾਕਾਮ ਕੀਤਾ ਜਾ ਸਕੇ।

# ਮਾਤਾ ਸਤਿਪਾਲ ਕੌਰ ਦਾ ਸਸਕਾਰ, ਅੰਤਮ ਅਰਦਾਸ 28 ਨੂੰ

**ਮੁਹਾਲੀ (ਗੁਰਜੀਤ ਬਿੱਲਾ)** ਪੰਜਾਬੀ ਲੇਖਕ ਰਿਪੁਦਮਨ ਸਿੰਘ ਰੂਪ ਦੀ ਜੀਵਨ-ਸਾਥਣ ਅਤੇ ਨਾਟਕਰਮੀ ਸੰਜੀਵਨ, ਰੰਜੀਵਨ ਦੀ ਮਾਤਾ ਸ੍ਰੀਮਤੀ ਸਤਿਪਾਲ ਕੌਰ ਨੂੰ ਬੀਤੀ ਦਿਨੀ ਬਲੌਂਗੀ ਦੇ ਸਮਸ਼ਾਨ ਘਾਟ ਮੁਹਾਲੀ ਵਿਖੇ ਵੱਡੀ ਗਿਣਤੀ ਵਿਚ ਲੇਖਕਾਂ, ਵਕੀਲਾਂ, ਰੰਗਮੰਚ ਅਤੇ ਫਿਲਮ ਅਦਾਕਾਰਾਂ, ਰਾਜਨੀਤਿਕ ਅਤੇ ਸਮਾਜਿਕ ਕਾਰਕੁਨਾਂ ਨੇ ਅਗਨੀ ਭੇਟ ਕੀਤਾ। ।ਮਾਤਾ ਸਤਿਪਾਲ ਕੌਰ ਨੂੰ ਅਗਨੀ ਭੇਟ ਕਰਨ ਮੌਕੇ ਹੋਰਨਾਂ ਤੋਂ ਇਲਾਵਾ ਝੱਜ ਟਰਾਂਪੋਰਟ ਦੇ ਕਰਤਾ-ਧਰਤਾ ਸ੍ਰੀ ਬਲਦੇਵ ਝੱਜ, ਪੰਜਾਬੀ ਅਦੀਬ ਅਤੇ ਵਿਦਵਾਨ ਸ਼ਾਮ ਸਿੰਘ ਅੰਗ-ਸੰਗ, ਡਾ. ਅਜਮੇਰ ਸਿੰਘ, ਅਵਤਾਰ ਸਿੰਘ ਪਾਲ, ਸ੍ਰੀਮਤੀ ਗੁਰਦੇਵ ਕੌਰ ਪਾਲ, ਸਾਬਕਾ ਸੈਨਟਰ ਰਵਿੰਦਰ ਸ਼ਾਰਮਾ, ਗੁਰਨਾਮ ਅਤੇ ਊਸਾ ਕੰਵਰ, ਮਨਮੋਹਨ ਸਿੰਘ ਦਾਊਂ, ਸਾਹਿਤ ਵਿਗਿਆਨ ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ, ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦੀਪਕ ਚਰਨਾਰਥਲ, ਜਨਰਲ ਸਕੱਤਰ ਭੁਪਿੰਦਰ ਸਿੰਘ ਮਲਿਕ, ਸਬਦੀਸ਼, ਕਰਮ ਸਿੰਘ ਵਕੀਲ, ਬਲਵਿੰਦਰ ਸਿੰਘ (ਉੱਤਮ ਸਵੀਟ), ਸਿਖਿਆ-ਦਾਨੀ ਸ੍ਰੀ ਐਮ.ਬੀ. ਐਸ. ਸ਼ੇਰਗਿੱਲ, ਇਪਟਾ, ਪੰਜਾਬ ਦੇ ਜਰਨਲ ਸਕੱਤਰ ਇੰਦਰਜੀਤ ਰੂਪੋਵਾਲੀ, ਸਕੱਤਰ ਇੰਦਰਜੀਤ ਮੋਗਾ, ਰੰਗਮੰਚ



ਅਤੇ ਫਿਲਮਾਂ ਦੇ ਅਦਾਕਾਰ ਬਲਕਾਰ ਸਿੱਧੂ (ਪ੍ਰਧਾਨ ਇਪਟਾ, ਚੰਡੀਗੜ੍ਹ), ਕਮਲਨੈਨ ਸਿੰਘ ਸੇਖੋਂ (ਜਨਰਲ ਸਕੱਤਰ ਇਪਟਾ, ਚੰਡੀਗੜ੍ਹ), ਰਮਨ ਅਤੇ ਜਸਬੀਰ ਢਿੱਲੋਂ, ਨਰਿੰਦਰ ਪਾਲ ਨੀਨਾ, ਅਰਜਨ ਸਿੰਘ, ਅੰਮ੍ਰਿਤਪਾਲ ਸਿੰਘ, ਸਰਘੀ ਪ੍ਰੀਵਾਰ ਦੇ ਰੰਗਕਰਮੀ ਲਖਵਿੰਦਰ ਸਿੰਘ, ਕੁੱਕੂ ਦੀਵਾਨ, ਨਰਿੰਦਰ ਨਸਰੀਨ, ਦਵਿੰਦਰ ਕੌਰ ਢਿੱਲੋਂ, ਬਬੀਤਾ ਜੈਸਵਾਲ, ਗੂੰਜਣ, ਐਡਵੋਕੇਟ ਕੁਲਬੀਰ ਸਿੰਘ ਧਾਲੀਵਾਲ, ਐਡਵੋਕੇਟ ਸੋਰਭ ਮਲਿਕ (ਸਾਬਕਾ, ਪ੍ਰਧਾਨ ਅਤੇ ਜਨਰਲ ਸਕੱਤਰ, ਬਾਰ ਅਸੋਸੀਏਸ਼ਨ, ਪੰਜਾਬ ਐਂਡ ਹਰਿਆਣਾ ਹਾਈ ਕੋਰਟ) ਐਡਵੋਕਟ ਸੰਦੀਪ, ਬ੍ਰਿਜੇਸ਼, ਹਰਜਿੰਦਰ ਸਿੰਘ ਢਿੱਲੋਂ, ਜੀ.ਬੀ.ਐਸ. ਢਿੱਲੋਂ, ਏ.ਡੀ.ਐਸ. ਸੂਖੀਜਾ ਸਮਾਜਿਕ ਕਾਰਕੁਨ ਸਤਵੀਰ ਧਨੋਆ (ਸਾਬਕਾ ਕੌਂਸਲਰ, ਨਗਰ ਨਿਗਮ,ਮੁਹਾਲੀ) ਅਸ਼ੋਕ ਬਜਹੇੜੀ, ਦਵਿੰਦਰ ਕੁਮਾਰ, ਕਿਸ਼ਣ ਲਾਲ ਸੈਣੀ, ਅਸ਼ਵਨੀ ਸ਼ਰਮਾ, ਗੁਰਬਚਨ ਸੋਢੀ, ਹਰਦੀਪ ਬਠਲਾਣਾ, ਗੁਰਮੀਤ ਸਿੰਘ, ਗੁਰਦੀਪ ਗਿੱਲ , ਡਾ. ਨਰਿੰਦਰ ਗੁਪਤਾ, ਕਾਮਰੇਡ ਗੁਰਦਿਆਲ ਸਿੰਘ ਆਦਿ ਸ਼ਾਮਿਲ ਸਨ। ਪਰਿਵਾਰ ਨੇ ਦੱਸਿਆ ਹੈ ਕਿ ਸ੍ਰੀਮਤੀ ਸਤਿਪਾਲ ਕੌਰ ਦੀ ਅੰਤਿਮ ਅਰਦਾਸ 28 ਸਤੰਬਰ, ਐਤਵਾਰ ਬਾਅਦ ਗੁਰੂਦੁਆਰਾ ਸ੍ਰੀ ਦਸਮੇਸ਼ ਦਰਬਾਰ ਸਾਹਿਬ, ਸੈਕਟਰ-40 ਸੀ, ਨੇੜੇ ਮਾਨਵ ਮੰਗਲ ਸਕੂਲ ਦੁਪਹਿਰ 1 ਤੋਂ 2 ਵਜੇ ਤੱਕ ਹੋਵੇਗੀ।ਕੁਲਜੀਤ ਸਿੰਘ ਬੇਦੀ ਡਿਪਟੀ ਮੇਅਰ, (ਨਗਰ ਨਿਗਮ ਮੁਹਾਲੀ) ਅਤੇ ਭਾਜਪਾ ਆਗੂ ਸ੍ਰੀਮਤੀ ਲਖਵਿੰਦਰ ਕੌਰ ਗਰਚਾ ਨੇ ਘਰ ਆ ਕੇ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਅਤੇ ਆਲੋਚਕ ਡਾ. ਸੁਖਦੇਸ ਸਿੰਘ ਸਿਰਸਾ, ਪੰਜਾਬੀ ਦੇ ਸ਼ਾਇਰ ਗੁਰਭਜਨ ਸਿੰਘ ਗਿੱਲ ਅਤੇ ਬੇਬਾਕ ਪੱਤਰਕਾਰ ਸਰਵਣ ਸਿੰਘ ਟਹਿਣਾ ਨੇ ਫੋਨ 'ਤੇ ਪ੍ਰੀਵਾਰ ਨਾਲ ਦੁਖ ਸਾਂਝਾ ਕੀਤਾ।

22-SEP-PAGE-3.qxd 9/21/2025 9:17 PM Page 2



## ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਸੰਬੰਧੀ ਬਲਾਕ ਪੱਧਰੀ ਕੈਂਪ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਯੋਗ ਅਗਵਾਈ ਹੇਠ ਮੁੱਖ ਖੇਤੀਬਾੜੀ ਅਫ਼ਸਰ ਡਾ. ਕਰਨਜੀਤ ਸਿੰਘ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਖੇਤੀਬਾੜੀ ਵਿਭਾਗ ਬਲਾਕ ਲੰਬੀ ਦੀ ਟੀਮ ਵੱਲੋਂ ਪਿੰਡ ਸਿੱਖਵਾਲਾ ਵਿਖੇ ਸਾਉਣੀ ਦੀਆਂ ਫ਼ਸਲਾਂ ਵਿੱਚ ਖਾਦ ਦੀ ਸੁਚੱਜੀ ਵਰਤੋਂ, ਕੀਟ ਪ੍ਰਬੰਧਨ, ਪਰਾਲੀ ਪ੍ਰਬੰਧਨ ਤੇ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਸਬੰਧੀ ਜਾਗਰੂਕਤਾ ਕਰਨ ਸਬੰਧੀ ਬਲਾਕ ਪੱਧਰੀ ਕੈਂਪ ਲਾਇਆ ਗਿਆ।ਕੈਂਪ ਦੀ ਪ੍ਰਧਾਨਗੀ ਮੁੱਖ ਖੇਤੀਬਾੜੀ ਅਫ਼ਸਰ ਡਾ. ਕਰਨਜੀਤ ਸਿੰਘ ਗਿੱਲ ਵੱਲੋਂ ਕੀਤੀ ਗਈ।ਡਾ. ਸੁਖਚੈਨ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਲੰਬੀ ਵੱਲੋਂ ਕੈਂਪ 'ਚ ਆਏ ਕਿਸਾਨਾਂ ਤੇ ਮਹਿਮਾਨਾਂ ਨੂੰ ਜੀ ਆਇਆਂ ਆਖ ਕੇ ਕੈਂਪ ਦੀ ਕਾਰਵਾਈ ਆਰੰਭ ਕਰਵਾਈ।ਉਨ੍ਹਾਂ ਵੱਲੋਂ ਝੋਨੇ ਦੀ ਫ਼ਸਲ ਵਿੱਚ ਖਾਦ ਪ੍ਰਬੰਧਨ ਅਤੇ ਝੋਨੇ/ਬਾਸਮਤੀ ਬਿਮਾਰੀਆਂ ਦੀ ਰੋਕਥਾਮ ਸਬੰਧੀ ਅਹਿਮ ਜਾਣਕਾਰੀ ਕਿਸਾਨਾਂ ਨੂੰ ਦਿੱਤੀ।ਇਸ ਮੌਕੇ ਡਾ. ਗੁਰਜੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਲੰਬੀ ਵੱਲੋਂ ਕਿਸਾਨਾਂ ਨੂੰ ਨਰਮੇ ਦੀ ਫ਼ਸਲ ਵਿੱਚ ਖਾਦ ਪ੍ਰਬੰਧਨ, ਕੀਟ ਪ੍ਰਬੰਧਨ ਤੇ ਮੀਂਹ ਦੇ ਮੌਸਮ ਵਿੱਚ ਫ਼ਸਲ ਦੀ ਸੰਭਾਲ ਸਬੰਧੀ ਅਹਿਮ ਨੁਕਤੇ ਕਿਸਾਨਾਂ ਨਾਲ ਸਾਂਝੇ ਕੀਤੇ।ਡਾ. ਕਰਨਜੀਤ ਸਿੰਘ ਪੀ.ਡੀ.ਆਤਮਾ ਵੱਲੋਂ ਬਾਸਮਤੀ ਦੀ ਫਸਲ ਵਿੱਚ ਖੇਤੀ ਖਰਚੇ ਘੱਟ ਕਰਨ ਸਬੰਧੀ ਜਾਣਕਾਰੀ ਕਿਸਾਨਾਂ ਨੂੰ ਦਿੱਤੀ ਗਈ ਤੇ ਆਤਮਾ ਵਿੰਗ ਦੀਆਂ ਕਿਸਾਨ ਪੱਖੀ ਗਤੀਵਿਧੀਆਂ ਬਾਰੇ ਦੱਸਿਆ ਗਿਆ।

## ਮਾਤਾ ਬੇਨਤੀ ਦੇਵੀ ਦੀ ਬਰਸੀ ਮੌਕੇ ਅੱਖਾਂ ਦਾ ਮੁਫ਼ਤ ਅਪ੍ਰੇਸ਼ਨ ਕੈਂਪ



**ਬੁਢਲਾਡਾ (ਅਸ਼ੋਕ ਲਾਕੜਾ)**-ਨੇਕੀ ਫਾਊਂਡੇਸ਼ਨ ਵੱਲੋਂ ਮਾਤਾ ਬੇਨਤੀ ਦੇਵੀ ਜੀ ਦੀ ਯਾਦ ਵਿੱਚ ਦੂਜੀ ਬਰਸੀ ਮੌਕੇ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਲਾਇਆ ਗਿਆ। ਕੈਂਪ ਵਿੱਚ ਸ਼ੰਕਰਾ ਹਸਪਤਾਲ ਲੁਧਿਆਣਾ ਦੀ ਮਾਹਿਰ ਟੀਮ ਨੇ ਆਪਣੀਆਂ ਸੇਵਾਵਾਂ ਦਿੱਤੀਆਂ।ਕੈਂਪ ਵਿੱਚ ਮੁਫ਼ਤ ਅੱਖਾਂ ਦੀਆਂ ਵੱਖ-ਵੱਖ ਬਿਮਾਰੀਆਂ ਦੀ ਜਾਂਚ, ਚਸ਼ਮੇ, ਮੁਫ਼ਤ ਅਪ੍ਰੇਸ਼ਨ, ਦਵਾਈਆਂ ਤੇ ਲੋੜ ਅਨੁਸਾਰ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਗਈ।ਲਗਭਗ 200 ਦੇ ਕਰੀਬ ਮਰੀਜਾਂ ਦਾ ਚੈਕਅੱਪ ਕੀਤਾ ਗਿਆ ਤੇ 25 ਦੇ ਕਰੀਬ ਮਰੀਜ਼ਾਂ ਨੂੰ ਚਿੱਟੇ ਮੋਤੀਏ ਦੇ ਮੁਫ਼ਤ ਅਪ੍ਰੇਸ਼ਨ ਲਈ ਲੁਧਿਆਣਾ ਹਸਪਤਾਲ ਭੇਜਿਆ ਗਿਆ।ਕੈਂਪ 'ਚ ਵਿਸ਼ੇਸ਼ ਤੌਰ 'ਤੇ ਮੋਤੀਆਬਿੰਦ, ਕਾਲਾ ਮੋਤੀਆ, ਅੱਖਾਂ ਦੀ ਰੋਸ਼ਨੀ ਘੱਟ ਹੋਣ ਤੇ ਹੋਰ ਗੰਭੀਰ ਬਿਮਾਰੀਆਂ ਦੀ ਜਾਂਚ ਕੀਤੀ ਗਈ।ਹਰਬਿਲਾਸ ਸ਼ਰਮਾ ਰਿਟ: ਜੇ.ਈ. ਵੱਲੋਂ ਆਪਣੀ ਸਵ: ਪਤਨੀ ਦੀ ਯਾਦ 'ਚ ਮਰੀਜ਼ਾਂ ਦੀ ਸਹੂਲਤ ਲਈ ਇੱਕ ਆਕਸੀਜਨ ਕੌਂਸਨਟ੍ਰੇਟਰ ਮਸ਼ੀਨ ਸੰਸਥਾ ਨੂੰ ਭੇਟ ਕੀਤੀ ਗਈ ਤੇ ਸਾਰੇ ਮਰੀਜ਼ਾਂ ਲਈ ਚਾਹ ਤੇ ਲੰਗਰ ਦੀ ਸੇਵਾ ਚਲਾਈ ਗਈ।ਨੇਕੀ ਫਾਊਂਡੇਸ਼ਨ ਵੱਲੋਂ ਪਿੰਡ ਬੋੜ੍ਹਾਵਾਲ ਦੇ ਸਵ: ਗੁਰਪਿਆਰ ਸਿੰਘ ਦੇ ਪਰਵਾਰ ਨੂੰ ਮੌਤ ਉਪਰੰਤ ਅੱਖਾਂ ਦਾਨ ਕਰਨ ਬਦਲੇ ਸਨਮਾਨਤ ਕੀਤਾ ਗਿਆ।

## ਹਲਕਾ ਇੰਚਾਰਜ ਨਿਯੁਕਤ ਕਰਨ 'ਤੇ ਕਿਰਨਪਾਲ ਸਿੰਘ ਮਾਨ ਨੂੰ ਦਿੱਤੀ ਵਧਾਈ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਆਮ ਆਦਮੀ ਪਾਰਟੀ ਦੇ ਮੁੱਖ ਦਫ਼ਤਰ ਵਿਖੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਰਨਪਾਲ ਸਿੰਘ ਮਾਨ ਪ੍ਰਧਾਨ ਟਰੱਕ ਯੂਨੀਅਨ ਨੂੰ ਪਾਰਟੀ ਵੱਲੋਂ ਹਲਕਾ ਗਿੱਦੜਬਾਹਾ ਦਾ ਸੰਗਠਨ ਇੰਚਾਰਜ ਲਗਾਉਣ 'ਤੇ ਮੁਬਾਰਕਬਾਦ ਦਿੱਤੀ ਅਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ।ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਕਿਰਨਪਾਲ ਸਿੰਘ ਮਾਨ ਨੂੰ ਹਲਕਾ ਗਿੱਦੜਬਾਹਾ ਦਾ ਸੰਗਠਨ ਇੰਚਾਰਜ ਨਿਯੁਕਤ ਕਰਨ ਨਾਲ ਹਲਕਾ ਗਿੱਦੜਬਾਹਾ ਵਿੱਚ ਪਾਰਟੀ ਹੋਰ ਮਜਬੂਤ ਹੋਵੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਹੋਏ ਵਾਅਦਿਆਂ ਨੂੰ ਨਿਰੰਤਰ ਪੂਰਾ ਕੀਤਾ ਜਾ ਰਿਹਾ ਹੈ। ਕਿਰਨਪਾਲ ਸਿੰਘ ਮਾਨ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਉਸ ਨੂੰ ਜੋ ਜ਼ਿੰਮੇਵਾਰੀ ਦਿੱਤੀ ਹੈ, ਮੈਂ ਉਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ।

## ਤਰਕਸ਼ੀਲ ਸੁਸਾਇਟੀ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਕੋਸ਼ਿਸ਼ਾਂ ਜਾਰੀ



**ਮਾਨਸਾ (ਆਤਮਾ ਸਿੰਘ ਪਮਾਰ)**-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਮਾਨਸਾ ਦੀ ਜ਼ਰੂਰੀ ਮੀਟਿੰਗ ਪੈਨਸ਼ਨਰਜ਼ ਭਵਨ ਵਿਖੇ ਹੋਈ। ਪਿਛਲੇ ਪ੍ਰੋਗਰਾਮਾਂ ਦੇ ਰਿਵਿਊ ਉਪਰੰਤ ਹੜ੍ਹਾਂ ਕਾਰਨ ਅੱਗੇ ਪਾਈ ਗਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਲਈ ਜੋ ਜ਼ੋਨ ਮਾਨਸਾ ਦੇ ਵੱਖ-ਵੱਖ ਸਕੂਲਾਂ ਵਿੱਚ ਡਿਊਟੀਆਂ ਪਹਿਲਾਂ ਤੋਂ ਤਹਿ ਕੀਤੀਆਂ ਗਈਆਂ ਸਨ, ਸਟੇਟ ਕਮੇਟੀ ਵੱਲੋਂ ਪ੍ਰੀਖਿਆ ਦੀ ਤਰੀਕ ਤਹਿ ਹੁੰਦਿਆਂ ਹੀ ਮੁੜ ਤੋਂ ਸੰਭਾਲੀਆਂ ਜਾਣਗੀਆਂ। ਇਸ ਸੰਬੰਧੀ ਦੁਬਾਰਾ ਦਰੁਸਤੀ ਵੀ ਕੀਤੀ ਗਈ। ਇਕਾਈ ਮੁਖੀ ਮਾ. ਲੱਖਾ ਸਿੰਘ ਸਹਾਰਨਾ, ਮਾ. ਮਹਿੰਦਰਪਾਲ ਅਤਲਾ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਇਕਾਈ ਦੇ ਲਗਭਗ 24 ਸਕੂਲ ਪ੍ਰੀਖਿਆ 'ਚ ਭਾਗ ਲੈਣਗੇ ਤੇ ਸੁਸਾਇਟੀ ਵੱਲੋਂ ਭੇਜੀ ਗਈ ਸਾਹਿਤਕ ਵੈਨ ਨੇ 19 ਸਕੂਲਾਂ ਵਿੱਚ ਆਪਣਾ ਸਫ਼ਰ ਤਹਿ ਕਰਕੇ ਲਗਭਗ 18000/-ਹਜਾਰ ਰੁਪੈ ਦਾ ਵਿਗਿਆਨਕ ਸਾਹਿਤ ਵਿਦਿਆਰਥੀਆਂ ਵਿੱਚ ਵੰਡ ਦਿੱਤਾ ਹੈ। ਵਿੱਤ ਵਿਭਾਗ ਮੁਖੀ ਗੁਰਦੀਪ ਸਿੰਘ ਸਿੱਧੂ, ਆਗੂ ਕ੍ਰਿਸ਼ਨ ਮਾਨਬੀਬੜੀਆਂ, ਆਤਮਾ ਸਿੰਘ ਪਮਾਰ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਮੀਟਿੰਗ 'ਚ ਇੱਕ ਮਤਾ ਵੀ ਪਾਸ ਕੀਤਾ।ਮਤੇ ਅਨੁਸਾਰ ਇਕਾਈ ਵੱਲੋਂ ਆਪਣੇ ਪੱਧਰ 'ਤੇ ਸਹਾਇਤਾ ਫੰਡ ਇਕੱਠਾ ਕਰਕੇ ਸਟੇਟ ਕਮੇਟੀ ਨੂੰ ਪਹੁੰਚਦਾ ਕੀਤਾ ਜਾਵੇਗਾ ਤੇ ਸਟੇਟ ਕਮੇਟੀ ਲੋੜਵੰਦਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਮੁੜ ਪੈਰਾਂ ਸਿਰ ਖੜਾ ਕਰਨ ਲਈ ਸਹਾਇਤਾ ਰਾਸ਼ੀ ਦੀ ਵੰਡ ਕਰੇਗੀ। ਆਗੂਆਂ ਨੇ ਸੁਸਾਇਟੀ ਦੇ ਬਾਕੀ ਮੈਂਬਰਾਂ ਨੂੰ ਨੂੰ ਵੀ ਅਪੀਲ ਕੀਤੀ ਕਿ ਇਸ ਔਖੀ ਘੜੀ 'ਚ ਜ਼ਰੂਰਤਮੰਦਾਂ ਦੀ ਸਹਾਇਤਾ ਲਈ ਅੱਗੇ ਆਉਣ।

## ਬਾਬਾ ਜੀ ਦਾ ਆਗਮਨ ਪੁਰਬ ਪੰਜਾਬੀ ਭਾਸ਼ਾ ਦਿਵਸ ਵਜੋਂ ਮਨਾਇਆ ਜਾਵੇਗਾ : ਚੱਠਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਇਤਿਹਾਸਕ ਫ਼ੈਸਲਾ ਲੈਂਦੇ ਹੋਏ ਐਲਾਨ ਕੀਤਾ ਗਿਆ ਹੈ ਕਿ ਸੰਸਾਰ ਭਰ 'ਚ ਪੰਜਾਬੀ ਬੋਲੀ ਦੇ ਮੁੱਢਲੇ ਕਵੀਆਂ 'ਚੋਂ ਮਹਾਨ ਕਵੀ ਬਾਬਾ ਫ਼ਰੀਦ ਜੀ ਦੇ ਆਗਮਨ ਪੁਰਬ 23 ਸਤੰਬਰ ਨੂੰ ਸੰਸਾਰ ਭਰ ਵਿਚ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਇਆ ਜਾਵੇਗਾ।ਪੰਜਾਬ ਅਨਏਡਿਡ ਡਿਗਰੀ ਕਾਲਜ ਐਸੋਸੀਏਸ਼ਨ (ਪੁਡਕਾ) ਦੇ ਪ੍ਰਧਾਨ ਅਤੇ ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਐੱਸ.ਐੱਸ.ਚੱਠਾ ਨੇ ਕਿਹਾ ਕਿ ਪੰਜਾਬ ਦੀ ਡਿਗਰੀ ਕਾਲਜ ਐਸੋਸੀਏਸ਼ਨ ਇਸ ਇਤਿਹਾਸਕ ਫੈਸਲੇ ਦਾ ਸੁਆਗਤ ਕਰਦੀ ਹੈ ਤੇ ਪੰਜਾਬੀ ਮਾਂ ਬੋਲੀ ਪ੍ਰਤੀ ਆਪਣਾ ਫ਼ਰਜ਼ ਅਦਾ ਕਰਨ ਲਈ ਪੰਜਾਬ ਦੇ ਸਾਰੇ ਡਿਗਰੀ ਕਾਲਜਾਂ ਵਿੱਚ ਆਪਣੇ ਆਪਣੇ ਢੰਗ ਨਾਲ ਸੱਭਿਆਚਾਰਕ ਜਾਂ ਸਾਹਿਤਕ ਸਮਾਗਮ ਕਰਕੇ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਉਣ ਲਈ ਜ਼ੋਰਦਾਰ ਅਪੀਲ ਵੀ ਕਰਦੀ ਹੈ। ਚੱਠਾ ਨੇ ਕਿਹਾ ਕਿ ਪੰਜਾਬੀਆਂ ਨੇ ਦੁਨੀਆਂ ਦੇ ਹਰ ਖੇਤਰ ਵਿਚ ਆਪਣੇ ਗੀਤ, ਸੰਗੀਤ, ਸੱਭਿਆਚਾਰ, ਕਾਮਯਾਬੀ ਤੇ ਚੜ੍ਹਦੀ ਕਲਾ ਦੇ ਜੀਵਨ ਦਾ ਡੰਕਾ ਵਜਾਇਆ ਹੋਇਆ ਹੈ।ਦੁਨੀਆ ਦੇ ਬਿਹਤਰੀਨ ਏਅਰਪੋਰਟਾਂ ਉੱਪਰ ਪੰਜਾਬੀ ਵਿੱਚ ਸੂਚਕ ਬੋਰਡ ਲੱਗੇ ਹਨ।ਇਸ ਲਈ ਹਰ ਪੰਜਾਬੀ ਦਾ ਫ਼ਫ਼ਜ਼ ਬਣਦਾ ਹੈ ਕਿ ਉਹ ਵਿਸ਼ਵ ਪੰਜਾਬੀ ਦਿਵਸ ਉੱਪਰ ਆਪਣਾ ਬਣਦਾ ਯੋਗਦਾਨ ਜ਼ਰੂਰ ਪਾਵੇ।ਆਪਣਾ ਪੰਜਾਬ ਫਾਊਂਡੇਸ਼ਨ ਦੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਬੁੱਧੀਜੀਵੀ ਵਰਗ ਨੂੰ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਲੋਕਾਂ ਨੂੰ ਵਿਸ਼ਵ ਪੰਜਾਬੀ ਦਿਵਸ ਮੌਕੇ ਪੰਜਾਬੀ ਬੋਲੀ, ਭਾਸ਼ਾ, ਪੰਜਾਬੀ ਸੱਭਿਆਚਾਰ, ਪੰਜਾਬੀ ਪਹਿਰਾਵਾ, ਪੰਜਾਬੀ ਪਕਵਾਨ ਤੇ ਵਿਰਾਸਤ ਦੇ ਹਰ ਪੱਖ ਨੂੰ ਪ੍ਰਫੁੱਲਤ ਕਰਨ ਦੇ ਯਤਨ ਕੀਤੇ ਜਾਣ ਤੇ ਸੋਸ਼ਲ ਮੀਡੀਆ ਦੀ ਵਰਤੋਂ ਕਰਦੇ ਸਮੇਂ ਵੱਧ ਤੋਂ ਵੱਧ ਪੰਜਾਬੀ ਭਾਸ਼ਾ ਦੀ ਵਰਤੋਂ ਕੀਤੀ ਜਾਵੇ ਤਾਂ ਜੁ ਪੰਜਾਬੀ ਸੰਸਾਰ ਦੀਆਂ ਪ੍ਰਮੁੱਖ ਭਸ਼ਾਵਾਂ ਵਿੱਚ ਅੱਗੇ ਆ ਸਕੇ।

# ਫ਼ਿਰੋਜ਼ਪੁਰ ਡਵੀਜ਼ਨ 'ਚ ਵਿਸ਼ੇਸ਼ ਸਵੱਛਤਾ ਮੁਹਿੰਮ ਤੇ ਸਿਹਤ ਜਾਂਚ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਰੇਲਵੇ ਡਵੀਜ਼ਨ ਵਿਚ ਸਵੱਛਤਾ ਤੇ ਸਿਹਤ ਦੇ ਮੁੱਦਿਆਂ ਨੂੰ ਸੰਬੋਧਨ ਕਰਨ ਲਈ ਕਈ ਤਰ੍ਹਾਂ ਦੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਵਿੱਚ 'ਸਵੱਛਤਾ ਹੀ ਸੇਵਾ-2025' ਮੁਹਿੰਮ ਦੇ ਹਿੱਸੇ ਵਜੋਂ ਰੇਲਵੇ ਕਲੋਨੀਆਂ, ਦਫ਼ਤਰਾਂ ਤੇ ਆਰਾਮ ਘਰਾਂ ਵਿਚ ਵਿਸ਼ੇਸ਼ ਸਫ਼ਾਈ ਮੁਹਿੰਮਾਂ



ਤੇ ਕ੍ਰਮਚਾਰੀਆਂ ਤੇ ਉਨ੍ਹਾਂ ਦੇ ਪਰਵਾਰਾਂ ਲਈ ਸਿਹਤ ਜਾਂਚ ਸ਼ਾਮਲ ਹਨ।20 ਸਤੰਬਰ 2025 ਨੂੰ 'ਸਵੱਛ-ਉਤਸਵ' ਦੇ ਤਹਿਤ ਰੇਲਵੇ ਅਫਸਰਜ਼ ਕਲੱਬ ਵਿਚ 'ਸਵੱਛ ਭਾਰਤ ਮਿਸ਼ਨ ਸਪੋਰਟਸ ਲੀਗ' ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੇ ਵੱਡੇ ਪੱਧਰ 'ਤੇ ਸਵੱਛਤਾ ਲਈ ਸੇਵਾ ਦਾ ਯੋਗਦਾਨ ਦਿੱਤਾ, ਜਿਸ ਤੋਂ ਬਾਅਦ ਇਕ ਵਾਲੀਬਾਲ ਮੈਚ ਕਰਾਇਆ ਗਿਆ। ਇਸੇ ਦਿਨ 'ਸਵਸਥ ਨਾਰੀ ਸਸ਼ਕਤ ਪਰਿਵਾਰ' ਮੁਹਿੰਮ ਤਹਿਤ ਜਲੰਧਰ ਸਿਟੀ ਸਥਿਤ ਸਿਹਤ ਯੂਨਿਟ ਵਿਚ 30 ਮਹਿਲਾ ਕ੍ਰਮਚਾਰੀਆਂ ਦੀ ਗਾਇਨੀਕੋਲੋਜੀਕਲ ਜਾਂਚ ਕੀਤੀ ਗਈ।

18 ਤੋਂ 20 ਸਤੰਬਰ ਤੱਕ ਜਲੰਧਰ ਸਿਟੀ, ਜਲੰਧਰ ਕੈਂਟ, ਅੰਮ੍ਰਿਤਸਰ, ਲੁਧਿਆਣਾ, ਫ਼ਿਰੋਜ਼ਪੁਰ ਕੈਂਟ ਤੇ ਫ਼ਗਵਾੜਾ ਵਰਗੇ ਰੇਲਵੇ ਸਟੇਸ਼ਨਾਂ 'ਤੇ ਇਕ ਵਿਆਪਕ ਸਫ਼ਾਈ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੌਰਾਨ ਰੇਲਵੇ ਕਲੋਨੀਆਂ, ਦਫ਼ਤਰਾਂ, ਵੇਟਿੰਗ ਹਾਲ ਤੇ ਰੇਸਟ ਹਾਊਸਾਂ ਦੀ ਵਿਸ਼ੇਸ਼ ਸਫ਼ਾਈ ਕੀਤੀ ਗਈ। ਸਟੇਸ਼ਨਾਂ 'ਤੇ ਸੁੱਕੇ ਅਤੇ ਗਿੱਲੇ ਕੂੜੇ ਨੂੰ ਵੱਖ ਕਰਨ ਲਈ ਡਸਟਬਿਨ ਵੀ ਰੱਖੇ ਗਏ ਸਨ ਤਾਂ ਜੁ ਸਵੱਛਤਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਸਕੇ। 19 ਸਤੰਬਰ ਨੂੰ ਫ਼ਿਰੋਜ਼ਪੁਰ ਡਵੀਜ਼ਨ ਦੀ ਮੈਡੀਕਲ ਟੀਮ ਨੇ ਜਗਰਾਓਂ, ਅਜੀਤਵਾਲ, ਮੋਗਾ, ਡਗਰੂ, ਤਲਵੰਡੀ ਤੇ ਫ਼ਿਰੋਜ਼ਸ਼ਾਹ ਰੇਲਵੇ ਸਟੇਸ਼ਨਾਂ 'ਤੇ ਇਕ ਵਿਸ਼ੇਸ਼ ਰੇਲ ਗੱਡੀ ਰਾਹੀਂ ਸਿਹਤ ਜਾਂਚ ਕੈਂਪ ਲਾਏ। ਡਾ. ਹਤਿੰਦਰ ਅਤੇ ਡਾ. ਅਸ਼ੁਤੋਸ਼ ਵਾਤਸਯਾਇਨ ਦੀ ਟੀਮ ਨੇ ਕ੍ਰਮਚਾਰੀਆਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਦੇ ਹਾਈਪਰਟੈਨਸ਼ਨ ਤੇ ਡਾਇਬੀਟੀਜ਼ ਦੀ ਜਾਂਚ ਕੀਤੀ, ਜਿਸ ਵਿਚ ਕੁੱਲ 89 ਲੋਕਾਂ ਦੀ ਸਕ੍ਰੀਨਿੰਗ ਕੀਤੀ ਗਈ।

ਇਸ ਤੋਂ ਇਲਾਵਾ ਡਾ. ਹਤਿੰਦਰ ਨੇ ਅਨੀਮੀਆ 'ਤੇ ਇਕ ਕਾਉਂਸਲਿੰਗ ਸੈਸ਼ਨ ਵੀ ਆਯੋਜਤ ਕੀਤਾ, ਜਿਸ ਵਿਚ 25 ਕ੍ਰਮਚਾਰੀਆਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੇ ਭਾਗ ਲਿਆ।

## ਭਾਜਪਾ ਆਗੂ ਨੇ ਕੀਤੀ ਰਵਨੀਤ ਬਿੱਟੂ ਨਾਲ ਮੁਲਾਕਾਤ

**ਧੂਰੀ (ਮਹੇਸ਼ ਜਿੰਦਲ)**-ਭਾਜਪਾ ਆਗੂ ਭੂਪੇਸ਼ ਜਿੰਦਲ ਨੇ ਆਵਾਜਾਈ ਲਈ ਸਮੱਸਿਆ ਬਣੇ ਅੰਦਰੂਨੀ ਰੇਲਵੇ ਫਾਟਕਾਂ ਸਮੇਤ ਦਰਪੇਸ਼ ਹੋਰ ਸਮੱਸਿਆਵਾਂ ਨੂੰ ਲੈ ਕੇ ਪਿਛਲੇ ਦਿਨੀਂ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਦਿੱਲੀ ਵਿਖੇ ਮੁਲਾਕਾਤ ਕੀਤੀ ਤੇ ਮੰਗ ਪੱਤਰ ਸੌਂਪਿਆ।ਭੂਪੇਸ਼ ਜਿੰਦਲ ਨੇ ਬਿੱਟੂ ਨਾਲ ਮੁਲਾਕਾਤ ਦੌਰਾਨ ਧੂਰੀ ਸ਼ਹਿਰ ਦੇ ਲੋਹਾ ਬਜ਼ਾਰ ਵਾਲੇ ਰੇਲ ਫਾਟਕਾਂ 'ਤੇ ਬਣਨ ਵਾਲੇ ਓਵਰਬ੍ਰਿਜ ਨੂੰ ਮਨਜ਼ੂਰੀ ਦੇਣ, ਸ਼ਹਿਰੋਂ ਬਾਹਰ ਮਾਨਕਵਾਲਾ ਰੋਡ ਵਾਲੇ ਰੇਲ ਫਾਟਕਾਂ 'ਤੇ ਬਣਨ ਵਾਲੇ ਅੰਡਰ ਬ੍ਰਿਜ ਨੂੰ ਚੌੜਾ ਕਰਨ ਅਤੇ ਗੋਦਾਮਾਂ 'ਚ ਨਵੇਂ ਚਾਵਲ ਲਾਉਣ ਲਈ ਜਗ੍ਹਾ ਬਣਾਉਣ ਵਾਸਤੇ ਚਾਵਲਾਂ ਦੀਆਂ ਸਪੈਸ਼ਲਾਂ ਲਈ ਰੇਲ ਗੱਡੀਆਂ ਦਾ ਪ੍ਰਬੰਧ ਕਰਨ ਵਰਗੇ ਚਲੰਤ ਮੁੱਦਿਆਂ 'ਤੇ ਬਿੱਟੂ ਨਾਲ ਵਿਚਾਰ ਚਰਚਾ ਕੀਤੀ।ਭੂਪੇਸ਼ ਜਿੰਦਲ ਅਨੁਸਾਰ ਕੇਂਦਰੀ ਰੇਲਵੇ ਮੰਤਰੀ ਬਿੱਟੂ ਨੇ ਭਰੋਸਾ ਦਿੱਤਾ ਕਿ ਇਨ੍ਹਾਂ ਸਮੱਸਿਆਵਾਂ ਦਾ ਹਲ ਛੇਤੀ ਕੀਤਾ ਜਾਵੇਗਾ। ਕੇਂਦਰੀ ਮੰਤਰੀ ਨਾਲ ਮੁਲਾਕਾਤ ਸਮੇਂ ਰਾਈਸ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਸ਼ੋਕ ਕੁਮਾਰ ਜਿੰਦਲ ਵੀ ਉਨ੍ਹਾਂ ਨਾਲ ਮੌਜੂਦ ਸਨ।



## ਰੁਪਿੰਦਰ ਕੌਰ ਨੇ ਜੈਵਲਿਨ ਤੇ ਡਿਸਕਸ ਥ੍ਰੋਅ 'ਚ ਗੋਲਡ ਮੈਡਲ ਜਿੱਤੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਦੇ ਵਿਦਿਆਰਥੀਆਂ ਨੇ ਅਥਲੈਟਿਕਸ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਸਕੂਲ ਦੀ ਵਿਦਿਆਰਥਣ ਰੁਪਿੰਦਰ ਕੌਰ ਨੇ ਜੈਵਲਿਨ ਤੇ ਡਿਸਕਸ ਥ੍ਰੋਅ ਵਿੱਚ ਦੋ ਗੋਲਡ ਮੈਡਲ ਪ੍ਰਾਪਤ ਕੀਤੇ ਤੇ ਇਤਿਹਾਸ ਰਚਿਆ।ਵਿਦਿਆਰਥੀ ਮਨਿੰਦਰ ਸਿੰਘ ਨੇ 400 ਮੀਟਰ ਦੌੜ ਵਿੱਚ ਸੋਨ ਤਗਮਾ ਜਿੱਤਿਆ।ਜਸ਼ਨਪ੍ਰੀਤ ਨੇ ਡਿਸਕਸ ਥ੍ਰੋ ਵਿੱਚ ਚਾਂਦੀ ਦਾ ਤਗਮਾ ਤੇ 110 ਮੀਟਰ ਹਰਡਲਜ਼ ਵਿੱਚ ਕਾਂਸੀ ਦਾ ਤਗਮਾ ਜਿੱਤਿਆ।ਇਸਲਮਪਾਲ ਨੇ 110 ਮੀਟਰ ਹਰਡਲਜ਼ ਵਿੱਚ ਚਾਂਦੀ ਦਾ ਤਗਮਾ ਜਿੱਤਿਆ। ਸੁਖਮਨ ਨੇ ਲੰਬੀ ਛਾਲ ਵਿੱਚ ਚਾਂਦੀ ਦਾ ਤਗਮਾ ਤੇ 110 ਮੀਟਰ ਹਰਡਲਸ ਵਿੱਚ ਕਾਂਸੀ ਦਾ ਤਗਮਾ ਜਿੱਤਿਆ।ਟੀਮ ਮੁਕਾਬਲੇ ਵਿੱਚ ਹਰਬਖਸ਼ ਸਿੰਘ, ਸਾਹਿਬ ਭਾਟੀਆ, ਸੁਖਮਨ ਸਿੰਘ ਤੇ ਮਨਿੰਦਰ ਸਿੰਘ ਨੇ ਸ਼ਾਨਦਾਰ ਤਾਲਮੇਲ ਦਿਖਾਇਆ ਅਤੇ ਰਿਲੇਅ ਦੌੜ ਵਿੱਚ ਚਾਂਦੀ ਦਾ ਤਗਮਾ ਜਿੱਤਿਆ।ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਨਮਿਤਾ ਬਾਂਸਲ ਤੇ ਸਕੂਲ ਦੀ ਪ੍ਰਿੰਸੀਪਲ ਗੀਤਾ ਪਿੱਲਈ ਨੇ ਇਸ ਪ੍ਰਾਪਤੀ 'ਤੇ ਮਾਣ ਪ੍ਰਗਟ ਕਰਦੇ ਹੋਏ ਸਾਰੇ ਖਿਡਾਰੀਆਂ ਨੂੰ ਸਖ਼ਤ ਮਿਹਨਤ ਅਤੇ ਸ਼ਾਨਦਾਰ ਪ੍ਰਾਪਤੀਆਂ ਲਈ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦਾਂ ਨੂੰ ਸਹਾਇਤਾ ਰਾਸ਼ੀ ਪ੍ਰਦਾਨ



**ਸ਼੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਡਾ. ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੇਰਾ ਭਾਈ ਮਸਤਾਨ ਸਿੰਘ ਸ਼੍ਰੀ ਮੁਕਤਸਰ ਸਾਹਿਬ ਵਿਖੇ 329 ਲੋੜਵੰਦਾਂ ਪਰਵਾਰਾਂ ਨੂੰ ਦੋ ਲੱਖ ਸੱਤਰ ਹਜ਼ਾਰ ਰੁਪਏ ਦੇ ਕਰੀਬ ਸਹਾਇਤਾ ਰਾਸ਼ੀ ਮਹੰਤ ਕਸ਼ਮੀਰ ਸਿੰਘ ਦੀ ਰਹਿਨੁਮਾਈ ਹੇਠ ਦਿੱਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਹ ਸਹਾਇਤਾ ਰਾਸ਼ੀ ਬੇਸਹਾਰਾ ਬੱਚਿਆਂ, ਬੇਸਹਾਰਾ ਬਜ਼ੁਰਗਾਂ, ਬੇਸਹਾਰਾ ਵਿਧਵਾਵਾਂ ਤੇ ਕੰਮ ਕਰਨ ਤੋਂ ਅਸਮਰਥ ਬਜ਼ੁਰਗਾਂ ਨੂੰ ਦਿੱਤੀ ਗਈ।ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦਾਂ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ ਤੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਡਾ. ਓਬਰਾਏ ਦੇ ਇਸ ਉਪਰਾਲੇ ਨਾਲ ਸਾਡੇ ਚੁੱਲ੍ਹੇ ਬਲਦੇ ਹਨ। ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ ਨੇ ਦੱਸਿਆ ਕਿ ਟਰੱਸਟ ਦੀ ਕੋਈ ਵੀ ਰਸੀਦ ਬੁੱਕ ਨਹੀਂ ਹੈ, ਇਹ ਸਾਰਾ ਖਰਚ ਡਾਕਟਰ ਓਬਰਾਏ ਵਲੋਂ ਅਪਣੀ ਨੇਕ ਕਮਾਈ ਵਿਚੋਂ ਦਸਵੰਧ ਕੱਢ ਕੇ ਕੀਤੀ ਜਾਂਦੀ ਹੈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਰਾਸ਼ਟਰੀ ਪੁਲਾੜ ਦਿਵਸ ਮਨਾਇਆ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਭੌਤਿਕ ਵਿਗਿਆਨ ਵਿਭਾਗ ਨੇ ਰਾਸ਼ਟਰੀ ਪੁਲਾੜ ਦਿਵਸ-2025 ਮੌਕੇ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ। ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਿਗਿਆਨਕ ਉਤਸੁਕਤਾ ਨੂੰ ਉਤਸ਼ਾਹਤ ਕਰਨਾ ਅਤੇ ਪੁਲਾੜ ਖੋਜ ਦੀ ਮਹੱਤਤਾ ਨੂੰ ਉਜਾਗਰ ਕਰਨਾ ਸੀ।ਵਿਭਾਗ ਨੇ ਦਿਲਚਸਪ ਗਤੀਵਿਧੀਆਂ ਦੀ ਇੱਕ ਲੜੀ ਦਾ ਆਯੋਜਨ ਕੀਤਾ, ਜਿਸ ਵਿੱਚ ਖਗੋਲ ਵਿਗਿਆਨ ਤੇ ਪੁਲਾੜ ਖੋਜ 'ਤੇ ਕੁਇਜ਼ ਮੁਕਾਬਲਾ ਅਤੇ ਦਸਤਾਵੇਜ਼ੀ ਸਕ੍ਰੀਨਿੰਗ ਸੈਸ਼ਨ ਸ਼ਾਮਲ ਸੀ। ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਗਣਿਤ ਤੇ ਬਾਇਓਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ। ਭੌਤਿਕ ਵਿਗਿਆਨ ਅਤੇ ਰਸਾਇਣ ਵਿਗਿਆਨ ਵਿਭਾਗਾਂ ਦੀਆਂ ਦਸ ਤੋਂ ਵੱਧ ਟੀਮਾਂ ਨੇ ਕੁਇਜ਼ ਵਿੱਚ ਹਿੱਸਾ ਲਿਆ।ਜੇਤੂ ਟੀਮ ਵਿੱਚ ਬੀ.ਐਸ.ਸੀ. (ਆਨਰਜ਼) ਭੌਤਿਕ ਵਿਗਿਆਨ ਤੋਂ ਸੋਨਿਕਾ ਦੇਵੀ, ਰਾਜਿੰਦਰ ਕੌਰ ਤੇ ਸੁਖਨੀਤ ਕੌਰ ਸ਼ਾਮਲ ਸਨ, ਜਦੋਂਕਿ ਉਪ ਜੇਤੂ ਟੀਮ ਵਿੱਚ ਇਸ਼ੀਕਾ ਸੋਫਤ (ਐਮ.ਐਸ.ਸੀ. ਆਨਰਜ਼ ਭੌਤਿਕ ਵਿਗਿਆਨ), ਗੁਰਜੋਤ ਕੌਰ ਤੇ ਜਸਲੀਨ ਕੌਰ (ਐਮ.ਐਸ.ਸੀ. ਆਨਰਜ਼ ਕੈਮਿਸਟਰੀ) ਸ਼ਾਮਲ ਸਨ। ਦਸਤਾਵੇਜ਼ੀ ਸੈਸ਼ਨ ਵਿੱਚ ਦੋ ਫਿਲਮਾਂ ਪ੍ਰਦਰਸ਼ਤ ਕੀਤੀਆਂ ਗਈਆਂ। ਡਾ. ਸੁਖਦੀਪ ਸਿੰਘ ਭੌਤਿਕ ਵਿਗਿਆਨ ਦੇ ਸਹਾਇਕ ਪ੍ਰੋਫੈਸਰ ਨੇ ਇਸ ਪ੍ਰੋਗਰਾਮ ਦਾ ਆਯੋਜਨ ਕੀਤਾ।ਵਿਭਾਗ ਦੇ ਮੁਖੀ ਡਾ. ਪ੍ਰੀਤ ਕੌਰ ਨੇ ਦੱਸਿਆ ਕਿ ਰਾਸ਼ਟਰੀ ਪੁਲਾੜ ਦਿਵਸ 23 ਅਗਸਤ, 2023 ਨੂੰ ਚੰਦਰਮਾ 'ਤੇ ਚੰਦਰਯਾਨ-3 ਦੇ ਸਫ਼ਲ ਸਾਫਟ ਲੈਂਡਿੰਗ ਦੀ ਯਾਦ ਦਿਵਾਉਂਦਾ ਹੈ, ਜੋ ਭਾਰਤ ਦੀ ਪੁਲਾੜ ਖੋਜ ਯਾਤਰਾ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਹੈ।ਡਾ. ਤੇਜਬੀਰ ਸਿੰਘ, ਭੌਤਿਕ ਵਿਗਿਆਨ ਦੇ ਪ੍ਰੋਫੈਸਰ ਨੇ ਵਿਦਿਆਰਥੀਆਂ ਨੂੰ ਪੁਲਾੜ ਵਿਗਿਆਨ ਖੋਜ ਨੂੰ ਅੱਗੇ ਵਧਾਉਣ ਤੇ ਅਰਥਪੂਰਨ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ।ਯੂਨੀਵਰਸਿਟੀ ਦੇ ਵਾਇਸ-ਚਾਂਸਲਰ, ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਭੌਤਿਕ ਵਿਗਿਆਨ ਵਿਭਾਗ ਦੀ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਉਤਸ਼ਾਹ ਲਈ ਵਧਾਈ ਦਿੱਤੀ।

## ਨਸ਼ਿਆਂ ਦੇ ਖ਼ਾਤਮੇ ਲਈ ਪੰਚਾਇਤਾਂ ਤੇ ਆਮ ਲੋਕਾਂ ਨੂੰ ਸਹਿਯੋਗ ਦੀ ਅਪੀਲ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਸਰਕਾਰ ਤੇ ਪੁਲਿਸ ਵਿਭਾਗ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਐਸ.ਐੱਚ.ਓ. ਸਰਬਜੀਤ ਸਿੰਘ ਵਲੋਂ ਪਿੰਡ ਰਾਏਸਰ ਪਟਿਆਲਾ ਵਿਖੇ ਡਿਫ਼ੈਂਸ ਕਮੇਟੀ ਨਾਲ ਅਹਿਮ ਮੀਟਿੰਗ ਕੀਤੀ ਗਈ। ਐਸ.ਐਚ.ਓ. ਸਰਬਜੀਤ ਸਿੰਘ ਨੇ ਲੋਕਾਂ ਨੂੰ ਇਸ ਵਾਰ ਪਰਾਲੀ ਨਾ ਸਾੜਨ ਲਈ ਆਖਦਿਆਂ ਦੱਸਿਆ ਕਿ ਪਰਾਲੀ ਦਾ ਧੂੰਆਂ ਸਾਹ, ਦਮੇਂ ਵਰਗੀਆਂ ਵੱਖ-ਵੱਖ ਬਿਮਾਰੀਆਂ ਨੂੰ ਫ਼ੈਲਾਉਂਦਾ ਹੈ, ਕਿਉਂਕਿ ਇਸ ਹਵਾ 'ਚ ਸਾਡੇ ਆਪਣੇ ਪਰਵਾਰਕ ਮੈਂਬਰ ਹੀ ਸਾਹ ਲੈਂਦੇ ਹਨ। ਇਸ ਲਈ ਸਭ ਤੋਂ ਪਹਿਲਾਂ ਇਨ੍ਹਾਂ ਬਿਮਾਰੀਆਂ ਦੇ ਸ਼ਿਕਾਰ ਸਾਡੇ ਪਰਿਵਾਰਕ ਮੈਂਬਰ ਹੀ ਬਣਦੇ ਹਨ।ਇਸ ਲਈ ਸਮੂਹ ਕਿਸਾਨ ਸਰਕਾਰ ਦਾ ਸਹਿਯੋਗ ਕਰਦੇ ਹੋਏ ਇਸ ਵਾਰ ਪਰਾਲੀ ਨੂੰ ਅੱਗ ਨਾ ਲਾਉਣ।ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਸੁਹਿਰਦ ਹੈ, ਇਸ 'ਚ ਆਮ ਲੋਕਾਂ ਦਾ ਸਹਿਯੋਗ ਬੇਹੱਦ ਜ਼ਰੂਰੀ ਹੈ।ਇਸ ਲਈ ਲੋਕ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਨਸ਼ਿਆਂ ਦੇ ਖ਼ਾਤਮੇ ਲਈ ਅੱਗੇ ਆ ਕੇ ਪੁਲਸ ਦਾ ਸਾਥ ਦੇਣ।

## 10 ਗ੍ਰਾਮ ਹੈਰੋਇਨ ਸਮੇਤ 3 ਗ੍ਰਿਫਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਥਾਣਾ ਸਦਰ ਫਿਰੋਜ਼ਪੁਰ ਤੇ ਥਾਣਾ ਘੱਲਖੁਰਦ ਪੁਲਿਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ 10 ਗ੍ਰਾਮ ਹੈਰੋਇਨ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਗਸ਼ਤ ਲਈ ਰਵਾਨਾ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਵੰਸ਼ ਪੁੱਤਰ ਧਰਮਿੰਦਰ ਵਾਸੀ ਹਾਜ਼ੀ ਛੀਬਾ ਹੈਰੋਇਨ ਵੇਚਣ ਦਾ ਆਦੀ ਹੈ ਤੇ ਉਹ ਅੱਜ ਵੀ ਇਲਾਕੇ ਵਿਚ ਹੈਰੋਇਨ ਵੇਚ ਰਿਹਾ ਹੈ। ਪੁਲਸ ਨੇ ਦੱਸਿਆ ਕਿ ਸੀਆਰਪੀ ਗਰਾਊਂਡ ਆਊਟਸਾਈਡ ਹਾਊਸਿੰਗ ਬੋਰਡ ਕਾਲੋਨੀ ਤੋਂ 5 ਗ੍ਰਾਮ ਹੈਰੋਇਨ ਸਮੇਤ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਘੱਲਖੁਰਦ ਪੁਲਸ ਦੇ ਸਹਾਇਕ ਥਾਣੇਦਾਰ ਰੇਸ਼ਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਜਦ ਮੋਬਾਇਲ ਟਾਵਰ ਤੋਂ ਥੋੜ੍ਹਾ ਅੱਗੇ ਕੱਚੇ ਰਸਤੇ ਪਾਸ ਪੁੱਜੀ ਤਾਂ ਸਾਹਮਣੇ ਰੇਲਵੇ ਸਟੇਸ਼ਨ ਵੱਲੋਂ ਇਕ ਮੋਟਰਸਾਈਕਲ 'ਤੇ ਸਵਾਰ ਦੋ ਮੋਨੇ ਨੌਜਵਾਨ ਸੋਨੂੰ ਸਿੰਘ ਪੁੱਤਰ ਸਾਧਾ ਸਿੰਘ ਵਾਸੀ ਫਿਰੋਜ਼ਸ਼ਾਹ ਅਤੇ ਕਰਨਦੀਪ ਸਿੰਘ ਉਰਫ ਕਰਨ ਪੁੱਤਰ ਪਰਮਿੰਦਰ ਸਿੰਘ ਵਾਸੀ ਫਿਰੋਜ਼ਸ਼ਾਹ ਆਉਂਦੇ ਵਿਖਾਈ ਦਿੱਤੇ, ਜਿਨ੍ਹਾਂ ਨੂੰ ਸ਼ੱਕ ਦੀ ਬਿਨ੍ਹਾ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਨ੍ਹਾਂ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

# ਮੁਹਾਲੀ ਰੈਲੀ ਲਈ ਰਵਾਨਗੀ



**ਮਾਨਸਾ (ਆਤਮਾ ਸਿੰਘ ਪਮਾਰ)**

ਮੁਹਾਲੀ ਰੈਲੀ ਲਈ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ, ਸੀਨੀਅਰ ਆਗੂ ਐਡਵੋਕੇਟ ਕੁਲਵਿੰਦਰ ਉਡਤ, ਵੇਦ ਪ੍ਰਕਾਸ਼ ਬੁਢਲਾਡਾ, ਸੀਤਾ ਰਾਮ ਗੋਬਿੰਦਪੁਰਾ, ਰੂਪ ਸਿੰਘ ਢਿੱਲੋਂ ਤੇ ਗੁਰਮੀਤ ਸਿੰਘ ਜੋਗਾ ਦੀ ਅਗਵਾਈ ਹੇਠ 20 ਬੱਸਾਂ ਦੇ ਕਾਫਲੇ ਨਾਲ ਇੱਕ ਹਜ਼ਾਰ ਤੋਂ ਵੱਧ ਸਾਥੀ ਕਾਫਲੇ ਦੇ ਰੂਪ 'ਚ ਰਵਾਨਾ ਹੋਏ।ਇਸ ਮੌਕੇ ਜਗਸੀਰ ਰਾਏਕੇ, ਮਲਕੀਤ ਸਿੰਘ ਮੰਦਰਾਂ, ਰਤਨ ਭੋਲਾ, ਬੂਟਾ ਸਿੰਘ ਬਰਨਾਲਾ, ਕੇਵਲ ਸਿੰਘ ਸਮਾਓ, ਸੁਖਰਾਜ ਸਿੰਘ ਜੋਗਾ, ਕਰਨੈਲ ਸਿੰਘ ਭੀਖੀ, ਪੂਰਨ ਸਿੰਘ ਸਰਦੂਲਗੜ੍ਹ ਆਦਿ ਆਗੂ ਵੀ ਸਨ।



ਰੈਲੀ 'ਚ ਪੁੱਜੇ ਸੂਬਾਈ ਆਗੂ ਬਲਬੀਰ ਸਿੰਘ ਮਾਨ, ਸਰਕਲ ਪ੍ਰਧਾਨ ਮਨਜੀਤ ਸਿੰਘ ਮਨਸੂਰਾਂ, ਪ੍ਰਧਾਨ ਹਰਦਿਆਲ ਸਿੰਘ ਘੁਮਾਣ, ਗੁਰਚਰਨ ਸਿੰਘ ਜਗਰਾਉਂ, ਜੁਗਿੰਦਰ ਸਿੰਘ ਜੱਟਪੁਰੀ ਦੀ ਅਗਵਾਈ ਵਿੱਚ ਸਮੂਹ ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਰਜਿ.) ਸੰਬੰਧਤ ਏਟਕ ਦੇ ਆਗੂ ਤੇ ਮੈਂਬਰ।



**ਕੋਟਕਪੂਰਾ (ਰਛਪਾਲ ਭੁੱਲਰ)**

ਜ਼ਿਲ੍ਹਾ ਫਰੀਦਕੋਟ ਦੇ ਸਕੱਤਰ ਅਸ਼ੋਕ ਕੌਸ਼ਲ ਦੀ ਅਗਵਾਈ 'ਚ ਫਰੀਦਕੋਟ ਤੋਂ ਵੱਡਾ ਜਥਾ ਰੈਲੀ 'ਚ ਪੁੱਜਾ। ਜਥੇ 'ਚ ਪੰਜਾਬ ਪੈਨਸ਼ਨਰ ਯੂਨੀਅਨ ਏਟਕ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਕੁਲਵੰਤ ਸਿੰਘ ਚਾਨੀ, ਗੁਰਚਰਨ ਸਿੰਘ ਮਾਨ, ਸੁਖਚੈਨ ਸਿੰਘ ਥਾਂਦੇਵਾਲਾ, ਆਲ ਇੰਡੀਆ ਆਸ਼ਾ ਵਰਕਰਜ ਯੂਨੀਅਨ ਏਟਕ ਦੀ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ, ਨਰੇਗਾ ਮਜ਼ਦੂਰ ਯੂਨੀਅਨ ਦੇ ਸੀਨੀਅਰ ਆਗੂ ਵੀਰ ਸਿੰਘ ਕੰਮੇਆਣਾ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ ਸਰਪੰਚ, ਬੋਹੜ ਸਿੰਘ ਔਲਖ, ਦਰਸ਼ਨ ਸਿੰਘ ਜਿਊਣਵਾਲਾ, ਨੱਥਾ ਸਿੰਘ ਅਰਾਈਆਂਵਾਲਾ, ਕਿਸਾਨ ਆਗੂ ਸੁਖਜਿੰਦਰ ਸਿੰਘ ਤੂੰਬੜਭੰਨ, ਸੁਖਪ੍ਰੀਤ ਕੌਰ ਤੇ ਕੁਲਦੀਪ ਕੌਰ ਆਗੂ ਮਿਡ ਡੇ ਮੀਲ ਵਰਕਰ ਯੂਨੀਅਨ, ਦਰਜਾ ਚਾਰ ਮੁਲਾਜ਼ਮ ਯੂਨੀਅਨ ਦੇ ਜਨਰਲ ਸਕੱਤਰ ਬਲਕਾਰ ਸਿੰਘ ਸਹੋਤਾ, ਬਾਬਾ ਫ਼ਰੀਦ ਯੂਨੀਵਰਸਿਟੀ ਦੇ ਮੁਲਾਜ਼ਮ ਆਗੂ ਸ਼ਿਵ ਨਾਥ ਦਰਦੀ, ਪੈਨਸ਼ਨਰ ਯੂਨੀਅਨ ਦੇ ਆਗੂ ਸੋਮ ਨਾਥ ਅਰੋੜਾ, ਬਿਜਲੀ ਨਿਗਮ ਦੇ ਪੈਨਸ਼ਨਰ ਆਗੂ ਇੰਦਰਜੀਤ ਸਿੰਘ ਗਿੱਲ ਅਤੇ ਰਮੇਸ਼ ਕੌਸ਼ਲ, ਤਰਸੇਮ ਸਿੰਘ ਭਾਣਾ, ਮੁਖਤਿਆਰ ਸਿੰਘ ਭਾਣਾ, ਚਰਨਜੀਤ ਸਿੰਘ ਚੰਮੇਲੀ, ਨਾਇਬ ਸਿੰਘ ਘਣੀਏਵਾਲਾ, ਚਮਕੌਰ ਸਿੰਘ ਕੋਟ ਸੁੱਖੀਆ, ਗੋਰਾ ਪਿਪਲੀ, ਪੱਪੀ ਢਿਲਵਾਂ, ਰਾਮ ਸਿੰਘ ਚੈਨਾ, ਜਸਵੰਤ ਸਿੰਘ ਨਿੱਕਾ ਔਲਖ ਤੇ ਮਨਜੀਤ ਕੌਰ ਆਦਿ ਸ਼ਾਮਿਲ ਸਨ।

## ਗਾਜ਼ਾ ਸਿਟੀ 'ਤੇ ਇਜ਼ਰਾਇਲੀ ਹਮਲਿਆਂ 'ਚ 14 ਹਲਾਕ

**ਕਾਹਿਰਾ** : ਇਜ਼ਰਾਈਲ ਵੱਲੋਂ ਗਾਜ਼ਾ ਸਿਟੀ 'ਤੇ ਰਾਤ ਭਰ ਕੀਤੇ ਹਮਲਿਆਂ 'ਚ ਘੱਟੋ-ਘੱਟ 14 ਵਿਅਕਤੀ ਮਾਰੇ ਗਏ। ਇਜ਼ਰਾਈਲ ਨੇ ਗਾਜ਼ਾ 'ਚ ਹਮਲੇ ਤੇਜ਼ ਕਰ ਦਿੱਤੇ ਹਨ ਤੇ ਫਲਸਤੀਨੀਆਂ ਨੂੰ ਉਥੋਂ ਜਾਣ ਦੀ ਅਪੀਲ ਕੀਤੀ ਹੈ। ਸ਼ਿਫਾ ਹਸਪਤਾਲ ਵਿੱਚ ਕੁਝ ਲਾਸ਼ਾਂ ਲਿਆਂਦੀਆਂ ਗਈਆਂ ਹਨ। ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਰਾਮੀ ਮਹਾਨਾ ਨੇ ਕਿਹਾ ਕਿ ਮ੍ਰਿਤਕਾਂ ਵਿਚੋਂ ਛੇ ਇੱਕ ਪਰਵਾਰ ਦੇ ਮੈਂਬਰ ਸਨ, ਜੋ ਅੱਜ ਸਵੇਰੇ ਉਨ੍ਹਾਂ ਦੇ ਘਰ 'ਤੇ ਹੋਏ ਹਮਲੇ 'ਚ ਮਾਰੇ ਗਏ। ਉਹ ਹਸਪਤਾਲ ਦੇ ਡਾਇਰੈਕਟਰ ਡਾਕਟਰ ਮੁਹੰਮਦ ਅਬੂ ਸੇਲਮੀਆ ਦੇ ਰਿਸ਼ਤੇਦਾਰ ਸਨ। ਫਲਸਤੀਨੀ ਰੈੱਡ ਕ੍ਰੀਸੈਂਟ ਨੇ ਕਿਹਾ ਕਿ ਸ਼ਾਵਾ ਸਕੁਏਅਰ ਨੇੜੇ ਹੋਏ ਇੱਕ ਹੋਰ ਹਮਲੇ 'ਚ ਪੰਜ ਹੋਰ ਵਿਅਕਤੀ ਮਾਰੇ ਗਏ। ਇਜ਼ਰਾਇਲੀ ਫੌਜ ਨੇ ਹਮਲਿਆਂ ਸੰਬੰਧੀ ਤੁਰੰਤ ਕੋਈ ਟਿੱਪਣੀ ਨਹੀਂ ਕੀਤੀ। ਇਹ ਹਮਲੇ ਅਜਿਹੇ ਸਮੇਂ ਹੋਏ ਹਨ, ਜਦੋਂ ਪੱਛਮੀ ਮੁਲਕ ਗਾਜ਼ਾ 'ਚ ਜੰਗ ਤੋਂ ਅੱਕ ਚੁੱਕੇ ਅਤੇ ਕੁਝ ਮੁਲਕ ਅਗਲੇ ਹਫ਼ਤੇ ਸੰਯੁਕਤ ਰਾਸ਼ਟਰ ਜਨਰਲ ਅਸੈਂਬਲੀ ਵਿੱਚ ਆਲਮੀ ਆਗੂਆਂ ਦੀ ਮੀਟਿੰਗ 'ਚ ਫਲਸਤੀਨ ਨੂੰ ਮੁਲਕ ਦਾ ਦਰਜਾ ਦੇਣ ਲਈ ਕਦਮ ਚੁੱਕ ਰਹੇ ਹਨ। ਪੁਰਤਗਾਲ ਦੇ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਉਹ ਐਤਵਾਰ ਨੂੰ ਫਲਸਤੀਨ ਨੂੰ ਮੁਲਕ ਦਾ ਦਰਜਾ ਦੇਵੇਗਾ। ਪੁਰਤਗਾਲ ਹੋਰ ਪੱਛਮੀ ਮੁਲਕਾਂ ਯੂ ਕੇ, ਕੈਨੇਡਾ, ਆਸਟਰੇਲੀਆ, ਮਾਲਟਾ, ਬੈਲਜੀਅਮ ਅਤੇ ਲਕਜ਼ਮਬਰਗ ਆਦਿ ਵਿੱਚ ਸ਼ਾਮਲ ਹੈ, ਜਿਨ੍ਹਾਂ ਵੱਲੋਂ ਆਗਾਮੀ ਦਿਨਾਂ 'ਚ ਫਲਸਤੀਨ ਨੂੰ ਮੁਲਕ ਦਾ ਦਰਜਾ ਦਿੱਤੇ ਜਾਣ ਦੀ ਉਮੀਦ ਹੈ।

## ਵੇਰਕਾ ਵੱਲੋਂ ਹੜ੍ਹ ਪੀੜ੍ਹਤ ਕਿਸਾਨਾਂ ਨੂੰ ਸਹਾਇਤਾ ਭੇਜਣ ਦਾ ਕੰਮ ਜਾਰੀ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਹੜ੍ਹ ਕਾਰਨ ਫਿਰੋਜ਼ਪੁਰ ਤੇ ਫ਼ਾਜ਼ਿਲਕਾ ਜ਼ਿਲ੍ਹਿਆਂ ਦੇ ਕਈ ਪਿੰਡ ਬਹੁਤ ਪ੍ਰਭਾਵਤ ਹੋਏ ਹਨ।ਇਸ ਸੰਕਟਕਾਲੀਨ ਸਥਿਤੀ ਵਿੱਚ ਵੇਰਕਾ ਨੇ ਤੁਰੰਤ ਰਾਹਤ ਕੰਮਾਂ ਵਿੱਚ ਹਿੱਸਾ ਲੈ ਕੇ ਪੀੜ੍ਹਤ ਲੋਕਾਂ ਤੇ ਕਿਸਾਨਾਂ ਨੂੰ ਸਹਾਇਤਾ ਪ੍ਰਦਾਨ ਕੀਤੀ ਹੈ।ਇਹ ਸਾਰਾ ਕਾਰਜ ਮਿਲਕਫੈੱਡ ਦੇ ਚੇਅਰਮੈਨ ਨਰਿੰਦਰ ਸਿੰਘ ਸ਼ੇਰਗਿੱਲ ਤੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਰਾਹੁਲ ਗੁਪਤਾ ਦੀ ਰਹਿਨੁਮਾਈ ਹੇਠ ਕੀਤਾ ਜਾ ਰਿਹਾ ਹੈ। ਵੇਰਕਾ ਮਿਲਕ ਯੂਨੀਅਨ ਦੇ ਚੇਅਰਮੈਨ ਗੁਰਭੇਜ ਸਿੰਘ ਟਿੱਬੀ ਨੇ ਦੱਸਿਆ ਕਿ ਜਨਰਲ ਮੈਨੇਜਰ ਸ਼੍ਰੀ ਸੁਗਿਆਨ ਪ੍ਰਸਾਦ ਸਿੰਘ ਨੇ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਅਗਵਾਈ ਕਰਦੇ ਹੋਏ ਰਾਹਤ ਕੰਮਾਂ ਨੂੰ ਸੁਚਾਰੂ ਬਣਾਇਆ।ਦੁੱਧ ਦੀ ਲਿਫ਼ਟਿੰਗ, ਜੋ ਹੜ੍ਹ ਕਾਰਨ ਸਭ ਤੋਂ ਵੱਡੀ ਚੁਣੌਤੀ ਸੀ, ਉਸ ਨੂੰ ਲਗਾਤਾਰ ਜਾਰੀ ਰੱਖਿਆ ਗਿਆ।ਇਸ ਨਾਲ ਕਿਸਾਨਾਂ ਦੇ ਦੁੱਧ ਦੀ ਖਰੀਦ ਯਕੀਨੀ ਹੋਈ ਤੇ ਗ੍ਰਾਹਕਾਂ ਤੱਕ ਸਪਲਾਈ ਵਿਚ ਕੋਈ ਰੁਕਾਵਟ ਨਹੀਂ ਆਈ।ਹੜ੍ਹ ਨਾਲ ਖੇਤੀਬਾੜੀ ਨੂੰ ਹੋਏ ਨੁਕਸਾਨ ਨੂੰ ਘੱਟ ਕਰਨ ਲਈ ਵੇਰਕਾ ਨੇ ਕਿਸਾਨਾਂ ਨੂੰ ਘੱਟ ਕੀਮਤਾਂ 'ਤੇ ਜਵੀਂ ਤੇ ਬਰਸੀਮ ਦੇ ਬੀਜ ਉਪਲਬਧ ਕਰਾਏ ਹਨ।ਇਸ ਤੋਂ ਇਲਾਵਾ ਪਸ਼ੂਆਂ ਲਈ ਫੀਡ ਦੀ ਘਾਟ ਪੂਰੀ ਕਰਨ ਲਈ ਵੇਰਕਾ ਵੱਲੋਂ ਸਸਤੇ ਰੇਟਾ ਤੇ ਸੁਪਰ ਕਸਟਮਾਈਜ਼ਡ ਫੀਡ ਉਪਲਬਧ ਕਰਾਈ ਜਾ ਰਹੀ ਹੈ।ਇਹ ਕਦਮ ਕਿਸਾਨਾਂ ਨੂੰ ਆਪਣੀ ਖੇਤੀਬਾੜੀ ਦੁਬਾਰਾ ਸ਼ੁਰੂ ਕਰਨ ਤੇ ਪਸ਼ੂਆਂ ਦੀ ਸੰਭਾਲ ਕਰਨ ਵਿੱਚ ਸਹਾਇਕ ਹੋਵੇਗਾ। ਇਸ ਤੋਂ ਇਲਾਵਾ ਵੇਰਕਾ ਨੇ ਗੁਰੂ ਅੰਗਦ ਦੇਵ ਵੈਟਰਨਰੀ ਤੇ ਐਨੀਮਲ ਸਾਇੰਸਿਜ ਯੂਨੀਵਰਸਿਟੀ, ਲੁਧਿਆਣਾ ਨਾਲ ਮਿਲ ਕੇ 20 ਡਾਕਟਰਾਂ ਦੀ ਟੀਮ ਤਿਆਰ ਕੀਤੀ ਹੈ।ਇਹ ਟੀਮ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਚਾਰ ਦਿਨਾਂ ਤੱਕ ਡੋਰ-ਟੂ-ਡੋਰ ਪਸ਼ੂਆਂ ਦੀ ਸਿਹਤ ਸੰਬੰਧੀ ਸੇਵਾਵਾਂ ਪ੍ਰਦਾਨ ਕਰ ਰਹੀ ਹੈ।ਇਸ ਨਾਲ ਕਿਸਾਨਾਂ ਨੂੰ ਸਿੱਧੀ ਸਹੂਲਤ ਉਨ੍ਹਾਂ ਦੇ ਘਰਾਂ ਤੱਕ ਮਿਲ ਰਹੀ ਹੈ।

## ਕਾਂਗਰਸ ਦੀ ਮੀਟਿੰਗ 'ਚ ਅਬਜ਼ਰਵਰ ਜਗਦੀਸ਼ ਜਾਂਗੜ ਨੇ ਸੰਗਠਨ ਮਜ਼ਬੂਤੀ 'ਤੇ ਦਿੱਤਾ ਜ਼ੋਰ



**ਦਿੜ੍ਹਬਾ (ਜਸਵੀਰ ਲਾਡੀ)**-ਪਿੰਡ ਛਾਜਲੀ ਵਿੱਚ ਹਲਕੇ ਦੇ ਕਾਂਗਰਸ ਵਰਕਰਾਂ ਦੀ ਇਕ ਮਹੱਤਵਪੂਰਨ ਮੀਟਿੰਗ ਹਲਕਾ ਇੰਚਾਰਜ ਜਗਦੇਵ ਗਾਗਾ ਦੀ ਅਗਵਾਈ ਹੇਠ ਹੋਈ, ਜਿਸ ਦੇ ਮੁੱਖ ਬੁਲਾਰੇ ਪੰਜਾਬ ਕਾਂਗਰਸ ਕਮੇਟੀ ਵੱਲੋਂ ਨਿਯੁਕਤ ਅਬਜ਼ਰਵਰ ਜਗਦੀਸ਼ ਚੰਦਰ ਜਾਂਗੜ ਸਾਬਕਾ ਮੰਤਰੀ ਰਾਜਸਥਾਨ ਸਨ। ਜਾਂਗੜ ਨੇ ਕਿਹਾ ਕਿ ਇਹ ਮੀਟਿੰਗ ਸਰਕਾਰ ਗਿਰਾਉਣ ਜਾਂ ਬਣਾਉਣ ਲਈ ਨਹੀਂ, ਸਗੋਂ ਵਰਕਰਾਂ ਦੇ ਵਿਚਾਰ ਜਾਣਨ ਅਤੇ ਸੰਗਠਨਕ ਹਾਲਾਤਾਂ ਦੀ ਸਮੀਖਿਆ ਕਰਨ ਲਈ ਹੈ।ਉਨ੍ਹਾਂ ਕਿਹਾ ਕਿ ਪਿਛਲੇ 25-30 ਸਾਲਾਂ ਵਿੱਚ ਕਾਂਗਰਸ ਨੇ ਚੰਗੇ ਤੇ ਮੰਦੇ ਦੋਵੇਂ ਦੌਰ ਵੇਖੇ ਹਨ।ਹਰ ਵਾਰ ਸਰਕਾਰ ਬਣਾਉਣ ਦੇ ਬਾਵਜੂਦ ਸੰਗਠਨਕ ਪੱਖ ਮਜ਼ਬੂਤ ਨਾ ਹੋਣ ਕਾਰਨ ਵਿਰੋਧੀ ਧਿਰਾਂ ਨੇ ਲਾਭ ਚੁੱਕਿਆ।ਵਰਕਰਾਂ ਦਾ ਡਿਮੋਰਲਾਈਜ਼ ਹੋਣਾ ਕੁਦਰਤੀ ਹੈ, ਪਰ ਕਾਂਗਰਸ ਨੂੰ ਫਿਰ ਖੜਾ ਕਰਨ ਲਈ ਬੂਥ ਤੋਂ ਲੈ ਕੇ ਜ਼ਿਲ੍ਹਾ ਪੱਧਰ ਤੱਕ ਸੰਗਠਨ ਮਜ਼ਬੂਤੀ ਸਭ ਤੋਂ ਵੱਡੀ ਲੋੜ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਵਰਕਰਾਂ ਦੀ ਰਾਇ ਸਿੱਧੀ ਹਾਈਕਮਾਂਡ ਤੱਕ ਪਹੁੰਚਾਈ ਜਾਵੇਗੀ।ਇਸ ਮੌਕੇ ਸੁਰਿੰਦਰ ਸਿੰਘ ਸੀਬੀਆ ਨੇ ਕਿਹਾ ਕਿ ਹਾਲਾਂਕਿ ਮੁੱਖ ਮੰਤਰੀ ਦਾ ਪਿੰਡ ਵੀ ਦਿੜ੍ਹਬਾ ਹਲਕੇ ਵਿੱਚ ਪੈਂਦਾ ਹੈ, ਫਿਰ ਵੀ ਇਥੇ ਹੜ੍ਹ ਪੀੜਤ ਮਜ਼ਦੂਰਾਂ ਨੂੰ ਆਪਣੀ ਗੱਲ ਰੱਖਣ ਦਾ ਮੌਕਾ ਨਹੀਂ ਮਿਲਦਾ। ਉਨ੍ਹਾਂ ਕਿਹਾ ਕਿ ਇਹ ਲੋਕਤੰਤਰ ਲਈ ਚਿੰਤਾਜਨਕ ਗੱਲ ਹੈ ਅਤੇ ਸਰਕਾਰ ਦੀ ਨਾਕਾਮੀ ਦਾ ਸਪਸ਼ਟ ਸਬੂਤ ਹੈ।ਨਾਲ ਹੀ ਉਨ੍ਹਾਂ ਨੇ ਪ੍ਰਵਾਸੀਆਂ ਦੇ ਮੁੱਦੇ ਨੂੰ ਵੀ ਗੰਭੀਰ ਚੁਣੌਤੀ ਦੱਸਿਆ।ਹਲਕਾ ਇੰਚਾਰਜ ਜਗਦੇਵ ਸਿੰਘ ਗਾਗਾ ਨੇ ਵੀ ਵਰਕਰਾਂ ਨੂੰ ਸੰਬੋਧਨ ਕਰਦੇ ਕਿਹਾ ਕਿ 2027 ਦੀਆਂ ਚੋਣਾਂ ਲਈ ਇਕਜੁਟਤਾ ਤੇ ਹੌਸਲੇ ਨਾਲ ਅੱਗੇ ਵਧਣਾ ਲਾਜ਼ਮੀ ਹੈ।ਮੀਟਿੰਗ ਦੌਰਾਨ ਰੁਪਿੰਦਰ ਰੂਬੀ, ਬਲਾਕ ਪ੍ਰਧਾਨ ਸਤਨਾਮ ਸਿੰਘ ਸੱਤਾ, ਜਗਦੇਵ ਸਿੰਘ ਗਾਗਾ, ਸਨਮੀਕ ਹੈਨਰੀ ਨੇ ਮੀਟਿੰਗ ਨੂੰ ਕਾਮਯਾਬ ਬਣਾਉਣ ਲਈ ਹੀ ਧੰਨਵਾਦ ਕੀਤਾ।

## ਦਿਲਬਾਗ ਸਿੰਘ ਕਾਹਨਗੜ੍ਹ ਬਣੇ ਯੂਥ ਵਿੰਗ ਦੇ ਪ੍ਰਧਾਨ



**ਬਰੇਟਾ (ਗੋਬਿੰਦ ਸ਼ਰਮਾ)** ਆਮ ਆਦਮੀ ਪਾਰਟੀ ਵੱਲੋਂ ਯੂਥ ਪੱਖ ਨੂੰ ਹੋਰ ਮਜ਼ਬੂਤ ਬਣਾਉਣ ਲਈ ਵੱਡਾ ਫੈਸਲਾ ਲੈਂਦੇ ਹੋਏ ਦਿਲਬਾਗ ਸਿੰਘ ਕਾਹਨਗੜ੍ਹ ਨੂੰ ਹਲਕਾ ਬੁਢਲਾਡਾ ਯੂਥ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਦਿਲਬਾਗ ਸਿੰਘ ਨੇ ਕਿਹਾ ਕਿ ਪਾਰਟੀ ਦੇ ਵਿਸ਼ਵਾਸ 'ਤੇ ਖਰਾ ਉਤਰਨਾ ਉਨ੍ਹਾਂ ਦੀ ਪਹਿਲੀ ਜ਼ਿੰਮੇਵਾਰੀ ਹੋਵੇਗੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

22 Sep Page 11-Majha-25.qxd 9/21/2025 10:20 PM Page 1



# 26 ਦੇ ਧਰਨੇ 'ਚ ਕਿਸਾਨਾਂ ਤੇ ਮਜ਼ਦੂਰਾਂ ਨੂੰ ਵੱਡੀ ਗਿਣਤੀ 'ਚ ਪਹੁੰਚਣ ਦਾ ਸੱਦਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਹੜ੍ਹ ਮਾਰੇ ਲੋਕਾਂ ਦੀ ਕੇਂਦਰ ਅਤੇ ਪੰਜਾਬ ਸਰਕਾਰ ਸਾਰ ਲੈਣ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਨਰੇਗਾ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਬਲਦੇਵ ਸਿੰਘ ਪੰਡੋਰੀ, ਜ਼ਿਲ੍ਹਾ ਪ੍ਰਧਾਨ ਨਰਿੰਦਰ ਸਿੰਘ ਰਟੌਲ ਨੇ ਪਿੰਡ ਪੱਖੋਕੇ 'ਚ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਪੰਡੋਰੀ ਅਤੇ ਰਟੌਲ ਨੇ ਕਿਹਾ ਕਿ ਪੰਜਾਬ ਵਿੱਚ ਆਏ ਭਿਆਨਕ ਹੜ੍ਹ ਕੁਦਰਤੀ ਕਰੋਪੀ ਨਹੀਂ ਸਗੋਂ ਹਾਕਮਾਂ ਦੀ ਨਾਲਾਇਕੀ ਦਾ ਸਿੱਟਾ ਜਿਸ ਕਾਰਨ ਲੱਖਾਂ ਏਕੜ ਫ਼ਸਲ, ਹਜ਼ਾਰਾਂ ਪਿੰਡ ਤੇ ਲੱਖਾਂ ਘਰ ਬਰਬਾਦ ਹੋ ਚੁੱਕੇ ਹਨ ਤੇ ਲੱਖਾਂ ਲੋਕ ਆਪਣਾ ਸਭ ਕੁਝ ਗੁਆ ਚੁੱਕੇ ਹਨ।ਇਨ੍ਹਾਂ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਹੜ੍ਹਾਂ ਨੂੰ ਕੌਮੀ ਆਫ਼ਤ ਐਲਾਨ ਕਰੇ ਤਾਂ ਕਿ ਕੌਮੀ ਰਾਹਤ ਫੰਡ ਵਿੱਚੋਂ ਹੋਏ ਨੁਕਸਾਨ ਦੀ ਭਰਪਾਈ ਹੋ ਸਕੇ।ਉਨ੍ਹਾਂ ਕਿਹਾ ਕਿ ਬਰਸਾਤ ਜ਼ਿਆਦਾ ਹੋਣ ਕਾਰਨ ਮਜ਼ਦੂਰਾਂ ਦੇ ਘਰ ਢਹਿ ਢੇਰੀ ਹੋ ਚੁੱਕੇ ਹਨ ਅਤੇ ਗਰੀਬ ਲੋਕਾਂ ਦੀਆਂ ਛੱਤਾਂ ਤ੍ਰਿੱਪ ਤ੍ਰਿੱਪ ਕਰ ਰਹੀਆਂ ਹਨ । ਢਹਿ ਚੁੱਕੇ ਘਰਾਂ ਨੂੰ ਬਣਾਉਣ ਲਈ ਘੱਟੋ-ਘੱਟ 10 ਲੱਖ ਰੁਪਏ ਦੀ ਗ੍ਰਾਂਟ ਤੁਰੰਤ ਜਾਰੀ ਕੀਤੀ ਜਾਵੇ ।ਉਨ੍ਹਾਂ ਕੇਂਦਰ ਤੇ ਸੂਬਾ ਸਰਕਾਰ ਦੀ ਸਖ਼ਤ ਅਲੋਚਨਾ ਕਰਦਿਆਂ ਕਿਹਾ ਕਿ ਦੋਵੇਂ ਸਰਕਾਰਾਂ ਲਗਾਤਾਰ ਮਨਰੇਗਾ ਕਾਨੂੰਨ ਕਮਜ਼ੋਰ ਕਰ ਰਹੀਆਂ ਹਨ।

ਪਿਛਲੇ ਸਾਲ ਘਟਾਏ ਬਜਟ ਕਾਰਨ ਕਾਮਿਆਂ ਨੂੰ ਰੁਜ਼ਗਾਰ ਨਹੀਂ ਦਿੱਤਾ ਜਾ ਸਕਦਾ, ਹੁਣ ਮਨਰੇਗਾ ਕੰਮਾਂ ਵਿੱਚ ਕਟੌਤੀ ਕਰਕੇ ਮਜ਼ਦੂਰਾਂ ਦੇ ਰੁਜ਼ਗਾਰ ਨੂੰ ਖ਼ਤਮ ਕਰਨ ਦੀ ਸਾਜ਼ਿਸ਼ ਰਚੀ ਗਈ ਹੈ ਜਿਸ ਨੂੰ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਮਨਰੇਗਾ ਵਰਕਰਾਂ ਦਾ ਮਿਹਨਤਾਨਾ ਘੱਟੋ-ਘੱਟ ਪ੍ਰਤੀ ਦਿਹਾੜੀ 700 ਰੁਪਏ, ਸਾਰਾ ਸਾਲ ਕੰਮ ਦੇਣ, ਬੁਢਾਪਾ, ਵਿਧਵਾ, ਅੰਗਹੀਣ, ਆਸ਼ਰਤ ਬੱਚਿਆਂ ਨੂੰ ਪੈਨਸ਼ਨ ਘੱਟੋ ਘੱਟ 7000 ਰੁਪਏ ਪ੍ਰਤੀ ਮਹੀਨਾ ਦਿੱਤਾ ਜਾਵੇ ।ਇਨ੍ਹਾਂ ਆਗੂਆਂ ਨੇ ਦੱਸਿਆ ਕਿ ਹੜ ਪ੍ਰਭਾਵਿਤ ਕਿਸਾਨਾਂ ਮਜ਼ਦੂਰਾਂ ਨੂੰ ਮੁਆਵਜ਼ਾ ਦਿਵਾਉਣ ਲਈ 26 ਸਤੰਬਰ ਨੂੰ ਜ਼ਿਲੇ ਦੇ ਡਿਪਟੀ ਕਮਿਸ਼ਨਰ ਤਰਨ ਤਾਰਨ ਦਫਤਰ ਅੱਗੇ ਵਿਸ਼ਾਲ ਧਰਨਾ ਦਿੱਤਾ ਜਾ ਰਿਹਾ। ਲੋਕਾਂ ਨੂੰ ਵੱਡੀ ਗਿਣਤੀ 'ਚ ਪਹੁੰਚਣ ਦਾ ਸੱਦਾ ਦਿੱਤਾ ਗਿਆ।ਇਸ ਮੌਕੇ 11 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ।ਰਚਨਾ ਪ੍ਰਧਾਨ, ਸੁੱਖਵਿੰਦਰ ਕੌਰ ਮੀਤ ਪ੍ਰਧਾਨ, ਰਾਜਵਿੰਦਰ ਕੌਰ ਸਕੱਤਰ, ਹਰਜਿੰਦਰ ਕੌਰ ਨੂੰ ਖਜ਼ਾਨਚੀ ਚੁਣਿਆ।ਇਸ ਮੌਕੇ ਮੰਗਲ ਸਿੰਘ ਰਟੌਲ, ਬਲਵਿੰਦਰ ਕੌਰ, ਰਣਜੀਤ ਕੌਰ, ਸਰਬਜੀਤ ਕੌਰ ਆਦਿ ਆਗੂਆਂ ਨੇ ਸੰਬੋਧਨ ਕੀਤਾ।

# ਬਲਾਕ ਤਰਸਿੱਕਾ ਨੂੰ ਬਹਾਲ ਨਾ ਕੀਤਾ ਤਾਂ ਧਰਨਾ ਪ੍ਰਦਰਸ਼ਨ ਕਰਾਂਗੇ: ਨਵਤੇਜ ਸਿੰਘ ਅਮਰਕੋਟ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਜੰਡਿਆਲਾ ਗੁਰੂ ਦੇ ਪਿੰਡ ਅਮਰਕੋਟ ਦੇ ਯੂਥ ਕਾਂਗਰਸ ਪਾਰਟੀ ਦੇ ਸੀਨੀਅਰ ਜਨਰਲ ਸਕੱਤਰ ਨਵਤੇਜ ਸਿੰਘ ਨੇ ਇੱਕ ਪ੍ਰੈੱਸ ਕਾਨਫਰੰਸ ਕਰਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਲਾਕ ਤਰਸਿੱਕਾ ਨੂੰ ਖਤਮ ਕਰਨ ਦੇ ਫੈਸਲੇ ਨੇ ਲੋਕਾਂ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ।ਲੋਕ ਭਾਰੀ ਗਿਣਤੀ ਵਿੱਚ ਇਕੱਠ ਕਰਕੇ ਸਰਕਾਰ ਪ੍ਰਤੀ ਆਪਣਾ ਗੁੱਸਾ ਜ਼ਾਹਿਰ ਕਰ ਰਹੇ ਹਨ ਅਤੇ ਇਹ ਰੋਸ ਤਰਸਿੱਕਾ ਬਲਾਕ ਦੇ ਹਰ ਇੱਕ ਪਿੰਡ ਵਿੱਚ ਪਾਇਆ ਜਾ ਰਿਹਾ ਹੈ ਜਿਥੇ ਪਿੰਡਾਂ ਦੀ ਆਮ ਜਨਤਾ ਨੇ ਸਰਕਾਰ ਦੇ ਖਾਸ ਕਰਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਖਿਲਾਫ ਮੋਰਚਾ ਖੋਲ੍ਹ ਦਿੱਤਾ ਹੈ, ਲੋਕਾਂ ਨੇ ਸਰਕਾਰ ਦੇ ਇਸ ਫੈਸਲੇ ਨੂੰ ਲੋਕ ਵਿਰੋਧੀ ਦੱਸਿਆ।



ਨਵਤੇਜ ਸਿੰਘ ਅਮਰਕੋਟ ਨੇ ਕਿਹਾ ਕਿ ਜੇਕਰ ਸਰਕਾਰ ਨੇ ਇਹ ਫੈਸਲਾ ਵਾਪਸ ਨਾ ਲਿਆ ਤਾਂ ਅਗਲੀ ਰਣਨੀਤੀ ਤਿਆਰ ਕਰਕੇ ਪੰਜਾਬ ਕਾਂਗਰਸ ਦੇ ਯੂਥ ਨੂੰ ਨਾਲ ਲੈ ਕੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਲੋਕਾਂ ਨਾਲ ਧੋਖਾ ਕੀਤਾ ਹੈ ਅਤੇ ਵਾਅਦਿਆਂ ਤੋਂ ਮੁੱਕਰ ਗਈ ਹੈ। ਜਿਹੜਾ ਬਲਾਕ ਤਰਸਿੱਕਾ ਹੈ ਉਸ ਨੂੰ ਪੰਜਾਬ ਸਰਕਾਰ ਵੱਲੋਂ ਜਿਹੜਾ ਇੱਥੋਂ ਦੇ ਵਿਧਾਇਕ ਔਰ ਮੌਜੂਦਾ ਮੰਤਰੀ ਹਨ ਉਨ੍ਹਾਂ ਵੱਲੋਂ ਬਲਾਕ ਤਰਸਿੱਕਾ ਨੂੰ ਤੋੜਨ ਦਾ ਜੋ ਕੰਮ ਕੀਤਾ ਗਿਆ ਉਹ ਬਹੁਤ ਹੀ ਮੰਦਭਾਗਾ ਹੈ।ਇਸ ਫੈਸਲੇ ਕਾਰਨ ਲੋਕਾਂ ਨੂੰ ਬਹੁਤ ਜ਼ਿਆਦਾ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਅੱਗੇ ਤੋਂ ਹੋਰ ਜ਼ਿਆਦਾ ਮੁਸ਼ਕਲਾਂ ਤੇ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ ਜਿਸ ਕਾਰਨ ਅਸੀਂ ਪੰਜਾਬ ਸਰਕਾਰ ਦੇ ਇਸ ਫੈਸਲੇ ਦੀ ਨਖੇਧੀ ਕਰਦੇ ਹਾਂ।

ਜੇਕਰ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓਨੇ ਇਹ ਫੈਸਲਾ ਵਾਪਿਸ ਨਾ ਲਿਆ ਤਾਂ ਅਸੀਂ ਆਉਣ ਵਾਲੇ ਦਿਨਾਂ ਵਿੱਚ ਇਸ ਪ੍ਰੋਟੈਸਟ ਨੂੰ ਹੋਰ ਤਿੱਖਾ ਕਰਨ ਦੀ ਚੇਤਾਵਨੀ ਦਿੰਦੇ ਹਾਂ।ਇਸ ਮੌਕੇ ਮਨਦੀਪ ਸਿੰਘ ਬਾਦਲ, ਕੈਪਟਨ ਭੁਪਿੰਦਰ ਸਿੰਘ, ਸੁਖਬੀਰ ਸਿੰਘ, ਮੇਜਰ ਸਿੰਘ, ਬਲਰਾਜ ਸਿੰਘ, ਅਮਰੀਕ ਸਿੰਘ ਅਤੇ ਜੋਬਨ ਸਿੰਘ ਹਾਜ਼ਰ ਸਨ।

# ਸਮ੍ਰਿਧੀ ਪ੍ਰੋਗਰਾਮ-2025 ਦੇ ਮੱਦੇਨਜ਼ਰ ਅਧਿਆਪਕਾਂ ਦੀ ਜ਼ਿਲ੍ਹਾ ਪੱਧਰੀ ਪ੍ਰਤੀਯੋਗਤਾ ਕਰਵਾਈ

ਬਟਾਲਾ ਗੁਰਦਾਸਪੁਰ: (ਡਾ. ਮਲਵਿੰਦਰ ਸਿੰਘ)-ਸਿੱਖਿਆ ਵਿਭਾਗ ਭਾਰਤ ਸਰਕਾਰ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ/ਐਲੀਮੈਂਟਰੀ ਪਰਮਜੀਤ ਦੀ ਅਗਵਾਈ ਹੇਠ ਸਥਾਨਕ ਗੋਲਡਨ ਕਾਲਜ ਵਿਖੇ ਸਮ੍ਰਿਧੀ ਪ੍ਰੋਗਰਾਮ 2025 ਤਹਿਤ ਨੌਵੀਂ ਤੋਂ ਬਾਰ੍ਹਵੀਂ ਤੱਕ ਦੇ ਅਧਿਆਪਕਾਂ ਦੀ ਜ਼ਿਲ੍ਹਾ ਪੱਧਰੀ ਪ੍ਰਤੀਯੋਗਤਾ ਆਯੋਜਿਤ ਕੀਤੀ ਗਈ ਜਿਸ ਵਿੱਚ ਬਲਾਕ ਪੱਧਰ ਤੇ ਜੇਤੂ ਰਹੇ ਅਧਿਆਪਕਾਂ ਵੱਲੋਂ ਭਾਗ ਲਿਆ ਗਿਆ। ਇਸ ਦੌਰਾਨ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਡਾ. ਅਨਿਲ ਸ਼ਰਮਾ ਵੱਲੋਂ ਪਹੁੰਚ ਕੇ ਹਾਜ਼ਰ ਅਧਿਆਪਕਾਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸਮ੍ਰਿਧੀ ਪ੍ਰੋਗਰਾਮ 2025 ਦੇ ਕੋਆਰਡੀਨੇਟਰ ਪ੍ਰਦੀਪ ਅਰੋੜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮ੍ਰਿਧੀ ਪ੍ਰੋਗਰਾਮ ਅਧਿਆਪਕਾਂ ਲਈ ਰਾਸ਼ਟਰੀ ਪੱਧਰ ਦਾ ਮੁਕਾਬਲਾ ਹੈ।ਇਸਦਾ ਉਦੇਸ਼ ਸੈਕੰਡਰੀ ਪੱਧਰ ਤੇ ਨੌਵੀਂ ਤੋਂ ਬਾਰ੍ਹਵੀਂ ਤੱਕ ਪੜ੍ਹਾਉਣ ਵਾਲੇ ਵੱਖ-ਵੱਖ ਵਿਸ਼ਿਆਂ ਦੇ ਅਧਿਆਪਕਾਂ ਦੁਆਰਾ ਵਿਕਸਤ ਅਤੇ ਲਾਗੂ ਕੀਤੇ ਗਏ ਕਲਾ-ਏਕੀਕ੍ਰਿਤ ਅਧਿਆਪਨ ਵਿਧੀਆਂ ਨੂੰ ਪ੍ਰਦਰਸ਼ਿਤ ਕਰਨਾ ਹੈ। ਉਨ੍ਹਾਂ ਜਾਣਕਾਰੀ ਦਿੱਤੀ ਕਿ ਸਕੂਲ ਸਿੱਖਿਆ ਲਈ ਰਾਸ਼ਟਰੀ ਪਾਠਕ੍ਰਮ ਢਾਂਚੇ 2020 ਅਨੁਸਾਰ ਉਨ੍ਹਾਂ ਅਧਿਆਪਕਾਂ ਦੇ ਯਤਨਾਂ ਨੂੰ ਪਛਾਨਣਾ ਅਤੇ ਉਤਸ਼ਾਹਿਤ ਕਰਨਾ ਹੈ ਜਿਨ੍ਹਾਂ ਨੇ ਸਫਲਤਾਪੂਰਵਕ ਅਧਿਆਪਨ ਵਿਧੀਆਂ ਵਿੱਚ ਕਲਾ ਨੂੰ ਏਕੀਕ੍ਰਿਤ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸਮ੍ਰਿਧੀ ਪ੍ਰੋਗਰਾਮ ਤਹਿਤ ਅਧਿਆਪਕਾਂ ਦੇ ਬਲਾਕ ਪੱਧਰੀ ਮੁਕਾਬਲੇ ਪਹਿਲਾਂ ਹੀ ਕਰਵਾਏ ਜਾ ਚੁੱਕੇ ਹਨ।ਇਸ ਦੌਰਾਨ ਅਧਿਆਪਕਾਂ ਵੱਲੋਂ



ਅਧਿਆਪਨ ਸਹਾਇਕ ਸਮੱਗਰੀ ਦੇ ਸਹਿਯੋਗ ਨਾਲ ਬਹੁਤ ਵਧੀਆ ਢੰਗ ਨਾਲ ਆਪਣੇ ਵਿਸ਼ੇ ਸਬੰਧੀ ਜਾਣਕਾਰੀ ਦਿੱਤੀ।ਇਸ ਦੌਰਾਨ ਜੇਤੂ ਅਧਿਆਪਕਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਪ੍ਰਿੰਸੀਪਲ ਗੱਜਣ ਸਿੰਘ, ਹੈੱਡਮਾਸਟਰ ਦਵਿੰਦਰ ਸਿੰਘ, ਕਰਮਜੀਤ ਕੌਰ, ਕਮਲਦੀਪ ਤੇ ਹਰਪ੍ਰੀਤ ਸਿੰਘ ਵੱਲੋਂ ਜੱਜ ਦੀ ਭੂਮਿਕਾ ਨਿਭਾਈ ਗਈ। ਇਸ ਮੌਕੇ ਡੀਈਓ. ਦਫ਼ਤਰ ਤੋਂ ਸੁਪਰਡੈਂਟ ਪ੍ਰਬੋਧ ਕੁਮਾਰ, ਰਾਹੁਲ, ਸਟੈਨੋ ਅਮਨ ਗੁਪਤਾ , ਸੁਮਿਤ ਕੁਮਾਰ, ਰਾਹੁਲ ਲੂਣਾ, ਸਰਬਜੀਤ ਢੀਂਗਰਾ ਅਤੇ ਗਗਨਦੀਪ ਸਿੰਘ ਆਦਿ ਹਾਜ਼ਰ ਸਨ।

## ਆਰ. ਡੀ. ਖੋਸਲਾ ਸਕੂਲ ਦੀ ਟੀਮ ਅੱਵਲ ਰਹੀ

ਬਟਾਲਾ (ਤਰਲੋਕ ਬੱਗਾ)-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਅੰਡਰ-14 ਲੜਕਿਆਂ ਦੀ ਟੀਮ, ਜਿਸ ਵਿੱਚ ਅੱਠਵੀਂ ਜਮਾਤ ਦੇ ਵਿਦਿਆਰਥੀ ਸਕਸ਼ਮ ਅਤੇ ਅਭੈ ਪ੍ਰਤਾਪ ਸ਼ਾਮਲ ਸਨ ਅਤੇ ਸੱਤਵੀਂ ਜਮਾਤ ਦੇ ਵਿਦਿਆਰਥੀ ਜਗਰੂਪ, ਦਿਲਜਾਨ ਸਿੰਘ ਅਤੇ ਕ੍ਰਿਤਿਕ ਮਹਾਜਨ ਸ਼ਾਮਲ ਸਨ, ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹਾ ਪੱਧਰੀ ਟੇਬਲ ਟੈਨਿਸ ਟੂਰਨਾਮੈਂਟ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਖਿਡਾਰੀਆਂ ਨੇ ਸ਼ਾਨਦਾਰ ਤਾਲਮੇਲ ਦਾ ਪ੍ਰਦਰਸ਼ਨ ਕੀਤਾ ਤੇ ਆਪਣੀਆਂ ਵਿਰੋਧੀ ਟੀਮਾਂ ਨੂੰ ਹਰਾਇਆ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ, ਪ੍ਰਿੰ. ਡਾ. ਬਿੰਦੂ ਭੱਲਾ ਨੇ ਟੀਮ ਦੀ ਸਫਲਤਾ 'ਤੇ ਖੁਸ਼ੀ ਪ੍ਰਗਟ ਕੀਤੀ।ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਤਰਲੋਕ ਸਿੰਘ, ਰਾਜਬੀਰ ਸਿੰਘ ਅਤੇ ਸ਼੍ਰੇਸ਼ਠਾ ਸ਼ਰਮਾ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ।ਖਿਡਾਰੀਆਂ ਦੇ ਉਜਵਲ ਭਵਿੱਖ ਦੀ ਉਮੀਦ ਕਰਦੇ ਹੋਏ ਉਨ੍ਹਾਂ ਨੇ ਜ਼ੋਰ ਦਿੱਤਾ ਕਿ ਖੇਡਾਂ ਸਾਡੇ ਸੰਪੂਰਨ ਵਿਕਾਸ ਵਿੱਚ ਯੋਗਦਾਨ ਪਾਉਂਦੀਆਂ ਹਨ।ਅਜਿਹੇ ਮੁਕਾਬਲਿਆਂ ਵਿੱਚ ਹਿੱਸਾ ਲੈਣ ਨਾਲ ਆਤਮ-ਵਿਸ਼ਵਾਸ ਵਧਦਾ ਹੈ ਅਤੇ ਟੀਮ ਭਾਵਨਾ ਵਿਕਸਤ ਹੁੰਦੀ ਹੈ, ਇਸ ਲਈ ਵਿਦਿਆਰਥੀਆਂ ਨੂੰ ਅਜਿਹੇ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਹਿੱਸਾ ਲੈਣਾ ਚਾਹੀਦਾ ਹੈ।



## ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਮਾਨਵ ਸੇਵਾ ਦਿਵਸ ਮਨਾਇਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਸਿੱਖ ਧਰਮ ਦੇ ਮਹਾਨ ਸੇਵਾਦਾਰ ਭਾਈ ਘਨੱਈਆ ਜੀ ਦੀ ਅਣਥੱਕ ਸੇਵਾ ਨੂੰ ਸਮਰਪਿਤ ਮਾਨਵ ਸੇਵਾ ਦਿਵਸ ਮਨਾਇਆ ਗਿਆ।ਧਰਮ ਅਧਿਐਨ ਵਿਭਾਗ ਅਤੇ ਪੰਜਾਬੀ ਵਿਭਾਗ, ਬਾਬਾ ਅਜੈ ਸਿੰਘ ਖਾਲਸਾ ਕਾਲਜ ਵੱਲੋਂ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਯੋਗ ਅਗਵਾਈ ਹੇਠ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋ. ਕੋਮਲਪ੍ਰੀਤ ਕੌਰ ਧਰਮ ਅਧਿਐਨ ਵਿਭਾਗ ਨੇ ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਵਿੱਚ ਭਾਈ ਘਨੱਈਆ ਜੀ ਦੇ ਜੀਵਨ ਤੇ ਸੇਵਾ ਭਾਵਨਾ ਬਾਰੇ ਬਹੁਮੁੱਲੀ ਜਾਣਕਾਰੀ ਦਿੱਤੀ।ਪੰਜਾਬੀ ਸਾਹਿਤ ਸਭਾ, ਪੰਜਾਬੀ ਵਿਭਾਗ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵੱਲੋਂ ਮਾਨਵ ਸੇਵਾ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਭਾਸ਼ਣ , ਕਵਿਤਾ ਉਚਾਰਨ, ਲੇਖ ਰਚਨਾ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ ਜਿਨਾਂ ਵਿੱਚ ਕਾਲਜ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਇਸ ਮੌਕੇ ਕਾਲਜ ਵਿਖੇ ਮੈਡੀਕਲ ਕੈਂਪ ਲਗਾਇਆ ਗਿਆ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਭਾਈ ਘਨੱਈਆ ਜੀ ਦੀ ਸੇਵਾ ਭਾਵਨਾ ਨੂੰ ਰੋਜ਼ਾਨਾ ਜੀਵਨ ਵਿੱਚ ਧਾਰਨ ਕਰਨ ਦੀ ਗੱਲ ਆਖੀ। ਉਨਾਂ ਨੇ ਮੈਡੀਕਲ ਕੈਂਪ ਲਾਉਣ ਆਈ ਟੀਮ ਨੂੰ ਯਾਦਗਾਰੀ ਚਿੰਨ੍ਹ ਭੇਂਟ ਕੀਤਾ।ਕਾਲਜ ਦੇ ਪੰਜਾਬੀ ਵਿਭਾਗ ਦੇ ਡਾ. ਆਤਮਾ ਸਿੰਘ, ਪ੍ਰੋ.ਰਮਨਦੀਪ ਕੌਰ, ਪ੍ਰੋ.ਮਨਦੀਪ ਕੌਰ ਦੇ ਵਿਸ਼ੇਸ ਸਹਿਯੋਗ ਸਦਕਾ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ ਹੋਇਆ।





## ਸਮਾਜ ਸੇਵੀ ਕੁਲਵੰਤ ਸਿੰਘ ਬਾਬਾ ਸਵੀਟ ਦਾ ਸਨਮਾਨ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਆਪ ਆਗੂ ਕੁਲਵੰਤ ਸਿੰਘ ਬਾਬਾ ਸਵੀਟ ਵੱਲੋਂ ਸਮਾਜ ਪ੍ਰਤੀ ਨਿਭਾਈਆਂ ਗਈਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਹੋਇਆਂ ਅਬਨਾਸ ਫਾਊਂਡੇਸ਼ਨ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਇਹ ਸਨਮਾਨ ਉਨਾਂ ਨੂੰ ਡਿਪਟੀ ਐਡਵੋਕੇਟ ਜਨਰਲ ਰਜੀਵ ਮੈਦਾਨ ਵੱਲੋਂ ਦਿੱਤਾ ਗਿਆ।ਬਲਦੇਵ ਸਿੰਘ ਬੱਬੂ ਚੇਤਨਪੁਰਾ ਨੇ ਕਿਹਾ ਕਿ ਕੁਲਵੰਤ ਸਿੰਘ ਇਲਾਕੇ ਦੀ ਜਾਣੀ ਪਛਾਣੀ ਹਸਤੀ ਹਨ, ਸਮਾਜ ਸੇਵਾ ਦਾ ਜਜ਼ਬਾ ਉਨ੍ਹਾਂ ਵਿੱਚ ਭਰਿਆ ਹੋਇਆ ਹੈ।ਬੀਤੇ ਸਮੇਂ ਆਏ ਹੜ੍ਹਾਂ ਵਿੱਚ ਕੀਤੇ ਗਏ ਕੰਮਾਂ ਪ੍ਰਤੀ ਉਹ ਲੋਕਾਂ ਵਿੱਚ ਹਰਮਨ ਪਿਆਰੇ ਬਣੇ ਹੋਏ ਹਨ।ਇਸ ਸਮੇਂ ਉਨ੍ਹਾਂ ਨਾਲ ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਸਰਪੰਚ ਜਸਬੀਰ ਸਿੰਘ ਰਾਜਾ ਚੇਤਨਪੁਰਾ, ਸਰਪੰਚ ਹਰਪਾਲ ਸਿੰਘ ਕੋਟਲਾ, ਸਰਪੰਚ ਰਜਿੰਦਰ ਸਿੰਘ ਹਰਦੋ ਪੁਤਲੀ ਅਤੇ ਰਣਜੀਤ ਸਿੰਘ ਬੱਗੂ ਹਾਜ਼ਰ ਸਨ।



## ਐੱਚ ਕੇ ਐੱਮ ਵੀ ਕਾਲਜ ਧਾਰੀਵਾਲ 'ਚ ਸੈਮੀਨਾਰ ਕਰਵਾਇਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਹਿੰਦੂ ਕੰਨਿਆ ਮਹਾਂਵਿਦਿਆਲਾ ਕਾਲਜ ਧਾਰੀਵਾਲ ਵਿਖੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਆਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰ. ਡਾ. ਰਾਜਵਿੰਦਰ ਕੌਰ ਦੀ ਅਗਵਾਈ ਹੇਠ ਹਿੰਦੀ ਵਿਭਾਗ ਦੇ ਮੁਖੀ ਡਾ. ਪਵਨ ਕੁਮਾਰ ਸ਼ਰਮਾ ਦੀ ਅਗਵਾਈ (ਤਾਲਮੇਲ) ਹੇਠ ਹਿੰਦੀ ਦਿਵਸ ਨੂੰ ਸਪਰਪਿਤ ਸੈਮੀਨਾਰ ਅਤੇ ਵਿਦਿਆਰਥੀਆਂ ਦੇ ਲੇਖ ਲਿਖਣ, ਕਵਿਤਾ ਪਾਠ, ਪੋਸਟਰ ਮੇਕਿੰਗ ਮੁਕਾਬਲੇ ਕਰਵਾਏ। ਸੈਮੀਨਾਰ ਦੌਰਾਨ ਕਾਲਜ ਪ੍ਰਿੰ. ਡਾ. ਰਾਜਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਿੰਦੀ ਇੱਕ ਸੰਪਰਕ ਭਾਸ਼ਾ ਹੈ ਅਤੇ ਸਾਨੂੰ ਸਾਰੀਆਂ ਭਾਸ਼ਾਵਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਇਸ ਮੌਕੇ ਡਾ. ਪਵਨ ਕੁਮਾਰ ਸ਼ਰਮਾ ਨੇ ਵਿਦਿਆਰਥੀਆਂ ਨੂੰ ਹਿੰਦੀ ਦਿਵਸ ਦਾ ਇਤਿਹਾਸ ਦੱਸਿਆ ਅਤੇ ਕਿਹਾ ਕਿ ਹਿੰਦੀ ਇੱਕ ਵਿਸ਼ਵਵਿਆਪੀ, ਰੁਜ਼ਗਾਰ-ਮੁਖੀ ਭਾਸ਼ਾ, ਸੰਚਾਰ ਅਤੇ ਭਾਰਤੀ ਸੱਭਿਆਚਾਰ ਦੀ ਵਾਹਕ ਹੈ। ਇਸ ਮੌਕੇ ਵਿਦਿਆਰਥੀਆਂ ਦੇ ਲੇਖ ਲਿਖਣ, ਕਵਿਤਾ ਪਾਠ, ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ। ਪ੍ਰਿੰ. ਡਾ. ਰਾਜਵਿੰਦਰ ਕੌਰ ਨੇ ਦੱਸਿਆ ਲੇਖ ਲਿਖਣ ਮੁਕਾਬਲੇ ਵਿੱਚੋਂ ਸੋਫੀਆ ਨੇ ਪਹਿਲਾ ਸਥਾਨ, ਬਬਿਤਾ ਨੇ ਦੂਜਾ ਸਥਾਨ ਅਤੇ ਸੁਨੇਹਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਵਿਤਾ ਪਾਠ ਮੁਕਾਬਲੇ ਵਿੱਚ ਅੰਜਲੀ ਕੁਮਾਰੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਹਰਲੀਨ ਕੌਰ ਨੇ ਪਹਿਲਾ ਸਥਾਨ, ਅੰਜਲੀ ਕੁਮਾਰੀ ਨੇ ਦੂਜਾ ਅਤੇ ਸੋਫੀਆ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਜੇਤੂ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਅਤੇ ਸਨਮਾਨਿਤ ਕੀਤਾ ਗਿਆ।



# ਐਡਵੋਕੇਟ ਅਰਜੁਨ ਵੋਹਰਾ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਦੇ ਮੈਂਬਰ ਬਣੇ



ਬੁਤਾਲਾ/ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)-ਬਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਐਡਵੋਕੇਟ ਜਸਪ੍ਰੀਤ ਸਿੰਘ ਬਾਠ, ਵਾਇਸ ਪ੍ਰਧਾਨ ਐਡਵੋਕੇਟ ਸਰਬਜੀਤ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਤੇ ਸੈਕਟਰੀ ਐਡਵੋਕੇਟ ਰਾਜਕੰਵਲਬੀਰ ਸਿੰਘ ਸੰਧੂ ਦੀ ਅਗਵਾਈ ਅਤੇ ਸਮੂਹ ਵਕੀਲ ਸਾਹਿਬਾਨ ਦੀ ਹਾਜ਼ਰੀ ਵਿੱਚ ਐਡਵੋਕੇਟ ਅਰਜੁਨ ਵੋਹਰਾ ਨੂੰ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ 'ਚ ਸ਼ਾਮਲ ਕੀਤਾ ਗਿਆ ।ਇਸ ਮੌਕੇ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਦੇ ਸਮੂਹ ਮੈਂਬਰ ਸਾਹਿਬਾਨ ਨੇ ਨਵੇਂ ਬਣੇ ਮੈਂਬਰ ਐਡਵੋਕੇਟ ਅਰਜੁਨ ਵੋਹਰਾ ਨੂੰ ਮੁਬਾਰਕਾਂ ਦਿੱਤੀਆਂ।ਨਵੇ ਬਣੇ ਮੈਂਬਰ ਐਡਵੋਕੇਟ ਅਰਜੁਨ ਵੋਹਰਾ ਸੀਨੀਅਰ ਐਡਵੋਕੇਟ ਸੁਖਦੇਵ ਸਿੰਘ ਟਪਿਆਲਾ ਦੇ ਨਾਲ ਚੈਂਬਰ ਨੰ 25 ਵਿੱਚ ਬੈਠ ਕੇ ਪ੍ਰੈਕਟਿਸ ਕਰਨਗੇ ।ਇਸ ਮੌਕੇ ਐਡਵੋਕੇਟ ਵੀ. ਕੇ. ਮਲਹੋਤਰਾ, ਐਡਵੋਕੇਟ ਹਰਜੋਤ ਕੌਰ ਲਹੌਰੀਆ, ਐਡਵੋਕੇਟ ਦਲਬੀਰ ਸਿੰਘ ਬਾਠ, ਐਡਵੋਕੇਟ ਸਵਿੰਦਰ ਸਿੰਘ ਰੰਧਾਵਾ, ਐਡਵੋਕੇਟ ਵੀ. ਕੇ. ਜਸਵਾਲ, ਐਡਵੋਕੇਟ ਰਣਜੀਤ ਸਿੰਘ ਰਾਣਾ, ਐਡਵੋਕੇਟ ਹਰਪ੍ਰੀਤ ਸਿੰਘ ਸੇਖੋਂ, ਐਡਵੋਕੇਟ ਬਿਕਰਮਜੀਤ ਸਿੰਘ ਬਾਠ, ਐਡਵੋਕੇਟ ਪ੍ਰਵੀਨਪਾਲ ਸਿੰਘ ਭਲਾਈਪੁਰ, ਐਡਵੋਕੇਟ ਵਿਜੈ ਕੁਮਾਰ, ਐਡਵੋਕੇਟ ਦਲਬੀਰ ਸਿੰਘ ਬੇਦੀ, ਐਡਵੋਕੇਟ ਹਰਪ੍ਰੀਤ ਸਿੰਘ ਬੱਲ, ਐਡਵੋਕੇਟ ਵਰਿੰਦਰ ਸਿੰਘ, ਐਡਵੋਕੇਟ ਹਰਪ੍ਰੀਤ ਸਿੰਘ, ਐਡਵੋਕੇਟ ਮਨਪ੍ਰੀਤ ਸਿੰਘ ਚਾਹਲ, ਐਡਵੋਕੇਟ ਗੁਰਏਂਜਲ ਸਿੰਘ ਮਾਨ, ਐਡਵੋਕੇਟ ਸਰਬਜੀਤ ਸਿੰਘ ਢਿੱਲੋਂ, ਐਡਵੋਕੇਟ ਦਲਜੀਤ ਸਿੰਘ ਸ਼ੇਰਗਿੱਲ, ਐਡਵੋਕੇਟ ਸੁਖਰਾਜ ਸਿੰਘ ਸਭਰਵਾਲ ਤੇ ਸਮੂਹ ਵਕੀਲ ਸਾਹਿਬਾਨ ਹਾਜ਼ਰ ਸਨ।

# ਪੀ ਐੱਮ ਸਵੈਨਿਧੀ ਸਕੀਮ ਤਹਿਤ ਲੱਗਾ ਲੋਕ ਕਲਿਆਣ ਮੇਲਾ 2 ਅਕਤੂਬਰ ਤੱਕ ਚੱਲੇਗਾ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੀ. ਐੱਮ. ਸਵੈਨਿਧੀ ਸਕੀਮ ਨੂੰ ਮੁੱਖ ਰੱਖਦੇ ਹੋਏ ਸਥਾਨਕ ਸਰਕਾਰ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਵਿਕਰਮਜੀਤ ਸਿੰਘ ਪਾਂਥੇ, ਕਮਿਸ਼ਨਰ ਨਗਰ ਨਿਗਮ-ਕਮ-ਐੱਸ.ਡੀ.ਐੱਮ ਬਟਾਲਾ ਦੀ ਅਗਵਾਈ ਹੇਠ ਨਗਰ ਨਿਗਮ ਬਟਾਲਾ ਵਿਖੇ ਲੋਕ ਕਲਿਆਣ ਮੇਲਾ ਲਗਾਇਆ ਗਿਆ।





ਇਸ ਸਬੰਧੀ ਜਾਣਕਾਰੀ ਦਿੰਦਿਆਂ ਰਜਿੰਦਰ ਸ਼ਰਮਾ, ਸਹਾਇਕ ਕਮਿਸ਼ਨਰ ਕਾਰਪਰੇਸ਼ਨ ਨੇ ਦੱਸਿਆ ਕਿ ਇਸ ਲੋਕ ਕਲਿਆਣ ਮੇਲੇ ਵਿੱਚ ਬੈਂਕ ਦੇ ਇੰਚਾਰਜ ਲੀਡ ਜ਼ਿਲਾ ਮੈਨੇਜਰ, ਸੁਪਰਡੰਟ ਨਗਰ ਨਿਗਮ ਬਟਾਲਾ ਹੋਰ ਵਿਭਾਗਾਂ ਦੇ ਅਫਸਰ ਮੌਜੂਦ ਸਨ, ਜਿਨ੍ਹਾਂ ਵਲੋਂ ਵੱਖ-ਵੱਖ ਵਿਭਾਗ ਦੀਆ ਸਕੀਮਾਂ ਅਧੀਨ ਲਾਭਪਾਤਰੀਆਂ ਦੀਆ ਦਰਖਾਸਤਾਂ ਦਾ ਨਿਪਟਾਰਾ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਮੌਕੇ ਰੇਹੜੀ-ਫੜ੍ਹੀ ਵਾਲਿਆਂ ਨੂੰ ਸਬਸਿਡੀ ਸਹਿਤ ਪਹਿਲਾ ਕਰਜ਼ਾ 15000 ਰੁਪਏ, ਦੂਜਾ ਕਰਜ਼ਾ 25000 ਰੁਪਏ ਅਤੇ ਤੀਜਾ ਕਰਜ਼ਾ 50,000 ਰੁਪਏ ਸੰਬੰਧੀ ਜਾਣਕਾਰੀ ਦਿੱਤੀ ਅਤੇ ਨਵੇਂ ਕਰਜ਼ੇ ਵੀ ਅਪਲਾਈ ਕੀਤੇ ਗਏ।ਉਨ੍ਹਾਂ ਦੱਸਿਆ ਕਿ ਲੋਕ ਕਲਿਆਣ ਮੇਲਾ 2 ਅਕਤੂਬਰ ਤੱਕ ਦਫਤਰ ਕਾਰਪੋਰੇਸ਼ਨ ਬਟਾਲਾ ਵਿਖੇ ਲੱਗੇਗਾ।

ਇਸਦੇ ਨਾਲ ਨਾਲ ਰੇਹੜੀ ਫੜ੍ਹੀ ਵਾਲਿਆਂ ਦੇ ਪਰਿਵਾਰ ਨੂੰ ਇੰਸ਼ੋਰੈਂਸ ਪ੍ਰਧਾਨ ਮੰਤਰੀ ਆਵਾਸ ਯੋਜਨਾ, ਸੁਰੱਕਸ਼ਾ ਬੀਮਾ ਯੋਜਨਾ, ਜਨ-ਧਨ ਯੋਜਨਾ, ਜਨਨੀ ਸੁਰੱਕਸ਼ਾ ਯੋਜਨਾ, ਪੈਨਸ਼ਨ ਅਤੇ ਡਿਜੀਟਲ ਸੇਵਾਵਾਂ ਪ੍ਰਤੀ ਜਾਣਕਾਰੀ ਦਿੱਤੀ ਗਈ।ਕੈਂਪ ਵਿੱਚ ਲੀਡ ਜ਼ਿਲ੍ਹਾ ਮੈਨੇਜਰ ਰਾਜਨ ਮਲੋਹਤਰਾ, ਸੁਪਰਡੈਂਟ ਪਲਵਿੰਦਰ ਸਿੰਘ, ਸੁਪਰਡੈਂਟ ਜੋਤੀ ਸੈਣੀ, ਮੈਨੇਜਰ ਗੁਰਪ੍ਰੀਤ ਸਿੰਘ, ਰਾਜਬੀਰ ਡੋਗਰਾ ਅਤੇ ਰਾਜਬੀਰ ਕੌਰ ਆਦਿ ਹਾਜ਼ਰ ਸਨ।

# ਕਮਿਊਨਿਸਟ ਪਾਰਟੀ ਦੀ ਮੋਹਾਲੀ ਰੈਲੀ ਲਈ ਜਥਾ ਰਵਾਨਾ



ਝਬਾਲ, (ਹਰਜਿੰਦਰ ਸਿੰਘ ਸੋਨੀ)-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਚੰਡੀਗੜ੍ਹ ਵਿਖੇ ਹੋ ਰਹੇ ਕੌਮੀ ਮਹਾਂ ਸੰਮੇਲਨ ਦੇ ਆਗਾਜ਼ ਤੇ ਮੋਹਾਲੀ ਸਬਜ਼ੀ ਮੰਡੀ ਵਿਖੇ ਕੀਤੀ ਜਾ ਰਹੀ ਵਿਸ਼ਾਲ ਜਨਤਕ ਰੈਲੀ ਲਈ ਭਾਰਤੀ ਕਮਿਊਨਿਸਟ ਪਾਰਟੀ ਬਲਾਕ ਗੰਡੀਵਿੰਡ ਵੱਲੋਂ ਝਬਾਲ ਤੋਂ ਜਥਾ ਰਵਾਨਾ ਹੋਇਆ।ਇਸ ਜਥੇ ਦੀ ਅਗਵਾਈ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਸੋਹਲ, ਬਲਾਕ ਸਕੱਤਰ ਗੁਰਬਿੰਦਰ ਸਿੰਘ ਸੋਹਲ, ਜਗਤਾਰ ਸਿੰਘ ਜੱਗਾ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਦੇਣ ਲਈ ਨੀਤੀਆਂ ਬਣਾ ਰਹੀਆਂ ਹਨ। ਮਜ਼ਦੂਰਾਂ, ਕਿਸਾਨਾਂ ਤੇ ਹੋਰ ਮਿਹਨਤਕਸ਼ ਜਨਤਾ ਦਾ ਬੇਰੁਜ਼ਗਾਰੀ, ਮਹਿੰਗਾਈ ਤੇ ਭ੍ਰਿਸ਼ਟਾਚਾਰ ਨੇ ਕਚੂੰਬਰ ਕੱਢਿਆ ਪਿਆ ਹੈ।ਭਾਰਤੀ ਕਮਿਊਨਿਸਟ ਪਾਰਟੀ ਦੇਸ਼ ਦੇ ਮਿਹਨਤਕਸ਼ ਲੋਕਾਂ ਦੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ਸ਼ੀਲ ਰਹਿਣ ਵਾਲੀ ਪਾਰਟੀ ਹੈ।ਦੇਸ਼ ਦੇ ਮਿਹਨਤਕਸ਼ ਲੋਕਾਂ ਨੂੰ ਜਾਗਰੂਕ ਹੋ ਕੇ ਸਰਮਾਏਦਾਰ ਸਰਕਾਰਾਂ ਵਿਰੁੱਧ ਜ਼ਬਰਦਸਤ ਅੰਦੋਲਨ ਚਲਾਉਣ ਦੀ ਲੋੜ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਿੰਦਰ ਸਿੰਘ ਬਿੱਲਾ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਬਲਵਿੰਦਰ ਸਿੰਘ ਮੂਸੇ, ਮਨਜੀਤ ਸਿੰਘ ਢੰਡ, ਜਗਜੀਤ ਸਿੰਘ ਮੰਨਣ, ਪੰਜਾਬ ਸਿੰਘ ਕਸੇਲ ਸਮੇਤ ਵੱਡੀ ਗਿਣਤੀ ਵਿੱਚ ਕਮਿਊਨਿਸਟ ਵਰਕਰ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਵੱਖ-ਵੱਖ ਕਮਿਊਨਿਟੀ ਹੈਲਥ ਸੈਂਟਰਾਂ ਨੂੰ ਫੌਗਿੰਗ ਮਸ਼ੀਨਾਂ ਜਾਰੀ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋਂ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸਿਵਲ ਸਰਜਨ ਦਫਤਰ ਵਿਖੇ ਹੜ੍ਹ ਪ੍ਰਭਾਵਿਤ ਏਰੀਏ ਦੇ ਕਮਿਊਨਿਟੀ ਹੈਲਥ ਸੈਂਟਰਾਂ ਦੇ ਸੀਨੀਅਰ ਮੈਡੀਕਲ ਅਫਸਰਾਂ ਨੂੰ ਫੌਗਿੰਗ ਮਸ਼ੀਨਾਂ ਵੰਡੀਆਂ ਗਈਆਂ ਹਨ।ਇਸ ਸਮੇਂ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦਰਿਆ ਬਿਆਸ ਅਤੇ ਦਰਿਆ ਸਤਲੁੱਜ ਦੇ ਕੰਢੇ ਵੱਸੇ ਪਿੰਡਾਂ ਜੋ ਹੜ੍ਹ ਪ੍ਰਭਾਵਿਤ ਏਰੀਏ ਹਨ, ਉਨ੍ਹਾਂ ਵਿੱਚ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਵਰਗੀਆਂ ਭਿਆਨਕ ਬਿਮਾਰੀਆਂ ਫੈਲਣ ਤੋਂ ਬਚਾਉਣ ਲਈ ਸਿਹਤ ਵਿਭਾਗ ਦੀਆਂ ਟੀਮਾਂ ਤਿਆਰ ਕੀਤੀਆਂ ਹਨ, ਜੋ ਪਿੰਡਾਂ ਵਿੱਚ ਜਾ ਕੇ ਫੌਗਿੰਗ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਅੱਜ ਸਿਵਲ ਸਰਜਨ ਦਫਤਰ ਵਿਖੇ ਹੜ੍ਹ ਪ੍ਰਭਾਵਿਤ ਏਰੀਏ ਨੂੰ ਪੈਂਦੀਆਂ ਸੀ.ਐੱਚ.ਸੀ ਜਿਵੇਂ ਸੀ.ਐੱਚ.ਸੀ.ਸਰਹਾਲੀ, ਸੀ.ਐੱਚ.ਸੀ.ਘਰਿਆਲਾ, ਸੀ.ਐੱਚ.ਸੀ.ਖੇਮਕਰਨ, ਸੀ. ਐੱਚ. ਸੀ. ਮੀਆਂਵਿੰਡ, ਐੱਸ. ਡੀ. ਐੱਚ. ਖਡੂਰ ਸਾਹਿਬ, ਐੱਸ. ਡੀ. ਐੱਚ ਪੱਟੀ ਨੂੰ ਨਵੀਆਂ ਫੌਗਿੰਗ ਮਸ਼ੀਨਾਂ ਜਾਰੀ ਕੀਤੀਆਂ ਹਨ ਅਤੇ ਨਾਲ ਹੀ ਹਦਾਇਤ ਕੀਤੀ ਗਈ ਹੈ ਕਿ ਸਿਹਤ ਵਿਭਾਗ ਦੀਆਂ ਟੀਮਾਂ ਬਣਾ ਕੇ ਆਪਣੀ ਆਪਣੀ ਸੀ. ਐੱਚ. ਸੀ. ਅਧੀਨ ਪੈਂਦੇ ਪਿੰਡਾਂ ਵਿੱਚ ਜਾ ਕੇ ਫੌਗਿੰਗ ਕਰਵਾਈ ਜਾਵੇ। ਇਸ ਸਮੇਂ ਡਾ. ਵਰਿੰਦਰਪਾਲ ਕੌਰ ਜ਼ਿਲ੍ਹਾ ਟੀਕਾਕਰਨ ਅਫਸਰ, ਡਾ. ਰੂਪਮ ਚੌਧਰੀ ਡੀ. ਐੱਮ. ਸੀ, ਡਾ. ਸੁਰਿੰਦਰ ਕੁਮਾਰ ਐੱਸ. ਐੱਮ. ਓ ਸਿਵਲ ਹਸਪਤਾਲ ਤਰਨ ਤਾਰਨ, ਡਾ. ਜਸਪ੍ਰੀਤ ਸਿੰਘ ਏ. ਸੀ. ਐੱਸ, ਡਾ. ਅਵਲੀਨ ਕੌਰ ਐਪੀਡੀਮੋਲੋਜਿਸਟ, ਜ਼ਿਲ੍ਹਾ ਮਾਸ ਮੀਡੀਆ ਅਫਸਰ ਸੁਖਵੰਤ ਸਿੰਘ ਸਿੱਧੂ, ਕਵਲ ਲਬਰਾਜ ਸਿੰਘ ਏ. ਐੱਮ. ਓ, ਗੁਰਦੇਵ ਸਿੰਘ ਢਿੱਲੋਂ, ਰਜਵੰਤ ਸਿੰਘ ਬਾਗੜੀਆਂ, ਪ੍ਰਦੀਪ ਸਿੰਘ ਹੈਲਥ ਵਰਕਰ, ਮਨਦੀਪ ਸਿੰਘ ਆਦਿ ਹਾਜ਼ਰ ਸਨ।



## ਬਜਾਜ ਅਲਿਆਂਸ ਲਾਈਫ ਇੰਸ਼ੋਰੈਂਸ ਨੇ ਹੜ੍ਹ ਪ੍ਰਭਾਵਿਤ ਪਾਲਿਸੀ ਧਾਰਕਾਂ ਲਈ ਚੁੱਕੇ ਜ਼ਰੂਰੀ ਕਦਮ

ਅੰਮ੍ਰਿਤਸਰ : ਬਜਾਜ ਅਲਿਆਂਸ ਲਾਈਫ ਇੰਸ਼ੋਰੈਂਸ ਨੇ ਹਾਲ ਹੀ ਵਿੱਚ ਪੰਜਾਬ ਵਿੱਚ ਆਏ ਭਿਆਨਕ ਹੜ੍ਹਾਂ ਨਾਲ ਪ੍ਰਭਾਵਿਤ ਪਰਿਵਾਰਾਂ ਪ੍ਰਤੀ ਆਪਣੀ ਡੂੰਘੀ ਸੰਵੇਦਨਾ ਪ੍ਰਗਟਾਈ ਹੈ।ਇਸ ਅਚਾਨਕ ਆਈ ਕੁਦਰਤੀ ਆਫ਼ਤ ਨੂੰ ਧਿਆਨ ਵਿੱਚ ਰੱਖਦਿਆਂ ਕੰਪਨੀ ਨੇ ਪ੍ਰਭਾਵਿਤ ਪਾਲਿਸੀਧਾਰਕਾਂ ਦੇ ਪਰਿਵਾਰਾਂ ਦੀ ਸਹਾਇਤਾ ਲਈ ਖਾਸ ਪ੍ਰਬੰਧ ਕੀਤੇ ਹਨ।

ਇਨ੍ਹਾਂ ਪਰਿਵਾਰਾਂ ਵੱਲੋਂ ਇਸ ਮੁਸ਼ਕਲ ਸਮੇਂ ਦੌਰਾਨ ਸਾਹਮਣਾ ਕੀਤੀਆਂ ਗੰਭੀਰ ਚੁਣੌਤੀਆਂ ਨੂੰ ਸਮਝਦਿਆਂ ਬਜਾਜ ਅਲਿਆਂਸ ਲਾਈਫ ਇੰਸ਼ੋਰੈਂਸ ਨੇ ਕਲੇਮ ਨਿਪਟਾਰੇ ਲਈ ਇੱਕ ਖਾਸ ਡੈਸਕ ਸਥਾਪਿਤ ਕੀਤਾ ਹੈ, ਤਾਂ ਜੋ ਹੜ੍ਹਾਂ ਨਾਲ ਪ੍ਰਭਾਵਿਤ ਗਾਹਕਾਂ ਦੇ ਮੌਤ ਅਤੇ ਅਪਾਹਜਤਾ ਸੰਬੰਧੀ ਕਲੇਮ ਦੀ ਪ੍ਰਕਿਰਿਆ ਨੂੰ ਤਰਜੀਹ ਨਾਲ ਪੂਰਾ ਕੀਤਾ ਜਾ ਸਕੇ।

ਬਜਾਜ ਅਲਿਆਂਸ ਲਾਈਫ ਇੰਸ਼ੋਰੈਂਸ ਆਪਣੇ ਪਾਲਿਸੀਧਾਰਕਾਂ ਦਾ ਹਰ ਚੁਣੌਤੀਪੂਰਨ ਹਾਲਾਤ ਵਿੱਚ ਸਾਥ ਨਿਭਾਉਣ ਲਈ ਵਚਨਬੱਧ ਹੈ। ਪੰਜਾਬ ਦੀ ਹੜ੍ਹ ਨਾਲ ਪ੍ਰਭਾਵਿਤ ਲੋਕਾਂ ਨੂੰ ਲਗਾਤਾਰ ਤੇਜ਼ ਸਹਿਯੋਗ ਪ੍ਰਦਾਨ ਕਰਦਾ ਰਹੇਗਾ।

# ਭਾਈ ਘਨੱਈਆ ਜੀ ਦਾ ਸੱਚਖੰਡ ਪਿਆਨਾ ਦਿਨ ਸੇਵਾ ਤੇ ਸੰਕਲਪ ਦਿਵਸ ਵਜੋਂ ਮਨਾਇਆ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਲੋਕ ਸੇਵਾ ਦਲ ਦੀਨਾਨਗਰ ਵੱਲੋਂ ਸੇਵਾ ਤੇ ਸਿਮਰਨ ਦੇ ਪੁੰਜ ਬ੍ਰਹਮ ਗਿਆਨੀ ਭਾਈ ਘਨੱਈਆ ਜੀ ਦਾ ਸੱਚਖੰਡ ਪਿਆਨਾ ਦਿਨ ਸੇਵਾ ਤੇ ਸੰਕਲਪ ਦਿਵਸ ਵਜੋਂ ਮਨਾ ਕੇ ਇਲਾਕੇ ਦੇ ਵੱਖ-ਵੱਖ ਹਸਪਤਾਲਾਂ ਵਿੱਚ ਜਿਵੇਂ ਬਾਜਵਾ ਹਸਪਤਾਲ, ਸਰਕਾਰੀ ਹਸਪਤਾਲ ਸਿੰਘੋਵਾਲ, ਬਾਹਰੀ ਹਸਪਤਾਲ, ਚੌਹਾਨ ਹਸਪਤਾਲ, ਥਾਪਰ ਹਸਪਤਾਲ, ਕਿਰਨ ਹਸਪਤਾਲ, ਵਸ਼ਿਸ਼ਟ ਹਸਪਤਾਲ, ਡਾਕਟਰ ਸੋਹਨ ਲਾਲ ਹਸਪਤਾਲ, ਭਾਰਤ ਭੂਸ਼ਣ ਹਸਪਤਾਲ, ਬ੍ਰਿਧ ਆਸ਼ਰਮ, ਚੌਹਾਨ ਮੈਡੀਕਲ ਸਿਟੀ ਆਦਿ ਹਸਪਤਾਲਾਂ ਵਿੱਚ ਦਾਖਲ ਮਰੀਜ਼ਾਂ ਦੀ ਤੰਦਰੁਸਤੀ ਦੀ ਅਰਦਾਸ ਕਰਕੇ ਫਲ ਫਰੂਟਾਂ ਦੀ ਸੇਵਾ ਕੀਤੀ ਗਈ।ਇਸ ਤੋਂ ਪਹਿਲਾਂ ਫਰੂਟ ਨੂੰ ਧੋ ਕੇ ਪੈ ਕੀਤੇ ਗਏ।ਇਸ ਤੋਂ ਬਾਅਦ ਭਾਈ ਹਰਦੀਪ ਸਿੰਘ ਹਜ਼ੂਰੀ ਰਾਗੀ ਤੇ ਭਾਈ ਸੁਰਜੀਤ ਸਿੰਘ ਵੱਲੋਂ ਹੜ੍ਹ ਪੀੜਿਤਾਂ ਅਤੇ ਮਰੀਜ਼ਾਂ ਦੀ ਚੰਗੀ ਸਿਹਤ ਦੀ ਅਰਦਾਸ ਕਰਨ ਤੋਂ ਬਾਅਦ ਫਲ ਫਰੂਟ ਮਰੀਜ਼ਾਂ ਨੂੰ ਵੰਡੇ ਗਏ।ਇਸ ਮੌਕੇ ਗੱਲਬਾਤ ਕਰਦਿਆਂ ਸੁਖਵਿੰਦਰ ਸਿੰਘ ਪਾਹੜਾ ਨੇ ਦੱਸਿਆ ਕਿ ਲਗਭਗ ਪਿਛਲੇ 20 ਸਾਲਾਂ ਤੋਂ ਇਸ ਦਿਨ ਲੋਕ ਸੇਵਾ ਦਲ ਵੱਲੋਂ ਮਾਨਵਤਾ ਦੇ ਭਲੇ ਲਈ ਸੇਵਾ ਕੀਤੀ ਜਾਂਦੀ ਹੈ।ਇਸ ਮੌਕੇ ਮਰੀਜ਼ਾਂ ਤੇ ਹਸਪਤਾਲ ਪ੍ਰਬੰਧਕਾਂ ਵੱਲੋਂ ਲੋਕ ਸੇਵਾ ਦਲ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਕੁਲਦੀਪ ਸਿੰਘ ਫੌਜੀ, ਅਮਰਜੀਤ ਸਿੰਘ, ਡਾਕਟਰ ਬੀ ਐਸ ਬਾਜਵਾ, ਗੁਰਦੀਪ ਸਿੰਘ ਪ੍ਰਧਾਨ ਸ਼ੇਰੇ ਪੰਜਾਬ, ਅਜੀਤ ਸਿੰਘ ਗਾਜ਼ੀਕੋਟ, ਰਾਹੁਲ, ਬਬਲੂ, ਨਵਪ੍ਰੀਤ ਸਿੰਘ, ਸੁਰਜੀਤ ਸਿੰਘ, ਕੁਲਵੀਰ ਸਿੰਘ, ਜਗਵਿੰਦਰ ਸਿੰਘ, ਰਾਮ ਨਾਲ ਉਂਕਾਰ ਸਿੰਘ, ਮਾਸਟਰ ਇੰਦਰ ਸਿੰਘ, ਗੁਰਦੀਪ ਸਿੰਘ, ਅਮਰਜੀਤ ਸਿੰਘ, ਸਤਨਾਮ ਸਿੰਘ ਬਲਰਾਜ ਸਿੰਘ, ਦਰਸ਼ਨ ਸਿੰਘ, ਪੰਨੂ ਸਿੰਘ, ਤਰਸੇਮ ਲਾਲ, ਕ੍ਰਿਸ਼ਨਪਾਲ ਸਿੰਘ ਚਰਨਜੀਤ ਗਿੱਲ ਬਲਕਾਰ ਸਿੰਘ, ਬਲਜਿੰਦਰ ਸਿੰਘ ਕੁਲਦੀਪ ਸਿੰਘ, ਭਾਈ ਹਰਦੀਪ ਸਿੰਘ ਹਜ਼ੂਰੀ ਰਾਗੀ ਤੇ ਘਨੱਈਆ ਸਿੰਘ ਅਵਾਂਖਾ, ਸੁਦਾਗਰ ਸਿੰਘ ਆਦੀ ਹਾਜ਼ਰ ਸਨ।



# 'ਪ੍ਰਵਾਸੀਆਂ ਦਾ ਪੰਜਾਬ 'ਚ ਵਸੇਬਾ ਕਰਵਾਉਣ ਲਈ ਸਿਆਸੀ ਪਾਰਟੀਆਂ ਜ਼ਿੰਮੇਵਾਰ'

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਜਥੇਦਾਰ ਹਵਾਰਾ ਕਮੇਟੀ ਨੇ ਦੋਸ਼ ਲਗਾਇਆ ਕਿ ਪੰਜਾਬ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਨੇ ਆਪਣੇ ਵੋਟ ਬੈਂਕ ਦੀ ਖਾਤਰ ਪਰਵਾਸੀਆਂ ਦੀ ਸੂਬੇ ਵਿੱਚ ਵੱਡੀ ਆਮਦ ਨੂੰ ਨਿਯਮਤ ਕਰਨ ਲਈ ਕੋਈ ਕਾਨੂੰਨ ਨਹੀਂ ਬਣਾਇਆ ਜਿਸ ਕਾਰਨ ਅੱਜ ਪਰਵਾਸੀ ਸਮੱਸਿਆ ਨਾਲ ਪੰਜਾਬ ਵਾਸੀ ਜੂਝ ਰਹੇ ਹਨ ।ਕਮੇਟੀ ਆਗੂ ਪ੍ਰੋ. ਬਲਜਿੰਦਰ ਸਿੰਘ, ਬਾਪੂ ਗੁਰਚਰਨ ਸਿੰਘ ਅਤੇ ਮਹਾਬੀਰ ਸਿੰਘ ਸੁਲਤਾਨਵਿੰਡ ਨੇ ਕਿਹਾ ਕਿ ਭਾਜਪਾ ਅਤੇ ਹੋਰ ਪਾਰਟੀਆਂ ਪਰਵਾਸੀਆਂ ਦੇ ਮੁੱਦੇ ਦਾ ਨਸਲੀ ਧਰੁਵੀਕਰਨ 2027 ਦੀ ਵਿਧਾਨ ਸਭਾ ਚੋਣਾਂ ਵਿੱਚ ਕਰ ਸਕਦੀਆਂ ਹਨ ।



ਉਨ੍ਹਾਂ ਖੁਲਾਸਾ ਕੀਤਾ ਕਿ ਮਹਾਰਾਸ਼ਟਰ, ਤਾਮਿਲਨਾਡੂ ਅਤੇ ਹੋਰ ਸੂਬਿਆਂ ਵਿੱਚ ਬਿਹਾਰ ਤੇ ਯੂਪੀ ਤੋਂ ਮਾਈਗਰੈਂਟ ਜਾਂਦੇ ਹਨ ਪਰ ਉੱਥੇ ਦੇ ਨਿਵਾਸੀ ਨਹੀਂ ਬਣਦੇ ਪਰ ਪੰਜਾਬ ਵਿੱਚ ਲੱਖਾਂ ਪਰਵਾਸੀਆਂ ਦੇ ਪੱਕੇ ਨਿਵਾਸ ਨਾਲ ਸੂਬੇ ਦੀ ਅਬਾਦੀ ਦੇ ਢਾਂਚੇ ਜੋ ਤਬਦੀਲੀ ਹੋ ਰਹੀ ਹੈ। ਉਸ ਨਾਲ ਸਿੱਖ ਪੰਜਾਬ ਵਿੱਚ ਘੱਟ ਗਿਣਤੀ ਵਿੱਚ ਹੋ ਜਾਣਗੇ । ਇਸਦੇ ਨਾਲ ਜਿੱਥੇ ਸਿਆਸੀ ਸਮੀਕਰਨ ਬਦਲਣਗੇ ਉਥੇ ਪੰਜਾਬ ਦਾ ਮੁਢਲਾ ਸਰੂਪ ਵੀ ਖਤਮ ਹੋ ਜਾਵੇਗਾ। ਪ੍ਰਵਾਸੀਆਂ ਦੀ ਆਮਦ ਕਾਰਨ ਸਾਡੀ ਬੋਲੀ, ਸੱਭਿਆਚਾਰ ਅਤੇ ਰੋਜ਼ਗਾਰ ਦੇ ਮੌਕਿਆਂ 'ਤੇ ਵੀ ਅਸਰ ਪਿਆ ਹੈ ।ਜਦ ਤੱਕ ਪਰਵਾਸੀ ਪੰਜਾਬ ਵਿੱਚ ਕਾਮੇ ਬਣ ਕੇ ਆਉਂਦੇ ਰਹੇ ਤਦ ਤੱਕ ਸਮੱਸਿਆ ਗੰਭੀਰ ਨਹੀਂ ਸੀ ਪਰ ਜਦੋਂ ਕਾਮਿਆਂ ਦੀ ਆੜ ਵਿੱਚ ਜ਼ਰਾਇਮ ਪੇਸ਼ਾ ਲੋਕ ਵੀ ਆ ਗਏ ਉਸ ਨਾਲ ਪੰਜਾਬ ਵਿੱਚ ਅਪਰਾਧਾਂ ਅਤੇ ਨਸ਼ਿਆਂ ਦੀਆਂ ਘਟਨਾਵਾਂ ਵਿੱਚ ਵਾਧਾ ਹੋ ਗਿਆ।ਬਾਦਲ ਸਰਕਾਰ ਨੇ ਤਾਂ ਆਪਣੇ ਸਿਆਸੀ ਹਿੱਤਾਂ ਦੀ ਖ਼ਾਤਰ 'ਪਰਵਾਸੀ ਭਲਾਈ ਬੋਰਡ' ਦੀ ਸਥਾਪਨਾ ਵੀ ਕੀਤੀ ਸੀ ।ਕਮੇਟੀ ਆਗੂਆਂ ਨੇ ਪੰਜਾਬ ਵਾਸੀਆਂ ਨੂੰ ਸੁਚੇਤ ਕੀਤਾ ਕਿ ਪਿਛਲੇ ਸਮੇਂ ਦੌਰਾਨ ਜਦ ਵੀ ਸੂਬੇ ਦੇ ਹਿੱਤਾਂ ਲਈ ਕੋਈ ਆਵਾਜ਼ ਉਠਾਈ ਜਾਂਦੀ ਰਹੀ ਤਾਂ ਦਿੱਲੀ ਵਲੋਂ ਇਸਨੂੰ ਫਿਰਕੂ ਜਾਂ ਦੇਸ਼ ਵਿਰੋਧੀ ਰੰਗਤ ਦੇ ਕੇ ਸਿੱਖਾਂ ਨੂੰ ਬਦਨਾਮ ਕੀਤਾ ਜਾਂਦਾ ਰਿਹਾ ਹੈ।ਗੋਦੀ ਮੀਡੀਆ ਮੁੱਦੇ ਨੂੰ ਸਿਆਸੀ ਰੰਗਤ ਦੇਣ ਵਿੱਚ ਨਿਪੁੰਨ ਹੈ ਇਸ ਲਈ ਪਰਵਾਸੀਆਂ ਦੇ ਮੁੱਦੇ ਨੂੰ ਵਿਰੋਧੀਆਂ ਵੱਲੋਂ ਫਿਰਕੂ ਦਿਸ਼ਾ ਦੇਣ ਅਤੇ ਫਸਾਦ ਦੀਆਂ ਸੰਭਾਵਨਾਵਾਂ ਤੋਂ ਰੋਕਣਾ ਸਾਡਾ ਫਰਜ਼ ਹੈ।ਬਿਆਨ ਜਾਰੀ ਕਰਨ ਵਾਲਿਆਂ ਵਿੱਚ ਡਾ. ਸੁਖਦੇਵ ਸਿੰਘ ਬਾਬਾ, ਬਲਦੇਵ ਸਿੰਘ ਨਵਾਂ ਪਿੰਡ, ਰਘਬੀਰ ਸਿੰਘ ਭੁੱਚਰ ਅਤੇ ਐਡਵੋਕੇਟ ਜਸਬੀਰ ਸਿੰਘ ਜੰਮੂ ਸ਼ਾਮਲ ਸਨ।

## ਸੈਮਸੰਗ ਇੰਡੀਆ ਵੱਲੋਂ ਹੜ੍ਹ ਪ੍ਰਭਾਵਿਤ ਗਾਹਕਾਂ ਦੀ ਸਹਾਇਤਾ ਲਈ ਆਫ਼ਤ ਰਾਹਤ ਤੇ ਦੇਖਭਾਲ ਪ੍ਰੋਗਰਾਮ ਸ਼ੁਰੂ

ਬਠਿੰਡਾ : ਸੈਮਸੰਗ ਨੇ ਹਾਲ ਹੀ ਵਿੱਚ ਹੜ੍ਹਾਂ ਤੋਂ ਪ੍ਰਭਾਵਿਤ ਗਾਹਕਾਂ ਅਤੇ ਭਾਈਚਾਰਿਆਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨ ਲਈ ਪੰਜਾਬ ਵਿੱਚ ਆਪਣਾ ਸਮਰਪਿਤ ਆਫ਼ਤ ਰਾਹਤ ਅਤੇ ਦੇਖਭਾਲ ਪ੍ਰੋਗਰਾਮ ਸ਼ੁਰੂ ਕੀਤਾ ਹੈ। ਇਹ ਪ੍ਰੋਗਰਾਮ ਬੁਨਿਆਦੀ ਉਪਕਰਣਾਂ ਅਤੇ ਐਮਰਜੈਂਸੀ ਕਿੱਟਾਂ ਨਾਲ ਲੈਸ ਦੇਖਭਾਲ ਕੈਂਪਾਂ ਰਾਹੀਂ ਆਫ਼ਤ ਪ੍ਰਭਾਵਿਤ ਖੇਤਰਾਂ ਵਿੱਚ ਜ਼ਰੂਰੀ ਘਰੇਲੂ ਸੇਵਾਵਾਂ ਪ੍ਰਦਾਨ ਕਰਨ ਲਈ ਧਿਆਨ ਨਾਲ ਤਿਆਰ ਕੀਤਾ ਗਿਆ ਹੈ।

ਦੇਸ਼ ਦੇ ਕਿਸੇ ਵੀ ਹਿੱਸੇ ਵਿੱਚ ਆਫ਼ਤ ਪ੍ਰਭਾਵਿਤ ਭਾਈਚਾਰਿਆਂ ਦੀ ਸੇਵਾ ਲਈ ਤੁਰੰਤ ਤਾਇਨਾਤੀ ਲਈ ਵੱਡੇ ਸ਼ਹਿਰਾਂ ਵਿੱਚ ਕੇਅਰ ਕੈਂਪ ਬੁਨਿਆਦੀ ਢਾਂਚਾ ਤਿਆਰ ਅਤੇ ਤਾਇਨਾਤ ਹੈ।ਸੈਮਸੰਗ ਨੂੰ ਪਹਿਲਾਂ ਹੀ ਆਪਣੇ ਸੰਪਰਕ ਕੇਂਦਰਾਂ ਅਤੇ ਸੇਵਾ ਕੇਂਦਰਾਂ ਰਾਹੀਂ ਸਹਾਇਤਾ ਲਈ ਬੇਨਤੀਆਂ ਪ੍ਰਾਪਤ ਹੋਣੀਆਂ ਸ਼ੁਰੂ ਹੋ ਗਈਆਂ ਹਨ। ਇਹ ਮੋਬਾਈਲ ਕੇਅਰ ਸੈਂਟਰ ਆਫ਼ਤ ਪ੍ਰਭਾਵਿਤ ਖੇਤਰਾਂ ਵਿੱਚ ਸਰਗਰਮ ਕੀਤੇ ਜਾਣਗੇ ਤਾਂ ਜੋ ਇਹ ਪੇਸ਼ਕਸ਼ ਕੀਤੀ ਜਾ ਸਕੇ।

# ਪ੍ਰੋ. ਚੰਨਪ੍ਰੀਤ ਕੌਰ ਬੈਸਟ ਟੀਚਰ ਐਵਾਰਡ ਨਾਲ ਸਨਮਾਨਿਤ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਹਾਲ ਹੀ ਵਿੱਚ ਚੀਫ਼ ਖਾਲਸਾ ਚੈਰੀਟੇਬਲ ਸੋਸਾਇਟੀ ਅੰਮ੍ਰਿਤਸਰ ਵੱਲੋਂ ਬੈਸਟ ਟੀਚਰ ਐਵਾਰਡ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਪ੍ਰਧਾਨ ਚੀਫ਼ ਖਾਲਸਾ ਚੈਰੀਟੇਬਲ ਸੋਸਾਇਟੀ ਅੰਮ੍ਰਿਤਸਰ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਪੂਰੀ ਮੈਨੇਜਮੈਂਟ ਵੱਲੋਂ ਸੀ. ਕੇ. ਡੀ. ਕਾਲਜ, ਤਰਨਤਾਰਨ ਦੀ ਪ੍ਰੋਫੈਸਰ ਚੰਨਪ੍ਰੀਤ ਕੌਰ ਨੂੰ ਬੈਸਟ ਟੀਚਰ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।ਇਹ ਐਵਾਰਡ ਪ੍ਰੋ. ਚੰਨਪ੍ਰੀਤ ਕੌਰ ਨੂੰ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੀ ਵਿਸ਼ੇਸ਼ ਕਾਰਗੁਜ਼ਾਰੀ ਅਤੇ ਸ਼ਾਨਦਾਰ ਯੋਗਦਾਨ ਲਈ ਪ੍ਰਦਾਨ ਕੀਤਾ ਗਿਆ।

ਉਨ੍ਹਾਂ ਦੀ ਮਹਿਨਤ, ਸਮਰਪਣ ਅਤੇ ਵਿਦਿਆਰਥੀਆਂ ਪ੍ਰਤੀ ਨਿਸ਼ਠਾ ਨੇ ਉਨ੍ਹਾਂ ਨੂੰ ਇਹ ਸਨਮਾਨ ਹਾਸਲ ਕਰਨ ਯੋਗ ਬਣਾਇਆ।ਇਸ ਮੌਕੇ ਲੋਕਲ ਕਮੇਟੀ ਦੇ ਪ੍ਰਧਾਨ ਅਤੇ ਕਾਲਜ ਦੇ ਮੈਂਬਰ ਇੰਚਾਰਜ ਸ. ਹਰਜੀਤ ਸਿੰਘ, ਮੈਂਬਰ ਇੰਚਾਰਜ ਡਾ. ਸਰਬਜੀਤ ਸਿੰਘ ਅਤੇ ਪ੍ਰਿੰ. ਜਸਬੀਰ ਸਿੰਘ ਵੱਲੋਂ ਪ੍ਰੋ. ਚਨਪ੍ਰੀਤ ਕੌਰ ਨੂੰ ਵਧਾਈ ਦਿੱਤੀ ਗਈ। ਨਾਲ ਹੀ ਸਾਰੇ ਸਟਾਫ ਮੈਂਬਰਾਂ ਨੂੰ ਮਿਹਨਤ ਕਰਨ ਅਤੇ ਇਨ੍ਹਾਂ ਵਰਗੇ ਸਨਮਾਨ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਗਿਆ ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਭੰਗ ਕਰਕੇ ਨਵੀਂ ਕਮੇਟੀ ਦਾ ਗਠਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਅੱਜ ਇੱਕ ਮੀਟਿੰਗ ਨਜ਼ਦੀਕੀ ਪਿੰਡ ਖਾਨ ਮਲਕ ਵਿੱਚ ਹੋਈ, ਮੀਟਿੰਗ ਦੇ ਦੌਰਾਨ ਪਹਿਲੀ ਕਮੇਟੀ ਨੂੰ ਭੰਗ ਕਰਕੇ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਸਰਬਸਮਤੀ ਨਾਲ ਕਮੇਟੀ ਦਾ ਪ੍ਰਧਾਨ ਮਹਿਕਦੀਪ ਸਿੰਘ ਅਤੇ ਸਕੱਤਰ ਗੁਰਨਾਮ ਸਿੰਘ ਨੂੰ ਚੁਣਿਆ ਗਿਆ। ਕਮੇਟੀ ਦਾ ਖਜ਼ਾਨਚੀ ਲਖਵਿੰਦਰ ਸਿੰਘ, ਪ੍ਰੈੱਸ ਸਕੱਤਰ ਗੁਰਮੁੱਖ ਸਿੰਘ ਮਿੱਠਾ, ਸੀਨੀਅਰ ਮੀਤ ਪ੍ਰਧਾਨ ਗੁਰਇਕਬਾਲ ਸਿੰਘ, ਮੀਤ ਪ੍ਰਧਾਨ ਗੁਰਪ੍ਰੀਤ ਸਿੰਘ, ਸਲਾਹਕਾਰ ਤਰਸੇਮ ਸਿੰਘ, ਜੱਥੇਬੰਦਕ ਸਕੱਤਰ ਜਸਜੀਤ ਸਿੰਘ, ਪ੍ਰਚਾਰ ਸਕੱਤਰ ਕੁਲਦੀਪ ਸਿੰਘ ਲੰਗੜ, ਇੰਚਾਰਜ ਮੁਖਤਿਆਰ ਸਿੰਘ, ਸਹਾਇਕ ਸਕੱਤਰ ਦਿਲਬਾਗ ਸਿੰਘ, ਸਹਾਇਕ ਖਜਾਨਚੀ ਹਰਪ੍ਰੀਤ ਸਿੰਘ, ਸਹਾਇਕ ਪ੍ਰੈੱਸ ਸਕੱਤਰ ਗੁਰਨਾਮ ਸਿੰਘ, ਸਹਾਇਕ ਜੱਥੇਬੰਦਕ ਗੁਰਨਾਮ ਸਿੰਘ, ਸਹਾਇਕ ਪ੍ਰਚਾਰਕ ਸੰਤੋਖ ਸਿੰਘ, ਸਹਾਇਕ ਸਲਾਹਕਾਰ ਨਿਸ਼ਾਨ ਸਿੰਘ, ਵਲੰਟੀਅਰ ਗੁਰਜੀਤ ਸਿੰਘ, ਮੈਂਬਰ ਨਿਰਮਲ ਸਿੰਘ, ਸਲਵਿੰਦਰ ਸਿੰਘ, ਗੁਰਦਿਆਲ ਸਿੰਘ, ਬਲਜੀਤ ਸਿੰਘ, ਦਵਿੰਦਰ ਸਿੰਘ, ਸੁੱਖਜੀਤ ਸਿੰਘ, ਮਹਿੰਦਰ ਸਿੰਘ ਪੱਪੂ, ਲਖਵਿੰਦਰ ਸਿੰਘ, ਮਨਜੀਤ ਸਿੰਘ, ਕੁਲਦੀਪ ਬੱਬੂ, ਜੁਝਾਰ ਸਿੰਘ ਆਦਿ ਨੇ ਆਪੋ ਆਪਣੀ ਡਿਊਟੀ ਸੰਭਾਲੀ ਅਤੇ ਵਿਸਵਾਸ਼ ਦਿਤਾ ਕਿ ਅਸੀਂ ਹੱਕ ਸੱਚ ਲਈ ਹਮੇਸ਼ਾ ਸੰਘਰਸ਼ ਲੜਾਂਗੇ।

# ਸਾਂਸਦ ਧਰਮਿੰਦਰ ਯਾਦਵ ਹੜ੍ਹ ਪ੍ਰਭਾਵਿਤ ਇਲਾਕੇ ਦਾ ਜਾਇਜ਼ਾ ਲੈਣ ਲਈ ਕਰਤਾਰਪੁਰ ਕੋਰੀਡੋਰ ਪੁੱਜੇ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**-ਉੱਤਰ ਪ੍ਰਦੇਸ਼ ਤੋਂ ਸਮਾਜਵਾਦੀ ਪਾਰਟੀ ਦੇ ਆਗੂ ਤੇ ਸਾਂਸਦ ਧਰਮਿੰਦਰ ਯਾਦਵ ਹੜ੍ਹ ਪ੍ਰਭਾਵਿਤ ਇਲਾਕੇ ਦਾ ਜਾਇਜ਼ਾ ਲੈਣ ਵਾਸਤੇ ਡੇਰਾ ਬਾਬਾ ਨਾਨਕ ਪੁੱਜੇ ਜਿੱਥੇ ਉਨ੍ਹਾਂ ਵੱਲੋਂ ਕਰਤਾਰਪੁਰ ਸਾਹਿਬ ਕੋਰੀਡੋਰ, ਧਰਮਕੋਟ ਪੱਤਣ ਤੇ ਘਣੀਏ ਕੇ ਬੇਟ ਸਮੇਤ ਵੱਖ-ਵੱਖ ਥਾਵਾਂ 'ਤੇ ਹੜ੍ਹ ਪ੍ਰਭਾਵਿਤ ਇਲਾਕੇ ਦਾ ਦੌਰਾ ਕੀਤਾ ਗਿਆ ਤੇ ਹੜ੍ਹ ਨਾਲ ਨੁਕਸਾਨੀਆਂ ਫਸਲਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਸ਼੍ਰੀ ਯਾਦਵ ਵੱਲੋਂ ਧਰਮਕੋਟ ਪੱਤਣ ਵਿਖੇ ਹੜ੍ਹ ਪ੍ਰਭਾਵਿਤ ਲੋਕਾਂ ਨਾਲ ਗੱਲਬਾਤ ਵੀ ਕੀਤੀ ਗਈ ਤੇ ਉਨ੍ਹਾਂ ਦੇ ਦੁਖੜੇ ਵੀ ਸੁਣੇ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੀ ਯਾਦਵ ਨੇ ਕਿਹਾ ਕਿ ਮੈਂ ਦੇਖ ਕੇ ਆਇਆ ਹਾਂ ਕਿ ਇਸ ਹੜ੍ਹ ਦੇ ਪਾਣੀ ਨਾਲ ਲੋਕਾਂ ਦਾ ਵੱਡਾ ਨੁਕਸਾਨ ਹੋਇਆ ਹੈ, ਲੋਕਾਂ ਦੀਆਂ ਫਸਲਾਂ ਮਾਰੀਆਂ ਗਈਆਂ ਹਨ, ਪਸ਼ੂਆਂ ਦਾ ਨੁਕਸਾਨ ਹੋਇਆ ਹੈ ਤੇ ਲੋਕਾਂ ਦੇ ਘਰ ਨੁਕਸਾਨੇ ਗਏ ਹਨ।ਉਨ੍ਹਾਂ ਕਿਹਾ ਕਿ ਇਸ ਨੁਕਸਾਨ ਦੇ ਹਿਸਾਬ ਨਾਲ ਕੇਂਦਰ ਵੱਲੋਂ ਦਿੱਤੇ 1600 ਕਰੋੜ ਰੁਪਏ ਬਹੁਤ ਘੱਟ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਪੰਜਾਬ ਦੇ ਲੋਕਾਂ ਦੀਆਂ ਵੱਡੀਆਂ ਕੁਰਬਾਨੀਆਂ ਹਨ ਤੇ ਅੱਜ ਆਫ਼ਤ ਦੀ ਘੜੀ ਵਿੱਚ ਕੇਂਦਰ ਸਰਕਾਰ ਨੂੰ ਪੱਖਪਾਤ ਵਾਲਾ ਰਵੱਈਆ ਤਿਆਗ ਕੇ ਪੰਜਾਬ ਦੀ ਮਦਦ ਲਈ ਖੁੱਲ੍ਹੇ ਦਿਲ ਨਾਲ ਅੱਗੇ ਆਉਣਾ ਚਾਹੀਦਾ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਪੰਜਾਬ ਦੇ ਹੜ੍ਹ ਪ੍ਰਭਾਵਿਤ ਲੋਕਾਂ ਲਈ ਘੱਟੋ ਘੱਟ 50 ਹਜ਼ਾਰ ਕਰੋੜ ਰੁਪਏ ਦਾ ਪੈਕੇਜ ਭੇਜਣਾ ਚਾਹੀਦਾ ਹੈ। ਫਸਲਾਂ ਦਾ ਘੱਟੋ-ਘੱਟ 50 ਹਜ਼ਾਰ ਰੁਪਏ ਪਰ ਏਕੜ ਮੁਆਵਜ਼ਾ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਪੂਰਾ ਉੱਤਰ ਪ੍ਰਦੇਸ਼ ਤੇ ਸਮਾਜਵਾਦੀ ਪਾਰਟੀ ਇਸ ਆਫ਼ਤ ਦੀ ਘੜੀ ਵਿੱਚ ਪੰਜਾਬ ਦੇ ਲੋਕਾਂ ਦੇ ਨਾਲ ਹੈ ਤੇ ਜਿਨਾਂ ਵੱਲੋਂ ਹੈਸੀਅਤ ਤੋਂ ਵੱਧ ਰਾਹਤ ਸਮੱਗਰੀ ਭੇਜ ਕੇ ਪੰਜਾਬ ਦੇ ਲੋਕਾਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾ ਰਹੀ ਹੈ।ਇਸ ਮੌਕੇ ਉਨ੍ਹਾਂ ਨਾਲ ਆਨੰਦ ਭਦੋਰੀਆ ਸਾਂਸਦ ਉੱਤਰ ਪ੍ਰਦੇਸ਼, ਵਿਧਾਇਕ ਮਹਿਬੂਬ ਅਲੀ ਤੇ ਐਡਵੋਕੇਟ ਬਲਰਾਜ ਸਿੰਘ, ਬਾਬਾ ਅਵਤਾਰ ਸਿੰਘ ਘੱਤਲ, ਵਿਰਸਾ ਸਿੰਘ, ਊਧਮ ਸਿੰਘ ਧਰਮਕੋਟ ਰੰਧਾਵਾ, ਪ੍ਰਕਾਸ਼ ਸਿੰਘ ਭਗਠਾਣਾ ਬੋਹੜਾਂਵਾਲਾ, ਮਹਿੰਦਰ ਸਿੰਘ ਮੰਗੀਆਂ, ਸਾਬਕਾ ਸਰਪੰਚ ਮੋਹਣ ਸਿੰਘ ਤੇ ਸਤਨਾਮ ਸਿੰਘ ਤੋਂ ਇਲਾਵਾ ਸਮਾਜਵਾਦੀ ਪਾਰਟੀ ਦੇ ਆਗੂ ਤੇ ਕਿਸਾਨ ਹਾਜ਼ਰ ਸਨ।



# ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਇਤਿਹਾਸਕ ਲਾਹੌਰੀ ਦਰਵਾਜ਼ੇ ਨੂੰ ਬਾਰਸ਼ਾਂ ਕਾਰਨ ਪੁੱਜਾ ਨੁਕਸਾਨ

ਸ੍ਰੀ ਹਰਗੋਬਿੰਦਪੁਰ/ਬਟਾਲਾ (ਤਰਲੋਕ ਬੱਗਾ)-ਬੀਤੇ ਦਿਨੀਂ ਪਏ ਭਾਰੀ ਮੀਂਹਾਂ ਅਤੇ ਹੜ੍ਹਾਂ ਕਾਰਨ ਜਿੱਥੇ ਹੋਰ ਜਾਨੀ-ਮਾਲੀ ਨੁਕਸਾਨ ਹੋਇਆ ਹੈ ਓਥੇ ਇਨ੍ਹਾਂ ਬਾਰਸ਼ਾਂ ਨਾਲ ਇਤਿਹਾਸਕ ਇਮਾਰਤਾਂ ਨੂੰ ਵੀ ਵੱਡਾ ਨੁਕਸਾਨ ਪਹੁੰਚਿਆ ਹੈ।ਇਨ੍ਹਾਂ ਬਾਰਸ਼ਾਂ ਕਾਰਨ ਇਤਿਹਾਸਕ ਤੇ ਧਾਰਮਿਕ ਸ਼ਹਿਰ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਇਤਿਹਾਸਕ ਲਾਹੌਰੀ ਦਰਵਾਜ਼ੇ ਦਾ ਇੱਕ ਹਿੱਸਾ ਡਿੱਗ ਗਿਆ ਹੈ, ਜਿਸ ਕਾਰਨ ਇਸ ਦਰਵਾਜ਼ੇ ਦੀ ਹੋਂਦ ਖ਼ਤਰੇ ਵਿੱਚ ਆ ਗਈ ਹੈ।ਵਿਰਾਸਤੀ ਮੰਚ ਬਟਾਲਾ ਦੇ ਨੁਮਾਇੰਦੇ ਇੰਦਰਜੀਤ ਸਿੰਘ ਹਰਪੁਰਾ, ਕੁਲਵਿੰਦਰ ਸਿੰਘ ਲਾਡੀ ਜੱਸਲ, ਪ੍ਰਿੰਸਪਾਲ ਸਿੰਘ ਚੱਠਾ, ਬਲਵਿੰਦਰ ਸਿੰਘ ਪੰਜ ਗਰਾਈਆਂ, ਰਾਜਪ੍ਰੀਤ ਸਿੰਘ ਢਿੱਲੋਂ ਵੱਲੋਂ ਲਾਹੌਰੀ ਦਰਵਾਜ਼ੇ ਦਾ ਦੌਰਾ ਕਰਕੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਗਿਆ।ਜਾਣਕਾਰੀ ਦਿੰਦਿਆਂ ਵਿਰਾਸਤੀ ਮੰਚ ਦੇ ਅਹੁਦੇਦਾਰ ਇੰਦਰਜੀਤ ਸਿੰਘ ਹਰਪੁਰਾ ਨੇ ਦੱਸਿਆ ਕਿ ਸ੍ਰੀ ਹਰਗੋਬਿੰਦਪੁਰ ਸ਼ਹਿਰ ਪੰਜਾਬ ਦਾ ਉਹ ਧਾਰਮਿਕ ਤੇ ਇਤਿਹਾਸਕ ਨਗਰ ਹੈ ਜਿਸਨੂੰ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਵਸਾਇਆ ਸੀ।

ਉਨ੍ਹਾਂ ਕਿਹਾ ਕਿ ਇਹ ਸ਼ਹਿਰ ਗੁਰੂ ਸਾਹਿਬ ਵਲੋਂ ਪੂਰੀ ਵਿਉਂਤਬੰਦੀ ਨਾਲ ਤਿਆਰ ਕੀਤਾ ਗਿਆ ਸੀ ਅਤੇ ਬਿਆਸ ਦਰਿਆ ਦੇ ਸੱਜੇ ਕੰਢੇ ਇੱਕ ਉੱਚੇ ਟਿੱਬੇ ਉੱਪਰ ਵਸੇ ਇਸ ਸ਼ਹਿਰ ਦੁਆਲੇ ਚਾਰ-ਦੀਵਾਰੀ ਕਰਕੇ ਛੇ ਦਰਵਾਜ਼ੇ ਬਣਾਏ ਗਏ ਸਨ, ਜਿਨ੍ਹਾਂ ਦੇ ਨਾਮ ਲਾਹੌਰੀ ਦਰਵਾਜ਼ਾ, ਮੋਰੀ ਦਰਵਾਜ਼ਾ, ਸ਼ਾਹਮਾਨਾ ਦਰਵਾਜ਼ਾ, ਮਿਆਦੀ ਦਰਵਾਜ਼ਾ, ਤੇਲੀ ਦਰਵਾਜ਼ਾ, ਘਿਰੜ ਦਰਵਾਜ਼ਾ ਸਨ।ਵਿਰਾਸਤੀ ਮੰਚ ਦੀ ਟੀਮ ਵੱਲੋਂ ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਰਾਹੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਦੇ ਕੇ ਪੁਰਜ਼ੋਰ ਬੇਨਤੀ ਹੈ ਕਿ ਲਾਹੌਰੀ ਦਰਵਾਜ਼ੇ ਦੀ ਪੰਜਾਬ ਸਰਕਾਰ ਦੇ ਪੁਰਾਤਤਵ ਵਿਭਾਗ ਦੇ ਮਾਹਿਰਾਂ ਰਾਹੀਂ ਤੁਰੰਤ ਮੁਰੰਮਤ ਕਰਵਾਈ ਜਾਵੇ।

ਉਨ੍ਹਾਂ ਕਿਹਾ ਕਿ ਮੁਰੰਮਤ ਸਮੇਂ ਇਸ ਗੱਲ ਦਾ ਖਾਸ ਖਿਆਲ ਰੱਖਿਆ ਜਾਵੇ ਕਿ ਇਸ ਦੀ ਪੁਰਾਤਨਤਾ ਪੂਰੀ ਤਰ੍ਹਾਂ ਕਾਇਮ ਰਹੇ।ਵਿਧਾਇਕ ਨੇ ਭਰੋਸਾ ਦਿੱਤਾ ਹੈ ਕਿ ਉਹ ਲਾਹੌਰੀ ਦਰਵਾਜ਼ੇ ਨੂੰ ਹੋਏ ਨੁਕਸਾਨ ਦਾ ਮਾਮਲਾ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆ ਕੇ ਇਸ ਸਬੰਧੀ ਲੋੜੀਂਦੀ ਕਾਰਵਾਈ ਕਰਵਾਉਣਗੇ।



22 Sep Page 12.qxd 9/21/2025 10:17 PM Page 1



# ਹੜ੍ਹਾਂ ਕਾਰਨ ਘਰ ਦੇ ਵਿਹੜੇ 'ਚ ਹੀ ਕਰਨਾ ਪਿਆ ਸਸਕਾਰ



**ਸੀਚੇਵਾਲ ਕਿਸ਼ਤੀਆਂ ਰਾਹੀ ਅਫ਼ਸੋਸ ਕਰਨ ਪਹੁੰਚੇ**

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲਪੁਰੀ)**- ਸੁਲਤਾਨਪੁਰ ਲੋਧੀ ਦੇ ਬਾਊਪੁਰ ਮੰਡ ਇਲਾਕੇ ਵਿੱਚ ਹੜ੍ਹ ਨੇ ਮਚਾਈ ਤਬਾਹੀ ਨਾਲ ਜਿੱਥੇ ਵੱਡੇ ਪੱਧਰ 'ਤੇ ਨੁਕਸਾਨ ਹੋਇਆ ਹੈ, ਉੱਥੇ ਪਿੰਡ ਸਾਂਗਰਾ ਦੇ ਸ਼ਮਸ਼ਾਨਘਾਟ ਵਿੱਚ ਅਜੇ ਵੀ ਪਾਣੀ ਖੜ੍ਹਾ ਹੋਣ ਕਾਰਨ ਇੱਕ ਪਰਵਾਰ ਨੂੰ ਆਪਣੀ ਬਜ਼ੁਰਗ ਮਾਤਾ ਦਾ ਸਸਕਾਰ ਘਰ ਦੇ ਵਿਹੜੇ ਵਿੱਚ ਹੀ ਕਰਨ ਲਈ ਮਜਬੂਰ ਹੋਣਾ ਪਿਆ। ਲੰਘੀ 18 ਸਤੰਬਰ ਨੂੰ ਸਾਂਗਰਾ ਪਿੰਡ ਦੀ ਬਜ਼ੁਰਗ ਔਰਤ ਗੁਰਨਾਮ ਕੌਰ (75) ਦਾ ਦਿਹਾਂਤ ਹੋ ਗਿਆ ਸੀ। ਪਿੰਡ ਦੇ ਆਲੇ-ਦੁਆਲੇ ਢਾਈ-ਤਿੰਨ ਫੁੱਟ ਪਾਣੀ ਅਜੇ ਵੀ ਖੜ੍ਹਾ ਹੈ। ਪਿੰਡ ਦੇ ਸਿਵਿਆਂ ਵਿੱਚ ਤਾਂ ਪਾਣੀ ਦਾ ਪੱਧਰ ਜ਼ਿਆਦਾ ਖੜ੍ਹਾ ਹੋਣ ਕਾਰਨ ਉੱਥੇ ਸਸਕਾਰ ਕਰਨਾ ਸੰਭਵ ਹੀ ਨਹੀਂ ਸੀ। ਆਖਰਕਾਰ ਪੀੜਤ ਪਰਿਵਾਰ ਨੂੰ ਬਜ਼ੁਰਗ ਮਾਤਾ ਗੁਰਨਾਮ ਕੌਰ ਦਾ ਸਸਕਾਰ ਘਰ ਦੇ ਇੱਕ ਹਿੱਸੇ ਵਿੱਚ ਕਰਨਾ ਪਿਆ।ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਪੀੜਤ ਪਰਿਵਾਰ ਦੇ ਘਰ ਅਫ਼ਸੋਸ ਕਰਨ ਲਈ ਮੋਟਰ ਬੋਟ ਰਾਹੀ ਗਏ। ਉਨ੍ਹਾਂ ਦੱਸਿਆ ਕਿ ਬਜ਼ੁਰਗਾਂ ਦੀ ਸਰਪ੍ਰਸਤੀ ਹੇਠ ਹੀ ਪਰਵਾਰ ਅੱਗੇ ਵੱਧਦਾ ਹੈ। ਉਨ੍ਹਾਂ ਦੀ ਸਦੀਵੀ ਗੈਰਹਾਜ਼ਰੀ ਰੜਕਦੀ ਰਹੇਗੀ। ਸੰਤ ਸੀਚੇਵਾਲ ਇਸ ਤੋਂ ਬਾਅਦ ਕਿਸਾਨ ਆਗੂ ਕੁਲਦੀਪ ਸਿੰਘ ਸਾਂਗਰਾਂ ਦੇ ਘਰ ਵੀ ਕਿਸ਼ਤੀ ਰਾਹੀ ਪਹੁੰਚੇ ਜਿੱਥੇ ਉਨ੍ਹਾਂ ਦੇ ਪਰਿਵਾਰ ਦੀ ਸੁਖ ਸਾਂਦ ਪੁੱਛੀ ਤੇ ਬਿਆਸ ਦਰਿਆ ਦਾ ਪਾਣੀ ਹੇਠਾਂ ਆਉਣ 'ਤੇ ਬੰਨ੍ਹ ਬੰਨ੍ਹਣ ਦੀ ਤਿਆਰੀ ਕਰਨ ਲਈ ਜੇ ਸੀ ਬੀ ਅਤੇ ਐਕਸਾਵੇਟਰ ਮਸ਼ੀਨ ਦੇਣ ਦਾ ਭਰੋਸਾ ਦਿੱਤਾ। ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਅਜੇ ਵੀ ਕਿਸ਼ਤੀ ਰਾਹੀ ਹੀ ਆਇਆ ਜਾ ਸਕਦਾ।

## ਅੱਤ ਦੇ ਰੁਝੇਵਿਆਂ ਵਿੱਚ ਵੀ ਸੀਚੇਵਾਲ ਵਿਦੇਸ਼ਾਂ 'ਚ ਫਸਿਆਂ ਦੀ ਮਦਦ ਨੂੰ ਦੇ ਰਹੇ ਹਨ ਤਰਜੀਹ

ਹੜ੍ਹਾਂ ਵਿੱਚ ਅੱਤ ਦੇ ਰੁਝੇਵਿਆਂ ਦੇ ਚੱਲਦਿਆ ਵੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵਿਦੇਸ਼ਾਂ ਵਿੱਚ ਫਸੇ ਨੌਜਵਾਨਾਂ ਦੀ ਮਦੱਦ ਕਰਨ ਨੂੰ ਤਰਜੀਹ ਦਿੱਤੀ। ਤਰਨ ਤਾਰਨ ਦਾ ਨੌਜਵਾਨ ਮਨਦੀਪ ਸਿੰਘ ਜਿਹੜਾ ਕਿ 2 ਮਹੀਨੇ ਪਹਿਲਾਂ ਹੀ ਸਾਈਪਰਸ ਗਿਆ ਸੀ, ਉੱਥੇ ਉਸ ਦੀ ਅਚਾਨਕ ਮੌਤ ਹੋ ਜਾਣ ਦੀ ਸੂਰਤ ਵਿੱਚ ਪੀੜਤ ਪਰਵਾਰ ਮ੍ਰਿਤਕ ਦੇਹ ਮੰਗਵਾਉਣ ਵਿੱਚ ਅਸਮਰੱਥ ਸੀ। ਤਰਨ ਤਾਰਨ ਦਾ ਇਲਾਕਾ ਵੀ ਬੁਰੀ ਤਰ੍ਹਾਂ ਨਾਲ ਹੜ੍ਹ ਦੀ ਲਪੇਟ ਵਿੱਚ ਆਇਆ ਹੋਇਆ ਸੀ। ਉਸ ਦੇ ਪਰਵਾਰ ਨੇ ਜਿਵੇਂ ਹੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਦਫ਼ਤਰ ਸੰਪਰਕ ਕੀਤਾ ਤਾਂ ਉਸ ਤੇ ਤੁਰੰਤ ਕਾਰਵਾਈ ਆਰੰਭ ਕਰ ਦਿੱਤੀ। ਜਿਸ ਤੋਂ 8 ਦਿਨਾਂ ਬਾਅਦ ਹੀ ਮਨਦੀਪ ਦੀ ਮ੍ਰਿਤਕ ਦੇਹ ਪੰਜਾਬ ਪਹੁੰਚ ਗਈ। ਇਸੇ ਤਰ੍ਹਾਂ ਸੰਤ ਸੀਚੇਵਾਲ ਵੱਲੋਂ ਇਰਾਕ ਵਿੱਚ ਬੰਦੀ ਬਣਾ ਕੇ ਰੱਖੇ 4 ਪੰਜਾਬੀਆਂ ਨੂੰ ਵਾਪਿਸ ਲਿਆਂਦਾ ਗਿਆ ਹੈ ਤੇ ਹੁਣ ਵੀ ਰੂਸ ਵਿੱਚ ਫਸੇ ਭਾਰਤੀਆਂ ਦੀ ਭਾਰਤ ਵਾਪਸ ਲਈ ਯਤਨ ਕੀਤੇ ਜਾ ਰਹੇ ਹਨ।

# ਸਫ਼ਾਈ ਕਰਮਚਾਰੀਆਂ ਦੀ ਹੜਤਾਲ ਜਲਦ ਖਤਮ ਨਾ ਹੋਣ 'ਤੇ ਬਿਮਾਰੀਆਂ 'ਚ ਹੋਵੇਗਾ ਵਾਧਾ : ਰਾਹੁਲ ਖੰਨਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਫ਼ਾਈ ਕਰਮਚਾਰੀ ਯੂਨੀਅਨ ਤੋਂ ਇਲਾਵਾ ਨਗਰ ਕੌਂਸਲ ਨਾਲ ਸੰਬੰਧਿਤ ਹੋਰ ਵੱਖ-ਵੱਖ ਯੂਨੀਅਨ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਕੀਤੀ ਗਈ ਹੜਤਾਲ ਕਾਰਨ ਸ਼ਹਿਰ ਵਿੱਚ ਜਗ੍ਹਾ ਜਗ੍ਹਾ ਤੇ ਕੂੜੇ ਕਰਕਟ ਦੇ ਢੇਰ ਲੱਗੇ ਹੋਏ ਹਨ ਜਿਸ ਕਾਰਨ ਸ਼ਹਿਰ ਵਾਸੀਆਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸ਼ਿਵ ਸੈਨਾ ਹਿੰਦੁਸਤਾਨ ਦੀ ਹੋਈ ਇੱਕ ਹੰਗਾਮੀ ਮੀਟਿੰਗ ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਪ੍ਰਧਾਨ ਰਾਹੁਲ ਖੰਨਾ ਨੇ ਕੀਤਾ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੀਆਂ ਵੱਖ-ਵੱਖ ਯੂਨੀਅਨਾਂ ਦੀਆਂ ਜਾਇਜ਼ ਮੰਗਾਂ ਸਰਕਾਰ ਨੂੰ ਪ੍ਰਵਾਨ ਕਰ ਲੈਣੀਆਂ ਚਾਹੀਦੀਆਂ ਹਨ ਜਾਂ ਫਿਰ ਯੂਨੀਅਨ ਦੇ ਨੇਤਾਵਾਂ ਨਾਲ ਇੱਕ ਟੇਬਲ ਤੇ ਬੈਠ ਕੇ ਇਸ ਮਸਲੇ ਨੂੰ ਜਲਦ ਤੋਂ ਜਲਦ ਖਤਮ ਕਰਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਹੜਤਾਲ ਤੇ ਗਏ ਹੋਏ ਨਗਰ ਕੌਂਸਲ ਦੇ ਕਰਮਚਾਰੀਆਂ ਦੀਆਂ ਮੰਗਾਂ ਦੇ ਮਸਲੇ ਨੂੰ ਜਲਦ ਹੱਲ ਨਾ ਕੀਤਾ ਤਾਂ ਇਨ੍ਹਾਂ ਗੰਦਗੀਆਂ ਦੇ ਢੇਰਾਂ ਕਾਰਨ ਸ਼ਹਿਰ ਵਿੱਚ ਜ਼ਹਿਰੀਲੇ ਕੀੜੇ ਮਕੌੜੇ ਅਤੇ ਮੱਖੀ ਮੱਛਰਾਂ ਤੋਂ ਕਈ ਖਤਰਨਾਕ ਬਿਮਾਰੀਆਂ ਪੈਦਾ ਹੋ ਸਕਦੀਆਂ ਹਨ।ਉਨ੍ਹਾਂ ਪੰਜਾਬ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਸ ਹੜਤਾਲ ਨੂੰ ਜਲਦ ਤੋਂ ਜਲਦ ਖਤਮ ਕਰਨ ਲਈ ਯੂਨੀਅਨ ਨੇਤਾਵਾਂ ਨਾਲ ਵਿਚਾਰ ਵਟਾਂਦਰਾ ਕੀਤਾ ਜਾਵੇ ਤਾਂ ਜੋ ਸ਼ਹਿਰ ਵਿੱਚ ਫੈਲਣ ਵਾਲੀਆਂ ਬਿਮਾਰੀਆਂ ਤੇ ਸਮਾਂ ਰਹਿੰਦੇ ਰੋਕ ਲਗਾਈ ਜਾ ਸਕੇ। ਇਸ ਮੌਕੇ ਤੇ ਵਿਵੇਕ ਵਿਜਨ, ਪ੍ਰਸ਼ਾਂਤ ਪੰਡਿਤ, ਰਾਜੂ ਖੋਸਲਾ, ਪੁਨੀਤ ਢੀਂਗਰਾ, ਸੰਜੀਵ ਧੰਨਾ, ਗੁਰਨਾਮ ਸਿੰਘ ਗੋਲਡੀ, ਰਾਜੀਵ ਖੰਨਾ, ਗੁਰਨਾਮ ਸਿੰਘ ਗੋਲਡੀ, ਮਨਜੀਤ ਸਿੰਘ, ਸ਼ੈਰੀ ਥਾਪਰ ਅਤੇ ਹੋਰ ਹਾਜ਼ਰ ਸਨ।

# ਸਾਬਕਾ ਮੰਤਰੀ ਬਲਬੀਰ ਸਿੱਧੂ ਨੇ ਆਪਣੇ ਖਰਚੇ 'ਤੇ ਸ਼ੁਰੂ ਕਰਵਾਈ ਖਸਤਾ ਸੜਕ ਦੀ ਮੁਰੰਮਤ



**ਮੋਹਾਲੀ (ਗੁਰਜੀਤ ਬਿੱਲਾ)**- ਪਿੰਡ ਸਵਾੜਾ ਤੋਂ ਸੈਦਪੁਰ, ਗਿੱਦੜਪੁਰ ਅਤੇ ਚਡਿਆਲਾ ਸੂਦਾਂ ਨੂੰ ਜੋੜਨ ਵਾਲੀ ਖਸਤਾ ਹਾਲਤ ਲਿੰਕ ਸੜਕ ਦੀ ਮੁਰੰਮਤ ਦੇ ਕੰਮ ਦੀ ਸ਼ੁਰੂਆਤ ਕਾਂਗਰਸ ਦੇ ਸੀਨੀਅਰ ਆਗੂ ਅਤੇ ਸਾਬਕਾ ਸਿਹਤ ਮੰਤਰੀ ਸ. ਬਲਬੀਰ ਸਿੰਘ ਸਿੱਧੂ ਵੱਲੋਂ ਕਰਵਾਈ ਗਈ। ਇਸ ਸੜਕ ਦੀ ਖਸਤਾ ਹਾਲਤ ਨੂੰ ਲੈ ਕੇ ਇਲਾਕਾ ਵਾਸੀਆਂ ਵੱਲੋਂ ਲੰਬੇ ਸਮੇਂ ਤੋਂ ਪੰਜਾਬ ਸਰਕਾਰ ਕੋਲ ਗੁਹਾਰ ਲਗਾਈ ਜਾ ਰਹੀ ਸੀ। ਬਲਬੀਰ ਸਿੰਘ ਸਿੱਧੂ ਨੇ ਲੋਕਾਂ ਦੀਆਂ ਪੀੜਾਂ ਨੂੰ ਸਮਝਦਿਆਂ ਆਪਣੇ ਨਿੱਜੀ ਖਰਚੇ ਉੱਤੇ ਸੜਕ ਦੀ ਮੁਰੰਮਤ ਕਰਵਾਉਣ ਦਾ ਫੈਸਲਾ ਕੀਤਾ। ਉਨ੍ਹਾਂ ਵੱਲੋਂ ਮੌਕੇ 'ਤੇ ਟਰੱਕ ਅਤੇ ਬਜਰੀ ਦੇ ਟਿੱਪਰ ਸੁਟਵਾਏ ਗਏ। ਇਸ ਮੌਕੇ ਉਕਤ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਸ. ਬਲਬੀਰ ਸਿੰਘ ਸਿੱਧੂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਹਰਕੇਸ਼ ਚੰਦ ਸ਼ਰਮਾ ਮੱਛਲੀ ਕਲਾਂ, ਜਸਵਿੰਦਰ ਸਿੰਘ ਸਰਪੰਚ ਗਿੱਦੜਪੁਰ, ਨਰਿੰਦਰ ਸਿੰਘ ਸੈਣੀ ਆਦਿ ਮੌਜੂਦ ਸਨ।

# ਪੰਜਾਬੀਆਂ ਤੇ ਪ੍ਰਵਾਸੀਆਂ ਦੇ ਸਾਂਝੇ ਮਾਰਚ 'ਚ ਸ਼ਮੂਲੀਅਤ ਕਰੇਗਾ ਸੰਯੁਕਤ ਕਿਸਾਨ ਮੋਰਚਾ



**ਬੰਗਾ (ਅਵਤਾਰ ਕਲੇਰ)**- ਪੰਜਾਬੀ ਪ੍ਰਵਾਸੀ ਲੋਕ ਭਲਾਈ ਮੰਚ ਵਲੋਂ 23 ਸਤੰਬਰ ਨੂੰ ਨਵਾਂਸ਼ਹਿਰ ਵਿਖੇ ਪੰਜਾਬੀਆਂ ਤੇ ਪ੍ਰਵਾਸੀਆਂ ਦੇ ਕੀਤੇ ਜਾ ਰਹੇ ਏਕਤਾ ਮਾਰਚ ਵਿਚ ਸੰਯੁਕਤ ਕਿਸਾਨ ਮੋਰਚਾ ਭਰਵੀਂ ਸ਼ਮੂਲੀਅਤ ਕਰੇਗਾ।ਇਹ ਫੈਸਲਾ ਸਥਾਨਕ ਦਾਣਾ ਮੰਡੀ ਵਿਖੇ ਸੰਯੁਕਤ ਕਿਸਾਨ ਮੋਰਚੇ ਦੀ ਮੀਟਿੰਗ ਵਿਚ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪ੍ਰਵਾਸੀਆਂ ਵਿਰੁੱਧ ਇਕ ਸਾਜਿਸ਼ ਤਹਿਤ ਮੁਹਿੰਮ ਚਲਾਈ ਜਾ ਰਹੀ ਹੈ ਜਿਸਦਾ ਜਵਾਬ ਪੰਜਾਬੀਆਂ ਅਤੇ ਪ੍ਰਵਾਸੀਆਂ ਦੀ ਏਕਤਾ ਨੂੰ ਹੋਰ ਮਜ਼ਬੂਤ ਕਰਕੇ ਦਿੱਤਾ ਜਾ ਸਕਦਾ ਹੈ। ਉਹਨਾਂ ਕਿਹਾ ਕਿ ਪ੍ਰਵਾਸੀ ਭਾਈਚਾਰੇ ਤੋਂ ਬਿਨਾਂ ਪੰਜਾਬ ਦੀ ਤਰੱਕੀ ਨੂੰ ਬਰੇਕਾਂ ਲੱਗ ਜਾਣਗੀਆਂ, ਭਾਵੇਂ ਖੇਤੀ ਹੈ, ਭਾਵੇਂ ਸਨਅਤ, ਚਾਹੇ ਉਸਾਰੀ ਦੇ ਕੰਮ ਹਨ। ਇਸ ਮੀਟਿੰਗ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਕੁਲਵਿੰਦਰ ਸਿੰਘ ਵੜੈਚ, ਤਰਸੇਮ ਸਿੰਘ ਬੈਂਸ, ਸੰਤੋਖ ਸਿੰਘ ਰੈਲਮਾਜਰਾ ਬੀ ਕੇ ਯੂ (ਰਾਜੇਵਾਲ), ਨਿਰਮਲ ਸਿੰਘ ਔਜਲਾ ਹਰਬਿੰਦਰ ਸਿੰਘ ਚਾਹਲ (ਕੰਮੀ ਕਿਸਾਨ ਯੂਨੀਅਨ), ਜਸਵਿੰਦਰ ਭੰਗਲ ਆਲ ਇੰਡੀਆ ਕਿਸਾਨ ਸਭਾ, ਸਤਨਾਮ ਗੁਲਾਟੀ, ਸਤਨਾਮ ਸਿੰਘ ਸੁੱਜੋਂ, ਮਾਸਟਰ ਗੁਰਦਿਆਲ ਮਹਿੰਦੀ ਪੁਰ, ਆਲ ਇੰਡੀਆ ਕਿਸਾਨ ਸਭਾ ਦੇ ਆਗੂ ਚਰਨਜੀਤ ਸਿੰਘ ਦੌਲਤਪੁਰ ਨੇ ਸੰਬੋਧਨ ਕੀਤਾ।

# ਮਾਲਵਿੰਦਰ ਸਿੰਘ ਕੰਗ ਤੇ ਸੰਤੋਸ਼ ਕਟਾਰੀਆ ਨੇ ਕਿਸਾਨ ਮੇਲੇ 'ਚ ਲਗਵਾਈ ਹਾਜ਼ਰੀ



**ਬਲਾਚੌਰ (ਜਸਵਿੰਦਰ ਬੈਂਸ)**- ਵਿਧਾਇਕ ਸੰਤੋਸ਼ ਕਟਾਰੀਆ ਨੇ ਪੰਜਾਬ ਐਗਰੀਕਲਚਰ ਯੂਨੀਵਰਸਿਟੀ ਬੱਲੋਵਾਲ ਸੌਂਖੜੀ ਵੱਲੋਂ ਕਰਵਾਏ ਗਏ ਕਿਸਾਨ ਮੇਲੇ ਵਿੱਚ ਮੈਂਬਰ ਪਾਰਲੀਮੈਂਟ ਮਾਲਵਿੰਦਰ ਸਿੰਘ ਕੰਗ ਨਾਲ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕਰਨ ਦਾ ਮੌਕਾ ਮਿਲਿਆ। ਮੇਲੇ ਵਿੱਚ ਕਿਸਾਨ ਭਰਾਵਾਂ ਲਈ ਨਵੀਆਂ ਖੇਤੀਬਾੜੀ ਤਕਨਾਲੋਜੀਆਂ, ਆਧੁਨਿਕ ਸਾਧਨਾਂ ਅਤੇ ਉਪਜ ਵਧਾਉਣ ਵਾਲੀਆਂ ਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਯੂਨੀਵਰਸਿਟੀ ਵੱਲੋਂ ਕੀਤੀ ਗਈ ਇਹ ਕੋਸ਼ਿਸ਼ ਨਾ ਸਿਰਫ਼ ਕਿਸਾਨਾਂ ਨੂੰ ਨਵੀਂ ਸੂਝ ਬਖ਼ਸ਼ਦੀ ਹੈ, ਸਗੋਂ ਖੇਤੀ ਨੂੰ ਹੋਰ ਮਜ਼ਬੂਤ ਤੇ ਸਮਰੱਥ ਬਣਾਉਣ ਵੱਲ ਵੀ ਇਕ ਵੱਡਾ ਕਦਮ ਹੈ। ਉੱਥੇ ਹੀ ਉਹਨਾਂ ਦੱਸਿਆ ਕਿ ਮਾਨ ਸਰਕਾਰ ਹਮੇਸ਼ਾ ਕਿਸਾਨਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਬੀਬੀ ਨੇ ਕਿਹਾ ਕਿ ਖੇਤੀ ਸੰਬੰਧੀ ਤਕਨੀਕੀ ਜਾਣਕਾਰੀ ਵਧਾਉਣ ਵਿੱਚ ਕਿਸਾਨ ਮੇਲੇ ਬਹੁਤ ਸਹਾਈ ਹੁੰਦੇ ਹਨ ਜਿਸ ਲਈ ਸਾਨੂੰ ਪੀ ਏ ਯੂ ਵੱਲੋਂ ਲਗਾਏ ਜਾਂਦੇ ਕਿਸਾਨ ਮੇਲਿਆਂ ਵਿੱਚ ਵੱਧ ਚੜ੍ਹ ਕੇ ਸ਼ਿਰਕਤ ਕਰਨੀ ਚਾਹੀਦੀ ਹੈ। ਇਸ ਮੌਕੇ ਮੇਲੇ ਦੀ ਪ੍ਰਧਾਨਗੀ ਪੀ ਏ ਯੂ ਦੇ ਵਾਈਸ ਚਾਂਸਲਰ ਡਾ ਸਤਬੀਰ ਸਿੰਘ ਨੇ ਕੀਤੀ ਤੇ ਉਨ੍ਹਾਂ ਨਾਲ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ, ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ, ਪ੍ਰਬੰਧਕੀ ਬੋਰਡ ਦੇ ਮੈਂਬਰ ਡਾ. ਅਸ਼ੋਕ ਕੁਮਾਰ ਅਤੇ ਐਸ ਡੀ ਐਮ ਬਲਾਚੌਰ ਕ੍ਰਿਤਕਾ ਗੋਇਲ ਵੀ ਹਾਜ਼ਰ ਸਨ।

# ਚਾਰਾ ਮੰਡੀ ਲੰਬਾ ਪਿੰਡ ਤੇ ਲਾਇਲਪੁਰ ਖਾਲਸਾ ਸੀਨੀਅਰ ਸੈਕੰਡਰੀ ਸਕੂਲ 'ਚ ਲੱਗੇਗੀ ਆਰਜ਼ੀ ਪਟਾਕਾ ਮੰਡੀ

**ਜਲੰਧਰ (ਸ਼ੈਲੀ ਐਲਬਰਟ)**- ਜ਼ਿਲ੍ਹਾ ਮੈਜਿਸਟ੍ਰੇਟ ਜਲੰਧਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਇਸ ਸਾਲ ਦਿਵਾਲੀ ਦੇ ਤਿਉਹਾਰ ਮੌਕੇ ਆਰਜ਼ੀ ਪਟਾਕਾ ਮਾਰਕਿਟ ਲਈ ਦੋ ਥਾਵਾਂ ਨਿਰਧਾਰਿਤ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਚਾਰਾ ਮੰਡੀ ਲੰਬਾ ਪਿੰਡ, ਜਲੰਧਰ ਅਤੇ ਲਾਇਲਪੁਰ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗਰਾਊਂਡ ਨਕੋਦਰ ਰੋਡ, ਜਲੰਧਰ ਸ਼ਾਮਲ ਹਨ। ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹਰ ਸਾਲ ਦੀਵਾਲੀ ਦੇ ਤਿਉਹਾਰ ਮੌਕੇ ਪਟਾਕਾ ਮਾਰਕੀਟ ਬਰਲਟਨ ਪਾਰਕ ਵਿਖੇ ਲਗਾਈ ਜਾਂਦੀ ਹੈ ਪਰ ਇਸ ਸਾਲ ਬਰਲਟਨ ਪਾਰਕ ਵਿੱਚ ਉਸਾਰੀ ਅਤੇ ਨਵੀਨੀਕਰਨ ਦੇ ਕੰਮ ਚੱਲਦੇ ਹੋਣ ਕਰਕੇ ਉਕਤ ਸਥਾਨ 'ਤੇ ਪਟਾਕਾ ਮਾਰਕੀਟ ਨਹੀਂ ਲਗਾਈ ਜਾ ਸਕਦੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਕਮਿਸ਼ਨਰ ਨਗਰ ਨਿਗਮ, ਜਲੰਧਰ ਵੱਲੋਂ ਢੁੱਕਵੀਆਂ ਥਾਵਾਂ 'ਤੇ ਮੌਕਾ ਦੇਖਣ ਉਪਰੰਤ ਰਿਪੋਰਟ ਪੇਸ਼ ਕੀਤੀ ਗਈ, ਜਿਸ ਨੂੰ ਮੁੱਖ ਰੱਖਦੇ ਹੋਏ ਆਰਜ਼ੀ ਪਟਾਕਾ ਮਾਰਕੀਟ ਲਈ ਚਾਰਾ ਮੰਡੀ ਲੰਬਾ ਪਿੰਡ ਅਤੇ ਲਾਇਲਪੁਰ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗਰਾਊਂਡ ਨਕੋਦਰ ਰੋਡ ਨਿਰਧਾਰਤ ਕੀਤੇ ਗਏ ਹਨ। ਜ਼ਿਲ੍ਹਾ ਮੈਜਿਸਟ੍ਰੇਟ ਨੇ ਆਰਜ਼ੀ ਪਟਾਕਾ ਮਾਰਕੀਟ ਲਈ ਨਿਰਧਾਰਿਤ ਇਨ੍ਹਾਂ ਥਾਵਾਂ 'ਤੇ ਐਕਸਪਲੋਸਿਵ ਰੂਲਜ਼, 2008 ਤਹਿਤ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਪੁਲਿਸ ਕਮਿਸ਼ਨਰ ਜਲੰਧਰ, ਕਮਿਸ਼ਨਰ ਨਗਰ ਨਿਗਮ, ਜਲੰਧਰ ਅਤੇ ਫਾਇਰ ਵਿਭਾਗ ਜਲੰਧਰ ਨੂੰ ਇਨ੍ਹਾਂ ਸਥਾਨਾਂ 'ਤੇ ਸੁਰੱਖਿਆ ਪੱਖੋਂ ਅਤੇ ਹੋਰ ਲੋੜੀਂਦੇ ਇੰਤਜ਼ਾਮ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

# ਤਜਿੰਦਰ ਪਾਲ ਸਿੰਘ ਸਰਕਲ ਲੰਗੜੋਆ ਦੇ ਪ੍ਰਧਾਨ ਨਿਯੁਕਤ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸ਼੍ਰੋਮਣੀ ਅਕਾਲੀ ਦਲ ਬਾਦਲ ਵਲੋਂ ਤਜਿੰਦਰ ਪਾਲ ਸਿੰਘ ਥਾਂਦੀ ਨੂੰ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਦੇਣ ਸਬੰਧੀ ਸਰਕਲ ਲੰਗੜੋਆ



ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਜ਼ਿਲ੍ਹਾ ਪ੍ਰਧਾਨ ਸੁਖਦੀਪ ਸਿੰਘ ਸ਼ੁਕਾਰ, ਰਮਨਦੀਪ ਸਿੰਘ ਥਿਆੜਾ ਸੀਨੀਅਰ ਅਕਾਲੀ ਆਗੂ ਮੈਂਬਰ ਕੋਰ ਕਮੇਟੀ ਯੂਥ ਅਕਾਲੀ ਦਲ, ਤਰਨਜੀਤ ਸਿੰਘ ਥਾਂਦੀ, ਹਰਨੇਕ ਸਿੰਘ ਬੜਵਾ, ਠੇਕੇਦਾਰ ਗੁਰਜਿੰਦਰ ਸਿੰਘ ਦੌਲਤਪੁਰ, ਹਰੀਪਾਲ ਸਿੰਘ ਜਾਡਲੀ, ਦਿਨੇਸ਼ ਕੁਮਾਰ ਕਰੀਹਾ ਆਦਿ ਨੇ ਤਜਿੰਦਰ ਪਾਲ ਸਿੰਘ ਦਾ ਸਿਰੋਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ। ਉਨ੍ਹਾਂ ਕਿਹਾ ਕਿ ਉਹ ਪਾਰਟੀ ਵਲੋਂ ਸੌਂਪੀ ਗਈ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਆਪਣੀ ਨਿਯੁਕਤੀ ਤੇ ਸਮੁੱਚੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ।

# ਗੁਰਦੁਆਰਾ ਪਾਤਸ਼ਾਹੀ ਛੇਵੀਂ ਲੰਮਾ ਪਿੰਡ ਦੇ ਜੋਗਾ ਸਿੰਘ ਸਰਬਸੰਮਤੀ ਨਾਲ ਬਣੇ ਪ੍ਰਧਾਨ

**ਜਲੰਧਰ** - ਸਥਾਨਕ ਲੰਮਾ ਪਿੰਡ ਵਿੱਚ ਸੁਸ਼ੋਭਿਤ ਗੁਰਦੁਆਰਾ ਪਾਤਸ਼ਾਹੀ ਛੇਵੀਂ ਦੀ ਨਵੀਂ ਪ੍ਰਬੰਧਕੀ ਕਮੇਟੀ ਦੀ ਚੋਣ ਕਰਨ ਹਿੱਤ ਸਮੂਹ ਸੰਗਤਾਂ ਵਲੋਂ ਇੱਕ ਬੈਠਕ ਕੀਤੀ ਗਈ। ਇਸ ਮੌਕੇ ਉਨ੍ਹਾਂ ਵੱਲੋਂ ਜੋਗਾ ਸਿੰਘ ਨੂੰ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਵਜੋਂ ਸੇਵਾ ਸੌਂਪੀ ਗਈ। ਜਦੋਂ ਕਿ ਹਰਜਿੰਦਰ ਸਿੰਘ ਨੂੰ ਸਕੱਤਰ, ਜਥੇਦਾਰ ਜਸਵੰਤ ਸਿੰਘ ਨੂੰ ਖ਼ਜ਼ਾਨਚੀ, ਮਨਜੀਤ ਸਿੰਘ ਨੂੰ ਸਹਾਇਕ ਖ਼ਜ਼ਾਨਚੀ ਅਤੇ ਲੰਗਰ ਕਮੇਟੀ ਦੇ ਮੁੱਖ ਸੇਵਾਦਾਰ ਦੇ ਰੂਪ ਵਿੱਚ ਵਿਕਰਮਜੀਤ ਸਿੰਘ ਦੀ ਚੋਣ ਕੀਤੀ ਗਈ। ਇਸ ਮੌਕੇ ਸੰਗਤਾਂ ਦਾ ਧੰਨਵਾਦ ਕਰਦਿਆਂ ਪ੍ਰਧਾਨ ਨਿਯੁਕਤ ਕੀਤੇ ਗਏ ਭਾਈ ਜੋਗਾ ਸਿੰਘ ਨੇ ਕਿਹਾ ਕਿ ਇਹ ਸੇਵਾ ਉਨ੍ਹਾਂ ਦੀ ਝੋਲੀ ਵਾਹਿਗੁਰੂ ਦੇ ਹੁਕਮ



ਨਾਲ ਪਾਈ ਗਈ ਹੈ ਜਿਸ ਨੂੰ ਨਿਭਾਉਣ ਲਈ ਉਹ ਪੂਰੀ ਦ੍ਰਿੜ੍ਹਤਾ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ। ਉਨ੍ਹਾਂ ਆਖਿਆ ਕਿ ਉਨ੍ਹਾਂ ਦਾ ਹਮੇਸ਼ਾ ਇਹ ਯਤਨ ਰਹੇਗਾ ਕਿ ਇਸ ਗੁਰੂ ਘਰ ਵਿੱਚ ਕਰਵਾਏ ਜਾਣ ਵਾਲੇ ਤਮਾਮ ਸਮਾਗਮਾਂ ਦੌਰਾਨ ਦੂਰੋਂ -ਦੂਰੋਂ ਆਉਣ ਵਾਲੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਕਿਸੇ ਵੀ ਤਰ੍ਹਾਂ ਦੀ ਘਾਟ ਜਾਂ ਸਮੱਸਿਆ ਮਹਿਸੂਸ ਨਾ ਹੋਵੇ। ਜੋਗਾ ਸਿੰਘ ਨੇ ਕਿਹਾ ਕਿ ਉਹ ਇੱਕ ਨਿਮਾਣੇ ਸੇਵਾਦਾਰ ਵਜੋਂ ਸੰਗਤਾਂ ਦੀ ਸੇਵਾ ਕਰਨਗੇ। ਇਸ ਦੌਰਾਨ ਉਨ੍ਹਾਂ ਨਾਲ ਚੁਣੇ ਗਏ ਹੋਰ ਅਹੁੱਦੇਦਾਰਾਂ ਵੱਲੋਂ ਇਲਾਕਾ ਵਸਨੀਕਾਂ ਦਾ ਧੰਨਵਾਦ ਕਰਦੇ ਹੋਏ ਆਪੋ ਆਪਣੇ ਜ਼ਿੰਮੇ ਲੱਗੀ ਸੇਵਾ ਨੂੰ ਪੂਰੀ ਗੰਭੀਰਤਾ ਨਾਲ ਨਿਭਾਉਣ ਦਾ ਸਭਨਾਂ ਨੂੰ ਭਰੋਸਾ ਦਿਵਾਇਆ ਗਿਆ। ਬੈਠਕ ਮੌਕੇ ਵੱਡੀ ਗਿਣਤੀ ਵਿੱਚ ਖੇਤਰ ਵਾਸੀ ਹਾਜ਼ਰ ਸਨ।

# 350 ਸਾਲਾ ਸ਼ਤਾਬਦੀ ਸਮਾਗਮ ਨੂੰ ਸਮਰਪਿਤ ਨਗਰ ਕੀਰਤਨ ਸਜਾਉਣ ਸੰਬੰਧੀ ਮੀਟਿੰਗ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਸਬੰਧੀ 350 ਸਾਲਾ ਸ਼ਤਾਬਦੀ ਸਮਾਗਮ ਜੋ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡੇ ਪੱਧਰ 'ਤੇ ਮਨਾਏ ਜਾ ਰਹੇ ਹਨ, ਨੂੰ ਸਮਰਪਿਤ ਮਹਾਨ ਨਗਰ ਕੀਰਤਨ ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੱਕ ਸਜਾਉਣ ਸਬੰਧੀ ਜਥੇਦਾਰ ਬਾਬਾ ਗੁਰਮੀਤ ਸਿੰਘ ਜੀ ਕਰ ਸੇਵਾ ਵਾਲਿਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੱਕ ਵਿਸ਼ੇਸ਼ ਇਕੱਤਰਤਾ ਜਥੇਦਾਰ ਇਕਬਾਲ ਸਿੰਘ ਖੇੜਾ ਤੇ ਜਥੇਦਾਰ ਜਸਵੀਰ ਸਿੰਘ ਭੱਟੀ ਨਡਾਲੋਂ ਦੀ ਅਗਵਾਈ ਵਿੱਚ ਕੀਤੀ ਗਈ। ਇਕੱਤਰਤਾ ਦੌਰਾਨ ਆਪਸ ਵਿੱਚ ਕੀਤੇ ਵਿਚਾਰ-ਵਟਾਂਦਰੇ ਦੌਰਾਨ 12 ਅਕਤੂਬਰ ਦਿਨ ਨੂੰ ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਤੋਂ ਸਵੇਰੇ 7 ਵਜੇ



ਮਹਾਨ ਨਗਰ ਕੀਰਤਨ ਸਜਾਉਣ ਸਬੰਧੀ ਫੈਂਸਲਾ ਕੀਤਾ ਗਿਆ। ਇਸ ਮੌਕੇ ਵਧੀਆ ਤੇ ਸੁਚੱਜੇ ਢੰਗ ਨਾਲ ਨਗਰ ਕੀਰਤਨ ਸਜਾਉਣ ਲਈ ਵੱਖ-ਵੱਖ ਸੇਵਾਦਾਰਾਂ ਦੀਆਂ ਪ੍ਰਬੰਧਾਂ ਸਬੰਧੀ ਡਿਊਟੀਆਂ ਵੀ ਲਗਾਈਆਂ ਗਈਆਂ। ਇਸ ਮੌਕੇ ਲਖਵੀਰ ਸਿੰਘ ਰਾਣਾ ਡਾਨਸੀਵਾਲ, ਮਨਜੀਤ ਸਿੰਘ ਡਾਨਸੀਵਾਲ, ਅਮਰਜੀਤ ਸਿੰਘ ਰਾਜਾ ਜਾਂਗਲੀਆਣਾ, ਭਾਈ ਰਣਜੋਧ ਸਿੰਘ ਨਡਾਲੋਂ, ਲਖਵਿੰਦਰ ਸਿੰਘ ਨਡਾਲੋਂ, ਧਰਮਿੰਦਰ ਸਿੰਘ ਸੋਨੂੰ ਨਡਾਲੋਂ, ਬਾਬਾ ਜਰਨੈਲ ਸਿੰਘ ਨਡਾਲੋਂ, ਮਾ. ਰਸ਼ਪਾਲ ਸਿੰਘ ਜਲਵੇਹੜਾ, ਪਰਮਦੀਪ ਸਿੰਘ ਪੰਡੋਰੀ, ਕਿਰਪਾਲ ਸਿੰਘ ਅਜਨੋਹਾ, ਸੁਖਵਿੰਦਰ ਸਿੰਘ ਅਜਨੋਹਾ, ਬਲਜਿੰਦਰ ਸਿੰਘ ਖਾਲਸਾ ਪੰਜੌੜ, ਪ੍ਰਭਦੀਪ ਸਿੰਘ ਪੰਜੌੜ, ਸੁਖਵਿੰਦਰ ਸਿੰਘ ਟੋਡਰਪੁਰ, ਤਰਲੋਚਨ ਸਿੰਘ ਟੋਡਰਪੁਰ, ਗੁਰਜਿੰਦਰ ਸਿੰਘ ਸਰਹਾਲਾ, ਤਰਲੋਚਨ ਸਿੰਘ ਸਕਰੂਲੀ, ਸਤਵਿੰਦਰ ਸਿੰਘ ਖ਼ਾਲਸਾ ਪੈਂਸਰਾ , ਇੰਦਰਜੀਤ ਸਿੰਘ ਗੋਂਦਪੁਰ, ਕਮਲਜੀਤ ਸਿੰਘ ਪੰਜੌੜ ਆਦਿ ਹਾਜ਼ਰ ਸਨ।





ਚੇਅਰਮੈਨ ਪੰਜਾਬ ਫੂਡ ਕਮਿਸ਼ਨਰ ਪੰਜਾਬ ਬਾਲ ਮੁਕੰਦ ਸ਼ਰਮਾ ਵੱਲੋਂ ਦੀ ਯੱਕੋਪੁਰ ਸੋਸਾਇਟੀ ਵਿੱਚ ਵਿਜ਼ਟ ਕੀਤਾ ਗਿਆ। ਇਸ ਮੌਕੇ ਚੇਅਰਮੈਨ ਪੰਜਾਬ ਫੂਡ ਕਮਿਸ਼ਨਰ ਪੰਜਾਬ ਬਾਲ ਮੁਕੰਦ ਸ਼ਰਮਾ ਨੂੰ ਬੇਨਤੀ ਕੀਤੀ ਗਈ ਡੀ.ਏ.ਪੀ ਤੇ ਯੂਰੀਆ ਦੀ ਆ ਰਹੀ ਸਮੱਸਿਆ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਇਆ ਜਾਵੇ। ਇਸ ਮੌਕੇ ਬਾਲ ਮੁਕੰਦ ਸ਼ਰਮਾ ਨੇ ਵਿਸ਼ਵਾਸ ਦਿਵਾਇਆ ਕਿ ਇਸ ਸਮੱਸਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਤੇ ਪਰਮਜੀਤ ਸਿੰਘ ਲੋਹੀਆਂ ਖਾਸ ਹਾਜ਼ਰ ਸਨ।

**ਫ਼ੋਟੋ ਅਤੇ ਵੇਰਵਾ : ਯੋਗੇਸ਼ਵਰ, ਰੀਨਾ ਸ਼ਰਮਾ ਲੋਹੀਆਂ ਖਾਸ**

# ਛੋਟੀ ਉਮਰ 'ਚ ਖੇਡਾਂ ਨਾਲ ਜੁੜਨਾ ਬਹੁਤ ਲਾਭਦਾਇਕ : ਚੱਬੇਵਾਲ

**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**- ਪੰਜਾਬ ਸਟੇਟ ਮਿਨੀ ਰੈਂਕਿੰਗ ਟੂਰਨਾਮੈਂਟ ਦੀ ਸ਼ੁਰੂਆਤ ਜਲੰਧਰ ਦੇ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿੱਚ ਹੋਈ। ਇਸ ਟੂਰਨਾਮੈਂਟ ਦਾ ਉਦਘਾਟਨ ਆਮ ਆਦਮੀ ਪਾਰਟੀ ਦੇ ਹੋਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਕੀਤਾ। ਉਨ੍ਹਾਂ ਨੇ ਬੱਚਿਆਂ ਦੀ ਜ਼ਿੰਦਗੀ ਵਿੱਚ ਖੇਡਾਂ ਦੇ ਮਹੱਤਵ ਨੂੰ ਉਜਾਗਰ ਕਰਦੇ ਹੋਏ ਕਿਹਾ ਕਿ ਛੋਟੀ ਉਮਰ ਵਿੱਚ ਖੇਡਾਂ ਨਾਲ ਜੁੜਨਾ ਸੰਪੂਰਨ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਇਹ ਸਰੀਰ ਨੂੰ ਤੰਦਰੁਸਤ ਅਤੇ ਤਾਕਤਵਰ ਰੱਖਦੀਆਂ ਹਨ, ਨਾਲ ਹੀ ਅਨੁਸ਼ਾਸਨ, ਇਕਾਗ੍ਰਤਾ ਅਤੇ ਸਮੇਂ ਦੇ ਪ੍ਰਬੰਧ ਦੀਆਂ ਆਦਤਾਂ ਵੀ ਸਿਖਾਉਂਦੀਆਂ ਹਨ। ਖੇਡਾਂ ਆਤਮਵਿਸ਼ਵਾਸ ਵਧਾਉਂਦੀਆਂ ਹਨ ਅਤੇ ਸਫਲਤਾ ਤੇ ਅਸਫਲਤਾ ਦੋਵਾਂ ਨਾਲ ਨਿਭਾਉਣਾ ਸਿਖਾਉਂਦੀਆਂ ਹਨ। ਉਨ੍ਹਾਂ ਨੇ ਜਲੰਧਰ ਬੈਡਮਿੰਟਨ ਐਸੋਸੀਏਸ਼ਨ ਵੱਲੋਂ ਪੰਜਾਬ ਵਿੱਚ ਬੈਡਮਿੰਟਨ ਦੇ ਵਿਕਾਸ ਲਈ ਕੀਤੀਆਂ ਕੋਸ਼ਿਸ਼ਾਂ ਦੀ ਸਰਾਹਨਾ ਕੀਤੀ ਅਤੇ ਹੰਸਰਾਜ ਸਟੇਡੀਅਮ ਦੀ ਵਿਸ਼ਵ-ਪੱਧਰੀਆਂ



ਸਹੂਲਤਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਅੰਮ੍ਰਿਤਸਰ ਦੇ ਨਿਲੇਸ਼ ਸੇਠ, ਜਿਸ ਨੇ ਹਾਲ ਹੀ ਵਿੱਚ ਊਨਾ ਵਿੱਚ ਹੋਈ ਨੌਰਥ ਜ਼ੋਨ ਬੈਡਮਿੰਟਨ ਚੈਂਪੀਅਨਸ਼ਿਪ ਜਿੱਤੀ ਹੈ ਨੂੰ ਖ਼ਾਸ ਤੌਰ 'ਤੇ 11,000 ਨਗਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਸਮਾਰੋਹ ਵਿੱਚ ਹਰਨੂਰ ਸਿੰਘ ਮਾਨ, ਆਪ ਹਲਕਾ ਇੰਚਾਰਜ ਫਗਵਾੜਾ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਟੂਰਨਾਮੈਂਟ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਸਕੱਤਰ ਸ਼੍ਰੀ ਰਿਤਿਨ ਖੰਨਾ ਨੇ ਦੱਸਿਆ ਕਿ ਪੰਜਾਬ ਦੇ 23 ਜ਼ਿਲ੍ਹਿਆਂ ਤੋਂ ਲਗਭਗ 300 ਖਿਡਾਰੀ ਅੰਡਰ-11 ਅਤੇ ਅੰਡਰ-13 ਸ਼੍ਰੇਣੀਆਂ ਦੀਆਂ 8 ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲੈ ਰਹੇ ਹਨ। ਅਗਲੇ ਤਿੰਨ ਦਿਨਾਂ ਵਿੱਚ 300 ਮੈਚ ਖੇਡੇ ਜਾਣਗੇ ਅਤੇ ਫਾਈਨਲ 23 ਸਤੰਬਰ ਨੂੰ ਕਰਵਾਏ ਜਾਣਗੇ। ਜੇਤੂਆਂ ਨੂੰ ਨਗਦ ਇਨਾਮਾਂ ਅਤੇ ਆਕਰਸ਼ਕ ਤੋਹਫ਼ਿਆਂ ਦੇ ਨਾਲ-ਨਾਲ ਨਵੰਬਰ ਵਿੱਚ ਹੋਣ ਵਾਲੀ ਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਪੰਜਾਬ ਦਾ ਪ੍ਰਤੀਨਿਧਿਤਾ ਕਰਨ ਦਾ ਮੌਕਾ ਵੀ ਮਿਲੇਗਾ। ਇਸ ਮੌਕੇ ਰਾਕੇਸ਼ ਖੰਨਾ, ਜਤਿੰਦਰ ਸੰਧੂ, ਵਿਨੇ ਵੋਹਰਾ, ਹਰਪ੍ਰੀਤ ਸਿੰਘ, ਪੰਜਾਬ ਮਸੀਹ, ਧੀਰਜ ਸ਼ਰਮਾ, ਅਸ਼ੋਕ ਕੁਮਾਰ ਅਤੇ ਸਚਿਨ ਰੱਤੀ ਸਮੇਤ ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਕਈ ਸੀਨੀਅਰ ਅਹੁਦੇਦਾਰ ਵੀ ਮੌਜੂਦ ਸਨ।

# ਸੁਖਮਨ ਸਿੰਘ ਨੇ ਤੇਜ ਪੁਸ਼ ਅਪ ਲਗਾਉਣ ਦਾ ਨੈਸ਼ਨਲ ਐਵਾਰਡ ਹਾਸਲ ਕੀਤਾ



**ਗੁਰਾਇਆ (ਬਿੰਦਰ ਸੁੰਮਨ)**- ਗੁਰਾਇਆ ਦੀ ਸ਼ੌਰਿਆ ਮਾਰਸ਼ਲ ਆਰਟਸ ਸਪੋਰਟਸ ਅਕੈਡਮੀ ਦੇ ਖਿਡਾਰੀ ਲਗਾਤਾਰ ਖੇਡਾਂ ਵਿੱਚ ਆਪਣਾ ਵੱਖਰਾ ਵੱਖਰਾ ਰਿਕਾਰਡ ਬਣਾ ਰਹੇ ਹਨ, ਇਹ ਬੱਚੇ ਮੋਬਾਈਲ ਫ਼ੋਨ ਨੂੰ ਛੱਡ ਕੇ ਆਪਣੀ ਖੇਡ ਵੱਲ ਜਿਆਦਾ ਧਿਆਨ ਦੇ ਰਹੇ ਹਨ ਇਸੇ ਤਰ੍ਹਾਂ ਇਸੇ ਅਕੈਡਮੀ ਦੇ ਇੱਕ ਹੋਰ ਕਰਾਟੇ ਤੇ ਤਾਈਕਵਾਡੋਂ ਖਿਡਾਰੀ ਸੁਖਮਨ ਸਿੰਘ ਪੁੱਤਰ ਅਵਤਾਰ ਲਾਲ ਵਾਸੀ ਪਿੰਡ ਮਹਿਸਮਪੁਰ ਨੇ 48 ਸੈਕਿੰਡ ਵਿੱਚ 121 ਤੇਜ਼ ਪੁਸ਼ ਅਪ ਲਗਾ ਕੇ ਨੈਸ਼ਨਲ ਐਵਾਰਡ ਹਾਸਲ ਕਰ ਆਪਣੇ ਮਾਤਾ ਪਿਤਾ,ਅਕੈਡਮੀ ਅਤੇ ਕੋਚ ਜੱਸ ਮਾਨ ਦਾ ਨਾਂਅ ਰੌਸ਼ਨ ਕੀਤਾ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਗੁਰਾਇਆ ਦੇ ਪ੍ਰਿੰਸੀਪਲ ਸਰਦਾਰ ਸਤਵਿੰਦਰ ਪਾਲ ਸਿੰਘ, ਸਾਇੰਸ ਅਧਿਆਪਕ ਹਰਜੀਤ ਬਾਵਾ ਅਤੇ ਕੋਚ ਜੱਸ ਮਾਨ ਵਲੋਂ ਸੁਖਮਨ ਸਿੰਘ ਨੂੰ ਨੈਸ਼ਨਲ ਐਵਾਰਡ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਅਤੇ ਸੁਖਮਨ ਸਿੰਘ ਦੇ ਪਰਿਵਾਰ ਨੂੰ ਵਧਾਈ ਦਿੱਤੀ।

# 41 ਦਿਨ ਚੱਲਣ ਵਾਲੇ ਸੁਖਮਨੀ ਸਾਹਿਬ ਜੀ ਦੇ ਜਪ-ਤਪ ਸਮਾਗਮ ਦੀ ਆਰੰਭਤਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਬ੍ਰਹਮਲੀਨ ਸੰਤ ਬਾਬਾ ਦਲੇਲ ਸਿੰਘ ਜੀ ਮਹਾਰਾਜ ਅਤੇ ਸੰਤ ਬਾਬਾ ਜਗਦੇਵ ਸਿੰਘ ਮੋਨੀ ਜੀ ਦੀਆਂ ਸਾਲਾਨਾ ਯਾਦਾਂ ਨੂੰ ਮੁੱਖ ਰੱਖਦੇ ਹੋਏ 26ਵੇਂ ਮਹਾਨ ਗੁਰਮਤਿ ਸੰਤ ਸਮਾਗਮ ਅਤੇ ਸਲਾਨਾ ਬਰਸੀ ਦੇ ਸੰਬੰਧ ਵਿੱਚ ਹਰ ਸਾਲ ਦੀ ਤਰ੍ਹਾਂ ਨਿਰਮਲ ਕੁਟੀਆ ਟੂਟੋਮਜਾਰਾ ਦੀਆਂ ਮਾਈਆਂ, ਬੀਬੀਆਂ ਅਤੇ ਬੱਚੀਆਂ ਵੱਲੋਂ 41 ਦਿਨਾਂ ਦੇ ਸੁਖਮਨੀ ਸਾਹਿਬ ਦੇ ਜਪ ਤਪ ਸਮਾਗਮ ਸ਼ੁਰੂ ਕੀਤੇ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਨਿਰਮਲ ਕੁਟੀਆ ਟੂਟੋਮਜਾਰਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਮੱਖਣ ਸਿੰਘ ਜੀ ਅਤੇ ਸੰਤ ਬਾਬਾ ਬਲਵੀਰ ਸਿੰਘ ਸ਼ਾਸਤਰੀ ਜੀ ਨੇ ਦੱਸਿਆ ਕਿ 41 ਦਿਨ ਚੱਲਣ ਵਾਲੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਜਪ ਤਪ ਸਮਾਗਮ ਦੀ ਸੰਪੂਰਨਤਾ 31 ਅਕਤੂਬਰ 2025 ਦਿਨ ਸ਼ੁਕਰਵਾਰ ਦੁਪਹਿਰ 1 ਵਜੇ ਹੋਵੇਗੀ। ਉਸ ਦਿਨ ਸਮਾਗਮ ਦੀ ਸਮਾਪਤੀ



ਉਪਰੰਤ ਸਰਦਾਰ ਹਰਭਜਨ ਸਿੰਘ ਜੈਲਦਾਰ ਪਿੰਡ ਮੁੱਗੋਵਾਲ ਕਨੇਡਾ ਨਿਵਾਸੀ ਦੇ ਸਮੂਹ ਪਰਿਵਾਰ ਵੱਲੋਂ ਸੰਗਤਾਂ ਲਈ ਛੋਲੇ ਪੂਰੀਆਂ ਦਾ ਲੰਗਰ ਲਗਾਇਆ ਜਾਵੇਗਾ। ਉਨਾਂ ਸਮੂਹ ਸੰਗਤਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ।

# ਮੱਛਰਾਂ ਰਾਹੀਂ ਫ਼ੈਲਣ ਵਾਲੀਆਂ ਬਿਮਾਰੀਆਂ ਤੋਂ ਬਚਾਉਣ ਲਈ ਫੌਗਿੰਗ ਦੀ ਸੇਵਾ ਸ਼ੁਰੂ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ, ਨਦਰਿ ਕਰਮਿ ਸੇਵਾ ਦਲ ਲੋਹੀਆਂ ਖ਼ਾਸ, ਗੁ: ਸਿੱਖ ਸੈਂਟਰ ਸਿਆਟਲ ਅਤੇ ਸੋਚ ਸੈਂਟਰ ਸਿਆਟਲ ਅਮਰੀਕਾ ਵੱਲੋਂ ਲੋਹੀਆਂ ਖਾਸ ਅਤੇ ਸੁਲਤਾਨਪੁਰ ਲੋਧੀ ਹਲਕੇ 'ਚ ਹੜ੍ਹ ਤੋਂ ਪ੍ਰਭਾਵਿਤ ਪਿੰਡਾਂ ਦੇ ਵਸਨੀਕਾਂ ਨੂੰ ਮੱਛਰਾਂ ਰਾਹੀਂ ਫ਼ੈਲਣ ਵਾਲ਼ੀਆਂ





ਬਿਮਾਰੀਆਂ ਤੋਂ ਬਚਾਉਣ ਲਈ ਵੱਡੇ ਪੱਧਰ ਤੇ ਫੌਗਿੰਗ ਦੀ ਸੇਵਾ ਸ਼ੁਰੂ ਕੀਤੀ ਜਾ ਰਹੀ ਹੈ ਜਿਸ ਲਈ ਮੱਛਰਾਂ ਦਾ ਲਾਰਵਾ ਅਤੇ ਮੱਛਰ ਮਾਰਨ ਵਾਲੀ ਦਵਾਈ ਕਿੰਗ ਫੌਗ ਦਾ ਸਟਾਕ ਅਤੇ ਦੋ ਨਵੀਆਂ ਫੌਗਿੰਗ ਮਸ਼ੀਨਾਂ ਵੀ ਖ਼ਰੀਦੀਆਂ ਗਈਆਂ ਹਨ ਜਦਕਿ ਦੋ ਮਸ਼ੀਨਾਂ ਸਾਡੇ ਕੋਲ ਪਹਿਲਾਂ ਤੋਂ ਹੀ ਮੌਜੂਦ ਹਨ। ਮੱਛਰਾਂ ਤੋਂ ਫੈਲਣ ਵਾਲ਼ੀਆਂ ਬਿਮਾਰੀਆਂ ਨੂੰ ਵੱਡੀ ਚੁਨੌਤੀ ਵਜੋਂ ਦੇਖਦੇ ਹੋਏ ਇਸਤੋਂ ਬਚਾਅ ਵਾਸਤੇ ਵੱਡੇ ਉਪਰਾਲੇ ਕਰਨ ਜਾ ਰਹੇ ਹਾਂ। ਇਸ ਮੌਕੇ ਸਤਿੰਦਰ ਸਿੰਘ ਖ਼ਾਲਸਾ, ਦਲਬੀਰ ਸਿੰਘ ਕੰਗ, ਅਮਰਜੀਤ ਸਿੰਘ ਅਹੂਜਾ, ਸੰਤੋਖ ਸਿੰਘ ਪੂਨੀ, ਦਵਿੰਦਰ ਸਿੰਘ ਬਿੱਲਾ, ਹਰਵਿੰਦਰ ਸਿੰਘ ਧੰਜੂ, ਸਾਹਿਬਜੋਤ ਸਿੰਘ ਕੰਗ, ਹਰਨੂਰਪ੍ਰੀਤ ਸਿੰਘ ਲੇਹਲ, ਈਸ਼ਵਰ ਸਿੰਘ ਕੰਗ, ਤਲਵਿੰਦਰ ਸਿੰਘ ਕੰਗ ਆਦਿ ਹਾਜ਼ਰ ਸਨ।

# ਦਰਬਾਰ ਬਾਬਾ ਸਿੱਧ ਚਾਨੋ ਜੀ ਚੇਤਾ ਵਿਖੇ ਸਲਾਨਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)** ਦਰਬਾਰ ਬਾਬਾ ਸਿੱਧ ਚਾਨੋ ਜੀ ਚੇਤਾ ਵਿਖੇ ਸਲਾਨਾ ਮੇਲਾ ਬਾਪੂ ਈਸ਼ਰ ਦਾਸ ਨੂੰ ਸਮਰਪਿਤ ਭਗਤ ਅਵਤਾਰ ਅਤੇ ਬਾਬਾ ਸਸ਼ੀ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਮਹੰਤ ਗੁਰੂ ਚਮਨ ਲਾਲ ਸਮੈਲਾ ਦਰਬਾਰ, ਕੁਲਦੀਪ ਭਗਤ ਜਲੰਧਰ, ਬਾਬਾ ਘੋੜੀ ਵਾਲਾ ਗੋਲੀਆਂ ਦਰਬਾਰ, ਸੰਤ ਫ਼ਕੀਰ ਦਾਸ ਮੁਬਾਰਕਪੁਰ, ਭਗਤ ਬਿੱਟੂ ਵਾਹਿਦ, ਭਗਤ ਸੋਨੂੰ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਝੰਡੇ ਦੀ ਰਸਮ,ਚਿਰਾਗਾਂ ਦੀ ਰਸਮ,ਚੂਰੀ ਦੀ ਰਸਮ ਅਦਾ ਕੀਤੀ ਉਪਰੰਤ ਕਵਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਦੂਸਰੇ ਦਿਨ ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰਾਂ ਅਤੇ ਕਵਾਲ ਪਾਰਟੀਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਭਗਤ ਅਵਤਾਰ ਅਤੇ ਬਾਬਾ ਸਸ਼ੀ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਦਰਬਾਰ ਤੇ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਯਸ਼, ਅਨਮੋਲ, ਰਾਕੇਸ਼ ਕੁਮਾਰ, ਸੋਮਾ, ਰਵੀ, ਸਾਬੀ, ਅਕਾਸ਼, ਨਵੀਂ ,ਗਗਨ, ਸ਼ੈਰੀ, ਬੀਰਾ, ਸੰਜੀਵ, ਜੋਤੀ ਆਦਿ ਹਾਜ਼ਰ ਸਨ।

# ਰੂਪੋਵਾਲ ਵਿਖੇ ਕਰਵਾਏ ਵੇਟਲਿਫਟਿੰਗ ਮੁਕਾਬਲੇ



**ਗੁਰਾਇਆ (ਬਿੰਦਰ ਸੁੰਮਨ)**- ਨੌਜਵਾਨਾਂ ਨੂੰ ਚੰਗੀ ਸੇਧ ਦੇਣ ਲਈ ਜਿਥੇ ਪਿੰਡ ਰੁਪੋਵਾਲ ਵਿਖੇ ਡੇਰਾ ਦੁੱਧਾਧਾਰੀ ਬਾਬਾ ਬਸਾਉ ਨੂੰ ਸਮਰਪਿਤ ਛਿੰਞ ਮੇਲਾ ਕਰਵਾਇਆ ਜਾਂਦਾ ਹੈ, ਉਥੇ ਹੀ ਇਸ ਮੇਲੇ ਦੌਰਾਨ ਐਨ ਆਰ ਆਈ ਵੀਰਾਂ, ਗਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਵੇਟਲਿਫਟਿੰਗ ਦੇ ਮੁਕਾਬਲੇ ਕਰਵਾਏ ਗਏ ਅਤੇ ਪੁਜ਼ੀਸ਼ਨਾ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਨੂੰ ਨਗਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰਦੀਪ ਸਿੰਘ ਢੇਸੀ ਨੇ 53 ਕਿਲੋ ਭਾਰ ਵਰਗ 'ਚ 140 ਕਿਲੋਂ ਸਕੂਐਟ ਲਗਾਈ। ਐਨ.ਆਰ.ਆਈ ਵੀਰਾਂ ਨੇ ਕਿਹਾ ਕਿ ਉਨ੍ਹਾ ਵਲੋਂ ਖੇਡ ਮੁਕਾਬਲੇ ਕਰਵਾਉਣ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਕੇ ਉਨ੍ਹਾਂ ਦੀ ਜਵਾਨੀ ਨੂੰ ਬਚਾਉਣਾ ਹੈ।

# ਮਹਾਨ ਸਾਲਾਨਾ ਇਕੋਤਰੀ ਸਮਾਗਮ ਦੌਰਾਨ ਤੀਜੀ ਲੜੀ ਦੇ ਭੋਗ ਪਾਏ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਮਹਾਨ ਸਾਲਾਨਾ ਇਕੋਤਰੀ ਸਮਾਗਮ ਦੌਰਾਨ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਤੀਜੀ ਲੜੀ ਦੇ ਭੋਗ ਪਾਏ ਗਏ ਅਤੇ ਚੌਥੀ ਲੜੀ ਆਰੰਭ ਕੀਤੀ ਗਈ। ਇਹਨਾਂ ਸਮਾਗਮਾਂ ਨੂੰ ਲੈ ਕੇ ਸੰਗਤਾਂ ਅੰਦਰ ਉਤਸ਼ਾਹ ਪੂਰੇ ਸਿਖਰਾਂ ਤੇ ਪਹੁੰਚ ਚੁੱਕਾ ਹੈ। ਪੰਜਾਬ ਦੀ ਧਰਤੀ ਤੇ ਸਭ ਤੋਂ ਲੰਮਾ ਸਮਾਂ ਨਿਰੰਤਰ ਚੱਲਣ ਵਾਲੇ ਇਸ ਸਮਾਗਮ ਦੌਰਾਨ ਸੰਤ ਬਾਬਾ ਗੁਰਦਿਆਲ ਸਿੰਘ ਜੀ ਨੇ ਕਥਾ ਕੀਰਤਨ ਕਰਦਿਆਂ ਸੰਗਤਾਂ ਨੂੰ ਗੁਰੂ ਨਾਲ ਜੋੜਦੇ ਹੋਏ ਪ੍ਰੇਰਿਆ ਕਿ ਅੱਜ ਦੇ ਯੁੱਗ ਵਿਚ ਗੁਰੂ ਤੇ ਗੁਰਬਾਣੀ ਨੂੰ ਮੰਨਣ ਵਾਲੇ ਭਾਵੇਂ ਗਿਣਤੀ 'ਚ ਜ਼ਿਆਦਾ ਹਨ ਪਰ ਗੁਰੂ ਦੀ ਗੁਰਬਾਣੀ ਅਤੇ ਉਸ ਵੱਲੋਂ ਦਰਸਾਏ ਗਏ ਸ਼ਬਦ ਦੀ ਦੇ ਰਾਹ ਤੇ ਚੱਲਣ ਵਾਲੇ ਬਹੁਤ ਘੱਟ ਹਨ। ਇਸ ਲਈ ਕੇਵਲ ਉਹ ਇਨਸਾਨ ਹੀ ਆਪਣੀ ਜ਼ਿੰਦਗੀ ਵਿੱਚ ਮਨੋਰਥ ਦੀ ਪ੍ਰਾਪਤੀ ਕਰ ਸਕਦਾ ਹੈ ਜੋ ਪੂਰਨ ਰੂਪ 'ਚ ਗੁਰੂ ਨੂੰ ਮੰਨਦਾ ਹੋਵੇ ਅਤੇ ਗੁਰਬਾਣੀ ਦੇ ਰਾਹ ਤੇ ਤੁਰਦਾ ਹੋਵੇ। ਇਸ ਮੌਕੇ ਸੰਤ ਬਾਬਾ ਗੁਰਦਿਆਲ ਸਿੰਘ ਨੇ ਸੰਗਤਾਂ ਨੂੰ ਧੰਨ ਧੰਨ ਸ੍ਰੀ ਗੁਰੂ ਨਾਨਕ



ਦੇਵ ਜੀ ਦੇ ਫਲਸਫੇ ਨਾਲ ਜੋੜਦੇ ਹੋਏ ਕਿਹਾ ਕਿ ਇਨਸਾਨੀ ਜਾਮੇ 'ਚ ਵਿਕਾਰਾਂ ਤੇ ਬੰਧਨਾਂ ਤੋਂ ਛੁਟਕਾਰਾ ਕੇਵਲ ਅਕਾਲ ਪੁਰਖ ਦੀ ਰਜ਼ਾ 'ਚ ਰਹਿ ਕੇ ਹੀ ਸੰਭਵ ਹੁੰਦਾ ਹੈ। ਹਾਜ਼ਰ ਸੰਗਤਾਂ ਨੂੰ ਗੁਰੂ ਸ਼ਬਦ ਨਾਲ ਜੋੜਦਿਆਂ ਕਿਹਾ ਕਿ ਸ਼ਰਧਾ ਪ੍ਰੇਮ ਵਿਸ਼ਵਾਸ ਨਾਲ ਹੀ ਇਨਸਾਨ ਦੇ ਅੰਦਰ ਭਾਵ ਦੀ ਪ੍ਰਾਪਤੀ ਹੁੰਦੀ ਹੈ ਅਤੇ ਭਾਵ ਨਾਲ ਹੀ ਭਗਤੀ ਜੁੜੀ ਹੈ ਅਤੇ ਉੱਥੇ ਹੀ ਭਗਤੀ ਰਸ ਨਾਲ ਜੋੜ ਕੇ ਸਦਾ ਸਦਾ ਲਈ ਗੁਰਸਿੱਖੀ ਅਤੇ ਗੁਰਸ਼ਬਦ ਦੀ ਪ੍ਰਾਪਤੀ ਹੁੰਦੀ ਹੈ। ਇਸ ਮੌਕੇ ਸੰਤ ਬਾਬਾ ਗੁਰਦਿਆਲ ਸਿੰਘ ਤੋ ਇਲਾਵਾ ਸੰਤ ਬਾਬਾ ਹਰਜਿੰਦਰ ਸਿੰਘ ਬਰਾੜ, ਸੰਤ ਬਾਬਾ ਅਮਰੀਕ ਸਿੰਘ ਪੜੈਣ, ਸੰਤ ਬਾਬਾ ਮਨਵੀਰ ਸਿੰਘ ਨਾਨਕਸਰ ,ਸੰਤ ਬਾਬਾ ਹਰਜਿੰਦਰ ਸਿੰਘ ਜਗਰਾਉਂ, ਸੰਤ ਜਗਦੀਪ ਸਿੰਘ ਪੁੱਲ ਪੁਖਤਾ, ਸੰਤ ਪਵਨਦੀਪ ਸਿੰਘ ਕੜਿਆਲ, ਸੰਤ ਬਾਬਾ ਭਰਪੂਰ ਸਿੰਘ ਸ਼ੇਖਾਂ ਝਲੂਰ ,ਸੰਤ ਬਾਬਾ ਸੁਖਰਾਜ ਸਿੰਘ ਪ੍ਰੀਤਮਪੁਰਾ ਨੇ ਵੀ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਵਰਨਣਯੋਗ ਹੈ ਕਿ 23 ਦਿਨ ਤੱਕ ਨਿਰੰਤਰ ਚੱਲਣ ਵਾਲੇ ਇਸ ਇਕੋਤਰੀ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਦੇਸ਼ ਵਿਦੇਸ਼ ਤੋਂ ਸੰਗਤਾਂ ਨੇ ਸ਼ਿਰਕਤ ਕੀਤੀ।

# ਸੰਤ ਸਤਨਾਮ ਦਾਸ ਦੇ ਬਰਸੀ ਸਮਾਗਮ ਸ਼ਰਧਾ-ਪੂਰਵਕ ਮਨਾਏ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਸੰਤ ਰੋਟੀ ਰਾਮ ਜੀ, ਸੰਤ ਨੰਦਾ ਰਾਮ ਭੰਡਾਰੀ ਜੀ ਦੇ ਚਰਨ ਸੇਵਕ ਨਾਮ ਦੇ ਰਸੀਏ, ਬ੍ਰਹਮਲੀਨ ਸੰਤ ਸਤਨਾਮ ਦਾਸ ਜੀ ਦੇ ਬਰਸੀ ਸਮਾਗਮ ਡੇਰਾ ਸੰਤਸਰ ਖੰਨੀ ਵਿਖੇ ਡੇਰਾ ਸੰਤ ਮੇਲਾ ਰਾਮ ਨਗਰ ਦੇ ਗੱਦੀ ਨਸ਼ੀਨ ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ



ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਕਿਰਪਾਲ ਦਾਸ ਭਾਰਟਾ ਗਣੇਸ਼ਪੁਰ, ਸੰਤ ਸੰਤੋਖ ਦਾਸ ਦੀ ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ, ਜਿਸ ਵਿੱਚ ਰਾਗੀ, ਢਾਡੀ, ਕਵੀਸ਼ਰੀ ਜਥੇ, ਕਥਾ ਵਾਚਕ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ, ਵੱਖ ਵੱਖ ਡੇਰਿਆਂ, ਸੰਪਰਦਾਵਾਂ ਦੇ ਸੰਤ ਮਹਾਂਪੁਰਸ਼ਾਂ ਨੇ ਸੰਗਤਾਂ ਨੂੰ ਨਾਮਬਾਣੀ ਰਾਹੀਂ ਨਿਹਾਲ ਕੀਤਾ ਤੇ ਸਤਿਗੁਰੂ ਰਵਿਦਾਸ ਮਹਾਰਾਜ ਅਤੇ ਕੌਮ ਦੇ ਮਹਾਨ ਰਹਿਬਰਾਂ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਤੇ ਚਰਚਾ ਕੀਤੀ ਤੇ ਸੰਤ ਸਤਨਾਮ ਦਾਸ ਦੇ ਜੀਵਨ ਸੰਘਰਸ਼ ਤੋਂ ਸੰਗਤਾਂ ਨੂੰ ਜਾਣੂ ਕਰਾਇਆ। ਇਸ ਮੌਕੇ ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਇੰਦਰ ਦਾਸ ਸੇਖੈ ਜਨਰਲ ਸੈਕਟਰੀ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ. ਮੀਤ ਪ੍ਰਧਾਨ, ਸੰਤ ਧਰਮਪਾਲ ਸ਼ੇਰਗੜ੍ਹ, ਸੰਤ ਮਨਜੀਤ ਦਾਸ ਹਿਮਾਚਲ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਵਿਨੈ ਮੁਨੀ ਜੰਮੂ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ ਨੇ ਕੀਰਤਨ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੰਤ ਪਰਮਜੀਤ ਦਾਸ ਨਗਰ, ਸੰਤ ਸੰਤੋਖ ਦਾਸ ਵਲੋਂ ਸੰਤਾਂ ਮਹਾਂਪੁਰਸ਼ਾਂ ,ਸਮਾਜਿਕ , ਰਾਜਨੀਤਕ ਸਖਸ਼ੀਅਤਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ ਤੇ ਸੰਗਤਾਂ ਦਾ ਧੰਨਵਾਦ ਕੀਤਾ।ਇਸ ਮੌਕੇ ਡੇਰੇ ਦੇ ਸੇਵਾਦਾਰ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ।

## ਜਨਮ ਦਿਨ ਮੁਬਾਰਕ



ਰਹਿਮਤ ਕੌਰ
ਆਸਟ੍ਰੇਲੀਆ